19-JULY-PAGE-1.qxd 7/18/2024 10:44 PM Page 1

ਸ਼ੁੱਕਰਵਾਰ, 19 ਜੁਲਾਈ, 2024
4 ਸਾਉਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 48

# ਨਵਾਂ ਜ਼ਮਾਨਾ

DAILY NAWAN ZAMANA • FRIDAY, 19 JULY, 2024 ਜਲੰਧਰ

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

# ਇੱਕ ਮਹੀਨੇ 'ਚ ਦੂਜੇ ਵੱਡੇ ਰੇਲ ਹਾਦਸੇ 'ਚ 4 ਮੌਤਾਂ, 31 ਜ਼ਖਮੀ

## ਚੰਡੀਗੜ੍ਹ ਤੋਂ ਡਿਬਰੂਗੜ੍ਹ ਜਾ ਰਹੀ ਐੱਕਸਪ੍ਰੈੱਸ ਗੋਂਡਾ ਨੇੜੇ ਪਟੜੀਓਂ ਲੱਥੀ



**ਲਖਨਊ** : ਚੰਡੀਗੜ੍ਹ-ਡਿਬਰੂਗੜ੍ਹ ਐੱਕਸਪ੍ਰੈੱਸ ਦੇ ਪੰਜ ਏ ਸੀ ਡੱਬਿਆਂ ਸਣੇ 21 ਡੱਬਿਆਂ ਦੇ ਵੀਰਵਾਰ ਬਾਅਦ ਦੁਪਹਿਰ ਢਾਈ ਵਜੇ ਯੂ ਪੀ ਦੇ ਗੋਂਡਾ-ਮਾਨਕਪੁਰ ਸੈਕਸ਼ਨ 'ਤੇ ਝਿਲਾਹੀ ਸਟੇਸ਼ਨ ਕੋਲ ਪਟੜੀ ਤੋਂ ਉਤਰਨ ਕਾਰਨ 4 ਯਾਤਰੀਆਂ ਦੀ ਮੌਤ ਹੋ ਗਈ ਤੇ 31 ਜ਼ਖਮੀ ਹੋ ਗਏ।

ਇਹ ਗੱਡੀ ਚੰਡੀਗੜ੍ਹ ਤੋਂ ਹਫਤੇ ਵਿਚ ਦੋ ਦਿਨ ਬੁੱਧਵਾਰ ਤੇ ਸਨਿੱਚਰਵਾਰ ਚਲਦੀ ਹੈ ਤੇ ਇਹ ਚੰਡੀਗੜ੍ਹ ਤੋਂ ਬੁੱਧਵਾਰ ਦੇਰ ਰਾਤ ਚੱਲੀ ਸੀ। ਜਦੋਂ ਰੇਲ ਗੱਡੀ ਪਟੜੀ ਤੋਂ ਲੱਥੀ ਤਾਂ ਵੱਡੀ ਗਿਣਤੀ ਲੋਕਾਂ ਨੇ ਛਾਲਾਂ ਮਾਰ ਦਿੱਤੀਆਂ। ਉਤਰ ਪ੍ਰਦੇਸ਼ ਦੇ ਰਾਹਤ ਕਮਿਸ਼ਨਰ ਜੀ ਐੱਸ ਨਵੀਨ ਕੁਮਾਰ ਨੇ ਦੱਸਿਆ ਕਿ ਪੀੜਤਾਂ ਦੀ ਸਹਾਇਤਾ ਲਈ 40 ਮੈਂਬਰੀ ਮੈਡੀਕਲ ਟੀਮ ਭੇਜੀ ਗਈ ਹੈ। ਇਸ ਤੋਂ ਇਲਾਵਾ 15 ਐਂਬੂਲੈਂਸਾਂ ਨੂੰ ਵੀ ਭੇਜਿਆ ਗਿਆ ਹੈ। 17 ਜੂਨ ਨੂੰ ਸਿਲੀਗੁੜੀ ਦੇ ਨਿਊ ਜਲਪਾਈਗੁੜੀ ਤੋਂ 30 ਕਿਲੋਮੀਟਰ ਦੂਰ ਰੰਗਪਾਨੀ ਨੇੜੇ ਸਿਆਲਦਾਹ ਜਾ ਰਹੀ ਕੰਚਨਜੰਗਾ ਐੱਕਸਪ੍ਰੈੱਸ ਦੇ ਮਾਲ ਗੱਡੀ ਨਾਲ ਟਕਰਾਉਣ ਕਾਰਨ ਮਾਲ ਗੱਡੀ ਦੇ ਡਰਾਈਵਰ ਸਣੇ 11 ਵਿਅਕਤੀ ਮਾਰੇ ਗਏ ਸਨ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਭਾਰਤੀ ਰੇਲਵੇ ਦੇ ਬੁਰੇ ਹਾਲ ਦੀ ਜ਼ਿੰਮੇਵਾਰੀ ਲੈਣੀ ਚਾਹੀਦੀ ਹੈ।

## ਮੌਤ 'ਤੇ ਹੱਸਣ ਵਾਲਾ ਪੁਲਸ ਅਫਸਰ ਬਰਖਾਸਤ

**ਨਿਊ ਯਾਰਕ** : ਅਮਰੀਕਾ 'ਚ ਭਾਰਤੀ ਵਿਦਿਆਰਥਣ ਦੀ ਮੌਤ ਤੋਂ ਬਾਅਦ ਅਸੰਵੇਦਨਸ਼ੀਲ ਟਿੱਪਣੀ ਕਰਨ ਅਤੇ ਹੱਸਣ ਵਾਲੇ ਪੁਲਸ ਅਧਿਕਾਰੀ ਨੂੰ ਬਰਖਾਸਤ ਕਰ ਦਿੱਤਾ ਗਿਆ ਹੈ। ਜਾਨਵੀ ਕੰਡੁਲਾ (23) ਨੂੰ ਸੜਕ ਪਾਰ ਕਰਨ ਮੌਕੇ ਪੁਲਸ ਦੀ ਕਾਰ ਨੇ ਟੱਕਰ ਮਾਰ ਦਿੱਤੀ ਸੀ। ਕਾਰ ਚਾਲਕ ਕੇਵਿਨ ਡੇਵ ਨਾਂਅ ਦਾ ਪੁਲਸ ਅਧਿਕਾਰੀ ਕਿਸੇ ਕੇਸ ਦੀ ਜਾਂਚ ਲਈ ਤੇਜ਼ੀ ਨਾਲ ਜਾ ਰਿਹਾ ਸੀ। ਟੱਕਰ ਤੋਂ ਬਾਅਦ ਜਾਨਵੀ 100 ਫੁੱਟ ਦੂਰ ਜਾ ਡਿੱਗੀ ਸੀ।

ਸਿਆਟਲ ਪੁਲਸ ਵਿਭਾਗ ਵੱਲੋਂ ਕੀਤੀ ਜਾਂਚ ਵਿਚ ਪਾਇਆ ਗਿਆ ਕਿ ਟੱਕਰ ਮਾਰਨ ਤੋਂ ਬਾਅਦ ਪੁਲਸ ਅਧਿਕਾਰੀ ਨੇ ਅਸੰਵੇਦਨਸ਼ੀਲ ਟਿੱਪਣੀਆਂ ਕੀਤੀਆਂ ਅਤੇ ਚਾਰ ਸਕਿੰਟ ਤੱਕ ਹੱਸਿਆ। ਅਧਿਕਾਰੀ ਦੇ ਇਸ ਰਵੱਈਏ ਨੇ ਪੂਰੇ ਪੁਲਸ ਵਿਭਾਗ ਅਤੇ ਪੇਸ਼ੇ ਨੂੰ ਸ਼ਰਮਸਾਰ ਕੀਤਾ ਹੈ। ਵਿਭਾਗ ਨੇ ਕਿਹਾ ਕਿ ਇਸ ਅਧਿਕਾਰੀ ਦਾ ਪੁਲਸ ਬਲ ਵਿਚ ਬਣੇ ਰਹਿਣਾ ਵਿਭਾਗ ਲਈ ਅਪਮਾਨਜਨਕ ਹੋਵੇਗਾ।

# ਡਾਕਟਰੀ ਪ੍ਰੀਖਿਆ ਦਾ ਭਲਕੇ ਸੈਂਟਰ ਤੇ ਸਿਟੀਵਾਈਜ਼ ਨਤੀਜਾ ਐਲਾਨਣ ਦਾ ਹੁਕਮ

## ਸੁਪਰੀਮ ਕੋਰਟ 'ਚ ਅਗਲੀ ਸੁਣਵਾਈ 22 ਨੂੰ




**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਨੀਟ-ਯੂ ਜੀ 2024 ਸੰਬੰਧੀ ਪਟੀਸ਼ਨਾਂ 'ਤੇ ਸੁਣਵਾਈ ਕਰਦਿਆਂ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਨੂੰ ਹੁਕਮ ਜਾਰੀ ਕੀਤਾ ਕਿ ਉਹ 20 ਜੁਲਾਈ ਦੁਪਹਿਰ 12 ਵਜੇ ਤੱਕ ਨੀਟ-ਯੂ ਜੀ 2024 ਦੇ ਸੈਂਟਰ ਤੇ ਸਿਟੀਵਾਈਜ਼ ਨਤੀਜਿਆਂ ਦਾ ਐਲਾਨ ਕਰੇ। ਵਿਦਿਆਰਥੀਆਂ ਦੀ ਪਛਾਣ ਬੇਨਕਾਬ ਨਹੀਂ ਹੋਣੀ ਚਾਹੀਦੀ। ਇਹ ਹੁਕਮ ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਜਾਰੀ ਕੀਤੇ। ਸੁਪਰੀਮ ਕੋਰਟ 22 ਜੁਲਾਈ ਨੂੰ ਇਸ ਪ੍ਰੀਖਿਆ ਨੂੰ ਰੱਦ ਕਰਨ, ਮੁੜ ਪ੍ਰੀਖਿਆ ਕਰਵਾਉਣ ਤੇ ਅਦਾਲਤ ਦੀ ਨਿਗਰਾਨੀ ਹੇਠ ਜਾਂਚ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਤੇ ਮੁੜ ਸੁਣਵਾਈ ਕਰੇਗੀ। ਅਦਾਲਤ ਨੇ ਕਿਹਾ ਕਿ ਇਹ ਪਹਿਲੀ ਨਜ਼ਰੇ ਜਾਪਦਾ ਹੈ ਕਿ ਪ੍ਰਸ਼ਨ ਪੱਤਰ ਲੀਕ ਹੋਣਾ ਪਟਨਾ ਅਤੇ ਹਜ਼ਾਰੀਬਾਗ ਤੱਕ ਸੀਮਤ ਸੀ। ਉਸ ਨੇ ਨਾਲ ਹੀ ਸਪੱਸ਼ਟ ਕੀਤਾ ਕਿ ਜੇ ਇਸ ਪ੍ਰੀਖਿਆ ਦੀ ਪਵਿੱਤਰਤਾ ਭੰਗ ਹੋਈ ਹੈ ਤਾਂ ਹੀ ਇਸ ਪ੍ਰੀਖਿਆ ਨੂੰ ਮੁੜ ਕਰਵਾਉਣਾ ਚਾਹੀਦਾ ਹੈ। ਉਸ ਨੇ ਇਹ ਵੀ ਕਿਹਾ ਕਿ ਪ੍ਰੀਖਿਆ ਨਵੇਂ ਸਿਰੇ ਤੋਂ ਕਰਵਾਉਣ ਦਾ ਕੋਈ ਠੋਸ ਆਧਾਰ ਹੋਣਾ ਚਾਹੀਦਾ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਵਿਵਾਦਗ੍ਰਸਤ ਮੈਡੀਕਲ ਦਾਖਲਾ ਪ੍ਰੀਖਿਆ ਨੀਟ-ਯੂ ਜੀ 2024 ਨਾਲ ਸੰਬੰਧਤ ਪਟੀਸ਼ਨਾਂ ਦੇ ਬੈਚ 'ਤੇ ਸੁਣਵਾਈ ਕੀਤੀ। ਸੁਣਵਾਈ ਦੌਰਾਨ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਨ੍ਹਾਂ ਨੂੰ ਕਰੀਬ 15,000 ਨਵੀਂਆਂ ਰਜਿਸਟ੍ਰੇਸ਼ਨਾਂ ਮਿਲੀਆਂ ਹਨ। ਇਨ੍ਹਾਂ ਨਵੇਂ 15,094 ਵਿਦਿਆਰਥੀਆਂ ਵਿੱਚੋਂ 1.08 ਲੱਖ ਵਿਦਿਆਰਥੀਆਂ ਵਿੱਚੋਂ ਸਿਰਫ 44 ਅਜਿਹੇ ਹਨ, ਜੋ ਪ੍ਰਾਈਵੇਟ ਅਤੇ ਸਰਕਾਰੀ ਮੈਡੀਕਲ ਕਾਲਜਾਂ 'ਚ ਦਾਖਲਾ ਲੈਣਗੇ।

ਐੱਨ ਟੀ ਏ ਦੇ ਵਕੀਲ ਨੇ ਕਿਹਾ ਕਿ ਨਵੀਂ ਰਜਿਸਟ੍ਰੇਸ਼ਨ ਕਰਨ ਵਾਲੇ ਕਰੀਬ 12 ਹਜ਼ਾਰ ਵਿਦਿਆਰਥੀ ਫੇਲ੍ਹ ਹੋ ਗਏ ਹਨ। ਸਾਲਿਸਟਰ ਜਨਰਲ ਨੇ ਕਿਹਾ ਕਿ ਨਵੀਂ ਰਜਿਸਟਰੇਸ਼ਨ ਖੋਲ੍ਹਣ ਦਾ ਮਕਸਦ ਕਿਸੇ ਵਿਅਕਤੀ ਵਿਸ਼ੇਸ਼ ਦੀ ਮਦਦ ਕਰਨਾ ਨਹੀਂ ਸੀ, ਇਹ ਵਿਦਿਆਰਥੀਆਂ ਦੀ ਭਲਾਈ ਲਈ ਕੀਤਾ ਗਿਆ ਸੀ। ਨਵੀਂਆਂ ਰਜਿਸਟ੍ਰੇਸ਼ਨਾਂ ਵਿੱਚੋਂ ਸਿਰਫ 44 ਹੀ ਦਾਖਲਾ ਲੈ ਸਕੇ ਹਨ।

## ਹਵਾਈ ਅੱਡੇ 'ਤੇ ਡਾਕਟਰ ਨੇ ਬਜ਼ੁਰਗ ਦੀ ਜਾਨ ਬਚਾਈ



**ਨਵੀਂ ਦਿੱਲੀ** : ਮਹਿਲਾ ਡਾਕਟਰ ਨੇ ਹਾਲ ਹੀ 'ਚ ਦਿੱਲੀ ਹਵਾਈ ਅੱਡੇ 'ਤੇ ਇੱਕ ਬਜ਼ੁਰਗ ਦੀ ਜਾਨ ਬਚਾਈ। ਵਿਅਕਤੀ ਨੂੰ ਦਿਲ ਦਾ ਦੌਰਾ ਪੈ ਗਿਆ ਸੀ, ਜਿਸ ਨੂੰ ਡਾਕਟਰ ਨੇ ਤੁਰੰਤ ਡਾਕਟਰੀ ਸਹਾਇਤਾ ਦਿੱਤੀ। ਵੀਡੀਓ ਵਾਇਰਲ ਹੋਣ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਡਾਕਟਰ ਦੇ ਯਤਨਾਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ। ਵੀਡੀਓ 'ਚ ਮਹਿਲਾ ਡਾਕਟਰ ਬਿਮਾਰ ਵਿਅਕਤੀ ਦੀ ਛਾਤੀ ਨੂੰ ਪੰਪ ਕਰਦੀ ਦਿਖਾਈ ਦਿੰਦੀ ਹੈ। ਇਸ ਤੋਂ ਬਾਅਦ ਬਜ਼ੁਰਗ ਠੀਕ ਹੋ ਜਾਂਦਾ ਹੈ ਤੇ ਹੋਸ਼ 'ਚ ਆਉਣ ਤੋਂ ਬਾਅਦ ਮਹਿਲਾ ਡਾਕਟਰ ਨੂੰ ਦੁਆਵਾਂ ਦਿੰਦਾ ਹੈ। ਬਾਅਦ 'ਚ ਬਜ਼ੁਰਗ ਦਾ ਹਵਾਈ ਅੱਡੇ ਦੇ ਅਧਿਕਾਰੀਆਂ ਵੱਲੋਂ ਮੈਡੀਕਲ ਕਰਵਾਇਆ ਗਿਆ।

## ਵੀਡੀਓ ਬਣਾਉਂਦੀ ਖੱਡ 'ਚ ਡਿੱਗੀ



**ਮੁੰਬਈ** : ਰੀਲਾਂ ਬਣਾਉਣ ਕਾਰਨ ਸੋਸ਼ਲ ਮੀਡੀਆ 'ਤੇ ਮਸ਼ਹੂਰ ਹੋਈ ਅਨਵੀ ਕਾਮਦਾਰ ਮਹਾਰਾਸ਼ਟਰ ਦੇ ਰਾਇਗੜ੍ਹ ਵਿਚ ਇਕ ਵੀਡੀਓ ਬਣਾਉਣ ਦੌਰਾਨ ਖੱਡ ਵਿਚ ਡਿੱਗ ਗਈ ਅਤੇ ਉਸ ਦੀ ਮੌਤ ਹੋ ਗਈ। ਮਾਨਗਾਓਂ ਦੇ ਪੁਲਸ ਅਧਿਕਾਰੀਆਂ ਨੇ ਕਿਹਾ ਕਿ 27 ਸਾਲਾ ਅਨਵੀ ਆਪਣੇ ਦੋਸਤਾਂ ਨਾਲ ਘੁੰਮਣ ਗਈ ਸੀ ਅਤੇ ਇੱਕ ਵੀਡੀਓ ਬਣਾਉਣ ਦੌਰਾਨ ਮਸ਼ਹੂਰ ਕੁੰਭੇ ਝਰਨੇ ਦੇ ਕੋਲ 300 ਫੁੱਟ ਡੂੰਘੀ ਖੱਡ 'ਚ ਡਿੱਗ ਗਈ।

## ਦੋ ਜਵਾਨ ਸ਼ਹੀਦ

**ਬੀਜਾਪੁਰ** : ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿਚ ਨਕਸਲਵਾਦੀਆਂ ਵੱਲੋਂ ਕੀਤੇ ਆਈ ਈ ਡੀ ਧਮਾਕੇ ਵਿਚ ਸਪੈਸ਼ਲ ਟਾਸਕ ਫੋਰਸ ਦੇ ਦੋ ਜਵਾਨ ਮਾਰੇ ਗਏ ਅਤੇ ਚਾਰ ਜ਼ਖਮੀ ਹੋ ਗਏ। ਬੁੱਧਵਾਰ ਰਾਤ ਤਰੇਮ ਖੇਤਰ 'ਚ ਸੁਰੱਖਿਆ ਕਰਮੀਆਂ ਦੀ ਟੀਮ ਬੀਜਾਪੁਰ-ਸੁਕਮਾ-ਦਾਂਤੇਵਾੜਾ ਜ਼ਿਲ੍ਹਿਆਂ ਦੇ ਜੰਗਲਾਂ 'ਚ ਨਕਸਲ ਵਿਰੋਧੀ ਮੁਹਿੰਮ ਤੋਂ ਪਰਤ ਰਹੀ ਸੀ। ਧਮਾਕੇ 'ਚ ਕਾਂਸਟੇਬਲ ਭਰਤ ਸਾਹੂ ਅਤੇ ਸਤੀਰ ਸਿੰਘ ਕਾਂਗੇ ਦੀ ਮੌਤ ਹੋ ਗਈ।

## ਕਿਸਾਨ ਨੂੰ ਰੋਕਣ 'ਤੇ ਮਾਲ 7 ਦਿਨ ਬੰਦ ਰੱਖਣ ਦਾ ਹੁਕਮ

**ਬੇਂਗਲੁਰੂ** : ਕਰਨਾਟਕ ਸਰਕਾਰ ਨੇ ਇੱਥੋਂ ਦੇ ਇੱਕ ਮਾਲ ਨੂੰ ਸੱਤ ਦਿਨਾਂ ਲਈ ਬੰਦ ਕਰਨ ਦਾ ਹੁਕਮ ਦਿੱਤਾ ਹੈ। ਇਹ ਕਾਰਵਾਈ ਇੱਕ ਕਿਸਾਨ ਨੂੰ ਕਥਿਤ ਤੌਰ 'ਤੇ ਧੋਤੀ ਲਾਈ ਹੋਈ ਕਾਰਨ ਮਾਲ ਵਿਚ ਦਾਖਲ ਹੋਣ ਤੋਂ ਇਨਕਾਰ ਕਰਨ ਤੋਂ ਬਾਅਦ ਕੀਤੀ ਗਈ ਹੈ। ਇਸ ਘਟਨਾ ਦੀ ਵਿਧਾਨ ਸਭਾ 'ਚ ਮੈਂਬਰਾਂ ਨੇ ਸਖਤ ਨਿੰਦਾ ਕੀਤੀ। ਸਰਕਾਰ ਨੇ ਕਿਸਾਨ ਦੇ ਅਪਮਾਨ ਨੂੰ ਮਾਣ ਅਤੇ ਸਵੈ-ਮਾਣ ਦੀ ਉਲੰਘਣਾ ਕਰਾਰ ਦਿੱਤਾ। ਉਸ ਨੇ ਕਿਹਾ ਕਿ ਇਸ ਮਾਮਲੇ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# ਬੰਗਲਾਦੇਸ਼ 'ਚ ਵਿਦਿਆਰਥੀ ਅੰਦੋਲਨ ਖਿਲਾਫ ਫੌਜ ਤਾਇਨਾਤ



**ਢਾਕਾ** : ਇੱਥੇ ਵਿਦਿਆਰਥੀਆਂ ਨੇ ਸਰਕਾਰੀ ਨੌਕਰੀਆਂ 'ਚ ਰਾਖਵੇਂਕਰਨ ਦੇ ਕੋਟੇ ਨੂੰ ਖਤਮ ਕਰਵਾਉਣ ਲਈ ਵੀਰਵਾਰ ਵੀ ਪ੍ਰਦਰਸ਼ਨ ਕੀਤਾ। ਪੁਲਸ ਨੇ ਉਨ੍ਹਾਂ ਨੂੰ ਖਿੰਡਾਉਣ ਲਈ ਅੱਥਰੂ ਗੈਸ ਛੱਡੀ। ਇਸੇ ਦੌਰਾਨ ਕੁਝ ਖੇਤਰਾਂ ਵਿਚ ਮੋਬਾਇਲ ਇੰਟਰਨੈੱਟ ਸੇਵਾਵਾਂ ਨੂੰ ਠੱਪ ਕਰ ਦਿੱਤਾ ਗਿਆ ਹੈ। ਇਹ ਕਾਰਵਾਈ ਹਿੰਸਕ ਝੜਪਾਂ ਵਧਣ ਤੇ 7 ਜਣਿਆਂ ਦੇ ਮਾਰੇ ਜਾਣ ਤੋਂ ਬਾਅਦ ਕੀਤੀ ਗਈ ਹੈ। ਵਿਦਿਆਰਥੀਆਂ ਵੱਲੋਂ 30 ਫੀਸਦੀ ਰਾਖਵੇਂਕਰਨ ਦੇ ਕੋਟੇ ਨੂੰ ਖਤਮ ਕਰਨ ਦੀ ਮੰਗ ਕੀਤੀ ਜਾ ਰਹੀ ਹੈ, ਹਾਲਾਂਕਿ ਵਿਦਿਆਰਥੀਆਂ ਦੇ ਦੇਸ਼-ਵਿਆਪੀ ਬੰਦ ਦੇ ਸੱਦੇ ਨੂੰ ਬਹੁਤ ਘੱਟ ਹੁੰਗਾਰਾ ਮਿਲਿਆ ਦੱਸਿਆ ਗਿਆ ਹੈ। ਪੁਲਸ ਨੇ ਪੱਥਰ ਸੁੱਟਣ ਵਾਲੇ ਵਿਦਿਆਰਥੀਆਂ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲੇ ਛੱਡੇ। ਵਿਦਿਆਰਥੀਆਂ ਨੇ ਦੱਖਣੀ ਚਟਗਾਓਂ 'ਚ ਇੱਕ ਪ੍ਰਮੁੱਖ ਹਾਈਵੇ ਨੂੰ ਬੰਦ ਕਰ ਦਿੱਤਾ। ਸੂਚਨਾ, ਤਕਨਾਲੋਜੀ ਮੰਤਰੀ ਨੇ ਪੱਤਰਕਾਰਾਂ ਨੂੰ ਕਿਹਾ ਕਿ ਸੋਸ਼ਲ ਮੀਡੀਆ 'ਤੇ ਅਫਵਾਹਾਂ ਕਾਰਨ ਮੋਬਾਇਲ ਇੰਟਰਨੈੱਟ ਨੂੰ ਅਸਥਾਈ ਤੌਰ 'ਤੇ ਮੁਅੱਤਲ ਕੀਤਾ ਗਿਆ ਹੈ। ਸਥਿਤੀ ਆਮ ਵਾਂਗ ਹੋਣ 'ਤੇ ਸੇਵਾਵਾਂ ਬਹਾਲ ਕਰ ਦਿੱਤੀਆਂ ਜਾਣਗੀਆਂ।

ਇਸੇ ਦੌਰਾਨ ਦੇਸ਼-ਭਰ ਵਿਚ ਬਾਰਡਰ ਗਾਰਡ ਬੰਗਲਾਦੇਸ਼ ਦੇ ਜਵਾਨ ਤਾਇਨਾਤ ਕਰ ਦਿੱਤੇ ਗਏ ਹਨ। ਕਾਨੂੰਨ ਮੰਤਰੀ ਅਨੀਸੁਲ ਹੱਕ ਤੇ ਸਿੱਖਿਆ ਮੰਤਰੀ ਮੋਹੀਬੁਲ ਹਸਨ ਚੌਧਰੀ ਦੀ ਡਿਊਟੀ ਪ੍ਰਦਰਸ਼ਨਕਾਰੀਆਂ ਨਾਲ ਗੱਲਬਾਤ ਲਈ ਲਾਈ ਗਈ ਹੈ। ਪ੍ਰਧਾਨ ਮੰਤਰੀ ਸ਼ੇਖ ਹਸੀਨਾ ਵਾਜਿਦ ਨੇ ਕਾਨੂੰਨ ਮੰਤਰੀ ਨੂੰ ਕਿਹਾ ਹੈ ਕਿ ਉਹ ਸੁਪਰੀਮ ਕੋਰਟ ਵਿਚ ਮਾਮਲੇ ਦਾ ਛੇਤੀ ਨਿਬੇੜਾ ਕਰਾਉਣ ਦੇ ਜਤਨ ਕਰਨ। ਛੇਤੀ ਸੁਣਵਾਈ ਲਈ ਅਟਾਰਨੀ ਜਨਰਲ ਐਤਵਾਰ ਸੁਪਰੀਮ ਕੋਰਟ ਵਿਚ ਅਪੀਲ ਦਾਖਲ ਕਰਨਗੇ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਹੈ ਕਿ ਹੁਕਮਰਾਨ ਅਵਾਮੀ ਲੀਗ ਦੇ ਵਿਦਿਆਰਥੀ ਵਿੰਗ ਬੰਗਲਾਦੇਸ਼ ਛਾਤਰ ਲੀਗ ਦੇ ਮੈਂਬਰ ਉਨ੍ਹਾਂ ਨਾਲ ਟਕਰਾਅ ਰਹੇ ਹਨ।

ਇਸ ਵੇਲੇ ਸਰਕਾਰੀ ਨੌਕਰੀਆਂ ਵਿਚ 56 ਫੀਸਦੀ ਰਾਖਵਾਂਕਰਨ ਹੈ। ਇਨ੍ਹਾਂ ਵਿੱਚੋਂ 30 ਫੀਸਦੀ 1971 ਦੀ ਆਜ਼ਾਦੀ ਦੀ ਜੰਗ ਦੇ ਘੁਲਾਟੀਆਂ ਦੇ ਵਾਰਸਾਂ, 10 ਫੀਸਦੀ ਪੱਛੜੇ ਜ਼ਿਲ੍ਹਿਆਂ, 10 ਫੀਸਦੀ ਮਹਿਲਾਵਾਂ, ਪੰਜ ਫੀਸਦੀ ਨਸਲੀ ਘੱਟ ਗਿਣਤੀਆਂ ਤੇ ਇਕ ਫੀਸਦੀ ਦਿਵਿਆਂਗਾਂ ਲਈ ਰਾਖਵਾਂਕਰਨ ਹੈ। ਹਰ ਸਾਲ ਕਰੀਬ ਚਾਰ ਲੱਖ ਗ੍ਰੈਜੂਏਟ ਪਾਸ ਹੁੰਦੇ ਹਨ ਤੇ ਨੌਕਰੀਆਂ ਕਰੀਬ ਤਿੰਨ ਹਜ਼ਾਰ ਨਿਕਲਦੀਆਂ ਹਨ। ਅੰਦਲੋਨਕਾਰੀਆਂ ਦਾ ਕਹਿਣਾ ਹੈ ਕਿ ਰਾਖਵਾਂਕਰਨ ਕਰਕੇ ਦਰਜਾ ਅੱਵਲ ਤੇ ਦੋਇਮ ਨੌਕਰੀਆਂ ਤੋਂ ਉਹ ਵਿਰਵੇ ਰਹਿ ਰਹੇ ਹਨ। ਹਾਈ ਕੋਰਟ ਨੇ 5 ਜੂਨ ਨੂੰ ਸਰਕਾਰੀ ਨੌਕਰੀਆਂ 'ਚ ਰਾਖਵਾਂਕਰਨ ਖਤਮ ਕਰਨ ਵਾਲੇ 2018 ਦੇ ਸਰਕਾਰੀ ਸਰਕੂਲਰ ਨੂੰ ਗੈਰਕਾਨੂੰਨੀ ਕਰਾਰ ਦਿੱਤਾ ਸੀ, ਜਿਸ ਤੋਂ ਬਾਅਦ 10 ਜੁਲਾਈ ਨੂੰ ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਫੈਸਲੇ 'ਤੇ ਸਟੇਅ ਦਾ ਹੁਕਮ ਜਾਰੀ ਕੀਤਾ ਸੀ। ਇਸ ਮਗਰੋਂ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਨੇ ਸਾਰੀਆਂ ਯੂਨੀਵਰਸਿਟੀਆਂ ਨੂੰ ਅਗਲੇ ਨੋਟਿਸ ਤੱਕ ਕਲਾਸਾਂ ਮੁਲਤਵੀ ਕਰਨ ਅਤੇ ਹੋਸਟਲ ਖਾਲੀ ਕਰਨ ਲਈ ਕਿਹਾ ਸੀ।

ਢਾਕਾ ਵਿਚ ਭਾਰਤ ਦੇ ਹਾਈ ਕਮਿਸ਼ਨ ਨੇ ਤਣਾਅਪੂਰਨ ਹਾਲਾਤ ਕਾਰਨ ਬੰਗਲਾਦੇਸ਼ ਵਿਚ ਰਹਿ ਰਹੇ ਭਾਰਤੀਆਂ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ, ਜਿਨ੍ਹਾਂ ਵਿਚ ਕਿਹਾ ਗਿਆ ਹੈ ਕਿ ਭਾਰਤੀ ਭਾਈਚਾਰੇ ਦੇ ਮੈਂਬਰਾਂ ਤੇ ਬੰਗਲਾਦੇਸ਼ ਵਿਚ ਰਹਿ ਰਹੇ ਭਾਰਤੀ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਹਾਲਾਤ ਆਮ ਵਾਂਗ ਹੋਣ 'ਤੇ ਹੀ ਯਾਤਰਾ ਕਰਨ ਅਤੇ ਲੋੜ ਪੈਣ 'ਤੇ ਹੀ ਆਪਣੇ ਘਰਾਂ ਤੋਂ ਬਾਹਰ ਨਿਕਲਣ।

## ਪੂਜਾ ਖੇੜਕਰ ਦੀ ਮਾਂ ਪੁਲਸ ਰਿਮਾਂਡ 'ਤੇ

**ਪੁਣੇ** : ਮਹਾਰਾਸ਼ਟਰ ਦੇ ਪੁਣੇ ਜ਼ਿਲ੍ਹੇ ਦੀ ਅਦਾਲਤ ਨੇ ਵੀਰਵਾਰ ਆਈ ਏ ਐਸ (ਪ੍ਰੋਬੇਸ਼ਨਰ) ਪੂਜਾ ਖੇੜਕਰ ਦੀ ਮਾਂ ਮਨੋਰਮਾ ਖੇੜਕਰ ਨੂੰ ਜ਼ਮੀਨੀ ਵਿਵਾਦ ਨੂੰ ਲੈ ਕੇ ਕੁਝ ਵਿਅਕਤੀਆਂ ਨੂੰ ਅਸਲੇ ਨਾਲ ਧਮਕਾਉਣ ਦੇ ਦੋਸ਼ 'ਚ ਗ੍ਰਿਫਤਾਰ ਕੀਤੇ ਜਾਣ ਤੋਂ ਬਾਅਦ 20 ਜੁਲਾਈ ਤੱਕ ਪੁਲਸ ਹਿਰਾਸਤ 'ਚ ਭੇਜ ਦਿੱਤਾ।

ਵਿਵਾਦਾਂ ਵਿਚ ਘਿਰੀ ਪੂਜਾ ਖੇੜਕਰ ਦੀ ਮਾਂ ਵੀਡੀਓ ਵਿਚ ਪਿੰਡ ਵਾਸੀਆਂ ਨੂੰ ਧਮਕੀਆਂ ਦਿੰਦੀ ਹੋਈ ਨਜ਼ਰ ਆ ਰਹੀ ਸੀ। ਇਸ ਤੋਂ ਪਹਿਲਾਂ ਪੁਲਸ ਨੇ ਪੂਜਾ ਦੇ ਮਾਪਿਆਂ ਤੇ ਪੰਜ ਹੋਰਨਾਂ ਨੂੰ ਇਸ ਮਾਮਲੇ ਵਿਚ ਨਾਮਜ਼ਦ ਕੀਤਾ ਸੀ।

## ਫੈਸਲਾ ਰਾਖਵਾਂ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਤਿਹਾੜ ਜੇਲ੍ਹ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਆਪਣੇ ਵਕੀਲਾਂ ਨਾਲ ਦੋ ਵਾਧੂ ਕਾਨੂੰਨੀ ਮੁਲਾਕਾਤਾਂ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਫੈਸਲਾ ਰਾਖਵਾਂ ਰੱਖ ਲਿਆ ਹੈ।

# ਸਿਆਸਤਦਾਨ ਸਿਆਸਤ ਨਹੀਂ ਕਰਨਗੇ ਤਾਂ ਕੀ ਗੋਲਗੱਪੇ ਵੇਚਣਗੇ : ਕੰਗਣਾ



**ਮੁੰਬਈ** : ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਵੱਲੋਂ ਮਹਾਰਾਸ਼ਟਰ ਦੇ ਸਾਬਕਾ ਮੁੱਖ ਮੰਤਰੀ ਊਧਵ ਠਾਕਰੇ ਨਾਲ ਧੋਖਾ ਹੋਣ ਦੀ ਗੱਲ ਕਹਿਣ ਤੋਂ ਬਾਅਦ ਮੰਡੀ ਤੋਂ ਭਾਜਪਾ ਸਾਂਸਦ ਤੇ ਫਿਲਮੀ ਅਦਾਕਾਰਾ ਕੰਗਣਾ ਰਣੌਤ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੇ ਹੱਕ ਵਿਚ ਭੁਗਤਦਿਆਂ ਕਿਹਾ ਹੈ ਕਿ ਜੇ ਸਿਆਸਤਦਾਨ ਸਿਆਸਤ ਨਹੀਂ ਕਰੇਗਾ ਤਾਂ ਕੀ ਗੋਲਗੱਪੇ ਵੇਚੇਗਾ? ਉਸ ਨੇ ਕਿਹਾ ਕਿ ਗੱਠਜੋੜ, ਸੰਧੀਆਂ ਤੇ ਪਾਰਟੀਆਂ ਵਿਚ ਦੁਫੇੜ ਸਿਆਸਤ ਵਿਚ ਆਮ ਤੇ ਸੰਵਿਧਾਨਕ ਵਰਤਾਰਾ ਹੈ।

ਜਿਓਤਿਰ ਮੱਠ ਦੇ ਸ਼ੰਕਰਾਚਾਰੀਆ ਨੇ ਐਤਵਾਰ ਠਾਕਰੇ ਨਾਲ ਮੁਲਾਕਾਤ ਦੌਰਾਨ ਕਿਹਾ ਸੀ—ਅਸੀਂ ਸਨਾਤਨ ਧਰਮ ਦੇ ਪੈਰੋਕਾਰ ਹਾਂ। ਪਾਪ ਤੇ ਪੁੰਨ ਨੂੰ ਸਮਝਦੇ ਹਾਂ। ਵਿਸ਼ਵਾਸਘਾਤ ਸਭ ਤੋਂ ਵੱਡਾ ਪਾਪ ਹੈ ਤੇ ਊਧਵ ਠਾਕਰੇ ਨਾਲ ਇਹੀ ਹੋਇਆ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਸੀ ਕਿ ਸ਼ਿਵ ਸੈਨਾ ਦੇ ਸੀਨੀਅਰ ਆਗੂ ਏਕਨਾਥ ਸ਼ਿੰਦੇ ਵੱਲੋਂ ਪਾਰਟੀ ਦੋਫਾੜ ਕਰਨ ਕਰਕੇ ਠਾਕਰੇ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣਾ ਪਿਆ ਸੀ। ਕੰਗਣਾ ਨੇ ਕਿਹਾ ਹੈ ਕਿ ਕਾਂਗਰਸ 1907 ਤੇ 1971 ਵਿਚ ਵੰਡੀ ਗਈ ਸੀ। ਇਹ ਸਿਆਸਤ ਵਿਚ ਚਲਦਾ ਹੈ। ਉਸ ਨੇ ਕਿਹਾ ਕਿ ਸ਼ੰਕਰਾਚਾਰੀਆ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਜੇ ਰਾਜਾ ਪਰਜਾ ਦੀ ਲੁੱਟ-ਚੋਂਘ ਕਰਦਾ ਹੈ ਤਾਂ ਪਰਜਾ ਦੀ ਬਗਾਵਤ ਹੀ ਧਰਮ ਹੁੰਦੀ ਹੈ।

# ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਤੇ ਕੰਟੀਨਿਊਸ਼ਨ ਲਈ ਸ਼ਡਿਊਲ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸੰਬੰਧਤ ਸਮੂਹ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਗਿਆ ਕਿ ਸੈਸ਼ਨ 2024-25 ਲਈ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਨ-ਲਾਈਨ ਪੋਰਟਲ ਪੰਜਵੀਂ ਅਤੇ ਅੱਠਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ 18 ਜੁਲਾਈ ਤੋਂ 18 ਸਤੰਬਰ ਤੱਕ ਬਿਨ੍ਹਾਂ ਲੇਟ ਫੀਸ, 19 ਸਤੰਬਰ ਤੋਂ 16 ਅਕਤੂਬਰ ਤੱਕ 500/-ਰੁ: ਪ੍ਰਤੀ ਵਿਦਿਅਰਥੀ ਲੇਟ ਫੀਸ ਨਾਲ ਅਤੇ 17 ਅਕਤੂਬਰ ਤੋਂ 11 ਨਵੰਬਰ ਤੱਕ 1500/- ਰੁਪਏ ਪ੍ਰਤੀ ਵਿਦਿਅਰਥੀ ਲੇਟ ਫੀਸ ਨਾਲ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ।

ਨੌਵੀਂ ਅਤੇ ਗਿਆਰਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ ਵੀ ਮਿਤੀ 26 ਜੂਨ ਤੋਂ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਲਈ ਪੋਰਟਲ ਚਾਲੂ ਕੀਤਾ ਹੋਇਆ ਹੈ, ਜਿਸ ਦੀ ਨਿਰਧਾਰਿਤ ਸ਼ਡਿਊਲ ਅਨੁਸਾਰ ਆਫ-ਲਾਈਨ ਚਲਾਨ ਜਨਰੇਟ ਕਰਨ ਦੀ ਆਖਰੀ ਮਿਤੀ 16 ਅਗਸਤ ਅਤੇ ਆਨ-ਲਾਈਨ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 21 ਅਗਸਤ ਨਿਸ਼ਚਿਤ ਕੀਤੀ ਗਈ ਹੈ। ਇਸੇ ਤਰ੍ਹਾਂ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ ਵੀ ਮਿਤੀ 04 ਜੁਲਾਈ ਤੋਂ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਲਈ ਪੋਰਟਲ ਚਾਲੂ ਕੀਤਾ ਹੋਇਆ ਹੈ, ਜਿਸ ਦੀ ਨਿਰਧਾਰਿਤ ਸ਼ਡਿਊਲ ਅਨੁਸਾਰ ਆਫ-ਲਾਈਨ ਚਲਾਨ ਜਨਰੇਟ ਕਰਨ ਦੀ ਆਖਰੀ ਮਿਤੀ 23 ਅਗਸਤ ਅਤੇ ਆਨ-ਲਾਈਨ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 28 ਅਗਸਤ ਨਿਸ਼ਚਿਤ ਕੀਤੀ ਗਈ ਹੈ।

ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਬੋਰਡ ਵੱਲੋਂ ਨਿਰਧਾਰਿਤ/ ਜਾਰੀ ਕੀਤੇ ਗਏ ਸ਼ਡਿਊਲ (ਸਮਾਂ-ਸਾਰਣੀ) ਵਿੱਚ-ਵਿੱਚ ਹੀ ਬਣਦੀ ਫੀਸ ਨਾਲ ਹੀ ਇਹ ਕੰਮ ਮੁਕੰਮਲ ਕਰਵਾਇਆ ਜਾਣਾ ਅਤਿ ਜ਼ਰੂਰੀ ਹੈ, ਕਿਉਂਕਿ ਨਿਰਧਾਰਿਤ ਸ਼ਡਿਊਲ ਅਧੀਨ ਦਿੱਤੇ ਗਏ ਸਮੇਂ ਤੋਂ ਬਾਅਦ ਹੋਰ ਸਮੇਂ ਵਿੱਚ ਵਾਧਾ ਨਹੀ ਕੀਤਾ ਜਾਵੇਗਾ ਅਤੇ ਬਿਨ੍ਹਾਂ ਲੇਟ ਫੀਸ ਸਮਾਂ ਲੰਘਣ ਉਪਰੰਤ ਜੇਕਰ ਕਿਸੇ ਸਕੂਲ ਮੁਖੀ ਵੱਲੋਂ ਜੁਰਮਾਨਾ ਮੁਆਫੀ ਲਈ ਪ੍ਰਤੀ-ਬੇਨਤੀ ਕੀਤੀ ਜਾਂਦੀ ਹੈ, ਤਾਂ ਉਹ ਕਿਸੇ ਵੀ ਹਾਲਾਤ/ਕਾਰਨ ਦੇ ਜੁਰਮਾਨਾ ਮੁਆਫੀ ਲਈ ਸਵੀਕਾਰਨ ਯੋਗ ਨਹੀ ਹੋਵੇਗੀ।

# ਆਪ ਹਰਿਆਣਾ ਅਸੰਬਲੀ ਚੋਣਾਂ ਆਪਣੇ ਦਮ 'ਤੇ ਲੜੇਗੀ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**




ਆਮ ਆਦਮੀ ਪਾਰਟੀ ਨੇ ਵੀਰਵਾਰ ਐਲਾਨ ਕੀਤਾ ਕਿ ਉਹ ਹਰਿਆਣਾ 'ਚ ਹੋਣ ਵਾਲੀਆਂ ਅਸੰਬਲੀ ਚੋਣਾਂ ਆਪਣੇ ਬਲਬੂਤੇ 'ਤੇ ਲੜੇਗੀ। ਹਰਿਆਣਾ ਲੋਕ ਸਭਾ ਚੋਣਾਂ ਵਿਚ 'ਆਪ' ਨੇ ਕਾਂਗਰਸ ਨਾਲ ਗਠਜੋੜ ਕਰਕੇ ਇਕ ਸੀਟ 'ਤੇ ਚੋਣ ਲੜੀ ਸੀ। 'ਆਪ' ਦੇ ਸੰਸਦ ਮੈਂਬਰਾਂ ਸੰਜੇ ਸਿੰਘ ਅਤੇ ਸੰਦੀਪ ਪਾਠਕ ਦੀ ਮੌਜੂਦਗੀ 'ਚ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਨੇ ਹਰਿਆਣਾ ਅਸੰਬਲੀ ਚੋਣਾਂ ਪੂਰੀ ਤਾਕਤ ਨਾਲ ਲੜਨ ਦਾ ਫੈਸਲਾ ਕੀਤਾ ਹੈ।

ਉਨ੍ਹਾ ਕਿਹਾ ਕਿ ਦਿੱਲੀ ਅਤੇ ਪੰਜਾਬ 'ਚ ਉਨ੍ਹਾਂ ਦੀ ਸਰਕਾਰ ਹੈ। ਮਾਨ ਨੇ ਕਿਹਾ ਕਿ 'ਆਪ' ਟੀਮ ਬਣਾ ਕੇ ਚੋਣਾਂ ਲੜੇਗੀ ਅਤੇ 10 ਸਾਲ ਰਾਜ ਕਰਨ ਵਾਲੀ ਡਬਲ ਇੰਜਣ ਵਾਲੀ ਭਾਜਪਾ ਸਰਕਾਰ ਨੂੰ ਹਰਾਏਗੀ, ਕਿਉਂਕਿ ਹਰਿਆਣਾ ਦੇ ਲੋਕ ਬਦਲਾਅ ਚਾਹੁੰਦੇ ਹਨ।

## ਦੋ ਘੁਸਪੈਠੀਏ ਮਾਰੇ, ਡੋਡਾ 'ਚ ਫੌਜੀ ਟਿਕਾਣੇ 'ਤੇ ਹਮਲਾ

ਸ੍ਰੀਨਗਰ : ਫੌਜ ਨੇ ਕੁਪਵਾੜਾ ਦੇ ਕੇਰਨ ਸੈਕਟਰ ਵਿਚ ਕੰਟਰੋਲ ਰੇਖਾ ਤੋਂ ਘੁਸਪੈਠ ਕਰਦੇ ਦੋ ਦਹਿਸ਼ਤਗਰਦ ਮਾਰ ਦਿੱਤੇ। ਫੌਜ ਦੀ ਚਿਨਾਰ ਕੋਰ ਨੇ ਟਵੀਟ ਕਰ ਇਹ ਜਾਣਕਾਰੀ ਦਿੱਤੀ। ਡੋਡਾ ਜ਼ਿਲ੍ਹੇ ਵਿਚ ਵੀਰਵਾਰ ਤੜਕੇ ਦਹਿਸ਼ਤਗਰਦਾਂ ਦੇ ਹਮਲੇ ਕਾਰਨ ਫੌਜ ਦੇ ਦੋ ਜਵਾਨ ਜ਼ਖਮੀ ਹੋ ਗਏ। ਫੌਜ ਦੇ ਅਧਿਕਾਰੀ ਨੇ ਦੱਸਿਆ ਕਿ ਰਾਸ਼ਟਰੀ ਰਾਈਫਲਜ਼ ਤੇ ਪੁਲਸ ਵੱਲੋਂ ਤਲਾਸ਼ੀ ਮੁਹਿੰਮ ਦੌਰਾਨ ਕਾਸ਼ਤੀਗੜ੍ਹ ਇਲਾਕੇ ਦੇ ਜਦਨ ਬਾਟਾ ਵਿਚ ਸਕੂਲ ਵਿਚ ਆਰਜ਼ੀ ਸੁਰੱਖਿਆ ਟਿਕਾਣਾ ਬਣਾਇਆ ਗਿਆ ਸੀ, ਜਿਸ 'ਤੇ ਦਹਿਸ਼ਤਗਰਦਾਂ ਨੇ ਗੋਲੀਬਾਰੀ ਕੀਤੀ। ਸੁਰੱਖਿਆ ਬਲਾਂ ਤੇ ਦਹਿਸ਼ਤਗਰਦਾਂ ਦਰਮਿਆਨ ਇਕ ਘੰਟਾ ਗੋਲੀਬਾਰੀ ਹੁੰਦੀ ਰਹੀ। ਮੌਕੇ ਤੋਂ ਫਰਾਰ ਹੋਏ ਦਹਿਸ਼ਤਗਰਦਾਂ ਦੀ ਭਾਲ ਕੀਤੀ ਜਾ ਰਹੀ ਹੈ।

## ਨਰੇਗਾ ਕਾਮਿਆਂ ਨੂੰ 100 ਦਿਨ ਰੁਜ਼ਗਾਰ ਜਾਂ ਬੇਰੁਜ਼ਗਾਰੀ ਭੱਤਾ ਦਿਵਾਉਣ ਲਈ ਸਰਗਰਮੀ ਤੇਜ਼ ਕੀਤੀ ਜਾਵੇਗੀ : ਜਗਰੂਪ



**ਮੋਗਾ (ਇਕਬਾਲ ਸਿੰਘ ਖਹਿਰਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਕਮੇਟੀ ਦੀ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਯੂਨੀਅਨ ਦੇ ਮੁੱਖ ਸਲਾਹਕਾਰ ਜਗਰੂਪ ਸਿੰਘ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਨਾਲ ਅੱਜ ਦੇ ਸਮੇਂ ਵਿੱਚ ਹੋ ਰਹੀਆਂ ਬੇਇਨਸਾਫ਼ੀਆਂ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਨਰੇਗਾ ਮਜ਼ਦੂਰਾਂ ਨੂੰ 100 ਦਿਨ ਦੀ ਗਾਰੰਟੀ ਦੀ ਬਜਾਏ ਤੀਜਾ ਹਿੱਸਾ ਹੀ ਕੰਮ ਮਿਲ ਰਿਹਾ ਹੈ। ਜਥੇਬੰਦੀ ਇਸ ਸਾਲ ਮਜ਼ਦੂਰਾਂ ਨੂੰ 100 ਦਿਨ ਰੁਜ਼ਗਾਰ ਜਾਂ ਕਾਨੂੰਨ ਅਨੁਸਾਰ ਬੇਰੁਜ਼ਗਾਰੀ ਭੱਤਾ ਦਿਵਾਉਣ ਲਈ ਸਰਗਰਮੀ ਤੇਜ਼ ਕਰੇਗੀ। ਉਹਨਾ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਿਆਂਦੇ ਨਵੇਂ ਫੌਜਦਾਰੀ ਕਾਨੂੰਨ ਕਿਸੇ ਵੀ ਤਰ੍ਹਾਂ ਆਮ ਲੋਕਾਂ ਦੇ ਹਿੱਤ ਵਿੱਚ ਨਹੀਂ ਹਨ, ਸਗੋਂ ਇਹ ਲੋਕਾਂ ਦੀ ਆਵਾਜ਼ ਬਣਨ ਵਾਲੇ ਲੋਕਾਂ ਅਤੇ ਜਥੇਬੰਦੀਆਂ ਦੀ ਜ਼ੁਬਾਨਬੰਦੀ ਕਰਨ ਵਾਲੇ ਹਨ। ਇਹਨਾਂ ਵਿਰੁੱਧ ਵੀ ਲਾਮਬੰਦੀ ਕਰਨੀ ਚਾਹੀਦੀ ਹੈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਆਪਣੇ ਆਪ ਨੂੰ ਆਮ ਆਦਮੀ ਦੀ ਸਰਕਾਰ ਹੋਣ ਦਾ ਦਾਅਵਾ ਕਰਨ ਵਾਲੀ ਪੰਜਾਬ ਸਰਕਾਰ ਨੇ ਆਮ ਲੋਕਾਂ ਦੀ ਜ਼ਿੰਦਗੀ ਆਸਾਨ ਕਰਨ ਦੀ ਬਜਾਏ ਹੋਰ ਮੁਸੀਬਤਾਂ ਵਿਚ ਪਾ ਦਿਤੀ ਹੈ। ਬੇਰੁਜ਼ਗਾਰੀ, ਮਹਿੰਗਾਈ, ਨਸ਼ੇ ਵਰਗੀਆਂ ਅਲਾਮਤਾਂ ਨੇ ਲੋਕਾਂ ਦਾ ਜੀਣਾ ਦੁੱਭਰ ਕੀਤਾ ਹੋਇਆ ਹੈ। ਕਿਰਤ ਕਰਨ ਵਾਲੇ ਲੋਕਾਂ ਨੂੰ ਕਿਰਤ ਦੀ ਧਿਰ ਦੀ ਪਹਿਚਾਣ ਕਰਨੀ ਜ਼ਰੂਰੀ ਹੈ। ਮੀਟਿੰਗ ਦੌਰਾਨ ਨਰੇਗਾ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ, ਨਰੇਗਾ ਦਿਹਾੜੀ 431 ਰੁਪਏ ਕਰਵਾਉਣ, ਕੰਮ ਦਿਨਾਂ ਦੀ ਗਿਣਤੀ 200 ਕਰਵਾਉਣ, ਮੇਟਾਂ ਨੂੰ ਅਰਧ ਸਿਖਿਅਤ ਕਾਮੇ ਵਾਲੀ ਦਿਹਾੜੀ 480 ਰੁਪਏ ਲਾਗੂ ਕਰਵਾਉਣ, ਗੈਰ-ਕਾਨੂੰਨੀ ਤਰੀਕੇ ਨਾਲ ਹਟਾਏ ਮੇਟ ਬਹਾਲ ਕਰਵਾਉਣ ਆਦਿ ਮੰਗਾਂ ਲਈ 29 ਜੁਲਾਈ ਨੂੰ ਸਾਰੇ ਜ਼ਿਲ੍ਹਿਆਂ ਵਿੱਚ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦਿਤੇ ਜਾਣਗੇ। ਯੂਨੀਅਨ ਦੀ 2024 ਦੀ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਗਿਆ।

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਯੂ ਪੀ ਭਾਜਪਾ ਵਿੱਚ ਪਈ ਉੱਠ ਗੜਬੜ,
ਯੋਗੀ ਉਲਝਿਆ ਚੱਕਰ ਵਿੱਚ ਦੱਸਦੇ ਈ।
ਸ਼ਰਧਾ ਨਾਲ ਸਨ ਪੈਰੀਂ ਜੋ ਹੱਥ ਲਾਉਂਦੇ,
ਚੱਲਵਾ ਕੇ ਯੋਗੀ ਲਈ ਟੋਟਕੇ ਹੱਸਦੇ ਈ।
ਰਾਤੀਂ-ਦਿਨੇ ਜੋ ਨਾਲ ਕਈ ਰਹਿਣ ਵਾਲੇ,
ਉਲਝਣ ਵੇਖੀ ਤਾਂ ਦੂਰ ਜਿਹਾ ਨੱਸਦੇ ਈ।
ਮਿਲਿਆ ਮੌਕਾ ਈ ਰਾਜਸੀ ਦੁਸ਼ਮਣਾਂ ਨੂੰ,
'ਗੱਦੀ ਗਈ' ਦਾ ਤੋੜਾ ਕਈ ਕੱਸਦੇ ਈ।
ਦਿੱਲੀ ਵਾਲਾ ਨਹੀਂ ਕੋਈ ਸੰਕੇਤ ਮਿਲਦਾ,
ਲਾਹੁਣਾ ਯੋਗੀ ਕਿ ਲੈਣਾ ਫਿਰ ਰੱਖ ਬੇਲੀ।
ਓਧਰ ਚਾਂਭਲ ਕੇ ਬੋਲੇ ਅਖਿਲੇਸ਼ ਯਾਦਵ,
ਧੜਾ ਇੱਕ ਭਾਜਪਾ ਦਾ ਹੋਣਾ ਵੱਖ ਬੇਲੀ।

-ਤੀਸ ਮਾਰ ਖਾਂ

# ਮੋਦੀ ਸਰਕਾਰ ਦਾ ਚਾਲ, ਚਰਿੱਤਰ ਤੇ ਚਿਹਰਾ ਨਹੀਂ ਬਦਲਣਾ : ਅਰਸ਼ੀ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**



ਲੋਕ ਸਭਾ ਚੋਣਾਂ ਵਿੱਚ ਆਪਣੇ ਬਲਬੂਤੇ 'ਤੇ ਬਹੁਮਤ ਹਾਸਿਲ ਕਰਨ ਵਿੱਚ ਨਾਕਾਮ ਰਹੀ ਮੋਦੀ ਸਰਕਾਰ ਦਾ ਚਾਲ, ਚਰਿੱਤਰ ਅਤੇ ਚਿਹਰਾ ਉਹੀ ਰਹਿਣ ਵਾਲਾ ਹੈ, ਜਿਸ ਦਾ ਸਬੂਤ ਹੈ ਕਿ ਨਾ ਤਾਂ ਕਿਸੇ ਪ੍ਰਮੁੱਖ ਵਿਭਾਗ ਦਾ ਮੰਤਰੀ ਬਦਲਿਆ ਗਿਆ ਹੈ ਅਤੇ ਨਾ ਹੀ ਕਾਰਪੋਰੇਟ ਪੱਖੀ ਨੀਤੀਆਂ ਵਿੱਚ ਕੋਈ ਤਬਦੀਲੀ ਨਜ਼ਰ ਆਈ ਹੈ।

ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਸੀ ਪੀ ਆਈ ਫਰੀਦਕੋਟ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਪਹਿਲੀ ਜੁਲਾਈ ਤੋਂ ਲਾਗੂ ਕਰ ਦਿੱਤੇ ਗਏ ਤਿੰਨ ਨਵੇਂ ਫੌਜਦਾਰੀ ਕਾਨੂੰਨ ਵੀ ਇਸ ਗੱਲ ਦਾ ਸਬੂਤ ਹੈ ਕਿ ਮੋਦੀ ਸਰਕਾਰ ਨੂੰ ਜਮਹੂਰੀ ਕਦਰਾਂ-ਕੀਮਤਾਂ ਅਤੇ ਨਾਗਰਿਕਾਂ ਦੇ ਮਨੁੱਖੀ ਅਧਿਕਾਰਾਂ ਦੀ ਕੋਈ ਪ੍ਰਵਾਹ ਨਹੀਂ ਅਤੇ ਉਹ ਦੇਸ਼ ਨੂੰ ਪੁਲਸੀਆ ਰਾਜ ਬਣਾ ਕੇ ਆਪਣੀ ਤਾਨਾਸ਼ਾਹੀ ਪੱਕੇ ਤੌਰ 'ਤੇ ਸਥਾਪਤ ਕਰਨਾ ਚਾਹੁੰਦੀ ਹੈ। ਪਾਰਟੀ ਦੀ 15 ਤੋਂ 17 ਜੁਲਾਈ ਤੱਕ ਨਵੀਂ ਦਿੱਲੀ ਵਿਖੇ ਹੋਈ ਕੌਮੀ ਕੌਂਸਲ ਦੀ ਮੀਟਿੰਗ ਬਾਰੇ ਰੋਸ਼ਨੀ ਪਾਉਂਦੇ ਹੋਏ ਅਰਸ਼ੀ ਨੇ ਕਿਹਾ ਕਿ ਪਾਰਟੀ ਨੇ ਆਉਣ ਵਾਲੇ ਸਮੇਂ ਵਿੱਚ 'ਇੰਡੀਆ' ਗਠਜੋੜ ਵਿੱਚ ਰਹਿੰਦੇ ਹੋਏ ਭਾਜਪਾ ਦੀ ਨਫ਼ਰਤ ਫੈਲਾਉਣ ਵਾਲੀ ਸਿਆਸਤ ਦਾ ਵਿਚਾਰਧਾਰਕ ਟਾਕਰਾ ਕਰਨ ਦੇ ਨਾਲ-ਨਾਲ ਹਮਖਿਆਲ ਪਾਰਟੀਆਂ ਨਾਲ ਮਿਲ ਕੇ ਰੁਜ਼ਗਾਰ ਦੇ ਮੁੱਦੇ 'ਤੇ ਸੰਘਰਸ਼ ਤੇਜ਼ ਕਰਨ ਦਾ ਫੈਸਲਾ ਕੀਤਾ ਹੈ।

ਬੀਬੀ ਮਨਜੀਤ ਕੌਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸੀ ਪੀ ਐੱਮ ਆਗੂ ਇੰਦਰਜੀਤ ਮੁਕਤਸਰ ਅਤੇ ਸਾਬਕਾ ਇਸਤਰੀ ਆਗੂ ਬਿਮਲਾ ਚੌਧਰੀ ਨੂੰ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਲੋਕ ਸਭਾ ਚੋਣਾਂ ਦੀ ਲਿਖਤੀ ਰੀਵਿਊ ਰਿਪੋਰਟ ਪੇਸ਼ ਕਰਦੇ ਹੋਏ ਪਾਰਟੀ ਉਮੀਦਵਾਰ ਮਾਸਟਰ ਗੁਰਚਰਨ ਸਿੰਘ ਮਾਨ ਦੀ ਚੋਣ ਮੁਹਿੰਮ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਪਾਰਟੀ ਵਰਕਰਾਂ, ਵੋਟਰਾਂ ਅਤੇ ਮੀਡੀਆ ਕਰਮੀਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਸੀਮਤ ਸਾਧਨਾਂ ਦੇ ਬਾਵਜੂਦ ਅਤਿ ਦੀ ਗਰਮੀ ਵਿਚ ਪਾਰਟੀ ਦਾ ਸੁਨੇਹਾ ਆਮ ਲੋਕਾਂ ਵਿੱਚ ਪਹੁੰਚਾਇਆ।

ਗੁਰਨਾਮ ਸਿੰਘ, ਮਾਸਟਰ ਗੁਰਚਰਨ ਸਿੰਘ ਮਾਨ, ਜਗਤਾਰ ਸਿੰਘ ਭਾਣਾ, ਮੁਖਤਿਆਰ ਸਿੰਘ, ਸੁਖਦਰਸ਼ਨ ਰਾਮ ਸ਼ਰਮਾ, ਸੁਖਜਿੰਦਰ ਸਿੰਘ ਤੂੰਬੜਭੰਨ, ਚਰਨਜੀਤ ਸਿੰਘ ਚੰਬੇਲੀ, ਭਲਵਿੰਦਰ ਸਿੰਘ ਔਲਖ, ਗੁਰਦੀਪ ਸਿੰਘ, ਉੱਤਮ ਸਿੰਘ ਸਾਦਿਕ ਅਤੇ ਇਸਤਰੀ

● ਬਾਕੀ ਸਫ਼ਾ 2 'ਤੇ

19-JULY-PAGE-1.qxd 7/18/2024 10:47 PM Page 2



## ਡੀ ਏ ਵੀ ਪਬਲਿਕ ਸਕੂਲ ਵਿਖੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ




**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਵਿਖੇ ਕਾਰਗਿਲ ਦਿਵਸ ਮਨਾਉਣ ਮੌਕੇ ਬੱਚਿਆਂ ਦੀਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ 'ਤੇ ਐਨ.ਸੀ.ਸੀ ਦੇ ਸਹਿਯੋਗ ਨਾਲ ਕਰਨਲ ਰਣਬੀਰ ਸਿੰਘ, ਸੂਬੇਦਾਰ ਐਮ ਰਾਮਰ, ਹੌਲਦਾਰ ਸੰਜੇ ਕੁਮਾਰ, ਹੌਲਦਾਰ ਅਬਦੁੱਲ ਹਮੀਦ, ਪ੍ਰਿੰਸੀਪਲ ਮੈਡਮ ਸੰਧਿਆ ਬਠਲਾ, ਅਭੈ ਸ਼ਰਮਾ, ਏ.ਐਨ.ਓ ਮਨਪ੍ਰੀਤ ਕੌਰ ਦੀ ਅਗਵਾਈ ਵਿਚ ਕਾਰਗਿਲ ਦਿਵਸ ਨੂੰ ਮਨਾਉਂਦਿਆਂ ਸਕੂਲ ਵਿਚ ਐਨ.ਸੀ.ਸੀ ਕੈਡਿਟਾਂ ਨੇ ਪੋਸਟਰ ਮੇਕਿੰਗ ਮੁਕਾਬਲਿਆਂ ਵਿਚ ਹਿੱਸਾ ਲੈ ਕੇ ਵੱਖ-ਵੱਖ ਪੋਸਟਰ ਬਣਾਏ। ਪ੍ਰਿੰਸੀਪਲ ਮੈਡਮ ਸੰਧਿਆ ਬਠਲਾ ਨੇ ਦੱਸਿਆ ਕਿ ਇਸ ਮੌਕੇ ਸਕੂਲੀ ਸਟਾਫ਼ ਮੈਂਬਰਾਂ ਤੇ ਬੱਚਿਆਂ ਨੇ ਰਲ ਕੇ ਸਕੂਲ ਵਿਚ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਵੀ ਲਗਾਏ। ਪ੍ਰੋਗਰਾਮ ਦੀ ਸਮਾਪਤੀ ਤੋਂ ਬਾਅਦ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਬੇਵਜ੍ਹਾ ਤੰਗ ਪ੍ਰੇਸ਼ਾਨ ਕਰਨਾ ਬੰਦ ਕਰੋ : ਬਲਾਕ ਪ੍ਰਧਾਨ



**ਬੁਢਲਾਡਾ (ਅਸ਼ੋਕ ਲਾਕੜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬੋਹਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਦੀਪ ਸਵੀਟ ਹਾਊਸ ਬੋਹਾ ਵਿਖੇ ਬਲਾਕ ਪ੍ਰਧਾਨ ਸੁਖਪਾਲ ਸਿੰਘ ਹਾਕਮਵਾਲਾ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਬਲਾਕ ਬੋਹਾ ਦੇ ਚਾਰ ਦਰਜਨ ਦੇ ਕਰੀਬ ਜਥੇਬੰਦੀ ਮੈਂਬਰਾਂ ਨੇ ਹਿੱਸਾ ਲਿਆ।ਮੀਟਿੰਗ ਵਿੱਚ ਜਥੇਬੰਦੀ ਦੀਆਂ ਮੌਜੂਦਾ ਤੇ ਅਗਾਮੀ ਸਰਗਰਮੀਆਂ ਤਹਿਤ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਸੁਖਪਾਲ ਸਿੰਘ ਹਾਕਮਵਾਲਾ ਨੇ ਆਖਿਆ ਕਿ ਸਿਹਤ ਵਿਭਾਗ ਪੰਜਾਬ ਅਤੇ ਪੁਲਸ ਪ੍ਰਸ਼ਾਸਨ ਵਲੋਂ ਨਸ਼ਿਆਂ ਦੀ ਆੜ ਹੇਠ ਜਥੇਬੰਦੀ ਦੇ ਮੈਂਬਰਾਂ ਤੋਂ ਬੇਵਜ੍ਹਾ ਪੁੱਛ ਪੜਤਾਲ ਕਰਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਨੂੰ ਜਥੇਬੰਦੀ ਕਦੇ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਦੀ ਜਥੇਬੰਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।ਉਨ੍ਹਾਂ ਆਖਿਆ ਕਿ ਜਥੇਬੰਦੀ ਦਾ ਸੰਵਿਧਾਨ ਹੈ ਕਿ ਉਹ ਕਦੇ ਵੀ ਨਸ਼ਾ ਵੇਚਣ ਵਾਲੇ ਤੇ ਭਰੂਣ ਹੱਤਿਆ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਮੈਂਬਰ ਨਿਯੁਕਤ ਨਹੀਂ ਕਰਦੀ।ਸਮੂਹ ਮੈਡੀਕਲ ਪ੍ਰੈਕਟੀਸ਼ਨਰ ਸਾਫ ਸੁਥਰੀ ਪ੍ਰੈਕਟਿਸ ਕਰਕੇ ਆਮ ਲੋਕਾਂ ਨੂੰ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਪ੍ਰਸ਼ਾਸਨ ਇਸ ਦੀ ਸ਼ਲਾਘਾ ਕਰਨ ਦੀ ਬਜਾਏ ਜਥੇਬੰਦੀ ਦੇ ਮੈਂਬਰਾਂ ਨੂੰ ਬੇਵਜ੍ਹਾ ਪ੍ਰੇਸ਼ਾਨ ਕਰ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਆਗੂ ਅਸ਼ੋਕ ਗਾਮੀਵਾਲਾ ਨੇ ਜਥੇਬੰਦੀ ਮੈਂਬਰਾਂ ਨੂੰ ਕਲੀਨਿਕ ਸਾਫ ਸੁਥਰੇ ਰੱਖਣ ਤੇ ਜਥੇਬੰਦੀ ਦੇ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ, ਪਰ ਜੇਕਰ ਫੇਰ ਵੀ ਕੋਈ ਪ੍ਰਸ਼ਾਸਨਕ ਅਧਿਕਾਰੀ ਉਨ੍ਹਾਂ ਨੂੰ ਪ੍ਰੇਸ਼ਾਨ ਕਰਦਾ ਹੈ ਤਾਂ ਜਥੇਬੰਦੀ ਆਪਣੇ ਮੈਂਬਰਾਂ ਨਾਲ ਚੱਟਾਨ ਵਾਂਗ ਖੜੀ ਹੈ।ਇਸ ਮੌਕੇ ਸਕੱਤਰ ਹਰਬੰਸ ਸਿੰਘ ਭੀਮੜਾ, ਖਜ਼ਾਨਚੀ ਕੇਵਲ ਸਿੰਘ, ਸਤਨਾਮ ਗੁਰੂ, ਗੁਰਬਾਜ ਸਿੰਘ ਸ਼ੇਰ ਖਾਂ, ਗੁਰਤੇਜ ਸਿੰਘ ਰਿਉਂਦ, ਨਿਰਮਲ ਸਿੰਘ ਮੰਡੇਰ, ਰੇਸ਼ਮ ਕੰਬੋਜ, ਮਾਨ ਸਿੰਘ ਉੱਡਤ, ਭੂਸ਼ਨ ਝੁਨੀਰ, ਸ਼ਿੰਦਰਪਾਲ ਸਿੰਘ, ਬੇਲਾ ਸਿੰਘ, ਹਰਕੇਸ਼ ਰਿਓਦ, ਸੋਨੀ ਬੋਹਾ, ਹਰਦੀਪ ਸਿੰਘ ਗੰਢੂ, ਸੁਭਾਸ਼ ਝਲਬੂਟੀ, ਚਰਨਜੀਤ ਸਿੰਘ ਰਿਉਂਦ ਆਦਿ ਮੌਜੂਦ ਸਨ।

## ਵਿਧਾਇਕ ਨਰਿੰਦਰ ਕੌਰ ਭਰਾਜ ਨੇ ਲੋਕ ਸੁਵਿਧਾ ਕੈਂਪ ਦਾ ਲਿਆ ਜਾਇਜ਼ਾ

**ਸੰਗਰੂਰ (ਪ੍ਰਵੀਨ ਸਿੰਘ)**-ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਅੱਜ ਸਬ ਡਵੀਜ਼ਨ ਸੰਗਰੂਰ ਅਧੀਨ ਆਉਂਦੇ ਪਿੰਡ ਭਿੰਡਰਾਂ ਵਿੱਚ ਆਯੋਜਿਤ ਲੋਕ ਸੁਵਿਧਾ ਕੈਂਪ ਦਾ ਜਾਇਜ਼ਾ ਲਿਆ ਅਤੇ ਇਸ ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ।ਵਿਧਾਇਕ ਨਰਿੰਦਰ ਕੌਰ ਭਰਾਜ ਨੇ ਇਨ੍ਹਾਂ ਵਿੱਚੋਂ ਕਈ ਸ਼ਿਕਾਇਤਾਂ ਦਾ ਮੌਕੇ ਉੱਪਰ ਹੀ ਨਿਪਟਾਰਾ ਵੀ ਕਰਵਾਇਆ।ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕ ਭਲਾਈ ਦੀ ਵਚਨਬੱਧਤਾ ਤਹਿਤ ਅਜਿਹੇ ਲੋਕ ਸੁਵਿਧਾ ਕੈਂਪਾਂ ਦੇ ਆਯੋਜਨ ਦਾ ਸਿਲਸਿਲਾ ਪੜਾਅਵਾਰ ਆਰੰਭ ਕੀਤਾ ਹੈ ਜਿਸ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਟਾਫ ਲੋਕਾਂ ਦੇ ਘਰਾਂ ਦੀਆਂ ਬਰੂਹਾਂ ਉੱਪਰ ਪਹੁੰਚ ਕੇ ਉਨ੍ਹਾਂ ਦੇ ਮਸਲੇ ਹੱਲ ਕਰ ਰਹੇ ਹਨ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਤੁਹਾਡੇ ਦੁਆਰ ਮੁਹਿੰਮ ਤਹਿਤ ਆਯੋਜਿਤ ਕੀਤੇ ਜਾ ਰਹੇ ਇਹਨਾਂ ਕੈਂਪਾਂ ਵਿੱਚ ਮਾਲ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਸਹਿਕਾਰਤਾ ਵਿਭਾਗ, ਸਿੰਚਾਈ ਵਿਭਾਗ, ਜਲ ਸਪਲਾਈ ਤੇ ਸੀਵਰੇਜ ਬੋਰਡ ਅਤੇ ਹੋਰਨਾਂ ਅਹਿਮ ਵਿਭਾਗਾਂ ਦੇ ਨਾਲ-ਨਾਲ ਸੇਵਾ ਕੇਂਦਰਾਂ ਦੇ ਕਰਮਚਾਰੀ ਵੀ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਦੇ ਕੰਮ ਤਰਜੀਹੀ ਅਧਾਰ ਉਤੇ ਕਰਕੇ ਦੇ ਰਹੇ ਹਨ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਾਂਹਵਧੂ ਸੋਚ ਦਾ ਹੀ ਨਤੀਜਾ ਹੈ ਕਿ ਹੁਣ ਲੋਕਾਂ ਨੂੰ ਆਪਣੇ ਪ੍ਰਸ਼ਾਸਨਿਕ ਕੰਮ ਕਰਵਾਉਣ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਗੇੜੇ ਨਹੀਂ ਲਾਉਣੇ ਪੈਂਦੇ।

# ਮੋਦੀ ਹਕੂਮਤ ਕਾਰਪੋਰੇਟ ਘਰਾਣਿਆਂ ਦੀ ਬਣੀ ਕਠਪੁਤਲੀ : ਸੰਯੁਕਤ ਕਿਸਾਨ ਮੋਰਚਾ

**ਕਿਸਾਨਾਂ ਐੱਮ ਪੀ ਹਰਸਿਮਰਤ ਬਾਦਲ ਦੇ ਪ੍ਰਤੀਨਿਧ ਨੂੰ ਸੌਂਪਿਆ ਮੰਗ ਪੱਤਰ**



**ਮਾਨਸਾ (ਆਤਮਾ ਸਿੰਘ ਪਮਾਰ)**

ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਲੋਕ ਸਭਾ ਹਲਕਾ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਦੇ ਪ੍ਰਤੀਨਿਧ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਤੇ ਵਰਕਰਾਂ ਨੇ ਸਥਾਨਕ ਦਫਤਰ ਅਰਬਿੰਦ ਨਗਰ ਵਿਖੇ ਮੰਗ ਪੱਤਰ ਸੌਂਪਿਆ।ਜ਼ਿਕਰਯੋਗ ਹੈ ਕਿ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਦਾ ਫੈਸਲਾ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਦੇ ਪਿੰਡ ਬਾਦਲ ਜਾ ਕੇ ਮੰਗ ਪੱਤਰ ਸੌਂਪਣ ਦਾ ਸੀ, ਪ੍ਰੰਤੂ ਬੀਬਾ ਹਰਸਿਮਰਤ ਕੌਰ ਬਾਦਲ ਵਿਦੇਸ਼ ਗਏ ਹੋਣ ਕਾਰਨ ਫੈਸਲਾ ਬਦਲਣਾ ਪਿਆ।

ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂਆਂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਕੁਲਵੰਤ ਸਿੰਘ ਕਿਸ਼ਨਗੜ੍ਹ, ਬੋਘ ਸਿੰਘ ਮਾਨਸਾ, ਮਹਿੰਦਰ ਸਿੰਘ ਭੈਣੀਬਾਘਾ, ਪ੍ਰਸ਼ੋਤਮ ਗਿੱਲ, ਅਮਰੀਕ ਫਫੜੇ, ਭਜਨ ਸਿੰਘ ਘੁੰਮਣ, ਦਿਲਬਾਗ ਸਿੰਘ ਗੱਗੀ, ਮਲਕੀਤ ਸਿੰਘ ਜੌੜਕੀਆਂ ਨੇ ਕਿਹਾ ਕਿ ਇਤਿਹਾਸਕ ਕਿਸਾਨੀ ਅੰਦੋਲਨ ਦੇ ਪ੍ਰਭਾਵ ਨੇ ਫਿਰਕੂ ਫਾਸ਼ੀਵਾਦੀ ਸੰਘੀ ਲਾਣੇ ਦੀ ਲੋਕਤੰਤਰੀ ਪ੍ਰਣਾਲੀ ਨੂੰ ਖਤਮ ਕਰਨ ਦੇ ਸੁਪਨੇ ਨੂੰ ਚਕਨਾਚੂਰ ਕਰ ਕੇ ਰੱਖ ਦਿੱਤਾ ਤੇ ਪੇਂਡੂ ਭਾਰਤ ਜਿੱਥੇ ਕਿਸਾਨੀ ਅੰਦੋਲਨ ਦਾ ਵੱਧ ਪ੍ਰਭਾਵ ਹੈ, ਉਥੇ ਫਾਸ਼ੀਵਾਦੀ ਲਾਣੇ ਨੂੰ ਵੱਧ ਸੀਟਾਂ ਦਾ ਨੁਕਸਾਨ ਹੋਇਆ, ਜੋ ਫਿਰਕੂ ਲਾਣਾ ਤੇ ਗੋਦੀ ਮੀਡੀਆ 400 ਪਾਰ ਦਾ ਨਾਅਰਾ ਲਾ ਕੇ ਧੂਆਂਧਾਰ ਪ੍ਰਾਪੇਗੰਡਾ ਕਰ ਰਿਹਾ ਸੀ, ਉਸ ਨੂੰ ਲੋਕ ਸਭਾ ਦੇ ਨਤੀਜੇ ਹਜਮ ਨਹੀਂ ਹੋ ਰਹੇ। ਆਗੂਆਂ ਨੇ ਕਿਹਾ ਕਿ ਮੋਦੀ ਹਕੂਮਤ ਪੂਰੀ ਤਰ੍ਹਾਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਲਈ ਕੰਮ ਕਰ ਰਹੀ ਹੈ ਤੇ ਕਿਸਾਨਾਂ-ਮਜ਼ਦੂਰਾਂ ਤੇ ਛੋਟੇ ਕਾਰੋਬਾਰੀਆਂ ਨੂੰ ਆਰਥਿਕ ਤੌਰ 'ਤੇ ਕੰਗਾਲ ਕਰ ਕੇ ਆਪਣੇ ਦਰਬਾਰੀ ਪੂੰਜੀਪਤੀਆਂ ਨੂੰ ਮਾਲੋਮਾਲ ਕਰ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਮੋਦੀ ਹਕੂਮਤ ਨੂੰ ਸੱਤਾ ਤੋਂ ਬੇਦਖਲ ਕਰਨ ਤੱਕ ਸੰਘਰਸ਼ ਜਾਰੀ ਰਹੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਖਿਆਲਾ, ਮੱਖਣ ਸਿੰਘ ਭੈਣੀਬਾਘਾ, ਡਾ. ਹਰਦੇਵ ਸਿੰਘ ਬੁਰਜ ਰਾਠੀ, ਰਾਜੂ ਅਲੀਸ਼ੇਰ, ਜੁਗਰਾਜ ਸਿੰਘ ਹੀਰਕੇ, ਹਰਮੀਤ ਸਿੰਘ ਬੋੜਾਵਾਲ, ਮੇਜਰ ਸਿੰਘ ਦੂਲੋਵਾਲ, ਸੁਖਦੇਵ ਸਿੰਘ ਅਤਲਾ, ਦਰਸ਼ਨ ਸਿੰਘ ਜਟਾਣਾ, ਨਿਰਮਲ ਸਿੰਘ ਝੰਡੂਕੇ, ਲਾਭ ਸਿੰਘ, ਜੁਗਰਾਜ ਸਿੰਘ ਨਵਾਂਗਾਓਂ ਆਦਿ ਹਾਜ਼ਰ ਸਨ।

## ਰੋਟੇਰੀਅਨ ਹਾਕਮ ਸਿੰਘ ਨੇ ਦਿਵਿਆਂਗ ਵਿਦਿਆਰਥੀਆਂ ਨਾਲ ਮਨਾਇਆ ਜਨਮ ਦਿਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪਿੰਡ ਮੰਡਿਆਲਾ ਦੇ ਸਾਬਕਾ ਸਰਪੰਚ ਤੇ ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਰੋਟੇਰੀਅਨ ਹਾਕਮ ਸਿੰਘ ਰਾਣੂ ਨੇ ਆਪਣੇ ਜਨਮ ਦਿਨ ਦੀਆਂ ਖੁਸ਼ੀਆਂ ਸਕੂਲ ਫਾਰ ਬਲਾਇੰਡ ਮਾਲੇਰਕੋਟਲਾ ਦੇ ਵਿਦਿਆਰਥੀਆਂ ਨਾਲ ਸਾਂਝੀਆਂ ਕੀਤੀਆਂ। ਸ੍ਰੀ ਰਾਣੂ ਨੇ ਸਕੂਲ ਫਾਰ ਬਲਾਇੰਡ 'ਚ ਜਾ ਕੇ ਦਿਵਿਆਂਗ ਵਿਦਿਆਰਥੀਆਂ ਨੂੰ ਮਿਠਾਈਆਂ ਵੰਡੀਆਂ। ਉਨ੍ਹਾਂ ਜਨਮ ਦਿਨ ਦੀ ਵਧਾਈ ਕਬੂਲਦਿਆਂ ਕਿਹਾ ਕਿ ਦਿਵਿਆਂਗ ਵਿਦਿਆਰਥੀਆਂ ਨਾਲ ਆਪਣੀ ਜ਼ਿੰਦਗੀ ਦੀਆਂ ਖੁਸ਼ੀਆਂ ਸਾਂਝੀਆਂ ਕਰਕੇ ਉਨ੍ਹਾਂ ਨੂੰ ਰੂਹਾਨੀ ਖੁਸ਼ੀ ਮਹਿਸੂਸ ਹੁੰਦੀ ਹੈ। ਰੋਟੇਰੀਅਨ ਹਾਕਮ ਸਿੰਘ ਰਾਣੂ ਬੀਤੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਕੰਮਾਂ 'ਚ ਜੁੜੇ ਹੋਏ ਹਨ। ਇਸ ਮੌਕੇ ਸਕੂਲ ਫਾਰ ਬਲਾਇੰਡ ਦੇ ਕੋ-ਚੇਅਰਮੈਨ ਮੁਹੰਮਦ ਨਿਸਾਰ ਬਿੰਦ, ਰਾਸ਼ਿਦ ਸ਼ੇਖ, ਪੀ.ਡੀ.ਜੀ. ਅਮਜ਼ਦ ਅਲੀ, ਪੀ.ਡੀ.ਐੱਸ. ਮੁਹੰਮਦ ਰਫੀਕ, ਪ੍ਰਿੰਸੀਪਲ ਮੁਹੰਮਦ ਅਸਰਾਰ ਨਿਜ਼ਾਮੀ, ਬਲਵਿੰਦਰ ਸਿੰਘ ਭਾਟੀਆ, ਅਬਦੁਲ ਗੱਫਾਰ, ਜਗਤ ਸਿੰਘ ਠਾਕੁਰ, ਹਰੀਸ਼ ਪਾਸੀ ਤੇ ਮੁਹੰਮਦ ਜਮੀਲ ਹਾਜ਼ਰ ਸਨ।

# ਵਸੀਕਾ ਨਵੀਸ ਤੇ ਅਸ਼ਟਾਮ ਫ਼ਰੋਸ਼ 30,000 ਰੁਪਏ ਰਿਸ਼ਵਤ ਲੈਂਦੇ ਕਾਬੂ



**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਵੀਰਵਾਰ ਨੂੰ ਵਸੀਕਾ ਨਵੀਸ (ਡੀਡ ਰਾਈਟਰ) ਸੁਭਾਸ਼ ਚੰਦਰ ਅਤੇ ਉਸ ਦੇ ਭਰਾ ਰਮੇਸ਼ ਚੰਦਰ ਅਸ਼ਟਾਮ ਫ਼ਰੋਸ਼ ਵਾਸੀ ਪਿੰਡ ਤਲੂਰ, ਤਹਿਸੀਲ ਨਰੋਟ ਜੈਮਲ ਸਿੰਘ, ਜ਼ਿਲ੍ਹਾ ਪਠਾਨਕੋਟ ਨੂੰ ਨਾਇਬ ਤਹਿਸੀਲਦਾਰ ਨਰੋਟ ਜੈਮਲ ਸਿੰਘ ਦੀ ਤਰਫ਼ੋਂ 30,000 ਰੁਪਏ ਰਿਸ਼ਵਤ ਦੀ ਮੰਗ ਕਰਨ ਅਤੇ ਹਾਸਲ ਕਰਨ ਲਈ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਗ੍ਰਿਫਤਾਰੀ ਉਪਰੰਤ ਪਿੰਡ ਤਲੂਰ ਵਿਖੇ ਉਕਤ ਮੁਲਜ਼ਮਾਂ ਦੇ ਘਰ ਦੀ ਤਲਾਸ਼ੀ ਦੌਰਾਨ ਵਿਜੀਲੈਂਸ ਟੀਮ ਨੇ 8,90,000 ਰੁਪਏ ਦੀ ਨਗਦੀ ਬਰਾਮਦ ਕੀਤੀ ਹੈ ਜਿਸ ਬਾਬਤ ਦੋਵਾਂ ਵੱਲੋਂ ਕੋਈ ਤਸੱਲੀਬਖ਼ਸ਼ ਵੇਰਵੇ ਪੇਸ਼ ਨਹੀਂ ਕੀਤੀ ਜਾ ਸਕੇ। ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਵਿਅਕਤੀਆਂ ਨੂੰ ਪਠਾਨਕੋਟ ਜ਼ਿਲ੍ਹੇ ਦੇ ਪਿੰਡ ਕੋਹਲੀਆਂ ਵਾਸੀ ਸੁਖਵੀਰ ਪਾਲ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮਾਂ ਨੇ ਨਾਇਬ ਤਹਿਸੀਲਦਾਰ ਨਰੋਟ ਜੈਮਲ ਸਿੰਘ ਦੀ ਤਰਫੋਂ ਉਸ ਦੇ ਪਲਾਟ ਦੀ ਰਜਿਸਟਰੀ ਕਰਵਾਉਣ ਲਈ 30,000 ਰੁਪਏ ਦੀ ਮੰਗ ਕੀਤੀ ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਵੇਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਅਗਲੇਰੀ ਤਫ਼ਤੀਸ਼ ਜਾਰੀ ਹੈ।

# ਗੈਸਟ ਫੈਕਲਟੀ ਅਧਿਆਪਕ ਯੂਨੀਅਨ ਵੱਲੋਂ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨੇਬਰਹੁਡ ਕੈਂਪਸ ਤੇ ਕਾਂਸਟੀਚੂਐਂਟ ਕਾਲਜਾਂ ਵਿੱਚ ਕੰਮ ਕਰਦੇ ਗੈਸਟ ਪ੍ਰੋਫੈਸਰਾਂ ਵੱਲੋਂ ਸੈਸ਼ਨ 2024-25 ਦੀ ਪ੍ਰਵਾਨਗੀ ਦੀ ਮੰਗ ਨੂੰ ਲੈ ਕੇ ਬੈਰੀਕੇਡ ਤੋੜ ਕੇ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਗਿਆ। ਗੈਸਟ ਫੈਕਲਟੀ ਆਗੂਆਂ ਨੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦੇ ਵੱਖ ਵੱਖ ਨੇਬਰਹੁਡ ਕੈਂਪਸ ਵਿੱਚ ਲੰਬੇ ਸਮੇਂ ਤੋਂ ਕੰਮ ਕਰਦੀ ਗੈਸਟ ਫੈਕਲਟੀ ਲਈ ਸੈਸ਼ਨ 2024-25 ਤੋਂ ਯੂਨੀਵਰਸਿਟੀ ਨੇ ਮੁੜ ਤੋਂ ਇੰਟਰਵਿਊ ਲੈਣ ਦਾ ਪੱਤਰ ਜਾਰੀ ਕੀਤਾ ਹੈ ਅਤੇ ਕੰਸਟੀਚੂਐਂਟ ਕਾਲਜ ਦੀ ਪ੍ਰਵਾਨਗੀ ਨਹੀਂ ਆਉਣ ਕਰਨ ਗੈਸਟ ਫੈਕਲਟੀ ਅਧਿਆਪਕਾਂ ਵਿੱਚ ਚਿੰਤਾ ਪੈਦਾ ਹੋ ਗਈ ਹੈ, ਜਦੋਂਕਿ ਯੂਨੀਵਰਸਿਟੀ ਵੱਲੋਂ ਇਨ੍ਹਾਂ ਗੈਸਟ ਫੈਕਲਟੀ ਅਧਿਆਪਕਾਂ ਨੂੰ ਸੰਨ 2018 ਤੋਂ ਇੰਟਰਵਿਊ ਤੋਂ ਬਿਨਾਂ ਹੀ ਹਰ ਅਕਾਦਮਿਕ ਸੈਸ਼ਨ ਵਿੱਚ ਪੜ੍ਹਾਉਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਸੀ ਆਗੂਆਂ ਨੇ ਕਿਹਾ ਕਿ ਸਿੰਡੀਕੇਟ ਵੱਲੋਂ ਪਹਿਲਾਂ ਹੀ ਇਨ੍ਹਾਂ ਪ੍ਰੋਫੈਸਰਾਂ ਨੂੰ 12 ਮਹੀਨੇ ਦੀ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ। ਆਗੂਆਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਪੰਜਾਬੀ ਯੂਨੀਵਰਸਿਟੀ ਪ੍ਰਸ਼ਾਸਨ ਨੇ ਸਾਡੀਆਂ ਉਪਰੋਕਤ ਮੰਗਾਂ ਨਾ ਮੰਨੀਆਂ ਤਾਂ ਗੈਸਟ ਫੈਕਲਟੀ ਅਧਿਆਪਕ ਯੂਨੀਅਨ ਵੱਲੋਂ ਪੰਜਾਬ ਸਰਕਾਰ ਤੇ ਯੂਨੀਵਰਸਿਟੀ ਪ੍ਰਸ਼ਾਸਨ ਖਿਲਾਫ਼ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਇਸ ਸਭ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ। ਇਹ ਸਰਕਾਰ ਲੋਕਾਂ ਨਾਲ ਸਿਹਤ ਤੇ ਸਿੱਖਿਆ ਦਾ ਵਾਧਾ ਕਰਕੇ ਸੱਤਾ ਵਿੱਚ ਆਈ ਸੀ, ਪਰ ਹੁਣ ਇਸੇ ਸਰਕਾਰ ਦੇ ਸਮੇਂ ਇਨ੍ਹਾਂ ਪ੍ਰੋਫੈਸਰਾਂ ਦੀ ਨੌਕਰੀ ਖਤਰੇ ਵਿੱਚ ਹੈ ਅਤੇ ਨੌਜਵਾਨ ਪ੍ਰੋਫੈਸਰ ਨੂੰ ਬੇਰੁਜ਼ਗਾਰੀ ਵਲ ਧੱਕਣ ਜਾ ਰਹੀ ਹੈ।ਇਸ ਧਰਨੇ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਯੂਥ ਵਿੰਗ ਦੇ ਕਨਵੀਨਰ ਭੁਪਿੰਦਰ ਸਿੰਘ ਲੌਂਗੋਵਾਲ ਤੇ ਭਾਰਤੀ ਅੰਬੇਡਕਰ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਇਨ੍ਹਾਂ ਅਧਿਆਪਕਾਂ ਦੀ ਸਰਕਾਰ ਨੇ ਮੰਗ ਨਾ ਮੰਨੀ ਤਾਂ ਸਾਡੀਆਂ ਯੂਨੀਅਨਾਂ ਗੈਸਟ ਫੈਕਲਟੀ ਦੇ ਅਧਿਆਪਕਾਂ ਦੇ ਸੰਘਰਸ਼ ਵਿੱਚ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਗਈਆਂ।ਖਬਰ ਲਿਖੇ ਤੱਕ ਧਰਨਾ ਜਾਰੀ ਸੀ।ਧਰਨੇ ਵਿੱਚ ਡਾ. ਨਵਜੀਤ ਸਿੰਘ, ਡਾ. ਸ਼ਾਹਬਾਜ ਸਿੰਘ, ਗੁਰਸੇਵਕ ਸਿੰਘ, ਕੁਲਦੀਪ ਸਿੰਘ, ਨਵਜੋਤ ਸਿੰਘ, ਅਮਨਦੀਪ ਕੌਰ ਤੇ ਜਸਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਆਦਿ ਹਾਜ਼ਰ ਸਨ।

## ਡਾ. ਪੱਲਵੀ ਤੇ ਡਾ.ਜਮੀਲ ਉਰ ਰਹਿਮਾਨ ਨੇ ਹਰਿਆਵਲ ਲਹਿਰ ਦਾ ਕੀਤਾ ਉਦਘਾਟਨ



**ਮਾਲੇਰਕੋਟਲਾ (ਅਸਗਰ ਪਰਿਹਾਰ)** ਪਿੰਡ ਦਸੌਂਧਾ ਸਿੰਘ ਵਾਲਾ ਵਿਖੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ.ਪੱਲਵੀ ਅਤੇ ਹਲਕਾ ਵਿਧਾਇਕ ਡਾ.ਜਮੀਲ ਉਰ ਰਹਿਮਾਨ ਵੱਲੋਂ ਹਰਿਆਵਲ ਲਹਿਰ ਦੀ ਸ਼ੁਰੂਆਤ ਇੱਕ ਪੌਦਾ ਲਗਾ ਕੇ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਟਰੱਕ ਯੂਨੀਅਨ ਦੇ ਪ੍ਰਧਾਨ ਸੰਤੋਖ ਸਿੰਘ ਦਸੌਂਧਾ ਸਿੰਘ ਵਾਲਾ ਨੇ ਦੱਸਿਆ ਕਿ ਪਿੰਡ ਵਿੱਚ ਵਾਤਾਵਰਣ ਨੂੰ ਬਚਾਉਣ ਦੇ ਲਈ ਚਾਰ ਹਜ਼ਾਰ ਪੌਦੇ ਲਗਾਏ ਜਾਣੇ ਹਨ ਇਸ ਮੁਹਿੰਮ ਦੀ ਅੱਜ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਡਾ.ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਸੋਚ ਹੈ ਕਿ ਪੰਜਾਬ ਨੂੰ ਹਰਾ ਭਰਿਆ ਤੇ ਖੁਸ਼ਹਾਲ ਬਣਾਇਆ ਜਾਵੇ ਇਸ ਲਈ ਸੂਬਾ ਸਰਕਾਰ ਵੱਲੋਂ ਇਸ ਵਾਰ ਵੱਧ ਤੋਂ ਵੱਧ ਪੌਦੇ ਲਗਾਏ ਜਾਣੇ ਹਨ ਤਾਂ ਜੋ ਪੰਜਾਬ ਦੇ ਵਾਤਾਵਰਣ ਨੂੰ ਬਚਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਕਿਹਾ ਕੇ ਪੌਦੇ ਲਗਾਉਣਾ ਹੀ ਕਾਫੀ ਨਹੀਂ ਹੈ ਬਲਕਿ ਉਨ੍ਹਾਂ ਨੂੰ ਪਾਲਣਾ ਵੀ ਬਹੁਤ ਜਰੂਰੀ ਹੈ ਤੇ ਪੌਦੇ ਲਗਾਉਣ ਤੇ ਪਾਲਣ ਦੀ ਸੇਵਾ ਲਈ ਸਾਰੇ ਅੱਗੇ ਆਉਣ ਤੇ ਆਪਣੇ ਘਰਾਂ, ਮੋਟਰਾਂ ਤੇ ਜਿੱਥੇ ਵੀ ਥਾਂ ਮਿਲਦੀ ਹੈ ਪੌਦੇ ਲਗਾ ਕੇ ਉਨ੍ਹਾਂ ਨੂੰ ਪਾਲਣ ਦੀ ਸੇਵਾ ਕੀਤੀ ਜਾਵੇ ਤਾਂ ਜੋ ਸੂਬੇ ਨੂੰ ਹਰਾ ਭਰਿਆ ਤੇ ਸ਼ੁੱਧ ਬਣਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਜਿੱਥੇ ਜ਼ਿਲ੍ਹੇ ਦੇ ਆਲਾ ਅਧਿਕਾਰੀ ਹਾਜ਼ਰ ਸਨ ਉੱਥੇ ਹੀ ਆਪ ਆਗੂ ਪ੍ਰਧਾਨ ਸੰਤੋਖ ਸਿੰਘ ਦਸੌਂਧਾ ਸਿੰਘ ਵਾਲਾ, ਆਪ ਆਗੂ ਜਗਤਾਰ ਸਿੰਘ ਜੱਸਲ, ਸੁੱਖਾ ਗਿੱਲ ਮਿੱਠੇਵਾਲ, ਚਰਨਜੀਤ ਸਿੰਘ ਚੀਮਾ, ਬੇਅੰਤ ਸਿੰਘ, ਸੋਨੀ ਗਿੱਲ ਸਮੇਤ ਕਈ ਆਗੂ ਵੀ ਹਾਜ਼ਰ ਸਨ।

# ਖੇਤੀਬਾੜੀ ਵਿਭਾਗ ਨੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ




**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਇੱਥੇ ਨਿਹਾਲ ਸਿੰਘ ਵਾਲਾ ਬਲਾਕ ਅਧੀਨ ਪੈਂਦੀ ਗਊਸ਼ਾਲਾ ਬੱਧਨੀ ਕਲਾਂ ਵਿਖੇ ਸਾਉਣੀ ਦੀ ਫ਼ਸਲ ਦੀ ਬਿਜਾਈ ਸਬੰਧੀ ਨਵੀਂ ਤਕਨੀਕੀ ਜਾਣਕਾਰੀ ਦੇਣ ਲਈ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਹ ਕੈਂਪ ਖੇਤੀਬਾੜੀ ਤਕਨਾਲੋਜੀ ਪ੍ਰਬੰਧਨ ਏਜੰਸੀ (ਆਤਮਾ) ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ, ਭਾਰਤ ਸਰਕਾਰ ਦੇ ਕੇਂਦਰੀ ਸੰਚਾਰ ਬਿਊਰੋ (ਸੀ ਬੀਸ ਸੀ), ਜਲੰਧਰ ਦੇ ਸਹਿਯੋਗ ਨਾਲ ਲਗਾਇਆ ਗਿਆ।ਕੈਂਪ ਵਿੱਚ ਨੇੜਲੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ ਅਤੇ ਬਿਜਾਈ ਅਤੇ ਵਾਢੀ ਦੀਆਂ ਨਵੀਆਂ ਤਕਨੀਕਾਂ ਨਾਲ ਆਪਣੇ ਆਪ ਨੂੰ ਲੈਸ ਕਰਨ ਤੋਂ ਇਲਾਵਾ ਕੇਂਦਰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਹਾਸਲ ਕੀਤੀ। ਨਿਹਾਲ ਸਿੰਘ ਬਲਾਕ, ਜਿਸ ਤਹਿਤ ਇਹ ਕੈਂਪ ਲਗਾਇਆ ਗਿਆ, ਮੋਗਾ ਜ਼ਿਲ੍ਹੇ ਵਿੱਚ ਕੇਂਦਰ ਸਰਕਾਰ ਵੱਲੋਂ ਅਭਿਲਾਸ਼ੀ ਬਲਾਕ ਵਜੋਂ ਚੁਣਿਆ ਗਿਆ ਬਲਾਕ ਹੈ।ਕੈਂਪ ਦੇ ਮੁੱਖ ਮਹਿਮਾਨ ਖੇਤੀਬਾੜੀ ਵਿਭਾਗ ਪੰਜਾਬ ਦੇ ਸੰਯੁਕਤ ਡਾਇਰੈਕਟਰ (ਪੌਦ ਸੁਰੱਖਿਆ) ਨਰਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਨੂੰ ਵਧੀਆ ਕੀਟਨਾਸ਼ਕ ਅਤੇ ਖਾਦਾਂ ਮੁਹੱਈਆ ਕਰਵਾਉਣ ਲਈ ਗੰਭੀਰ ਹੈ। ਉਨ੍ਹਾਂ ਨਕਲੀ ਉਤਪਾਦ ਬਣਾਉਣ ਵਾਲਿਆਂ ਨੂੰ ਚਿਤਾਵਨੀ ਦਿੱਤੀ ਕਿ ਉਹ ਅਜਿਹਾ ਕਰਨ ਤੋਂ ਗੁਰੇਜ਼ ਕਰਨ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਮੁੱਖ ਖੇਤੀਬਾੜੀ ਅਫ਼ਸਰ ਮੋਗਾ ਜਸਵਿੰਦਰ ਸਿੰਘ ਬਰਾੜ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤੀ ਸੰਦ, ਬੀਜ ਆਦਿ 'ਤੇ ਸਬਸਿਡੀਆਂ ਦਿੱਤੀਆਂ ਜਾ ਰਹੀਆਂ ਹਨ। ਸੀ ਬੀ ਸੀ ਦੇ ਖੇਤਰੀ ਪ੍ਰਚਾਰ ਅਧਿਕਾਰੀ ਰਾਜੇਸ਼ ਬਾਲੀ ਨੇ ਕਿਸਾਨਾਂ ਨੂੰ ਖੇਤੀ ਖੇਤਰ ਦੇ ਨਾਲ-ਨਾਲ ਆਮ ਲੋਕਾਂ ਲਈ ਕੇਂਦਰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਇਕੱਠ ਨੂੰ ਦੱਸਿਆ ਕਿ ਪੂਰੇ ਭਾਰਤ ਵਿੱਚ ਅਭਿਲਾਸ਼ੀ ਬਲਾਕਾਂ ਵਜੋਂ ਚੁਣੇ ਗਏ 500 ਬਲਾਕਾਂ ਵਿੱਚੋਂ ਪੰਜਾਬ ਵਿੱਚ ਅੰਮ੍ਰਿਤਸਰ, ਫ਼ਿਰੋਜ਼ਪੁਰ, ਗੁਰਦਾਸਪੁਰ, ਜਲੰਧਰ, ਸੰਗਰੂਰ, ਕਪੂਰਥਲਾ ਅਤੇ ਮੋਗਾ ਸਮੇਤ ਸੱਤ ਜ਼ਿਲ੍ਹਿਆਂ ਵਿੱਚ ਅਜਿਹੇ 10 ਬਲਾਕ ਹਨ।ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਉਤਪਾਦ ਵੇਚਣ ਲਈ ਵੱਖ-ਵੱਖ ਏਜੰਸੀਆਂ ਵੱਲੋਂ ਇਸ ਮੌਕੇ 'ਤੇ ਖੇਤੀ ਸੰਦਾਂ, ਬੀਜਾਂ, ਖਾਦਾਂ, ਜੈਵਿਕ ਖੇਤੀ ਉਤਪਾਦਾਂ ਦੇ ਵੱਖ-ਵੱਖ ਸਟਾਲ ਵੀ ਲਗਾਏ ਗਏ। ਜੀ ਐੱਮ ਇੰਡਸਟਰੀਜ਼ ਸੁਖਮਿੰਦਰ ਸਿੰਘ ਨੇਕੀ ਨੇ ਕਿਸਾਨਾਂ ਨੂੰ ਖੇਤੀ ਤੋਂ ਇਲਾਵਾ ਹੋਰ ਧੰਦੇ ਵੀ ਅਪਣਾਉਣ ਦਾ ਸੱਦਾ ਦਿੱਤਾ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਮਾਹਰਾਂ ਅਤੇ ਹੋਰਨਾਂ ਨੇ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਅਤੇ ਫੂਡ ਪ੍ਰੋਸੈਸਿੰਗ ਤਰੀਕਿਆਂ ਬਾਰੇ ਜਾਣੂ ਕਰਵਾਇਆ।ਇਸ ਉਪਰੰਤ ਮੁੱਖ ਮਹਿਮਾਨ ਬੈਨੀਪਾਲ, ਵਿਸ਼ੇਸ਼ ਮਹਿਮਾਨ ਬਰਾੜ ਅਤੇ ਵਧੀਆ ਸੇਵਾਵਾਂ ਦੇਣ ਵਾਲੇ ਜ਼ਿਲ੍ਹਾ ਖੇਤੀਬਾੜੀ ਵਿਭਾਗ ਦੇ ਚਾਰ ਕਰਮਚਾਰੀਆਂ ਨੂੰ ਕੇਂਦਰੀ ਸੰਚਾਰ ਬਿਊਰੋ ਵਲੋਂ ਸਨਮਾਨਤ ਕੀਤਾ ਗਿਆ। ਹਾਜ਼ਰੀਨ ਨੂੰ ਰਵਾਇਤੀ ਰੁੱਖਾਂ ਦੇ ਸੈਂਕੜੇ ਬੂਟੇ ਵੀ ਵੰਡੇ ਗਏ।

# ਡਾਇਰੈਕਟਰ ਸਹਿਗਲ ਦੀ ਅਗਵਾਈ 'ਚ ਸਾਇੰਸ ਕਾਲਜ ਨਵੀਆਂ ਉਚਾਈਆਂ ਛੂਹੇਗਾ : ਸਤੀਸ਼ ਸ਼ਰਮਾ

**ਜਗਰਾਓਂ (ਅਮਿਤ ਖੰਨਾ)**-ਸਰਕਾਰੀ ਸਾਇੰਸ ਤੇ ਖੋਜ ਕਾਲਜ ਜਗਰਾਉਂ ਦੇ ਨਵੇਂ ਡਾਇਰੈਕਟਰ ਰਾਜੀਵ ਸਹਿਗਲ ਨੇ ਬੀਤੇ ਦਿਨੀਂ ਅਪਣਾ ਅਹੁਦਾ ਸੰਭਾਲਿਆ। ਇਸ ਮੌਕੇ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਦੇਣ ਲਈ ਲੁਧਿਆਣਾ ਤੋਂ ਵਿਸ਼ੇਸ਼ ਰੂਪ ਵਿੱਚ ਸਾਬਕਾ ਸੈਨਟ ਮੈਂਬਰ ਤੇ ਡੀ ਏ ਵੀ ਕਾਲਜਜ਼ ਦੇ ਸਾਬਕਾ ਡਾਇਰੈਕਟਰ ਡਾਕਟਰ ਸਤੀਸ਼ ਸ਼ਰਮਾ ਸਾਇੰਸ ਕਾਲਜ ਪਹੁੰਚੇ ਅਤੇ ਡਾਇਰੈਕਟਰ ਰਾਜੀਵ ਸਹਿਗਲ ਨੂੰ ਬੁੱਕੇ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜਗਰਾਉਂ ਵੈੱਲਫ਼ੇਅਰ ਸੁਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਸਿੱਧੂ, ਆੜ੍ਹਤੀ ਐਸੋਸੀਏਸ਼ਨ ਦੇ ਸੂਬਾ ਸਕੱਤਰ ਰਾਜ ਕੁਮਾਰ ਭੱਲਾ, ਗੁਰੂ ਨਾਨਕ ਸਹਾਰਾ ਸੁਸਾਇਟੀ ਜਗਰਾਓਂ ਦੇ ਪ੍ਰਧਾਨ ਕੈਪਟਨ ਨਰੇਸ਼ ਵਰਮਾ ਤੇ ਪ੍ਰੋਫੈਸਰ ਨਿਧੀ ਮਹਾਜਨ ਨੇ ਵੀ ਰਾਜੀਵ ਸਹਿਗਲ ਨੂੰ ਜੀ ਆਇਆਂ ਆਖਿਆ। ਇਸ ਮੌਕੇ ਡਾਕਟਰ ਸਤੀਸ਼ ਸ਼ਰਮਾ ਨੇ ਪ੍ਰੋਫੈਸਰ ਰਾਜੀਵ ਸਹਿਗਲ ਦੀ ਤਾਰੀਫ ਕਰਦੇ ਹੋਏ ਕਿਹਾ ਕਿ ਇਨ੍ਹਾਂ ਦੇ ਤਜਰਬੇ ਨਾਲ ਸਾਇੰਸ ਕਾਲਜ ਬਹੁਤ ਤਰੱਕੀ ਕਰੇਗਾ। ਇਸ ਮੌਕੇ ਸਭ ਸਮਾਜਸੇਵੀਆਂ ਨੇ ਆਪਣੀਆਂ ਸੰਸਥਾਵਾਂ ਵੱਲੋਂ ਕਾਲਜ ਨੂੰ ਸੰਪੂਰਨ ਸਹਿਯੋਗ ਦੇਣ ਦੀ ਗੱਲ ਆਖੀ। ਪ੍ਰਿੰਸੀਪਲ ਰਾਜੀਵ ਸਹਿਗਲ ਨੇ ਸਭ ਦਾ ਧੰਨਵਾਦ ਕੀਤਾ।

## ਰਿਹਾਇਸ਼ੀ ਸਪੋਰਟਸ ਵਿੰਗ (ਲੜਕੇ) ਹਾਕੀ ਰਾਮਪੁਰ ਲਈ ਸੂਬੇ 'ਚੋਂ 18 ਖਿਡਾਰੀ ਚੁਣੇ



**ਦੋਰਾਹਾ (ਹਰਮਿੰਦਰ ਸੇਠ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਰਾਮਪੁਰ 'ਚ ਬਣੇ ਰਿਹਾਇਸ਼ੀ ਸਪੋਰਟਸ ਵਿੰਗ 'ਚ ਅੰਡਰ-14 (ਲੜਕੇ) ਹਾਕੀ ਵਰਗ ਲਈ ਚੋਣ ਟਰਾਇਲ ਸਕੂਲ ਦੇ ਗਰਾਊਂਡ ਵਿੱਚ ਕੀਤੇ ਗਏ, ਜਿਸ ਵਿੱਚ ਜ਼ਿਲ੍ਹਾ ਖੇਡ ਅਫਸਰ ਰੁਪਿੰਦਰ ਸਿੰਘ ਬਰਾੜ, ਸਲੈਕਸ਼ਨ ਕਮੇਟੀ ਮਨਜਿੰਦਰ ਸਿੰਘ ਰੋਪੜ, ਰਾਜੇਸ਼ ਕੁਮਾਰ ਪਟਿਆਲਾ, ਵਰਿੰਦਰ ਸਿੰਘ ਰੋਪੜ, ਕੋਚ ਬਲਜਿੰਦਰ ਸਿੰਘ ਖਰੜ, ਕੋਚ ਜੱਗਦੇਉ ਸਿੰਘ ਖਰੜ, ਕੋਚ ਭੁਪਿੰਦਰ ਸਿੰਘ ਖਰੜ, ਬਲਵਿੰਦਰ ਸਿੰਘ ਕੋਚ ਖਰੜ, ਪਰਤਾਪ ਸਿੰਘ ਖਰੜ, ਨਿਖਿਲ ਮਾਡਲ ਹਾਊਸ, ਜਸਵਿੰਦਰ ਸਿੰਘ ਬੱਸੀ ਪਠਾਣਾ, ਜਸਪ੍ਰੀਤ ਸਿੰਘ ਕਨੇਚ ਡੀ ਪੀ, ਕੋਚ ਤੇਜਿੰਦਰ ਸਿੰਘ ਐੱਨ ਐੱਸ ਆਈ ਪਟਿਆਲਾ ਦੀ ਸਰਪ੍ਰਸਤੀ ਹੇਠ ਕਰਵਾਏ ਗਏ।ਇਸ ਤੋਂ ਇਲਾਵਾ ਹਾਕੀ ਟ੍ਰੇਨਿੰਗ ਸੈਂਟਰ ਰਾਮਪੁਰ ਦੇ ਪ੍ਰਧਾਨ ਰਣਜੋਧ ਸਿੰਘ ਮਾਂਗਟ ਚੇਅਰਮੈਨ ਸੂਬੇਦਾਰ ਕੁਲਦੀਪ ਸਿੰਘ, ਮਨਮੋਹਨ ਸਿੰਘ ਮੋਹਣੀ (ਅਮਰੀਕਾ ਨਿਵਾਸੀ) ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਨ੍ਹਾਂ ਟਰਾਇਲਾਂ ਵਿੱਚ ਪੰਜਾਬ ਦੇ ਅਲੱਗ-ਅਲੱਗ ਜ਼ਿਲ੍ਹਿਆਂ ਤੋਂ ਤਕਰੀਬਨ 60 ਦੇ ਕਰੀਬ ਬੱਚਿਆਂ ਨੇ ਭਾਗ ਲਿਆ, ਜਿਨ੍ਹਾਂ ਦੀ ਚੋਣ ਉਨ੍ਹਾਂ ਦੀ ਖੇਡ ਯੋਗਤਾ ਦੇ ਆਧਾਰ 'ਤੇ ਕੀਤੀ ਗਈ ਹੈ।ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਖੇਡ ਅਫਸਰ ਰੁਪਿੰਦਰ ਸਿੰਘ ਬਰਾੜ ਤੇ ਸਪੋਰਟਸ ਕੋਆਰਡੀਨੇਟਰ ਕੁਲਵੀਰ ਸਿੰਘ ਮਾਨ ਨੇ ਦੱਸਿਆ ਕਿ ਚੁਣੇ ਖਿਡਾਰੀ ਏਥੇ ਹੀ ਰਹਿਣਗੇ, ਜਿਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਫ਼ਰੀ ਸਿੱਖਿਆ, ਵਰਦੀਆਂ, ਪ੍ਰਤੀ ਖਿਡਾਰੀ 200 ਰੁਪਏ ਦੀ ਸਪੈਸ਼ਲ ਡਾਇਟ ਦਿੱਤੀ ਜਾਵੇਗੀ, ਇਸ ਤੋਂ ਇਲਾਵਾ ਫਰੀ ਮੈਡੀਕਲ ਸਹੂਲਤਾਂ, ਕਿਤਾਬਾਂ, ਕਾਪੀਆਂ ਤੇ ਉੱਚ ਕੋਟੀ ਦੇ ਕੋਚਾਂ ਦੁਆਰਾ ਕੋਚਿੰਗ ਦਿੱਤੀ ਜਾਵੇਗੀ।

## ਕ੍ਰਿਸ਼ਨਾ ਕਾਲਜ ਰੱਲੀ ਦਾ ਐੱਮ ਏ ਹਿਸਟਰੀ ਦਾ ਨਤੀਜਾ ਸ਼ਾਨਦਾਰ



**ਬਰੇਟਾ (ਪੱਤਰ ਪ੍ਰੇਰਕ)**-ਮਾਲਵੇ ਇਲਾਕੇ ਦੀ ਸਿਰਮੌਰ ਸੰਸਥਾ ਕ੍ਰਿਸ਼ਨਾ ਕਾਲਜ ਰੱਲੀ (ਬੁਢਲਾਡਾ) ਦੇ ਐੱਮ. ਏ. ਇਤਿਹਾਸ ਭਾਗ-ਪਹਿਲਾ (ਸਮੈਸਟਰ-ਪਹਿਲਾ) ਦਾ ਨਤੀਜਾ ਸੌ ਫ਼ੀਸਦੀ ਰਿਹਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਮੱਲ੍ਹੀ ਨੇ ਦੱਸਿਆ ਕਿ ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਐੱਮ. ਏ. ਇਤਿਹਾਸ ਭਾਗ ਪਹਿਲਾ ਦੇ ਨਤੀਜਿਆਂ ਵਿੱਚ ਕ੍ਰਿਸ਼ਨਾ ਕਾਲਜ ਰੱਲੀ ਦੀਆਂ ਵਿਦਿਆਰਥਣਾਂ, ਜਿਨ੍ਹਾਂ ਵਿੱਚ ਕ੍ਰਮਵਾਰ ਦੀਪਮਨਪ੍ਰੀਤ ਕੌਰ ਤੇ ਕਰਮਜੀਤ ਕੌਰ ਨੇ 8.50 ਸੀ ਜੀ ਪੀ ਏ ਨਾਲ ਪਹਿਲਾ, ਵਿਦਿਆਰਥੀ ਗੁਰਤਾਜ ਸਿੰਘ ਤੇ ਸਤਨਾਮ ਸਿੰਘ ਨੇ 8.25 ਸੀ ਜੀ ਪੀ ਏ ਨਾਲ ਦੂਜਾ ਤੇ ਕੁਲਦੀਪ ਸਿੰਘ ਨੇ 8.25 ਸੀ ਜੀ ਪੀ ਏ ਨਾਲ ਤੀਜਾ ਸਥਾਨ ਹਾਸਲ ਕਰਕੇ ਸੰਸਥਾ, ਇਤਿਹਾਸ ਵਿਭਾਗ ਤੇ ਇਲਾਕੇ ਦਾ ਨਾਮ ਯੂਨੀਵਰਸਿਟੀ ਪੱਧਰ 'ਤੇ ਉੱਚਾ ਕੀਤਾ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ ਤੇ ਚੇਅਰਮੈਨ ਸੁਖਵਿੰਦਰ ਸਿੰਘ ਚਹਿਲ ਨੇ ਵਿਦਿਆਰਥੀਆਂ ਦੀ ਇਸ ਉਪਲੱਬਧੀ ਲਈ ਪ੍ਰੋਫ਼ੈਸਰ ਸਾਹਿਬਾਨ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਬਾਕੀ ਵਿਭਾਗਾਂ ਦੀ ਤਰ੍ਹਾਂ ਇਤਿਹਾਸ ਵਿਭਾਗ ਦੇ ਵਿਦਿਆਰਥੀਆਂ ਨੇ ਵੀ ਚੰਗੇ ਅੰਕਾਂ ਨਾਲ ਕਾਲਜ ਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ।ਉਨ੍ਹਾਂ ਨੇ ਵਿਭਾਗ ਤੇ ਵਿਦਿਆਰਥੀਆਂ ਦੀ ਮਿਹਨਤ ਤੇ ਪ੍ਰਾਪਤੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਪ੍ਰਦਾਨ ਕੀਤੇ।

# ਨੀਲ ਕੰਠ ਹਸਪਤਾਲ ਵੱਲੋਂ ਅੱਖਾਂ ਦਾ ਮੁਫਤ ਚੈੱਕਅਪ ਕੈਂਪ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਗੁਰਦੁਆਰਾ ਸਿੰਘ ਸਭਾ ਪਾਤਸ਼ਾਹੀ ਨੌਵੀਂ ਪਿੰਡ ਛਾਹੜ ਵਿਖੇ ਨੀਲਕੰਠ ਮਲਟੀਸਪੈਸ਼ਲੀਟੀ ਹਸਪਤਾਲ ਸੁਨਾਮ ਤੇ ਅਮਰ ਐਡਵਾਂਸ ਆਈ ਕੇਅਰ ਸੈਂਟਰ ਦਿੜ੍ਹਬਾ ਦੇ ਸਹਿਯੋਗ ਨਾਲ ਅੱਖਾਂ ਤੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਡਾ. ਅਨੀਸ਼ ਗਰਗ ਐੱਮ ਡੀ ਮੈਡੀਸਨ ਨੇ 150 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ। ਇਸ ਕੈਂਪ ਵਿੱਚ ਦਵਾਈਆਂ ਮੁਫ਼ਤ ਤੇ ਸ਼ੂਗਰ ਦੇ ਮਰੀਜ਼ਾਂ ਦੇ ਟੈਸਟ ਮੁਫ਼ਤ ਕੀਤੇ ਗਏ। ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਜਗਦੇਵ ਸਿੰਘ ਗਾਗਾ ਆਗੂ ਯੂਥ ਕਾਂਗਰਸ ਪਹੁੰਚੇ। ਇਸ ਮੌਕੇ ਡਾ. ਪੁਸ਼ਪਿੰਦਰ ਸਿੰਘ ਜੋਸ਼ੀ, ਸਾਂਬਰ ਮਸੀਹ, ਅਵਤਾਰ ਸਿੰਘ ਚੈਅਰਮੈਨ ਹਸਪਤਾਲ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵੰਤ ਸਿੰਘ, ਗੁਰਸੇਵਕ ਸਿੰਘ ਬਿਗੜਵਾਲ ਉੱਘੇ ਸਮਾਜ ਸੇਵੀ, ਨਿੱਕਾ ਸਟੂਡਿਓ ਛਾਹੜ, ਨਾਨਕ ਸਿੰਘ ਪੰਚ, ਗੁਰਜੀਤ ਸਿੰਘ, ਬਲਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਮੋਦੀ ਸਰਕਾਰ ਦਾ...

ਆਗੂ ਸ਼ਸ਼ੀ ਸ਼ਰਮਾ ਨੇ ਰਿਪੋਰਟ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।ਕੁਝ ਵਾਧਿਆਂ ਨਾਲ ਰਿਪੋਰਟ ਨੂੰ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ।7 ਜੂਨ ਨੂੰ ਔਲਖ ਵਿੱਚ ਕਾਮਰੇਡ ਅਮੋਲਕ ਅਤੇ ਉਸ ਦੇ 6 ਸਾਥੀ ਸ਼ਹੀਦਾਂ ਦੇ ਬਰਸੀ ਸਮਾਗਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮਨਾਉਣ ਲਈ ਪਿੰਡ ਵਾਸੀਆਂ ਅਤੇ ਪਿੰਡ ਦੀ ਪਾਰਟੀ ਬ੍ਰਾਂਚ ਦਾ ਧੰਨਵਾਦ ਕੀਤਾ ਗਿਆ।ਇੱਕ ਮਤਾ ਪਾਸ ਕਰਕੇ ਫ਼ਲਸਤੀਨੀ ਬੱਚਿਆਂ, ਔਰਤਾਂ ਅਤੇ ਆਮ ਨਾਗਰਿਕਾਂ ਦੇ ਇਜ਼ਰਾਇਲੀ ਫੌਜ ਵੱਲੋਂ ਕੀਤੇ ਜਾ ਰਹੇ ਕਤਲੇਆਮ ਦੀ ਸਖ਼ਤ ਨਿਖੇਧੀ ਕਰਦੇ ਹੋਏ ਮੋਦੀ ਸਰਕਾਰ ਤੋਂ ਤੁਰੰਤ ਜੰਗਬੰਦੀ ਕਰਵਾਉਣ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਰਨ ਦੀ ਮੰਗ ਕੀਤੀ ਗਈ।

### ਨਰੇਗਾ ਕਾਮਿਆਂ ਨੂੰ 100...

ਮੀਟਿੰਗ ਵਿੱਚ ਯੂਨੀਅਨ ਦੇ ਜ਼ਿਲ੍ਹਾ ਸਲਾਹਕਾਰ ਕੁਲਦੀਪ ਸਿੰਘ ਭੋਲਾ, ਖੁਸ਼ੀਆ ਸਿੰਘ, ਗੋਰਾ ਪਿਪਲੀ, ਬੋਹੜ ਸਿੰਘ, ਬਿੰਦਰ ਸਿੰਘ, ਹੰਸ ਰਾਜ ਗੋਲਡਨ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਗੋਪਾਲਪੁਰ, ਰਣਜੀਤ ਸਿੰਘ, ਜਰਨੈਲ ਸਿੰਘ, ਲੀਲੇ ਖਾਂ, ਨਰਿੰਦਰ ਅਲਗੋਂ ਕੋਠੀ, ਸ਼ੇਰ ਸਿੰਘ ਦੌਲਤਪੁਰਾ ਤੇ ਰਾਜਿੰਦਰ ਸਿੰਘ ਹਾਜ਼ਰ ਸਨ।

LOVELY PROFESSIONAL UNIVERSITY
Jalandhar-Delhi G.T. Road, Phagwara, Punjab, India - 144411
CORRIGENDUM

Certain updations/modifications, clarifications and rectifications with respect to provisions contained in the Prospectus 2024 and other publications related to the admission and allied matters of the regular mode programmes University have been made, which may or may not be covered in any information material or publication issued by the University; and therefore are listed below for the information of all the concerned:

1. There are certain updations in important dates, fees and amount of scholarships for Type-I and Type-II programmes. For updated details, refer the University website (under the head Admissions i.e. https://www/lpu.in/admission/).
2. B.Tech. (CSE - Internet of Things), B.Tech. (CSE - Computer Science and Business Systems) and Ph.D (Animation and Visual Design) programmes are also offered in session 2024-2025. For eligibility and other details, refer the University website (under the head Admissions i.e. https://www.lpu.in/admission/).
3. Diploma in Fashion Design, B.Sc. (Hons.) Botany, B.Sc. (Botany), BBA (Hospitality and Services Management), B.Sc. (Bakery and Pastry Management), Bachelor of Tourism and Travel Management (BTTM), B.Design (Fashion Management and Communication Design), B.Tech. Electronics Engineering (VLSI Design and Technology), Master of Tourism and Travel Management (MTTM), M.Arch. (Executive), M.Sc. (Geospatial Science), BBA (Corporate Finance), B.Com. (Corporate Finance), Bachelor of Social Work (BSW), MBA (Management Technology), M.Design (Computational Design and Fabrication) and M.Tech. (Electronics and Communication Engineering) are not being offered in session 2024-2025.
4. Eligibility of B.Arch., B.Sc. (Hons.) Zoology, B.Sc. (Hons.) Physics, B.Sc. (Hons.) Chemistry, B.Sc. (Hons.) Mathematics and Ph.D. (Commerce) has been updated and for details, refer to the University website (under the head Admissions i.e. https://www.lpu.in/admission/).

For more details, contact at University Campus or log on to University Website (under the head Admissions i.e. https://www.lpu.in/admission/).

Registrar

ATAM VALVES LIMITED
(CIN:L27109PB1985PLC006476)
Registered Office:1051, Outside Industrial Area, Jalandhar City -144004, Punjab, India.
Tel.No : 91-181-5001111,5019616/617, Email:cs@atamfebi.com, Website: https://www.atamvalves.in/

ਡਾਕ ਮੱਤਦਾਨ ਦਾ ਨੋਟਿਸ

ਕੰਪਨੀਜ਼ (ਪ੍ਰਬੰਧਨ ਅਤੇ ਪ੍ਰਸ਼ਾਸਨ) ਰੂਲਜ਼, 2014 (''ਦਾ ਰੂਲਜ਼'') ਦੇ ਰੂਲ 20 ਅਤੇ 22 ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ, 2013 (''ਐਕਟ'') ਦੇ ਸੈਕਸ਼ਨ 108 ਅਤੇ ਸੈਕਸ਼ਨ 110, ਕਿਸੇ ਵਿਧਾਨਕ ਸੋਧ ਜਾਂ ਲਾਗੂ ਰਹਿਣ ਦੇ ਸਮੇਂ ਲਈ ਮੁੜ ਅਧਿਨਿਯਮ ਸ਼ਾਮਲ ਦੀ ਪਾਲਣਾ 'ਚ ਮੈਂਬਰਾਂ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਕਾਰਪੋਰੇਟ ਮਾਮਲੇ ਮੰਤਰਾਲਾ (''ਐੱਮ ਸੀ ਏ'') ਦੇ ਜਨਰਲ ਸਰਕੂਲਰਜ਼ ਨੰ: 14/2020 ਮਿਤੀ 08 ਅਪ੍ਰੈਲ 2020, 17/2020 ਮਿਤੀ 13 ਅਪ੍ਰੈਲ 2020, ਜਨਰਲ ਸਰਕੂਲਰ 22/2020 ਮਿਤੀ 15 ਜੂਨ 2020, ਜਨਰਲ ਸਰਕੂਲਰ 33/2020 ਮਿਤੀ 28 ਸਤੰਬਰ 2020, ਜਨਰਲ ਸਰਕੂਲਰ 39/2020 ਮਿਤੀ 31 ਦਸੰਬਰ 2020, ਜਨਰਲ ਸਰਕੂਲਰ ਨੰ. 10/2021 ਮਿਤੀ 23 ਜੂਨ 2021 ਅਤੇ ਜਨਰਲ ਸਰਕੂਲਰ ਨੰ. 20/2021 ਮਿਤੀ 08 ਦਸੰਬਰ 2021, ਜਨਰਲ ਸਰਕੂਲਰ ਨੰ. 03/2022 ਮਿਤੀ 05 ਮਈ 2022, ਜਨਰਲ ਸਰਕੂਲਰ ਨੰ. 11/2022 ਮਿਤੀ 28 ਦਸੰਬਰ 2022 ਅਤੇ ਜਨਰਲ ਸਰਕੂਲਰ ਨੰ. 09/2023 ਮਿਤੀ 25 ਸਤੰਬਰ 2023, ਦਾ ਇੰਸਟੀਚਿਊਟ ਆਫ ਕੰਪਨੀ ਸੈਕਰੇਟਰੀਜ਼ ਆਫ ਇੰਡੀਆ (''ਐੱਸ ਐੱਸ-2'') ਵੱਲੋਂ ਜਾਰੀ ਜਨਰਲ ਮੀਟਿੰਗਾਂ 'ਤੇ ਸੈਕਰੇਟੇਰੀਅਲ ਸਟੈਂਡਰਜ਼ ਅਤੇ ਹੋਰ ਲਾਗੂ ਕਾਨੂੰਨ, ਰੂਲਜ਼ ਅਤੇ ਰੈਗੂਲੇਸ਼ਨਜ਼ ਦੀ ਪਾਲਣਾ 'ਚ ਆਤਮ ਵਾਲਵਜ਼ ਲਿਮਟਿਡ (''ਦਾ ਕੰਪਨੀ'') ਨੇ ਮਿਤੀ 18 ਜੁਲਾਈ 2024 ਦੇ ਨੋਟਿਸ 'ਚ ਦਰਸਾਏ ਰੈਜ਼ੋਲੂਸ਼ਨ ਦੀ ਕੰਪਨੀ ਦੇ ਮੈਂਬਰਾਂ ਤੋਂ ਕੇਵਲ ਈ-ਮੇਲ ਰਾਹੀਂ ਮਨਜ਼ੂਰੀ ਵਾਸਤੇ ਵੀਰਵਾਰ 18 ਜੁਲਾਈ 2024 ਨੂੰ ਡਾਕ ਮੱਤ ਪੱਤਰ ਨੋਟਿਸ (''ਦਾ ਨੋਟਿਸ'') ਭੇਜਣ ਦਾ ਕੰਮ ਮੁਕੰਮਲ ਕਰ ਲਿਆ ਹੈ। ਨੋਟਿਸ 'ਚ ਦਰਸਾਏ ਰੈਜ਼ੋਲੂਸ਼ਨਜ਼ 'ਤੇ ਇਲੈਕਟ੍ਰਾਨਿਕ ਵੋਟਿੰਗ ਸਿਸਟਮ (''ਰਿਮੋਟ ਈ-ਵੋਟਿੰਗ'') ਰਾਹੀਂ ਆਪਣਾ ਵੋਟ ਪਾਉਣ ਲਈ ਕੰਪਨੀ ਸ਼ੇਅਰ ਹੋਲਡਰਾਂ ਨੂੰ ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ ਲਿਮਟਿਡ (ਸੀ ਡੀ ਐੱਸ ਐੱਲ) ਦੀ ਸਹੂਲਤ ਮੁਹੱਈਆ ਕਰਵਾਉਣ ਦੀ ਖੁਸ਼ੀ ਹਾਸਲ ਕਰ ਰਹੀ ਹੈ।

ਕੰਪਨੀਜ਼ (ਪ੍ਰਬੰਧਨ ਅਤੇ ਪ੍ਰਸ਼ਾਸਨ) ਰੂਲਜ਼ 2014 (ਸੋਧ ਅਨੁਸਾਰ) ਦੇ ਰੂਲ 22 ਦੀ ਪਾਲਣਾ 'ਚ ਕੰਪਨੀ ਮੈਂਬਰਾਂ ਨੂੰ ਅੱਗੇ ਸੂਚਨਾ ਦਿੱਤੀ ਹੈ ਕਿ :

(ਏ) ਈ-ਮੇਲ ਰਾਹੀਂ ਨੋਟਿਸ ਭੇਜਣ ਦਾ ਕੰਮ ਮੁਕੰਮਲ ਕਰਨ ਦੀ ਮਿਤੀ ਵੀਰਵਾਰ 18 ਜੁਲਾਈ 2024 ਸੀ।
(ਬੀ) ਮੈਂਬਰਾਂ ਦੇ ਵੋਟਿੰਗ ਅਧਿਕਾਰ ਕੱਟ-ਆਫ ਡੇਟ, ਜੋ ਕਿ ਸ਼ੁੱਕਰਵਾਰ, 12 ਜੁਲਾਈ 2024 ਹੈ 'ਤੇ ਕੰਪਨੀ ਦੇ ਪੇਡ ਅੱਪ ਇਕੁਇਟੀ ਸ਼ੇਅਰ ਕੈਪੀਟਲ 'ਚ ਉਨ੍ਹਾਂ ਦੇ ਇਕੁਇਟੀ ਸ਼ੇਅਰ ਦੇ ਅਨੁਪਾਤ ਅਨੁਸਾਰ ਹੋਣਗੇ।
(ਸੀ) ਰਿਮੋਟ ਈ-ਵੋਟਿੰਗ ਰਾਹੀਂ ਵੋਟ ਦੀ ਯੋਗਤਾ ਨਿਰਧਾਰਤ ਕਰਨ ਲਈ ਕੱਟ-ਆਫ ਡੇਟ ਸ਼ੁੱਕਰਵਾਰ, 12 ਜੁਲਾਈ 2024 ਹੈ। ਇੱਕ ਵਿਅਕਤੀ, ਜਿਸ ਦਾ ਕੱਟ ਆਫ ਡੇਟ 'ਤੇ ਨਾਂਅ ਡਿਪਾਜ਼ਟਰੀਜ਼ 'ਚ ਦਰਜ ਹੋਵੇਗਾ, ਸਿਰਫ ਉਹੀ ਰੀਮੋਟ-ਈ-ਵੋਟਿੰਗ ਦੀ ਸਹੂਲਤ ਦੇ ਯੋਗ ਹੋਵੇਗਾ।
(ਡੀ) ਰੀਮੋਟ-ਈ ਵੋਟਿੰਗ ਦਾ ਸਮਾਂ ਸ਼ਨੀਵਾਰ, 20 ਜੁਲਾਈ 2024 ਸਵੇਰੇ 09.00 ਵਜੇ ਸ਼ੁਰੂ ਹੋਵੇਗਾ ਅਤੇ ਐਤਵਾਰ 18 ਅਗਸਤ 2024 ਨੂੰ ਸ਼ਾਮ ਦੇ 05.00 ਵਜੇ ਸਮਾਪਤ ਹੋਵੇਗਾ।
(ਈ) ਇਲੈਕਟ੍ਰਾਨਿਕ ਢੰਗ ਨਾਲ ਵੋਟਿੰਗ ਦੀ ਐਤਵਾਰ, 18 ਅਗਸਤ 2024 ਨੂੰ ਸ਼ਾਮ ਦੇ 05.00 ਵਜੇ ਤੋਂ ਬਾਅਦ ਆਗਿਆ ਨਹੀਂ ਹੋਵੇਗੀ।
(ਐੱਫ) ਗੈਰ-ਰਜਿਸਟਰਡ ਮੈਂਬਰਾਂ ਲਈ ਐੱਮ ਸੀ ਏ ਸਰਕੂਲਰਜ਼ ਦੀਆਂ ਸ਼ਰਤਾਂ ਦੇ ਸੰਬੰਧ 'ਚ ''ਰੀਮੋਟ ਈ-ਵੋਟਿੰਗ'' ਦੀ ਪ੍ਰਕਿਰਿਆ ਅਤੇ ਡਾਕ ਮੱਤ ਪੱਤਰ ਸਮੇਤ ਵਿਸਥਾਰਤ ਬਿਆਨ, ਰਿਮੋਟ ਈ-ਵੋਟਿੰਗ ਹਦਾਇਤਾਂ ਅਤੇ ਈਮੇਲ ਰਜਿਸਟ੍ਰੇਸ਼ਨ ਦਾ ਅਮਲ ਕੰਪਨੀ ਦੀ ਵੈੱਬਸਾਈਟ https://www.atamvalves.in/ ਅਤੇ ਸੀ ਡੀ ਐੱਸ ਐੱਲ ਦੀ ਵੈੱਬਸਾਈਟ https://www.evotingindia.com/ 'ਤੇ ਉਪਲੱਬਧ ਹੈ।
(ਜੀ) ਐੱਮ ਸੀ ਏ ਸਰਕੂਲਰਜ਼ ਦੇ ਮੱਦੇਨਜ਼ਰ ਉਹ ਮੈਂਬਰ, ਜਿਨ੍ਹਾਂ ਦੇ ਈਮੇਲ ਪਤੇ ਰਜਿਸਟਰਡ ਨਹੀਂ ਹਨ, ਆਪਣੇ ਈਮੇਲ ਪਤੇ ਕੰਪਨੀ ਦੇ ਸ਼ੇਅਰ ਟਰਾਂਸਫਰ ਏਜੰਟ investor@bigshareonline.com ਨੂੰ ਈਮੇਲ ਭੇਜ ਕੇ ਪਤਾ ਰਜਿਸਟਰਡ ਕਰਵਾ ਸਕਦੇ ਹਨ, ਮੈਂਬਰ cs@atamfebi.com 'ਤੇ ਈਮੇਲ ਲਿਖ ਕੇ ਕੰਪਨੀ ਨੂੰ ਵੀ ਇਸ ਸੰਬੰਧੀ ਜਾਣਕਾਰੀ ਵੀ ਦੇਣਗੇ।
(ਐੱਚ) ਇਲੈਕਟ੍ਰਾਨਿਕ ਹੋਲਡਿੰਗਸ ਮੈਂਬਰਾਂ ਨੂੰ ਉਨ੍ਹਾਂ ਦੇ ਸੰਬੰਧਤ ਡਿਪਾਜ਼ਟਰੀ ਪਾਰਟੀਸੀਪੈਂਟਸ ਅਤੇ ਫਿਜੀਕਲ ਹੋਲਡਿੰਗਸ ਮੈਂਬਰਾਂ ਨੂੰ ਕੰਪਨੀ ਦੇ ਸ਼ੇਅਰ ਟਰਾਂਸਫਰ ਏਜੰਟ investor@bigshareonline.com ਨਾਲ ਰਜਿਸਟਰ/ਅਪਡੇਟ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।
(ਆਈ) ਐੱਮ ਸੀ ਏ ਸਰਕੂਲਰਜ਼ ਦੀਆਂ ਸ਼ਰਤਾਂ ਅਨੁਸਾਰ ਵੋਟਿੰਗ ਸਿਰਫ ਰੀਮੋਟ ਈ-ਵੋਟਿੰਗ ਰਾਹੀਂ ਹੀ ਕੀਤੀ ਜਾ ਸਕਦੀ ਹੈ। ਕੰਪਨੀ ਕੇਵਲ ਇਲੈਕਟ੍ਰਾਨਿਕ ਸੂਰਤ 'ਚ ਹੀ ਡਾਕ ਮੱਤ ਪੱਤਰ ਭੇਜੇਗੀ।
(ਜੇ) ਮੈਂਬਰਾਂ ਨੂੰ ਆਪਣੀ ਸਹਿਮਤੀ/ਅਸਹਿਮਤੀ ਸਿਰਫ ਰੀਮੋਟ ਈ-ਵੋਟਿੰਗ ਰਾਹੀਂ ਭੇਜਣ ਦੀ ਬੇਨਤੀ ਕੀਤੀ ਜਾਂਦੀ ਹੈ।
(ਕੇ) ਡਾਕ ਮੱਤ ਪੱਤਰ ਦਾ ਨਤੀਜਾ ਚੇਅਰਮੈਨ ਜਾਂ ਕਿਸੇ ਹੋਰ ਅਧਿਕਾਰਤ ਵਿਅਕਤੀ ਵੱਲੋਂ ਡਾਕ ਮੱਤ ਪੱਤਰਾਂ ਅਤੇ ਈ-ਵੋਟਿੰਗ ਦੀ ਸਕਰਿਊਟਨੀ ਮੁਕੰਮਲ ਹੋਣ ਤੋਂ ਬਾਅਦ ਮੰਗਲਵਾਰ, 20 ਅਗਸਤ 2024 ਤੋਂ ਪਹਿਲਾਂ ਐਲਾਨ ਕਰ ਦਿੱਤਾ ਜਾਵੇਗਾ ਅਤੇ ਸਟਾਕ ਐਕਸਚੇਂਜ, ਬੀ ਐੱਸ ਈ ਲਿਮਟਿਡ ਅਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਟਿਡ, ਆਰ ਟੀ ਏ ਕੰਪਨੀ ਦੇ ਡਿਪਾਜ਼ਟਰੀ 'ਤੇ ਵੀ ਸੰਚਾਰ ਕੀਤਾ ਜਾਵੇਗਾ ਅਤੇ ਨਾਲ ਹੀ ਕੰਪਨੀ ਦੀ ਵੈੱਬਸਾਈਟ https://www.atamvalves.in/ 'ਤੇ ਵੀ ਡਿਸਪਲੇ ਕੀਤਾ ਜਾਵੇਗਾ।
(ਆਈ) ਈ-ਵੋਟਿੰਗ ਸੰਬੰਧੀ ਕਿਸੇ ਤਰ੍ਹਾਂ ਦੀ ਪੁੱਛਗਿੱਛ ਜਾਂ ਮੁਸ਼ਕਲਾਂ ਲਈ ਤੁਸੀਂ helpdesk.evoting@cdslindia.com 'ਤੇ ਈ ਮੇਲ ਲਿਖ ਸਕਦੇ ਹੋ ਜਾਂ ਟੋਲ ਫ੍ਰੀ ਨੰ. 1800225533 'ਤੇ ਸੰਪਰਕ ਕਰ ਸਕਦੇ ਹੋ। ਵਿਕਲਪ ਤੌਰ 'ਤੇ ਤੁਸੀਂ 'ਤੇ ਈਮੇਲ cs@atamfebi.com ਲਿਖ ਕੇ ਵੀ ਸੰਪਰਕ ਕਰ ਸਕਦੇ ਹੋ।

ਬਾ-ਹੁਕਮ ਬੋਰਡ ਆਫ ਡਾਇਰੈਕਟਰਜ਼
ਵਾਸਤੇ ਆਤਮ ਵਾਲਵਜ਼ ਲਿਮਟਿਡ
ਨਤੀਸ਼ਾ ਚੌਧਰੀ
ਕੰਪਨੀ ਸੈਕ੍ਰੇਟਰੀ ਐਂਡ ਕੰਪਲਾਂਇਸ ਅਫਸਰ,
ਮੈਂਬਰਸ਼ਿਪ ਨੰ. 39201

ਸਥਾਨ : ਜਲੰਧਰ
ਮਿਤੀ : 18.07.2024

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

19-JULY-PAGE-3.qxd 7/18/2024 11:04 PM Page 1



# ਬੇਇਨਸਾਫ਼ੀ 'ਤੇ ਗੁਰਜੀਤ ਔਜਲਾ ਦਾ ਫੂਕਿਆ ਪੁਤਲਾ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਗੁਰੂ ਕਾ ਬਾਗ ਦੇ ਪਿੰਡ ਵਛੋਆ ਵਿੱਚ ਸਿਆਸੀ ਆਗੂਆਂ ਅਤੇ ਗੁਰੂ ਨਾਨਕ ਹਸਪਤਾਲ ਦੇ ਡਾਕਟਰਾਂ ਦੀ ਮਿਲੀਭੁਗਤ ਨਾਲ ਪਹਿਲਾਂ ਤਾਂ ਰਿਜ਼ਲਟ ਲੇਟ ਕੀਤਾ ਗਿਆ ਫਿਰ ਰਿਜਲਟ ਵਿੱਚ ਹੇਰ ਫੇਰ ਕੀਤਾ ਗਿਆ ਹੈ। ਇਹ ਝਗੜਾ ਬੀਤੀ 23 ਜੂਨ ਦੀ ਰਾਤ ਨੂੰ ਉਸ ਵੇਲੇ ਹੋਇਆ ਜਦੋਂ ਅੰਗਰੇਜ਼ ਸਿੰਘ ਸੈਸਰਾਂ ਆਪਣੇ ਪਿਤਾ ਦੀ ਅਚਾਨਕ ਸਿਹਤ ਖਰਾਬ ਹੋਣ ਕਾਰਨ ਦਵਾਈ ਲੈਣ ਲਈ ਘਰੋਂ ਨਿਕਲਿਆ ਅਤੇ ਘਰ ਤੋਂ ਕੁਝ ਦੂਰੀ 'ਤੇ ਸਰਵਣ ਸਿੰਘ ਪੁੱਤਰ ਤਰਲੋਕ ਸਿੰਘ ਅਤੇ ਉਸ ਦਾ ਬੇਟਾ ਸੋਨੂੰ ਸੜਕ ਪੁੱਟ ਰਹੇ ਸਨ ਜੋ ਗੈਰ ਕਨੂੰਨੀ ਵੀ ਹੈ। ਜਦੋਂ ਅੰਗਰੇਜ਼ ਸਿੰਘ ਸੈਸਰਾਂ ਨੇ ਰਸਤਾ ਮੰਗਿਆ ਪਰ ਉਨ੍ਹਾ ਜੇ ਸੀ ਬੀ ਨਾਲ ਕੰਮ ਜਾਰੀ ਰੱਖਿਆ, ਫਿਰ ਅੰਗਰੇਜ਼ ਸਿੰਘ ਸੈਸਰਾਂ ਨੇ ਆਪਣੇ ਪਿਤਾ ਦੀ ਸਿਹਤ ਬਾਰੇ ਦੱਸਕੇ ਰਸਤੇ ਦੀ ਮੰਗ ਕੀਤੀ ਪਰ ਉਲਟਾ ਇਹ ਅੰਗਰੇਜ਼ ਸਿੰਘ ਸੈਸਰਾਂ ਦੇ ਗਲ ਪਏ ਅਤੇ ਸੁਮਨਦੀਪ ਸਿੰਘ ਉਰਫ਼ ਸੋਨੂੰ ਨੇ ਦਾਤਰ ਨਾਲ ਸਿਰ ਤੇ ਵਾਰ ਕੀਤਾ ਫਿਰ ਦੋਨਾਂ ਵਲੋਂ ਗੁੱਝੀਆਂ ਸੱਟਾਂ ਮਾਰੀਆਂ ਗਈਆਂ ਜਿਸ ਕਾਰਨ ਅੰਗਰੇਜ਼ ਸਿੰਘ ਸੈਸਰਾਂ ਗਭੀਰ ਜ਼ਖਮੀ ਹੋ ਗਿਆ। ਮੌਕੇ 'ਤੇ ਪੁਲਸ ਪ੍ਰਸ਼ਾਸਨ ਵੀ ਪਹੁੰਚ ਗਿਆ ਤੇ ਅੰਗਰੇਜ਼ ਸਿੰਘ ਸੈਸਰਾਂ ਨੂੰ ਸੜਕ ਤੋਂ ਰਸਤਾ ਬਣਾ ਕੇ ਹਸਪਤਾਲ ਭੇਜਿਆ ਅਤੇ ਮੌਕੇ ਦਾ ਜਾਇਜ਼ਾ ਲਿਆ। ਪਰ ਸਰਵਣ ਸਿੰਘ ਦੇ ਪਰਵਾਰ ਵੱਲੋਂ ਸਿਆਸੀ ਦਬਾਅ ਪਾ ਕੇ ਅੰਗਰੇਜ਼ ਸਿੰਘ ਸੈਸਰਾਂ ਦੇ ਖਿਲਾਫ ਜਾਅਲੀ ਦਸਤਾਵੇਜ ਤਿਆਰ ਕਰਵਾ ਕੇ ਪੁਲਸ ਪ੍ਰਸ਼ਾਸਨ ਨੂੰ ਪੇਸ਼ ਕੀਤਾ ਗਿਆ। ਇਸ ਕਰਕੇ ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਗੁਰੂ ਕਾ ਬਾਗ ਦੇ ਪਿੰਡ ਵਛੋਆ ਵਿੱਚ ਸਿਆਸੀ ਦਖ਼ਲ ਅਤੇ ਗੁਰੂ ਨਾਨਕ ਹਸਪਤਾਲ ਦੀ ਮਿਲੀਭੁਗਤ ਦੇ ਰੋਸ ਵਜੋਂ ਗੰਦੇ ਸਿਸਟਮ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਗੁਰਦਾਸ ਸਿੰਘ ਵਛੋਆ, ਸਰਤਾਜ ਸਿੰਘ ਬੋਹੜਵਾਲਾ, ਮਿਲਖਾ ਸਿੰਘ ਖਤਰਾਏ, ਮਨਜਿੰਦਰ ਸਿੰਘ ਵਛੋਆ, ਕਸ਼ਮੀਰ ਸਿੰਘ, ਗੁਰਦੇਵ ਸਿੰਘ ਗੱਗੋਮਾਹਲ , ਸੁਖਜਿੰਦਰ ਸਿੰਘ ਹਰੜ ਆਦਿ ਆਗੂ ਹਾਜ਼ਰ ਸਨ।

# ਵਾਤਾਵਰਣ ਬਚਾਓ ਮੁਹਿੰਮ ਨੂੰ ਲੱਗਾ ਗ੍ਰਹਿਣ, 20 ਸਾਲ ਪੁਰਾਣੇ ਰੁੱਖਾਂ ਦੀ ਦੇ ਦਿੱਤੀ ਬਲੀ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਰੁੱਖ ਲਗਾਓ ਵਾਤਾਵਰਣ ਬਚਾਓ ਮੁਹਿੰਮ ਨੂੰ ਉਸ ਵੇਲੇ ਗ੍ਰਹਿਣ ਲੱਗਾ ਜਦੋਂ ਆਪ ਆਗੂਆਂ ਨੇ 20 ਸਾਲ ਪੁਰਾਣੇ ਛਾਂਦਾਰ ਦਰੱਖਤਾਂ ਦੀ ਬਲੀ ਦੇ ਦਿੱਤੀ।ਪਿੰਡ ਝੁੱਗੀਆਂ ਪੀਰ ਬਖ਼ਸ਼ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ 'ਤੇ ਹਰੇ ਭਰੇ ਰੁੱਖ ਵੱਢ ਕੇ ਵੇਚਣ ਦੇ ਸੰਗੀਨ ਇਲਜ਼ਾਮ ਲੱਗੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਸਰਪੰਚ ਚਾਨਣ ਸਿੰਘ ਨੇ ਦੱਸਿਆ ਕਿ ਇਹ ਰੁੱਖ ਸਾਡੇ ਵੱਲੋਂ ਲਗਾਏ ਗਏ ਹਨ ਅਤੇ ਇਨ੍ਹਾਂ ਰੁੱਖਾਂ ਦੀ ਪਿਛਲੇ 20 ਸਾਲਾਂ ਤੋਂ ਦੇਖ-ਭਾਲ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਜਿਥੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬੂਟੇ ਲਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਉਥੇ ਹੀ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਆਪਣੀ ਸਰਕਾਰ ਦੇ ਹੁਕਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਹਰੇ-ਭਰੇ ਰੁੱਖਾਂ ਨੂੰ ਕੱਟ ਕੇ ਕਾਨੂੰਨ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾਂਦੀਆਂ ਹਨ।ਹਾਲੇ ਤੱਕ ਪ੍ਰਸ਼ਾਸਨ ਨੇ ਕੋਈ ਵੀ ਕਾਰਵਾਈ ਨਹੀਂ ਕੀਤੀ। ਇਸ ਸਬੰਧੀ ਪਿੰਡ ਝੁੱਗੀਆਂ ਪੀਰਬਖਸ਼ ਦੀ ਪੰਚਾਇਤ ਦੇ ਕੁੱਝ ਪੁਰਾਣੇ ਆਗੂਆਂ ਨੇ ਹਰੇ ਭਰੇ ਰੁੱਖ ਵੱਢਣ ਵਾਲੇ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਕਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ। ਇਸ ਸਬੰਧੀ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕਿਹਾ ਗਿਆ ਕਿ ਅਸੀਂ ਇਹ ਰੁੱਖ ਵੱਢ ਕੇ ਇਸ ਥਾਂ ਛੋਟੇ ਪੌਦੇ ਲਗਾਉਣੇ ਹਨ ਅਤੇ ਅਸੀਂ ਇਹ ਰੁੱਖ ਦਸ ਹਜ਼ਾਰ ਰੁਪਏ ਵਿੱਚ ਵੇਚੇ ਹਨ। ਇਸ ਸਬੰਧੀ ਆਮ ਆਦਮੀ ਪਾਰਟੀ ਦੇ ਆਗੂ ਸਤਨਾਮ ਸਿੰਘ ਨੇ ਕਿਹਾ ਕਿ ਸਾਡੇ ਵੱਲੋਂ ਤਾਂ ਰੁੱਖ ਹੀ ਕੱਟੇ ਗਏ ਹਨ ਜਿਸ ਦੀ ਅਸੀਂ ਗਲਤੀ ਮੰਨਦੇ ਹਾਂ ਅਤੇ ਪਹਿਲੀਆਂ ਸਰਕਾਰਾਂ ਦੇ ਆਗੂਆਂ ਨੇ ਤਾਂ ਸਰਕਾਰੀ ਸਕੂਲ ਵੀ ਨਹੀਂ ਛੱਡਿਆ ਜਿਥੇ ਸਰਕਾਰੀ ਸਕੂਲ ਦੀਆਂ ਕਲਾਸਾਂ ਵਿੱਚ ਤੂੜੀ ਅਤੇ ਪਾਥੀਆਂ ਰੱਖੀਆਂ ਹੋਈਆਂ ਹਨ। ਹੁਣ ਵੇਖਣਾ ਹੋਵੇਗਾ ਕਿ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਸਾਰੇ ਮਾਮਲੇ ਦੀ ਜਾਂਚ ਕਰਕੇ ਦੋਸ਼ੀ ਵਿਅਕਤੀਆਂ ਖਿਲਾਫ ਕੋਈ ਕਾਰਵਾਈ ਕਰਦੇ ਹਨ ਜਾਂ ਇਸ ਮਾਮਲੇ ਨੂੰ ਠੰਡੇ ਬਸਤੇ 'ਚ ਪਾਇਆ ਜਾਂਦਾ।



# ਅੰਗਹੀਣਾਂ ਦੀ ਨਕਲ ਕਰਨ ਵਾਲੇ ਕ੍ਰਿਕਟਰਾਂ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ

**ਚੋਹਲਾ ਸਾਹਿਬ (ਰਮਨ ਚੱਢਾ)**-ਬੀਤੇ ਦਿਨੀਂ ਇੰਡੀਅਨ ਨੈਸ਼ਨਲ ਟੀਮ ਦੇ ਕ੍ਰਿਕਟ ਖਿਡਾਰੀਆਂ ਵੱਲੋਂ ਅੰਗਹੀਣ ਵਿਅਕਤੀਆਂ ਦੀ ਨਕਲ ਕਰਦੇ ਹੋਏ ਵੀਡੀਓ ਵਾਇਰਲ ਕੀਤੀ ਗਈ ਜਿਸ ਵਿਚ ਅੰਗਹੀਣ ਵਰਗ ਦਾ ਮਜ਼ਾਕ ਉਡਾਇਆ ਗਿਆ। ਸ਼ਹੀਦ ਬਾਬਾ ਦੀਪ ਸਿੰਘ ਅੰਗਹੀਣ ਐਸੋਸੀਏਸ਼ਨ ਦੇ ਪ੍ਰਧਾਨ ਗੁਰਮੀਤ ਸਿੰਘ ਛੀਨਾ, ਲਖਵਿੰਦਰ ਸਿੰਘ ਚੰਬਾ, ਹਰਦੇਵ ਸਿੰਘ ਮਾਹਲਾ, ਜਸਵਿੰਦਰ ਸਿੰਘ ਢਿੱਲੋਂ, ਬਲਵਿੰਦਰ ਸਿੰਘ, ਮਨਜੀਤ ਸਿੰਘ ਫਿਰੋਜ਼ਪੁਰ ਅਤੇ ਹੋਰ ਸੀਨੀਅਰ ਆਗੂਆਂ ਵੱਲੋਂ ਇਸ ਉਪਰ ਸਖ਼ਤ ਨੋਟਿਸ ਲੈਂਦੇ ਹੋਏ ਕਿਹਾ ਹੈ ਕਿ ਦੁਨੀਆਂ ਦਾ ਹਰ ਵਰਗ ਇਨ੍ਹਾਂ ਖਿਡਾਰੀਆਂ ਨੂੰ ਮਾਣ ਨਾਲ ਵੇਖਦਾ ਹੈ ਪਰੰਤੂ ਹਰਭਜਨ ਸਿੰਘ, ਯੁਵਰਾਜ ਸਿੰਘ, ਰੈਨਾ ਨੇ ਰਲ ਕੇ ਚਾਰ ਛਿਲੜਾਂ ਦੀ ਖਾਤਰ ਕਦਰਾਂ-ਕੀਮਤਾਂ ਨੂੰ ਛਿੱਕੇ ਟੰਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੰਗਹੀਣ ਵਿਅਕਤੀ ਨੂੰ ਪੁੱਛੋ ਕਿ ਜ਼ਿੰਦਗੀ ਦਾ ਦਰਦ ਕੀ ਹੈ। ਹਰਭਜਨ ਸਿੰਘ ਜੋ ਰਾਜ ਸਭਾ ਮੈਂਬਰ ਹਨ, ਵੀ ਜੁਆਕਾਂ ਵਾਲੀਆਂ ਹਰਕਤਾਂ ਕਰਨ ਲੱਗ ਪਏ ਹਨ ਤਾਂ ਆਮ ਲੋਕਾਂ ਦਾ ਕੀ ਹਾਲ ਹੋਵੇਗਾ। ਉਨ੍ਹਾਂ ਸਰਕਾਰ ਕੋਲੋਂ ਮੰਗ ਕਰਦਿਆਂ ਕਿਹਾ ਕਿ ਇਨ੍ਹਾਂ ਕ੍ਰਿਕਟਰਾਂ ਉਪਰ ਕਾਰਵਾਈ ਕੀਤੀ ਜਾਵੇ ਅਤੇ ਰਾਜ ਸਭਾ ਮੈਂਬਰਸ਼ਿਪ ਖਤਮ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਲੋਕ ਜਨਤਕ ਤੌਰ ਤੇ ਮੁਆਫੀ ਮੰਗਣ, ਆਪਣੀ ਗਲਤੀ ਕਬੂਲਣ ਤਾਂ ਕਿ ਅੰਗਹੀਣ ਵਿਅਕਤੀਆਂ ਦੇ ਦਿਲਾਂ ਅੰਦਰ ਲੱਗੀ ਅੱਗ ਸ਼ਾਂਤ ਹੋ ਸਕੇ।



# ਜ਼ੋਨ ਪੱਧਰੀ ਖੇਡਾਂ ਕਰਵਾਉਣ ਸੰਬੰਧੀ ਵਿਸ਼ੇਸ਼ ਮੀਟਿੰਗ




**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਜ਼ਿਲ੍ਹਾ ਸਿੱਖਿਆ ਦਫ਼ਤਰ ਤਰਨ ਤਾਰਨ ਤੇ ਜ਼ਿਲ੍ਹਾ ਸਪੋਰਟਸ ਕੁਆਰਡੀਨੇਟਰ ਜੁਗਰਾਜ ਸਿੰਘ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ੋਨ ਭਿੱਖੀਵਿੰਡ ਅਧੀਨ ਪੈਂਦੇ ਸਕੂਲਾਂ ਦੇ ਜ਼ੋਨ ਖੇਡ ਮੁਕਾਬਲੇ ਕਰਵਾਉਣ ਸੰਬੰਧੀ ਇੱਕ ਵਿਸ਼ੇਸ਼ ਮੀਟਿੰਗ ਅਮਰਜੀਤ ਸਿੰਘ ਜ਼ੋਨ ਕਨਵੀਨਰ, ਕੋ-ਕਨਵੀਨਰ ਅਮਰਦੀਪ ਸਿੰਘ ਤੇ ਗੁਲਬਾਗ ਸਿੰਘ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਸੁਰਸਿੰਘ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ 'ਚ ਜ਼ੋਨ ਭਿੱਖੀਵਿੰਡ ਦੇ ਸਰਕਾਰੀ, ਏਡਿਡ ਤੇ ਪ੍ਰਾਈਵੇਟ ਸਕੂਲਾਂ ਦੇ ਸਰੀਰਕ ਸਿੱਖਿਆ ਦੇ ਅਧਿਆਪਕ ਹਾਜ਼ਰ ਸਨ।ਇਸ ਮੌਕੇ ਜ਼ੋਨ ਕਨਵੀਨਰ ਅਮਰਜੀਤ ਸਿੰਘ, ਸਹਾਇਕ ਕਨਵੀਨਰ ਅਮਰਦੀਪ ਸਿੰਘ ਤੇ ਕੋ-ਕਨਵੀਨਰ ਗੁਲਬਾਗ ਸਿੰਘ ਵੱਲੋਂ ਪਹੁੰਚੇ ਅਧਿਆਪਕ ਸਾਥੀਆਂ ਨਾਲ ਟੂਰਨਾਮੈਂਟ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਜ਼ੋਨ ਕਨਵੀਨਰ ਅਮਰਜੀਤ ਸਿੰਘ ਨੇ ਦੱਸਿਆ ਕਿ ਜ਼ੋਨ ਭਿੱਖੀਵਿੰਡ ਦੇ ਸਕੂਲ ਖੇਡਾਂ ਦੇ ਮੁਕਾਬਲੇ 25 ਜੁਲਾਈ ਤੋਂ ਸ਼ੁਰੂ ਹੋਣ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਉਮਰ ਵਰਗ 14,17,19 ਸਾਲ ਦੇ ਲੜਕੇ ਤੇ ਲੜਕੀਆਂ ਖੇਡਾਂ, ਰੱਸਾਕਸ਼ੀ, ਕਬੱਡੀ, ਫੁਟਬਾਲ, ਹਾਕੀ, ਵਾਲੀਬਾਲ, ਖੋ-ਖੋ ਤੇ ਕ੍ਰਿਕਟ ਮੁਕਾਬਲਿਆਂ ਵਿੱਚ ਭਾਗ ਲੈਣਗੇ। ਇਸ ਮੌਕੇ ਡੀ ਪੀ ਈ ਸ਼ਮੀ ਚੌਧਰੀ, ਪੀ ਟੀ ਆਈ ਰਣਜੀਤ ਸਿੰਘ, ਮੈਥ ਮਾਸਟਰ ਮੁਨੀਸ਼ ਕੁਮਾਰ, ਮੈਥ ਮਾਸਟਰ ਪ੍ਰਵੀਨ ਕੁਮਾਰ, ਪੀ ਟੀ ਆਈ ਮੈਡਮ ਹਰਪ੍ਰੀਤ ਕੌਰ, ਡੀ ਪੀ ਈ ਮੈਡਮ ਸੁਖਰਾਜ ਕੌਰ, ਪੀ ਟੀ ਆਈ ਸਿਮਰਨਜੀਤ ਕੌਰ, ਪੀਟੀਆਈ ਪ੍ਰੀਤਮ ਕੌਰ, ਪੰਜਾਬੀ ਅਧਿਆਪਕਾ ਜਗਦੀਪ ਕੌਰ, ਡੀ ਪੀ ਈ ਜਸਵੰਤ ਸਿੰਘ, ਹਰਜਿੰਦਰ ਸਿੰਘ ਭੁੱਟੋ, ਡੀ ਪੀ ਈ ਅਮਿਤ ਕੁਮਾਰ, ਰੇਸ਼ਮ ਸਿੰਘ, ਹਰਜੀਤ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਪਠਾਨਕੋਟ ਕਾਲਜ ਆਫ ਐਜੂਕੇਸ਼ਨ ਦੇ ਡੀ ਐੱਡ-ਈ ਐੱਡ ਦਾ ਨਤੀਜਾ ਸ਼ਾਨਦਾਰ

**ਗੁਰਦਾਸਪੁਰ (ਜਨਕ ਮਹਾਜਨ)**- ਪਠਾਨਕੋਟ ਕਾਲਜ ਆਫ ਐਜੂਕੇਸ਼ਨ ਪਠਾਨਕੋਟ ਕਾਲਜ ਦਾ ਐਸ.ਸੀ.ਈ. ਆਰ. ਟੀ ਵਲੋਂ ਲਈ ਗਈ ਡੀ.ਐਡ-ਈ.ਐਡ (ਈ ਟੀ ਟੀ) ਸੈਸ਼ਨ ਸਾਲ 2022-2024 ਦੀ ਪ੍ਰੀਖਿਆ ਦਾ ਨਤੀਜਾ ਐਲਾਨਿਆ ਗਿਆ। ਕਾਲਜ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਇਸ ਨਤੀਜੇ ਵਿੱਚ ਮੋਨਿਕਾ ਦੇਵੀ ਨੇ 80 ਫੀਸਦੀ ਅੰਕ ਲੈ ਕੇ ਕਾਲਜ ਵਿਚੋਂ ਪਹਿਲਾ ਸਥਾਨ, ਸਮ੍ਰਿਤੀ ਮਹਾਜਨ ਨੇ 79 ਫੀਸਦੀ ਅੰਕ ਲੈ ਕੇ ਦੂਜਾ ਸਥਾਨ, ਵਿਸ਼ਾਲੀ ਦੇਵੀ ਨੇ 77.39 ਫੀਸਦੀ ਅੰਕ ਲੈ ਕੇ ਤੀਸਰਾ ਸਥਾਨ ਅਤੇ ਅਦਿੱਤੀ ਮਿੱਤਲ ਨੇ 77.39 ਫੀਸਦੀ ਅੰਕ ਲੈ ਕੇ ਚੌਥਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਲਗਭਗ 40 ਬੱਚਿਆਂ ਨੇ 70 ਫੀਸਦੀ ਤੋਂ ਵੱਧ ਅੰਕ ਹਾਸਲ ਕੀਤੇ ਜਦੋਂ ਕਿ ਬਾਕੀ ਬੱਚਿਆਂ ਨੇ 65 ਫੀਸਦੀ ਅੰਕ ਲੈ ਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ ਹੈ। ਇਸ ਬਾਰੇ ਕਾਲਜ ਮੈਨੇਜਮੈਂਟ ਕਮੇਟੀ ਦੇ ਮੈਂਬਰ ਡਾਕਟਰ ਵਿਨੋਦ ਮਹਾਜਨ ਅਤੇ ਪ੍ਰੋਫੈਸਰ ਰਵੀ ਸ਼ੰਕਰ ਨੇ ਬੱਚਿਆਂ ਅਤੇ ਸਟਾਫ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਬੱਚਿਆਂ ਨੂੰ ਅਗਾਂਹ ਤੋਂ ਵੀ ਚੰਗੀ ਮਿਹਨਤ ਕਰਕੇ ਪ੍ਰੀਖਿਆਵਾਂ ਵਿੱਚੋਂ ਵਧੀਆ ਅੰਕ ਹਾਸਲ ਕਰਨੇ ਚਾਹੀਦੇ ਹਨ ਅਤੇ ਆਪਣੀ ਜ਼ਿੰਦਗੀ ਵਿੱਚ ਚੰਗੇ ਮੁਕਾਮ ਪ੍ਰਾਪਤ ਕਰਨੇ ਚਾਹੀਦੇ ਹਨ। ਉਨ੍ਹਾਂ ਇਸ ਚੰਗੇ ਨਤੀਜੇ ਸਬੰਧੀ ਕਾਲਜ ਪ੍ਰਿੰਸੀਪਲ ਡਾ. ਰੁਪਿੰਦਰ ਕੌਰ ਅਤੇ ਕਾਲਜ ਸਟਾਫ ਨੂੰ ਵੀ ਵਧਾਈ ਦਿੱਤੀ। ਡਾ. ਵਿਨੋਦ ਮਹਾਜਨ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਪੜ੍ਹਾਈ ਵੱਲ ਧਿਆਨ ਦੇਣ ਲਈ ਕਿਹਾ। ਇਸ ਮੌਕੇ ਕਾਲਜ ਸਟਾਫ ਮੈਂਬਰ ਮੈਡਮ ਓਮਾ, ਰਜਨੀਸ਼ ਬਾਲਾ, ਅਨੂ ਸੈਣੀ, ਜੋਤੀ, ਨਿਧੀ, ਸੁਮਨ, ਅਤੁਲ ਅਤੇ ਪੂਜਾ ਆਦਿ ਹਾਜ਼ਰ ਸਨ।

# ਭਾਈ ਤਾਰੂ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਕਸਬਾ ਡੇਰਾ ਬਾਬਾ ਨਾਨਕ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ-ਜੋਤਿ ਪੁਰਬ ਸ਼ਤਾਬਦੀ ਅਤੇ ਭਾਈ ਤਾਰੂ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਿੱਖ ਪੰਥ ਦੇ ਮਹਾਨ ਕੀਰਤਨੀ ਜਥਾ ਭਾਈ ਸੁਖਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਢਾਡੀ ਜਥਾ ਗੁਰਸੇਵਕ ਜੀਤ ਸਿੰਘ ਪ੍ਰੇਮੀ ਹਜ਼ੂਰੀ ਢਾਡੀ ਸ੍ਰੀ ਅਕਾਲ ਤਖਤ ਸਾਹਿਬ, ਭਾਈ ਵਰਿਆਮ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਅੰਮ੍ਰਿਤਸਰ ਵਾਲਿਆਂ ਵੱਲੋਂ ਸਿੱਖ ਇਤਿਹਾਸ ਤੇ ਵਿਚਾਰਾ ਰਾਹੀ ਸੰਗਤਾਂ ਦੇ ਸਨਮੁੱਖ ਹਾਜ਼ਰੀ ਭਰ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਉਹ ਆਪਣੇ ਪਰਿਵਾਰਾਂ ਅਤੇ ਆਪਣੇ ਬੱਚਿਆਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਾਉਣ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ, ਰਜਿੰਦਰ ਸਿੰਘ ਵੇਰੋਕੇ, ਭਾਈ ਜਗਦੀਪ ਸਿੰਘ ਪ੍ਰਚਾਰਕ, ਭਾਈ ਹਿਮਤਬੀਰ ਸਿੰਘ ਪ੍ਰਚਾਰਕ, ਭਾਈ ਹਰਪਾਲ ਸਿੰਘ ਪ੍ਰਚਾਰਕ, ਭਾਈ ਗੁਰਮੇਜ ਸਿੰਘ ਪ੍ਰਚਾਰਕ, ਭਾਈ ਖਜਾਨ ਸਿੰਘ, ਬਾਬਾ ਨਛੱਤਰ ਸਿੰਘ ਗ੍ਰੰਥੀ ਸਿੰਘ, ਕੁਲਵਿੰਦਰ ਸਿੰਘ ਬੇਦੀ, ਮੈਨੇਜਰ ਬਲਜੀਤ ਸਿੰਘ, ਚਰਨਜੀਤ ਸਿੰਘ ਬੇਦੀ, ਸੋਨੂੰ ਬੇਦੀ, ਕੁਲਦੀਪ ਸਿੰਘ ਮੈਂਬਰ ਜੌੜੀਆਂ ਕਲਾਂ, ਬਾਬਾ ਗੁਰਦੇਵ ਸਿੰਘ ਗ੍ਰੰਥੀ, ਸੁਖਵਿੰਦਰ ਸਿੰਘ ਖਜ਼ਾਨਚੀ, ਜਗਦੀਪ ਸਿੰਘ ਰਿਕਾਰਡ ਕੀਪਰ, ਮਨਜੀਤ ਸਿੰਘ ਅਕਾਊਂਟੈਂਟ, ਹਰਜਿੰਦਰ ਸਿੰਘ ਲਾਲੇਨੰਗਲ, ਸੁਖਰਾਜ ਸਿੰਘ ਤਲਵੰਡੀ ਰਾਮਾ, ਡਾਕਟਰ ਪ੍ਰਦੀਪ ਕੁਮਾਰ, ਗੁਰਵਿੰਦਰ ਸਿੰਘ ਕਾਹਲਾ ਵਾਲੀ, ਹਰਵੰਤ ਸਿੰਘ ਸਟੋਰ ਕੀਪਰ, ਮਲਕੀਤ ਸਿੰਘ ਰਾਜੇਕੇ, ਪ੍ਰਦੀਪ ਸਿੰਘ ਰਾਏਚੱਕ, ਗੁਰਪ੍ਰੀਤ ਸਿੰਘ ਨਿੱਕੋਸਰਾਂ, ਪ੍ਰਗਟ ਸਿੰਘ ਮੂਲੋਵਾਲੀ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ



# ਸੰਸਦ ਮੈਂਬਰ ਨੂੰ ਦਿੱਤਾ ਮੰਗ ਪੱਤਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸੰਯੁਕਤ ਕਿਸਾਨ ਮੋਰਚੇ ਦੀ ਕੌਮੀ ਤਾਲਮੇਲ ਕਮੇਟੀ ਵਿੱਚ ਸ਼ਾਮਲ ਜ਼ਿਲ੍ਹੇ ਅੰਮ੍ਰਿਤਸਰ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਸੈਂਕੜੇ ਕਿਸਾਨਾਂ ਦੇ ਵਫਦ ਨੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੂੰ ਦੋ ਮੰਗ ਪੱਤਰ ਦਿੱਤੇ, ਜਿਨ੍ਹਾਂ ਵਿੱਚ ਪੁਰਜ਼ੋਰ ਮੰਗ ਕੀਤੀ ਕਿ ਸੰਸਦ ਦੇ ਆ ਰਹੇ ਬਜਟ ਸੈਸ਼ਨ ਵਿੱਚ ਕਿਸਾਨਾਂ ਦੀਆਂ ਸਮੂਹ ਫਸਲਾਂ ਲਈ ਡਾਕਟਰ ਸਵਾਮੀਨਾਥਨ ਦੇ ਫਾਰਮੂਲੇ ਅਨੁਸਾਰ ਐਮ ਐਸ ਪੀ ਮਿਥੀ ਜਾਵੇ ਅਤੇ ਇਸ ਉਪਰ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ, ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਕਿਸਾਨਾਂ ਮਜਦੂਰਾਂ ਸਿਰ ਚੜ੍ਹਿਆ ਕਰਜ਼ਾ ਮੁਆਫ ਕੀਤਾ ਜਾਵੇ, ਲੋਕ ਵਿਰੋਧੀ ਬਿਜਲੀ ਬਿੱਲ ਵਾਪਸ ਲਿਆ ਜਾਵੇ ਆਦਿ ਦੀ ਅਵਾਜ ਬੁਲੰਦ ਕੀਤੀ ਜਾਵੇ ਅਤੇ ਇਨ੍ਹਾਂ ਮੰਗਾਂ ਦੀ ਪੂਰਤੀ ਲਈ ਪ੍ਰਾਈਵੇਟ ਬਿੱਲ ਲਿਆਂਦਾ ਜਾਵੇ।

ਵਫਦ ਨਾਲ ਵਿਚਾਰ ਵਟਾਂਦਰਾ ਕਰਦਿਆਂ ਔਜਲਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਵਿਚਾਰ ਚਰਚਾ ਕਰਕੇ ਕਿਸਾਨਾਂ ਲਈ ਐਮ ਐਸ ਪੀ ਦਾ ਗਰੰਟੀ ਕਾਨੂੰਨ ਅਤੇ ਕਰਜ਼ਾ ਰੱਦ ਕਰਨ ਲਈ ਪ੍ਰਾਈਵੇਟ ਬਿੱਲ ਲਿਆਵੇਗੀ। ਵਫਦ ਨੇ ਇਹ ਵੀ ਮੰਗ ਕੀਤੀ ਕਿ ਦੂਸਰਾ ਮੰਗ ਪੱਤਰ ਜੋ ਪ੍ਰਧਾਨ ਮੰਤਰੀ ਦੇ ਨਾਂਅ ਹੈ, ਉਹ ਪ੍ਰਧਾਨ ਮੰਤਰੀ ਨੂੰ ਦਿੱਤਾ ਜਾਵੇ ਅਤੇ ਅਤੇ ਮੰਗ ਕੀਤੀ ਜਾਵੇ ਕਿ ਮਹਾਨ ਦਿੱਲੀ ਅੰਦੋਲਨ ਸਮੇਂ ਸਰਕਾਰ ਵੱਲੋਂ ਮੰਗਾਂ ਮੰਨਣ ਦਾ ਲਿਖਤੀ ਵਾਅਦਾ ਕੀਤਾ ਸੀ ਪਰ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ। ਵਫਦ ਨੇ ਪੁਰਜ਼ੋਰ ਮੰਗ ਕੀਤੀ ਕਿ ਪੰਜਾਬ ਲਈ ਸਿੰਚਾਈ ਅਤੇ ਪੀਣ ਵਾਲੇ ਪਾਣੀ ਵਾਸਤੇ ਅਜਿਹੀ ਨੀਤੀ ਬਣਾਈ ਜਾਵੇ ਕਿ ਜ਼ਮੀਨਦੋਜ਼ ਪਾਣੀ ਦਾ ਪੱਧਰ ਉੱਪਰ ਆਵੇ, ਹਰੇਕ ਖੇਤ ਨੂੰ ਨਹਿਰੀ ਪਾਣੀ ਮਿਲੇ ਅਤੇ ਸਾਫ ਪਾਣੀ ਹਰ ਵਿਅਕਤੀ ਨੂੰ ਮਿਲੇ। ਐਮ ਪੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਦਿਸ਼ਾ ਵਿੱਚ ਕਾਰਗਰ ਕਦਮ ਚੁੱਕਣਗੇ। ਵਫਦ ਵਿੱਚ ਡਾਕਟਰ ਸਤਨਾਮ ਸਿੰਘ ਅਜਨਾਲਾ ਕੌਮੀ ਤਾਲਮੇਲ ਕਮੇਟੀ ਮੈਂਬਰ ਸੰਯੁਕਤ ਕਿਸਾਨ ਮੋਰਚਾ, ਕੁਲਵੰਤ ਸਿੰਘ ਮੱਲੂਨੰਗਲ, ਧਨਵੰਤ ਸਿੰਘ ਖਤਰਾਏ ਕਲਾਂ ਸੀਨੀਅਰ ਸੂਬਾਈ ਆਗੂ ਕਿਰਤੀ ਕਿਸਾਨ ਯੂਨੀਅਨ ਪੰਜਾਬ, ਹਰਪਾਲ ਸਿੰਘ ਛੀਨਾ, ਜਤਿੰਦਰ ਸਿੰਘ ਛੀਨਾ ਸੂਬਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਸਤਨਾਮ ਸਿੰਘ ਝੰਡੇਰ, ਸਵਿੰਦਰ ਸਿੰਘ ਮੀਰਾਂਕੋਟ ਕੁੱਲ ਹਿੰਦ ਕਿਸਾਨ ਸਭਾ, ਭੁਪਿੰਦਰ ਸਿੰਘ ਛੀਨਾ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾਈ ਆਗੂ ਬਲਕਾਰ ਸਿੰਘ ਦੁਧਾਲਾ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੀਨੀਅਰ ਆਗੂ ਗੁਰਦੇਵ ਸਿੰਘ ਵਰਪਾਲ, ਬਚਿੱਤਰ ਸਿੰਘ ਕੋਟਲਾ, ਕਿਸਾਨ ਸੰਘਰਸ਼ ਕਮੇਟੀ ਏਕਤਾ ਪੰਜਾਬ ਦੇ ਸੂਬਾਈ ਮੀਤ ਪ੍ਰਧਾਨ ਭੁਪਿੰਦਰ ਸਿੰਘ ਤਖਤ ਮੱਲ, ਗੁਰਪ੍ਰੀਤ ਸਿੰਘ ਸਾਂਘਣਾ, ਅਜਾਦ ਕਿਸਾਨ ਸੰਘਰਸ਼ ਕਮੇਟੀ ਦੇ ਰਤਨ ਸਿੰਘ ਢੰਡ, ਜੱਸਾ ਸਿੰਘ ਕੱਦ ਗਿੱਲ, ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਬਲਬੀਰ ਸਿੰਘ ਝਾਮਕਾ, ਬੀ ਕੇ ਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਉਮਰਾਜ ਸਿੰਘ ਧਰਦਿਓ, ਟਰੇਡ ਯੂਨੀਅਨ ਆਗੂ ਸੁੱਚਾ ਸਿੰਘਅਜਨਾਲਾ ਅਤੇ ਨਰਿੰਦਰ ਪਾਲ ਚਮਿਆਰੀ ਹਾਜ਼ਰ ਸਨ।



# 'ਬਹਿਲ ਨੇ ਵੱਖ-ਵੱਖ ਸਿਹਤ ਸੰਸਥਾਵਾਂ 'ਚ ਮਿਲ ਰਹੀਆਂ ਸੇਵਾਵਾਂ ਦਾ ਕੀਤਾ ਰੀਵਿਊ'

**ਗੁਰਦਾਸਪੁਰ,(ਦਿਨੇਸ਼ ਕੁਮਾਰ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਪੀ. ਐੱਚ. ਐੱਸ. ਸੀ. ਮੁੱਖ ਦਫਤਰ, ਮੋਹਾਲੀ ਵਿਖੇ ਸਿਵਲ ਹਸਪਤਾਲ, ਗੁਰਦਾਸਪੁਰ, ਸਿਵਲ ਹਸਪਤਾਲ ਬਟਾਲਾ ਅਤੇ ਸੀ. ਐੱਚ. ਸੀ. ਸਿੰਘੋਵਾਲ ਸਿਹਤ ਸੰਸਥਾਵਾਂ ਦੇ ਕੰਮ-ਕਾਜ ਅਤੇ ਅਤੇ ਵਿਕਾਸ ਦੇ ਸਬੰਧ ਵਿੱਚ ਇੱਕ ਮੀਟਿੰਗ ਕੀਤੀ ਗਈ ਇਸ ਮੀਟਿੰਗ ਦੌਰਾਨ ਡਾਇਰੈਕਟਰ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਡਾ. ਅਨਿਲ ਕੁਮਾਰ, ਇੰਜੀਨੀਅਰ ਸੁਖਚੈਨ ਸਿੰਘ, ਸਿਵਲ ਸਰਜਨ ਗੁਰਦਾਸਪੁਰ ਡਾ. ਵਿਮੀ ਮਹਾਜਨ, ਡਿਪਟੀ ਮੈਡੀਕਲ ਸੁਪਰਡੈਂਟ ਗੁਰਦਾਸਪੁਰ ਡਾ. ਰੋਮੀ ਰਾਜਾ ਮਹਾਜਨ, ਐੱਸ. ਐੱਮ. ਓ. ਸਿਵਲ ਹਸਪਤਾਲ ਗੁਰਦਾਸਪੁਰ ਡਾ. ਅਰਵਿੰਦ ਮਹਾਜਨ, ਐੱਸ. ਐੱਮ. ਓ. ਸਿਵਲ ਹਸਪਤਾਲ ਬਟਾਲਾ ਡਾ. ਰਵਿੰਦਰ ਸਿੰਘ, ਸੀ. ਐੱਚ. ਸੀ. ਸਿੰਘੋਵਾਲ ਦੀ ਐੱਸ. ਐੱਮ. ਓ. ਡਾ. ਪ੍ਰਭਜੋਤ ਕੌਰ ਵੀ ਹਾਜ਼ਰ ਸਨ।

ਮੀਟਿੰਗ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਹ ਮੀਟਿੰਗ ਸਿਵਲ ਹਸਪਤਾਲ, ਗੁਰਦਾਸਪੁਰ, ਸਿਵਲ ਹਸਪਤਾਲ ਬਟਾਲਾ ਅਤੇ ਸੀ. ਐੱਚ. ਸੀ. ਸਿੰਘੋਵਾਲ ਸਿਹਤ ਸੰਸਥਾਵਾਂ ਵਿੱਚ ਪੇਸ਼ ਆ ਰਹੀਆਂ ਔਕੜਾਂ ਦਾ ਹੱਲ ਕਰਨ ਲਈ ਬੁਲਾਈ ਗਈ ਸੀ। ਉਨ੍ਹਾਂ ਕਿਹਾ ਕਿ ਮੀਟਿੰਗ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਇਨ੍ਹਾਂ ਸਿਹਤ ਸੰਸਥਾਵਾਂ ਵਿੱਚ ਆ ਰਹੀਆਂ ਔਕੜਾਂ ਬਾਰੇ ਵਿਸਥਾਰ ਵਿੱਚ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਇਨ੍ਹਾਂ ਮੁਸ਼ਕਲਾਂ ਦਾ ਨਿਪਟਾਰਾ ਜਲਦ ਤੋਂ ਜਲਦ ਕਰਨ ਦੀ ਹਦਾਇਤ ਕੀਤੀ ਗਈ। ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣਾ ਮਾਨ ਸਰਕਾਰ ਦਾ ਮੁੱਖ ਏਜੰਡਾ ਹੈ ਅਤੇ ਇਸ ਵਿੱਚ ਕਿਸੇ ਤਰ੍ਹਾਂ ਦੀ ਲਾਪਰਵਾਹੀ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਲਈ ਲੋੜੀਂਦਾ ਸਾਮਾਨ, ਮੈਡੀਕਲ ਇਕੁਪਮੈਂਟ ਅਤੇ ਦਵਾਈਆਂ ਆਦਿ ਲੋੜੀਂਦੀ ਮਾਤਰਾ ਵਿੱਚ ਮੁਹੱਈਆ ਕਰਵਾਉਣ ਸਬੰਧੀ ਭਰੋਸਾ ਦਿੱਤਾ ਗਿਆ ਹੈ ਤਾਂ ਜੋ ਇਨ੍ਹਾਂ ਹਸਪਤਾਲਾਂ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਵਧੀਆ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ।



# ਗੰਦੇ ਨਾਲੇ ਦੀ ਸਫ਼ਾਈ ਨਾ ਹੋਣ ਕਾਰਨ ਬਿਮਾਰੀਆਂ ਫ਼ੈਲਣ ਦਾ ਖਦਸ਼ਾ

**ਗੁਰਦਾਸਪੁਰ (ਜਨਕ ਮਹਾਜਨ)**- ਲਾਇਬ੍ਰੇਰੀ ਰੋਡ ਸਥਿਤ ਗੁਰਦਾਸਪੁਰ ਸੜਕ ਦੀ ਸਫ਼ਾਈ ਪੱਖੋਂ ਖਸਤਾ ਹਾਲਤ ਬਣੀ ਹੋਈ ਹੈ। ਰੋਜ਼ਾਨਾ ਸਵੇਰੇ ਦੇਰ ਨਾਲ ਹੀ ਸੜਕ ਦੀ ਸਫ਼ਾਈ ਦਾ ਕੰਮ ਸ਼ੁਰੂ ਹੁੰਦਾ ਹੈ। ਇਸ ਸੜਕ ਕਿਨਾਰੇ ਬਣੇ ਗੰਦੇ ਨਾਲੇ ਦੀ ਲੰਬੇ ਸਮੇਂ ਤੋਂ ਸਫ਼ਾਈ ਨਾ ਹੋਣ ਕਾਰਨ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਹ ਨਾਲਾ ਕਈ ਜਗ੍ਹਾ ਤੋਂ ਬੰਦ ਹੋਣ ਕਾਰਨ ਇਸ ਵਿਚ ਗੰਦਾ ਪਾਣੀ ਨਹੀਂ ਚੱਲਦਾ। ਇਸ ਸੜਕ 'ਤੇ ਪੈਂਦੇ ਪੰਜਾਬ ਨੈਸ਼ਨਲ ਬੈਂਕ ਦੀ ਇਮਾਰਤ ਅੱਗੇ ਬਣੇ ਗੰਦੇ ਨਾਲੇ ਵਿਚ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਗੰਦਗੀ ਕਰਕੇ ਮੱਛਰ, ਮੱਖੀਆਂ ਦੀ ਵੀ ਭਰਮਾਰ ਰਹਿੰਦੀ ਹੈ। ਬੈਂਕ ਅੰਦਰ ਰੋਜ਼ਾਨਾ ਲੋਕਾਂ ਦਾ ਆਉਣਾ ਜਾਣਾ ਲੱਗਾ ਰਹਿੰਦਾ ਹੈ ਅਤੇ ਇਸ ਗੰਦਗੀ ਨੂੰ ਲੈ ਕੇ ਲੋਕਾਂ ਦਾ ਨਗਰ ਕੌਂਸਲ ਖ਼ਿਲਾਫ਼ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਸ ਸੜਕ ਦੇ ਨਾਲ-ਨਾਲ ਇਸ ਗੰਦੇ ਪਾਣੀ ਦੇ ਨਿਕਾਸ ਲਈ ਬਣੇ ਨਾਲੇ ਦੀ ਹਾਲਤ 'ਤੇ ਵੀ ਤਰਸ ਕਰਕੇ ਇਸ ਦੀ ਸਫ਼ਾਈ ਦਾ ਕੋਈ ਠੋਸ ਹੱਲ ਕੱਢਿਆ ਜਾਵੇ। ਇਸ ਨਾਲੇ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਕਈ ਵਾਰ ਮਿਲ ਕੇ ਅਤੇ ਫ਼ੋਨ ਕਰਕੇ ਬੇਨਤੀਆਂ ਕੀਤੀਆਂ ਪਰ ਕੋਈ ਠੋਸ ਹੱਲ ਨਹੀਂ ਹੋਇਆ। ਇਲਾਕਾ ਵਾਸੀਆਂ ਨੇ ਉਚ ਅਧਿਕਾਰੀਆਂ ਤੋਂ ਇਲਾਵਾ ਰਮਨ ਬਹਿਲ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਸੜਕ ਦੀ ਸਫ਼ਾਈ ਖਾਸ ਕਰਕੇ ਇਸ ਸੜਕ 'ਤੇ ਗੋਲਡਨ ਸਕੂਲ ਦੀ ਗਲੀ ਤੋਂ ਲੈ ਕੇ ਡਾ. ਅਸ਼ੋਕ ਮਹਾਜਨ ਦੀ ਗਲੀ ਤੱਕ ਬਣੇ ਨਾਲੇ ਦੀ ਖਸਤਾ ਹਾਲਤ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਦੀ ਕਾਫ਼ੀ ਦੇਰ ਤੋਂ ਚਲ ਰਹੀ ਮੁਸ਼ਕਲ ਦਾ ਹੱਲ ਹੋ ਸਕੇ।




# ਮਿਆਰੀ ਬਾਸਮਤੀ ਦੀ ਪੈਦਾਵਾਰ ਸੰਬੰਧੀ ਕਿਸਾਨ ਸਿਖਲਾਈ ਕੈਂਪ ਲਾਏ

**ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ)** - ਖੇਤੀਬਾੜੀ ਅਫ਼ਸਰ ਪੱਟੀ ਡਾ. ਭੁਪਿੰਦਰ ਸਿੰਘ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੁਆਰਾ ਬਲਾਕ ਪੱਟੀ ਦੇ ਪਿੰਡ ਸਰਹਾਲੀ ਮੰਡਾ ਅਤੇ ਪਨਗੋਟਾ ਵਿਖੇ ਕਿਸਾਨ ਸਿਖਲਾਈ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਗੁਰਬਰਿੰਦਰ ਸਿੰਘ ਏ ਡੀ ਓ ਨੇ ਕਿਹਾ ਕਿ ਬਾਸਮਤੀ ਵਿਚ ਗੈਰ ਸਿਫਾਰਸ਼ੀ ਦਵਾਈਆਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਤਾਂ ਜੋ ਅੰਤਰਰਾਸ਼ਟਰੀ ਮੰਡੀ ਵਿਚ ਬਾਸਮਤੀ ਦਾ ਚੰਗਾ ਮੁੱਲ ਮਿਲ ਸਕੇ। ਉਨ੍ਹਾਂ ਅਪੀਲ ਕੀਤੀ ਕਿ ਮਿਆਰੀ ਬਾਸਮਤੀ ਪੈਦਾ ਕਰਨ ਹਿੱਤ ਸਰਕਾਰ ਵਲੋਂ ਬੈਨ ਕੀਤੀਆਂ ਜ਼ਹਿਰਾਂ ਐਸੀਫੇਟ, ਬੁਪਰੋਫੈਜਿਨ, ਕਲੋਰਪੈਰੀਫਾਸ, ਹੈਕਸਾਕੋਨਾਜੋਲ, ਪ੍ਰੋਪੀਕੋਨਾਜ਼ੋਲ, ਥਾਇਆਮਿਥੋਕਸਮ, ਪਰਫੀਨੋਫਾਸ, ਇਮਿਡਾਕਲੋਪ੍ਰਿਡ, ਕਾਰਬੈਂਡਾਜਿਮ ਅਤੇ ਟ੍ਰਾਈਸਾਇਕਲਾਜੋਲ ਦੀ ਵਰਤੋਂ ਬਾਸਮਤੀ ਦੀ ਫ਼ਸਲ 'ਤੇ ਬਿਲਕੁਲ ਨਾ ਕੀਤੀ ਜਾਵੇ। ਇਸ ਦੌਰਾਨ ਦਇਆਪ੍ਰੀਤ ਸਿੰਘ ਏ ਈ ਓ ਨੇ ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਮਹਿਕਮੇ ਦੁਆਰਾ ਸਾਉਣੀ ਦੀ ਮੱਕੀ, ਜਿਪਸਮ 'ਤੇ ਦਿੱਤੀ ਜਾ ਰਹੀ ਸਬਸਿਡੀ ਅਤੇ ਝੋਨੇ ਦੀ ਸਿੱਧੀ ਬਿਜਾਈ 'ਤੇ ਦਿੱਤੀ ਜਾ ਰਹੀ ਪ੍ਰੋਤਸਾਹਨ ਰਾਸ਼ੀ ਦੀ ਵੈਰੀਫਿਕੇਸ਼ਨ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਨੰਬਰਦਾਰ ਤਰਸੇਮ ਸਿੰਘ, ਟਹਿਲ ਸਿੰਘ, ਮੁਖਤਿਆਰ ਸਿੰਘ, ਕੁਲਦੀਪ ਸਿੰਘ, ਨਿਰਮਲ ਸਿੰਘ, ਗੁਰਸਾਹਿਬ ਸਿੰਘ, ਗੁਰਪ੍ਰਤਾਪ ਸਿੰਘ, ਅੰਮ੍ਰਿਤ ਸਿੰਘ, ਪਰਮਜੀਤ ਸਿੰਘ, ਗੁਰਸਾਹਿਬ ਸਿੰਘ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਖੇਤੀ ਸਹਾਇਕ ਪ੍ਰਬੰਧਕ ਗੁਰਦੇਵ ਸਿੰਘ ਸਰਹਾਲੀ, ਬਿਕਰਮ ਸਿੰਘ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਫਲਦਾਰ ਬੂਟਿਆਂ ਦੀ ਵੰਡ ਵੀ ਕੀਤੀ ਗਈ।



# ਸਾਬਿਰ ਪੀਆਂ ਦਾ 756 ਵਾਂ ਸਲਾਨਾ ਉਰਸ ਉਤਰਾਖੰਡ 'ਚ ਮਨਾਇਆ ਜਾ ਰਿਹਾ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਉਤਰਾਖੰਡ ਹਰਿਦੁਆਰ ਜ਼ਿਲੇ ਵਿੱਚ ਪੈਂਦੀ ਮਸ਼ਹੂਰ ਤੇ ਪ੍ਰਸਿੱਧ ਦਰਗਾਹ ਸਰਕਾਰ ਹਜ਼ਰਤ ਮਖ਼ਦੂਮ ਅਲੀ ਅਹਿਮਦ ਸਾਬਿਰ ਪੀਆਂ ਦਾ ਸਲਾਨਾ 756 ਵਾਂ ਸਲਾਨਾ ਉਰਸ਼ ਪਿਰਾਨ ਕਲੀਅਰ ਸ਼ਰੀਫ਼ ਵਿਖੇ ਮਨਾਇਆ ਜਾ ਰਿਹਾ ਹੈ।ਇਸ ਉਰਸ ਵਿੱਚ ਦੇਸ਼ ਵਿਦੇਸ਼ ਦੇ ਕੋਨੇ ਕੋਨੇ ਤੋਂ ਸੰਗਤਾਂ ਸਜਦਾ ਸਲਾਮ ਤੇ ਹਾਜ਼ਰੀ ਭਰਨ ਆਉਂਦੀਆਂ ਹਨ। ਉਰਸ ਦੀ ਸ਼ੁਰੂਆਤ 4 ਸਤੰਬਰ ਤੋਂ ਮਹਿੰਦੀ ਡੋਰੀ ਦੀ ਰਸਮ, 15 ਸਤੰਬਰ 11 ਰਬੀਓਲ ਕੀ ਛੋਟੀ ਰੋਸ਼ਨੀ,16 ਸਤੰਬਰ 12 ਰਬੀਓਲ ਅਵਲ ਕੀ ਵੱਡੀ ਰੋਸ਼ਨੀ, 17 ਸਿਤੰਬਰ 13 ਰਬੀਓਲ ਅਵਲ ਕੋ ਕੁੱਲ ਸ਼ਰੀਫ਼,18 ਸਤੰਬਰ 14 ਰਬੀਓਲ ਅੱਵਲ ਕੋ ਗੁਸਲ ਸ਼ਰੀਫ਼ ਕੀ ਰਸਮ ਹੋਵੇਗੀ। ਇਸ ਤੋਂ ਇਲਾਵਾ 21 ਸਤੰਬਰ 17 ਰਬੀਓਲ ਨੂੰ ਅਵਲ ਕੋ ਹਜ਼ਰਤ ਸਾਬਿਰ ਪਾਕ ਵਾਲਿਦ ਏ ਮੋਹਤਰਮ ਹਜ਼ਰਤ ਅਬਦੁਰਹੀਮ ਅਬਦੁਲਸਲਾਮ ਦਾ ਕੁੱਲ ਸ਼ਰੀਫ਼ ਹੋਵੇਗਾ।ਇਹ ਜਾਣਕਾਰੀ ਵਾਰਡ ਨੰਬਰ ਸੱਤ ਵਿੱਚ ਸਥਿਤ ਪੰਜ ਪੀਰ ਦਰਬਾਰ ਦੇ ਮੁੱਖ ਸੇਵਾਦਾਰ ਸਮਾਜ ਸੇਵੀ ਮਨੀਸ਼ ਕੁਮਾਰ ਉਪਲ ਅਜਨਾਲਾ ਨੇ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਇਸ ਉਰਸ ਵਿੱਚ ਹਾਜ਼ਰੀ ਭਰਨ ਲਈ ਪਿਰਾਨ ਕਲੀਅਰ ਸ਼ਰੀਫ਼ ਵਿਖੇ ਅਜਨਾਲਾ ਸ਼ਹਿਰ ਦੇ ਵੱਖ ਵੱਖ ਪੀਰਾਂ ਫ਼ਕੀਰਾਂ ਦੇ ਦਰਬਾਰਾਂ ਦੇ ਮੁੱਖ ਸੇਵਾਦਾਰਾਂ ਤੇ ਸ਼ਰਧਾਲੂਆਂ ਦਾ ਇੱਕ ਕਾਫ਼ਲਾ ਸੰਗਤ ਦੇ ਰੂਪ ਵਿੱਚ ਪਹੁੰਚੇਗਾ।ਇਸ ਉਰਸ ਵਿੱਚ ਭਾਰਤ ਦੀ ਸੁੱਖ ਸ਼ਾਂਤੀ ਲਈ ਅਰਦਾਸ ਵੀ ਕੀਤੀ ਜਾਵੇਗੀ।ਇਸ ਮੌਕੇ ਬਾਬਾ ਦੀਪਕ ਸ਼ਾਹ ਹੰਸ ਅਜਨਾਲਾ ਵਾਲੇ, ਸ਼ਮਸ਼ੇਰ ਸਿੰਘ ਸ਼ੇਰਾ, ਰਾਜਬੀਰ ਸਿੰਘ, ਰਾਜੂ ਅਜਨਾਲਾ, ਬਬਲੂ ਅਜਨਾਲਾ, ਸੰਦੀਪ ਕੁਮਾਰ ਉਪਲ, ਸਮਾਜ ਸੇਵੀ ਦਵਿੰਦਰ ਸਿੰਘ ਔਲਖ, ਸੋਨੂੰ ਭਾਟੀਆ, ਰਾਜਿੰਦਰ ਸ਼ਾਹ, ਜੋਤ ਸ਼ਾਹ ਭਾਟੀਆ, ਰਾਜੀਵ ਕੁਮਾਰ ਉਪਲ, ਰਿਆਸ ਕੁਮਾਰ ਉਪਲ, ਪ੍ਰੇਮ ਕੁਮਾਰ ਅਨੰਦ, ਟਵਿੰਕਲ ਸਿੰਘ, ਬਲਵਿੰਦਰ ਸਿੰਘ, ਦਿਲਾਵਰ ਸਿੰਘ ਗੁੱਝਾਪੀਰ ਆਦਿ ਹਾਜ਼ਰ ਸਨ।



# ਜਥੇਦਾਰ ਸਾਹਿਬਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨੂੰ ਕਾਇਮ ਰੱਖਣ : ਪੁਰੇਵਾਲ, ਪੱਧਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬਾਗੀ ਹੋਏ ਧੜੇ ਦੇ ਲੀਡਰਾਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੇ ਪੇਸ਼ ਹੋਣ ਤੋਂ ਬਾਅਦ ਜਿਸ ਪ੍ਰਕਾਰ ਸੁਖਬੀਰ ਸਿੰਘ ਬਾਦਲ ਦੀ ਹੋਂਦ ਬਚਾਉਣ ਲਈ ਨਾਟਕੀ ਰੁਖ ਅਪਣਾਇਆ ਗਿਆ ਹੈ ਉਸ ਤੋਂ ਸਾਰੀ ਸਿੱਖ ਸੰਗਤ ਭਲੀਭਾਂਤ ਜਾਣੂੰ ਹੈ, ਉਹ ਵੱਖਰੀ ਗੱਲ ਹੈ ਕਿ ਸਮੂਹ ਸਿੱਖ ਜਗਤ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਆਦਾ ਨੂੰ ਮੁੱਖ ਰੱਖਦਿਆਂ ਤੇ ਉਸ ਗਰਿਮਾ ਨੂੰ ਬਣਾਈ ਰੱਖਣ ਵਾਸਤੇ ਆਪਣੇ ਮੂੰਹ 'ਤੇ ਉਂਗਲ ਰੱਖੀ ਬੈਠਾ ਹੋਇਆ ਹੈ। ਇਸ ਗੱਲ ਨੂੰ ਸਾਡੇ ਮਾਣਯੋਗ ਜਥੇਦਾਰ ਸਾਹਿਬਾਨ ਨੂੰ ਆਪਣੇ ਆਪ ਹੀ ਭਾਂਪ ਲੈਣਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਾਬਕਾ ਜ਼ਿਲ੍ਹਾ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਸਾਬਕਾ ਫੈਡਰੇਸ਼ਨ ਆਗੂ ਭਾਈ ਹਰਜੀਤ ਸਿੰਘ ਪੁਰੇਵਾਲ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਭਾਈ ਪੱਧਰੀ ਅਤੇ ਭਾਈ ਪੁਰੇਵਾਲ ਵੱਲੋਂ ਭੇਜੇ ਗਏ ਪ੍ਰੈਸ ਨੋਟ ਵਿੱਚ ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਸੱਚ ਤੇ ਨਿਆਂ ਦੀ ਪ੍ਰਤੀਕ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਖਾਂ ਦੀ ਸਰਬਉੱਚ ਅਦਾਲਤ ਦਾ ਮਾਣ ਹਾਸਲ ਹੈ ਜਿਸ ਕਰਕੇ ਜਥੇਦਾਰ ਸਾਹਿਬਾਨ ਨੂੰ ਇਸ ਦੀ ਸਰਬਉੱਚਤਾ ਨੂੰ ਕਾਇਮ ਰੱਖਣਾ ਚਾਹੀਦਾ ਹੈ ਨਾ ਕਿ ਪੰਥ ਵਿਰੋਧੀ ਗਤੀਵਿਧੀਆਂ ਦੇ ਦੋਸ਼ੀ ਕਿਸੇ ਵੀ ਵਿਅਕਤੀ ਵਿਸ਼ੇਸ਼ ਖ਼ਾਤਰ ਇਸ ਨੂੰ ਦਾਅ 'ਤੇ ਲਾ ਕੇ ਸਮੁੱਚੀ ਦੁਨੀਆ ਵਿੱਚ ਇਸ ਦਾ ਰੁਤਬਾ ਘਟਾਉਣਾ ਚਾਹੀਦਾ। ਪੱਧਰੀ ਅਤੇ ਪੁਰੇਵਾਲ ਨੇ ਕਿਹਾ ਕਿ ਜਥੇਦਾਰ ਸਾਹਿਬਾਨ ਨੂੰ ਜਾਣ ਲੈਣਾ ਚਾਹੀਦਾ ਹੈ ਕਿ ਬਾਦਲ ਪਰਵਾਰ ਵੱਲੋਂ ਪਿਛਲੇ ਸਮੇਂ ਰਾਜ ਸੱਤਾ ਭੋਗਦਿਆਂ ਪੰਥ ਵਿਰੋਧੀ ਗਤੀਵਿਧੀਆਂ ਨੂੰ ਜਾਣਦਿਆਂ ਬੁੱਝਦਿਆਂ ਅੰਜਾਮ ਦਿੱਤਾ ਗਿਆ, ਜਿਸ ਕਾਰਨ ਸਮੁੱਚੀ ਸਿੱਖ ਕੌਮ ਇਕ ਇਨ੍ਹਾਂ ਕਰਕੇ ਹੀ ਸਾਰੀ ਦੁਨੀਆ ਵਿੱਚ ਮਜ਼ਾਕ ਦੀ ਪਾਤਰ ਬਣੀ ਹੋਈ ਹੈ ਅਤੇ ਅੱਜ ਉਹੀ ਸੁਖਬੀਰ ਸਿੰਘ ਬਾਦਲ ਧਰਮ ਦੀ ਡਿਉੜੀ ਥਾਣੀਂ ਲੰਘ ਕੇ ਸੱਚਾ ਸੁੱਚਾ ਸਾਬਤ ਹੋਣ ਦੀ ਫਿਰਾਕ ਵਿੱਚ ਹੈ ਜੋ ਕਿ ਸਿੱਖ ਪੰਥ ਨੂੰ ਹਰਗਿਜ਼ ਮਨਜ਼ੂਰ ਨਹੀਂ। ਉਨ੍ਹਾਂ ਕਿਹਾ ਕਿ ਸਮੁੱਚੇ ਸਿੱਖ ਜਗਤ ਵਿੱਚ ਉਸ ਦਿਨ ਖੁਸ਼ੀ ਦੀ ਲਹਿਰ ਪ੍ਰਗਟ ਹੋਵੇਗੀ, ਜਿਸ ਦਿਨ ਸੌਦਾ ਸਾਧ ਦੇ ਆੜੀ ਉਸ ਨੂੰ ਮੁਆਫ ਕਰਨ ਵਾਲੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਸਾਹਿਬਾਨ ਅਤੇ ਉਹ ਸਾਰੀਆਂ ਧਿਰਾਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਬਤੌਰ ਦੋਸ਼ੀ ਪੇਸ਼ ਹੋਣਗੇ, ਜਿਨ੍ਹਾਂ ਨੇ ਸੌਦਾ ਸਾਧ ਨੂੰ ਬਿਨ ਮੰਗਿਆਂ ਮੁਆਫੀ ਦੇ ਕੇ ਪੰਥਕ ਰਹੁ ਰੀਤਾਂ ਤੇ ਮਰਿਆਦਾ ਦੀ ਉਲੰਘਣਾ ਕਰਨ ਦੀ ਬੱਜਰ ਗਲਤੀ ਕੀਤੀ। ਪੱਧਰੀ ਅਤੇ ਪੁਰੇਵਾਲ ਨੇ ਕਿਹਾ ਕਿ ਸੌਦਾ ਸਾਧ ਨੂੰ ਮੁਆਫੀ ਦੇਣ ਵਾਲੇ ਸਾਰੇ ਕਾਰਜਕ੍ਰਮ ਵਿੱਚ ਬਾਦਲ ਪਰਵਾਰ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀ ਬਾਖੂਬੀ ਰੋਲ ਨਿਭਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 90 ਲੱਖ ਤੋਂ ਵੱਧ ਦੇ ਵੱਖ-ਵੱਖ ਅਖ਼ਬਾਰਾਂ ਵਿੱਚ ਇਸ਼ਤਿਹਾਰ ਛਪਵਾ ਕੇ ਇਸ ਮੁਆਫੀ ਦੀ ਸ਼ਲਾਘਾ ਕੀਤੀ ਗਈ ਤੇ ਸਗੋਂ ਇਸ ਨੂੰ ਦੇਰ ਨਾਲ ਲਿਆ ਗਿਆ ਸਹੀ ਕਦਮ ਕਿਹਾ ਗਿਆ ਅਤੇ ਇਸ ਉੱਪਰ ਇਕ ਹੋਰ ਮੋਹਰ ਲਾ ਕੇ ਸਿੱਖ ਪੰਥ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਲਈ ਗੁਰੂ ਦੀ ਗੋਲਕ ਵਿੱਚੋਂ ਜਹਾਜ਼ ਦਾ ਕਿਰਾਇਆ ਖਰਚ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 22 ਮੈਂਬਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਲਿਆ ਕੇ ਜਥੇਦਾਰ ਸਾਹਿਬ ਵੱਲੋਂ ਸੌਦਾ ਸਾਧ ਨੂੰ ਮੁਆਫੀ ਦੇਣ ਦਾ ਧੰਨਵਾਦ ਵੀ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਅੱਜ ਸੁਖਬੀਰ ਸਿੰਘ ਬਾਦਲ ਆਪ ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋਣ ਦਾ ਸਵਾਂਗ ਰਚ ਰਹੇ ਹਨ ਅਤੇ ਸੱਚੇ ਸਿੱਖ ਹੋਣ ਦੇ ਦਾਅਵੇ ਕਰ ਰਹੇ ਹਨ ਪ੍ਰੰਤੂ ਉਸ ਵਕਤ ਬਾਦਲ ਪਰਵਾਰ ਵੱਲੋਂ ਸਾਰੀਆਂ ਮਾਣ ਮਰਿਆਦਾ ਦੀਆਂ ਹੱਦਾਂ ਟੱਪਦਿਆਂ ਚੰਡੀਗੜ੍ਹ ਸਥਿਤ ਆਪਣੀ ਕੋਠੀ ਵਿਖੇ ਤਖਤਾਂ ਦੇ ਜਥੇਦਾਰਾਂ ਨੂੰ ਸੱਦ ਕੇ ਸੌਦਾ ਸਾਧ ਨੂੰ ਮੁਆਫੀ ਦੇਣ ਦੇ ਆਦੇਸ਼ ਜਾਰੀ ਕੀਤੇ ਗਏ। ਸੋ ਅਜੇ ਵੀ ਸਮਾਂ ਹੈ ਕਿ ਸਿੱਖ ਕੌਮ ਦੀ ਆਨ- ਸ਼ਾਨ ਨੂੰ ਬਰਕਰਾਰ ਰੱਖਿਆ ਜਾਵੇ ਤੇ ਸ਼ਾਤਰ ਤਰੀਕੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤਣ ਤੋਂ ਪਹਿਲਾਂ ਹੀ ਇਸ ਕੇਸ ਨੂੰ ਕੌਮ ਦੇ ਕਟਹਿਰੇ ਵਿੱਚ ਰਹਿਣ ਦਿੱਤਾ ਜਾਵੇ।




# ਹਰਪਾਲ ਸਿੰਘ ਆਮ ਆਦਮੀ ਪਾਰਟੀ ਸ਼ਹਿਰੀ ਰਮਦਾਸ ਦੇ ਪ੍ਰਧਾਨ ਬਣੇ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**-ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਦੇ ਦਫਤਰ ਵਿੱਚੋਂ ਇੱਕ ਲਿਖਤੀ ਲੈਟਰ ਜਾਰੀ ਕਰਦਿਆਂ ਰਮਦਾਸ ਸ਼ਹਿਰੀ ਆਮ ਆਦਮੀ ਪਾਰਟੀ ਦੇ ਪ੍ਰਧਾਨਗੀ ਦੇ ਅਹੁਦੇ 'ਤੇ ਆਮ ਆਦਮੀ ਪਾਰਟੀ ਦੇ ਟਕਸਾਲੀ ਆਗੂ ਹਰਪਾਲ ਸਿੰਘ ਨੂੰ ਨਿਯੁਕਤ ਕੀਤਾ। ਇਸ ਮੌਕੇ ਹਰਪਾਲ ਸਿੰਘ ਨੇ ਆਪਣੀ ਨਿਯੁਕਤੀ 'ਤੇ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਐਡਵੋਕੇਟ ਅਮਨਦੀਪ ਕੌਰ ਧਾਰੀਵਾਲ ਓ ਐਸ ਡੀ ਐਡਵੋਕੇਟ ਰਜੀਵ ਮੈਦਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਉਨ੍ਹਾਂ ਨੂੰ ਮਾਣ ਸਤਿਕਾਰ ਦਿੱਤਾ ਹੈ ਮੈਂ ਦਿਨ ਰਾਤ ਮਿਹਨਤ ਕਰਕੇ ਪਾਰਟੀ ਅਤੇ ਪੰਜਾਬ ਸਰਕਾਰ ਦੀਆਂ ਸਕੀਮਾਂ ਨੂੰ ਘਰ ਘਰ ਪੁਚਾ ਕੇ ਦਿਨ ਰਾਤ ਮਿਹਨਤ ਕਰਾਂਗਾ ਅਤੇ ਆਉਣ ਵਾਲੀਆਂ ਜਿੰਨੀਆਂ ਇਲੈਕਸ਼ਨਾਂ ਵਿੱਚ ਪਾਰਟੀ ਲਈ ਵਫਾਦਾਰੀ ਲਈ ਕੰਮ ਕਰਾਂਗਾ। ਇਸ ਮੌਕੇ ਓ ਐਸ ਡੀ ਰਜੀਵ ਮੈਦਾਨ, ਰਣਜੀਤ ਸਿੰਘ ਭੰਗੂ, ਕਰਮਜੀਤ ਸਿੰਘ ਬਿੱਟੂ, ਤਲਵਿੰਦਰ ਸਿੰਘ ਰਿੰਕੂ, ਸੁਭਾਸ਼ ਚੰਦਰ, ਸੁਖਦੇਵ ਸਿੰਘ ਸੋਹੀ, ਸੰਦੀਪ ਖਹਿਰਾ, ਦਿਨੇਸ਼ ਸੋਨੀ, ਵਿੱਕੀ ਭਾਟੀਆ, ਨਰਿੰਦਰ ਸਿੰਘ, ਅਜੇ ਕੁਮਾਰ, ਡਾ. ਜਸਬੀਰ ਸਿੰਘ ਜੱਸ ਆਦਿ ਹਾਜ਼ਰ ਸਨ



# ਕਾਰ ਦੀ ਟੱਕਰ ਨਾਲ ਮੋਟਰਸਾਈਕਲ ਸਵਾਰ ਜ਼ਖ਼ਮੀ

**ਫਿਲੌਰ (ਨਿਰਮਲ)**- ਫਿਲੌਰ ਨੇੜੇ ਸਿਕਸ ਲਾਈਨ 'ਤੇ ਇੱਕ ਮੋਟਰਸਾਈਕਲ ਨੰਬਰ ਪੀ.ਬੀ 08 ਡੀ.ਕਿਊ 0463 'ਤੇ ਸਵਾਰ ਨੂੰ ਪਿੱਛੋਂ ਆਉਂਦੀ ਕਾਰ ਨੇ ਟੱਕਰ ਮਾਰ ਦਿੱਤੀ ਜਿਸ ਕਾਰਨ ਉਹ ਜਖਮੀ ਹੋ ਗਿਆ। ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਜਖਮੀ ਨੂੰ ਸੜਕ ਸੁਰੱਖਿਆ ਫੋਰਸ ਦੇ ਥਾਣੇਦਾਰ ਸਰਬਜੀਤ ਸਿੰਘ ਅਤੇ ਉਨ੍ਹਾਂ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਸਿਵਲ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ। ਜਖ਼ਮੀ ਨੇ ਆਪਣਾ ਨਾਂਅ ਵਿਜੇ ਕੁਮਾਰ ਪੁੱਤਰ ਹਰੀ ਰਾਮ ਵਾਸੀ ਸ਼ਾਹਪੁਰ ਫਿਲੌਰ ਦੱਸਿਆ। ਥਾਣਾ ਫਿਲੌਰ ਦੀ ਪੁਲਸ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 19 ਜੁਲਾਈ 2024

# ਬੇਰੁਜ਼ਗਾਰੀ ਦੀ ਮਹਾਂਮਾਰੀ

ਮੁੰਬਈ ਏਅਰਪੋਰਟ 'ਤੇ ਏਅਰ ਇੰਡੀਆ ਏਅਰਪੋਰਟ ਸਰਵਿਸਿਜ਼ ਲਿਮਟਿਡ ਵੱਲੋਂ ਮੰਗਲਵਾਰ ਏਅਰਪੋਰਟ ਲੋਡਰ ਦੀ ਭਰਤੀ ਦੌਰਾਨ ਭਗਦੜ ਵਰਗੀ ਸਥਿਤੀ ਪੈਦਾ ਹੋ ਗਈ। ਇਕ ਰਿਪੋਰਟ ਮੁਤਾਬਕ ਕਰੀਬ 1800 ਅਸਾਮੀਆਂ ਲਈ 25 ਹਜ਼ਾਰ ਤੋਂ ਵੱਧ ਨੌਜਵਾਨ ਪੁੱਜੇ ਤੇ ਏਅਰ ਇੰਡੀਆ ਦੇ ਮੁਲਾਜ਼ਮਾਂ ਨੂੰ ਭਾਰੀ ਭੀੜ ਨੂੰ ਸੰਭਾਲਣ ਲਈ ਕਾਫੀ ਮੁਸ਼ੱਕਤ ਕਰਨੀ ਪਈ। ਐਵੀਏਸ਼ਨ ਇੰਡਸਟਰੀ ਇੰਪਲਾਈਜ਼ ਗਿਲਡ ਦੇ ਜਨਰਲ ਸਕੱਤਰ ਜਾਰਜ ਅਬਰਾਹਮ ਮੁਤਾਬਕ ਭਰਤੀ ਪ੍ਰਕਿਰਿਆ ਦੇ ਘਟੀਆ ਪ੍ਰਬੰਧ ਸਨ ਤੇ ਇੰਟਰਵਿਊ ਲਈ 50 ਹਜ਼ਾਰ ਲੋਕ ਪੁੱਜੇ ਸਨ। ਉਨ੍ਹਾ ਕੰਪਨੀ ਨੂੰ ਇਸ ਬਾਰੇ ਖਬਰਦਾਰ ਵੀ ਕੀਤਾ ਸੀ। ਲੋਕਾਂ ਦੀ ਇਕ ਕਿਲੋਮੀਟਰ ਤੱਕ ਲਾਈਨ ਲੱਗ ਗਈ ਤੇ ਪੁਲਸ ਸੱਦਣੀ ਪਈ। 1786 ਅਪ੍ਰੈਂਟਿਸ ਤੇ 16 ਯੂਟੀਲਿਟੀ ਏਜੰਟਾਂ ਦੀ ਭਰਤੀ ਲਈ ਏਨੇ ਲੋਕਾਂ ਦਾ ਪੁੱਜਣਾ ਦਰਸਾਉਂਦਾ ਹੈ ਕਿ ਦੇਸ਼ ਵਿਚ ਬੇਰੁਜ਼ਗਾਰੀ ਦਾ ਕੀ ਆਲਮ ਹੈ। ਇਨ੍ਹਾਂ ਨੂੰ 22530 ਰੁਪਏ ਦੀ ਉੱਕੀ-ਪੁੱਕੀ ਤਨਖਾਹ 'ਤੇ ਤਿੰਨ ਸਾਲ ਲਈ ਠੇਕੇ 'ਤੇ ਭਰਤੀ ਕੀਤਾ ਜਾਣਾ ਸੀ।

9 ਜੁਲਾਈ ਨੂੰ ਗੁਜਰਾਤ ਦੇ ਅੰਕਲੇਸ਼ਵਰ ਵਿਚ ਇਕ ਫਰਮ ਵੱਲੋਂ ਆਯੋਜਿਤ ਵਾਕ-ਇਨ-ਇੰਟਰਵਿਊ ਲਈ ਹਜ਼ਾਰਾਂ ਲੋਕ ਪੁੱਜੇ ਸਨ। ਥਰਮੈਕਸ ਲਾਰਡਜ਼ ਪਲਾਜ਼ਾ ਹੋਟਲ ਅੰਕਲੇਸ਼ਵਰ ਵਿਚ ਸ਼ਿਫਟ ਇੰਚਾਰਜ, ਪਲਾਂਟ ਅਪਰੇਟਰ, ਸੁਪਰਵਾਈਜ਼ਰ, ਫਿਟਰ ਆਦਿ ਦੀਆਂ ਅਸਾਮੀਆਂ ਲਈ ਇੰਟਰਵਿਊ ਰੱਖੀ ਗਈ ਸੀ। ਨੌਜਵਾਨ ਇੰਟਰਵਿਊ ਦੇਣ ਲਈ ਏਨੀ ਜੱਦੋ-ਜਹਿਦ ਕਰਦੇ ਦੇਖੇ ਗਏ ਕਿ ਰੇਲਿੰਗ ਤੱਕ ਟੁੱਟ ਗਈ ਤੇ ਕਈ ਹੇਠਾਂ ਡਿੱਗ ਪਏ।

ਦੇਸ਼ ਵਿਚ ਬੇਰੁਜ਼ਗਾਰੀ ਲਗਾਤਾਰ ਵਧ ਰਹੀ ਹੈ। ਸੀ ਐੱਮ ਆਈ ਦੀ ਰਿਪੋਰਟ ਮੁਤਾਬਕ ਪਿੰਡਾਂ ਵਿਚ ਬੇਰੁਜ਼ਗਾਰੀ ਇਸ ਸਾਲ ਦੀ ਮਈ ਵਿਚ 6.3 ਫੀਸਦੀ ਤੋਂ ਵਧ ਕੇ ਜੂਨ ਵਿਚ 9.3 ਫੀਸਦੀ ਅਤੇ ਸ਼ਹਿਰਾਂ ਵਿਚ 8.6 ਫੀਸਦੀ ਤੋਂ ਵਧ ਕੇ 8.9 ਫੀਸਦੀ ਹੋ ਗਈ ਸੀ। ਹਰ ਸਾਲ ਦੋ ਕਰੋੜ ਨੌਕਰੀਆਂ ਦਾ ਵਾਅਦਾ ਕਰਕੇ ਸੱਤਾ ਵਿਚ ਆਈ ਮੋਦੀ ਸਰਕਾਰ ਦੌਰਾਨ 2015 ਤੋਂ 2023 ਤੱਕ ਰੁਜ਼ਗਾਰ ਵਧਣੇ ਤਾਂ ਕੀ ਸਨ, ਘੱਟੋ-ਘੱਟ 16 ਲੱਖ ਨੌਕਰੀਆਂ ਘਟ ਗਈਆਂ। ਇਹ ਗੱਲ ਸਰਕਾਰੀ ਸਰਵੇ ਵਿਚ ਮੰਨੀ ਗਈ ਹੈ। ਸਰਵੇ ਦੀ ਇਹ ਰਿਪੋਰਟ 2017 ਤੋਂ ਬਾਅਦ ਪਹਿਲੀ ਵਾਰ ਜਾਰੀ ਕੀਤੀ ਗਈ। ਸਰਕਾਰ ਨੇ ਏਨੇ ਸਾਲ ਇਹ ਅੰਕੜੇ ਲੁਕੋਈ ਰੱਖੇ।

ਦਰਅਸਲ ਬੇਰੁਜ਼ਗਾਰੀ ਦੀ ਬਿਮਾਰੀ ਭਾਰਤ ਵਿਚ ਮਹਾਂਮਾਰੀ ਦਾ ਰੂਪ ਲੈ ਚੁੱਕੀ ਹੈ ਤੇ ਭਾਜਪਾ ਸ਼ਾਸਤ ਰਾਜ ਇਸ ਬਿਮਾਰੀ ਦਾ ਕੇਂਦਰ ਬਣ ਗਏ ਹਨ। ਇਕ ਆਮ ਨੌਕਰੀ ਲਈ ਕਤਾਰਾਂ ਵਿਚ ਧੱਕੇ ਖਾਂਦਾ ਭਾਰਤ ਦਾ ਭਵਿੱਖ ਹੀ ਮੋਦੀ ਦੇ ਅੰਮ੍ਰਿਤਕਾਲ ਦੀ ਹਕੀਕਤ ਹੈ।

# ਵਿਕਾਸ ਤੇ ਵਾਤਾਵਰਣ

**ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**

ਪਿਛਲੇ ਤਿਨ ਦਹਾਕਿਆਂ ਤੋਂ ਪੰਜਾਬ ਦੀ ਧਰਤੀ ਨੇ ਕਣਕ ਦੀ ਪੈਦਾਵਾਰ ਦਾ ਜਿਹੜਾ ਵਿਸ਼ਵ ਰਿਕਾਰਡ ਬਣਾਇਆ, ਉਸ ਨੂੰ ਸਾਰੀ ਦੁਨੀਆ ਨੇ ਦੇਖਿਆ ਹੈ। ਪ੍ਰਤੀ ਹੈਕਟਰ ਵਿੱਚੋਂ ਕਣਕ ਦਾ ਝਾੜ 10 ਟਨ ਕੱਢਿਆ ਹੈ, ਪਰ ਫਿਰ ਵੀ ਪੰਜਾਬ ਦਾ ਕਿਸਾਨ ਨਿਰਾਸ਼ ਹੈ, ਖੁਦਕੁਸ਼ੀਆਂ ਕਰ ਰਿਹਾ ਹੈ, ਕਿਉਂ ?

ਪੰਜਾਬ ਦੇ ਲਗਭਗ 12413 ਪਿੰਡਾਂ ਵਿੱਚ 14 ਲੱਖ ਪਰਵਾਰ ਖੇਤੀਬਾੜੀ ਨਾਲ ਜੁੜੇ ਹੋਏ ਹਨ। ਇਹਨਾਂ ਸਾਰੇ ਪਰਵਾਰਾਂ 'ਤੇ ਲਗਭਗ 16 ਕਰੋੜ ਰੁਪਏ ਦਾ ਕਰਜ਼ਾ ਹੈ। ਬੈਂਕਾਂ ਦਾ ਕਰਜ਼ਾ ਤਾਂ ਫਿਰ ਵੀ ਕਿਸੇ ਲਛਮਣ ਰੇਖਾ ਦੇ ਅੰਦਰ ਹੀ ਹੈ, ਪਰ ਮਹਾਜਨਾਂ, ਆੜ੍ਹਤੀਆਂ ਅਤੇ ਨਵੇਂ ਕਿਸਮ ਦੇ ਮਹਾਜਨਾਂ ਦਾ ਵੀ ਵਿਆਜ ਦਿਨ ਦੁੱਗਣੀ ਤੇ ਰਾਤ ਚੌਗਣੀ ਦਰ ਨਾਲ ਵਧਦਾ ਰਹਿੰਦਾ ਹੈ। ਇਸ ਦਾ ਕਾਰਨ ਹੈ ਪੰਜਾਬ ਦਾ ਕਿਸਾਨ ਤਕਨੀਕੀ ਤੌਰ 'ਤੇ ਦੇਸ਼ ਦਾ ਸਭ ਤੋਂ ਸੰਪੂਰਨ ਕਿਸਾਨ ਹੈ। 2024 ਦੇ ਸਰਵੇ ਅਨੁਸਾਰ ਜਿੱਥੇ ਪੂਰੇ ਦੇਸ਼ ਵਿੱਚ 30 ਲੱਖ ਟਰੈਕਟਰ ਹਨ, ਉੱਥੇ ਇਕੱਲੇ ਪੰਜਾਬ ਵਿੱਚ 10 ਲੱਖ ਦੇ ਲਗਭਗ ਟਰੈਕਟਰ ਹਨ। ਅਰਥਾਤ ਦੇਸ਼ ਦੀ ਕੁੱਲ ਧਰਤੀ ਦੇ 1.54 ਫੀਸਦੀ ਹਿੱਸੇ ਦੇ ਕਿਸਾਨ ਤਕਨੀਕੀ ਦ੍ਰਿਸ਼ਟੀ ਨਾਲ ਦੂਜੇ ਕਿਸਾਨਾਂ ਦੇ ਮੁਕਾਬਲੇ ਲਗਭਗ 24 ਗੁਣਾ ਵੱਧ ਸ਼ਕਤੀ ਵਾਲੇ ਹਨ। ਇੱਥੇ ਹਾਈਟੈਕ ਹੋਣਾ ਪੰਜਾਬ ਦੇ ਕਿਸਾਨਾਂ ਲਈ ਸਭ ਤੋਂ ਵੱਡਾ ਸਰਾਪ ਬਣ ਗਿਆ ਹੈ। ਸਰਵੇ ਅਨੁਸਾਰ ਪੰਜਾਬ ਦੇ ਅੱਧੇ ਕਿਸਾਨ ਪਰਵਾਰਾਂ ਪਾਸ ਔਸਤਨ ਪੰਜ ਹੈਕਟਰ ਜ਼ਮੀਨ ਹੀ ਹੈ। ਉਤਪਾਦਨ ਤਾਂ ਧਰਤੀ ਦੀ ਸ਼ਕਤੀ ਅਨੁਸਾਰ ਹੀ ਹੋਣਾ ਹੈ, ਪਰ ਤਕਨੀਕੀ ਔਜ਼ਾਰਾਂ ਦੀ ਸਾਂਭ -ਸੰਭਾਲ ਦਾ ਖਰਚਾ ਵੀ ਬਹੁਤ ਜ਼ਿਆਦਾ ਬੈਠ ਜਾਂਦਾ ਹੈ। ਪੰਜਾਬ ਵਿੱਚ ਖੇਤੀ ਯੋਗ ਭੂਮੀ 50 ਲੱਖ ਹੈਕਟਰ ਹੈ, ਇਸ ਵਿੱਚੋਂ 26 ਲੱਖ ਹੈਕਟੇਅਰ ਧਰਤੀ 'ਤੇ ਜਦੋਂ ਤੋਂ ਝੋਨੇ ਦੀ ਬਿਜਾਈ ਸ਼ੁਰੂ ਕੀਤੀ, ਉਦੋਂ ਤੋਂ ਹਰ ਸਾਲ ਧਰਤੀ ਦੇ ਹੇਠਲਾ ਪਾਣੀ 40 ਸੈਂਟੀਮੀਟਰ ਹੇਠਾਂ ਚਲਿਆ ਜਾਂਦਾ ਹੈ। ਹੁਣ ਪੰਜਾਬ ਦੇ 91 ਬਲਾਕ ਡਾਰਕ ਜ਼ੋਨ ਵਿੱਚ ਜਾ ਚੁੱਕੇ ਹਨ।

ਹਰੀ ਕ੍ਰਾਂਤੀ ਦੇ ਦੈਂਤ ਨੇ ਇੱਕ ਪਾਸੇ ਜਿੱਥੇ ਪੰਜਾਬ ਨੂੰ ਉਹ ਅਸੀਮਤ ਕੁਦਰਤੀ ਸਮੱਗਰੀ ਬਹਾਲ ਕੀਤੀ, ਉਥੇ ਦੂਜੇ ਪਾਸੇ ਉਸ ਨੇ ਆਪਣੇ ਵਾਤਾਵਰਣ ਦੇ ਤਬਾਹੀ ਵਾਲੇ ਪੈਰਾਂ ਨਾਲ ਕਿਸਾਨਾਂ ਨੂੰ ਕੁਚਲਿਆ ਤੇ ਰੋਲਿਆ ਹੈ। ਖੁਸ਼ਹਾਲ ਬਣਨ ਦੇ ਲਾਲਚ ਵਿੱਚ ਕਿਸਾਨਾਂ ਦਾ ਧਿਆਨ ਵਾਤਾਵਰਨ ਨਾਲ ਹੋਣ ਵਾਲੇ ਨੁਕਸਾਨ ਵੱਲ ਗਿਆ ਹੀ ਨਹੀਂ। ਧਰਤੀ ਦੀ ਉਪਜਾਊ ਸ਼ਕਤੀ ਕੀ ਹੁੰਦੀ ਹੈ? ਕੁਦਰਤੀ ਸਾਧਨਾਂ ਦਾ ਜਲ ਸਰੋਤਾਂ ਦੀ ਮਹੱਤਤਾ ਕੀ ਹੁੰਦੀ ਹੈ ? ਕੀੜਿਆਂ -ਪਤੰਗਿਆਂ, ਪਸ਼ੂਆਂ-ਪੰਛੀਆਂ ਨੂੰ ਪਰਮਾਤਮਾ ਨੇ ਕਿਉਂ ਬਣਾਇਆ ਹੈ ? ਕਿਉਂ ਗੁਰੂਆਂ ਤੇ ਰਿਸ਼ੀਆਂ ਨੇ ਧਰਮਸ਼ਾਲਾਵਾਂ ਨੂੰ ਪਾਣੀ ਨਾਲ ਜੋੜ ਕੇ ਪਵਿੱਤਰਤਾ ਪ੍ਰਦਾਨ ਕੀਤੀ? ਕਿਉਂ ਗੁਰਦੁਆਰਿਆਂ ਦੇ ਨਾਲ ਸਰੋਵਰ ਬਣਾਏ ਗਏ? ਕਿਉਂ ਪੰਛੀਆਂ ਨੂੰ ਦਾਣਾ ਖੁਆਇਆ ਜਾਂਦਾ ਰਿਹਾ ? ਕਿਉਂ ਆਮ ਪਬਲਿਕ ਥਾਵਾਂ 'ਤੇ ਕੁਦਰਤ ਨਾਲ ਜੁੜੇ ਮੇਲੇ ਕਰਵਾਏ ਜਾਂਦੇ ਸਨ? ਕਿਉਂ ਪੰਜਾਬ ਦੇ ਪਸ਼ੂਆਂ ਨੂੰ ਲੱਖਾਂ ਬਿਜਲੀ ਫੂਕ ਕੇ ਨਹਾਇਆ ਜਾਂਦਾ ਹੈ? ਕਿਉਂ ਨਸ਼ਾ ਅੱਜ ਪੰਜਾਬੀ ਸੱਭਿਅਤਾ ਦਾ ਰਵਾਇਤੀ ਹਿੱਸਾ ਬਣ ਗਿਆ ਹੈ? ਕਿਉਂ ਹਰ ਰੋਜ਼ ਨੌਜਵਾਨ ਚਿੱਟੇ ਦੇ ਟੀਕੇ ਲਾ ਕੇ ਮਰ ਰਹੇ ਹਨ ? ਕਦੇ ਇਸ ਪ੍ਰਦੇਸ਼ ਵਿੱਚ 17500 ਤਲਾਬ ਤੇ ਬੌਲੀਆਂ ਹੋਇਆ ਕਰਦੀਆਂ ਸਨ। ਖੂਹਾਂ 'ਤੇ ਲੱਗੇ ਬੋਹੜ ਅਤੇ ਪਿੱਪਲਾਂ ਠੰਢੀ ਛਾਂ ਮਾਣਦੇ ਹੋਏ ਖੂਹਾਂ ਦਾ ਪਾਣੀ ਖੁਸ਼ ਹੋ ਕੇ ਪੀਤਾ ਜਾਂਦਾ ਸੀ, ਪਰ ਹਰੀ ਕ੍ਰਾਂਤੀ ਦਾ ਦੈਂਤ ਸਭ ਕੁਝ ਹੜੱਪ ਕਰ ਗਿਆ ਹੈ। ਅੱਜ ਕਾਂ, ਚਿੜੀਆਂ, ਗਿਰਝਾਂ , ਕਬੂਤਰ, ਚਿੜੀਆਂ ਆਦਿ ਕਿਤੇ ਨਹੀਂ ਦਿਸਦੀਆਂ। ਇਸ ਦੈਂਤ ਦੇ ਸਾਹਮਣੇ ਅਜਿਹੇ ਸੈਂਕੜੇ ਵਿਕਾਸ ਨਾਲ ਸੰਬੰਧਤ ਪ੍ਰਸ਼ਨ ਖੜ੍ਹੇ ਹੋ ਗਏ ਹਨ। ਪੰਜਾਬ ਦੇ ਉੱਚੇ ਵਰਗ ਵਿੱਚ ਨਸ਼ੇ ਦੇ ਨਾਲ -ਨਾਲ ਵਿਕਾਸ ਦੇ ਨਾਂਅ 'ਤੇ ਕਈ ਬੁਰਾਈਆਂ ਵੀ ਆ ਗਈਆਂ ਹਨ। ਸਰਕਾਰਾਂ ਨੂੰ ਵੀ ਸੋਚਣਾ ਚਾਹੀਦਾ ਹੈ ਕਿ ਉਹ ਕਿਸਾਨਾਂ ਨੂੰ ਇਸ ਮੱਕੜ ਜਾਲ ਵਿੱਚੋਂ ਬਾਹਰ ਕੱਢਣ। ਉਹਨਾਂ ਨੂੰ ਕਰਜ਼ਿਆਂ ਵਿੱਚ ਰਾਹਤ ਦੇਣ, ਐੱਮ.ਐੱਸ.ਪੀ. ਦੇਣ, ਤਾਂ ਕਿ ਆਪਣੇ ਮੁਲਕ ਦੀ ਕਿਸਾਨੀ ਬਚ ਸਕੇ। ਹਾਂ, ਕਿਸਾਨਾਂ ਨੂੰ ਵੀ ਬੈਂਕਾਂ ਦੇ ਕਰਜ਼ੇ ਦੀ ਸਹੀ ਵਰਤੋਂ ਕਰਨੀ ਚਾਹੀਦੀ ਹੈ। ਵਿਆਹ- ਸ਼ਾਦੀਆਂ 'ਤੇ ਜ਼ਿਆਦਾ ਖਰਚ ਨਹੀਂ ਕਰਨਾ ਚਾਹੀਦਾ। ਇੱਕ-ਦੂਜੇ ਦੀ ਵੇਖਾ-ਵੇਖੀ ਅੱਡੀਆਂ ਚੱਕ ਕੇ ਫਾਹਾ ਨਹੀਂ ਲੈਣਾ ਚਾਹੀਦਾ। ਨੌਜਵਾਨਾਂ ਨੂੰ ਨਸ਼ਿਆਂ ਵਿੱਚੋਂ ਕੱਢਣ ਦੇ ਉਪਰਾਲੇ ਸਰਕਾਰ ਪਹਿਲ ਦੇ ਅਧਾਰ 'ਤੇ ਕਰੇ। ਰੋਜ਼ਗਾਰ ਦੇਵੇ, ਤਾਂ ਕਿ ਉਹ ਨਸ਼ਿਆਂ ਦੀ ਦਲ-ਦਲ ਵਿੱਚ ਨਾ ਫ਼ਸਣ ਨਾਲੇ ਆਪਾਂ ਸਾਰੇ ਵਾਤਾਵਰਨ ਨੂੰ ਬਚਾਈਏ। ਪਾਣੀ ਦੀ ਘੱਟ ਤੋਂ ਘੱਟ ਵਰਤੋਂ ਕਰੀਏ? ਨਹੀਂ ਤਾਂ ਰਾਸ਼ਨ ਦੀਆਂ ਦੁਕਾਨਾਂ ਵਾਂਗੂ ਸਾਨੂੰ ਪਾਣੀ ਦੀਆਂ ਬੋਤਲਾਂ ਹੀ ਮਿਲਿਆ ਕਰਨਗੀਆਂ ਅਤੇ ਸਾਹ ਲੈਣ ਲਈ ਸਾਨੂੰ ਆਕਸੀਜਨ ਦੇ ਸਿਲੰਡਰ ਆਪਣੀਆਂ ਢੂਈਆਂ 'ਤੇ ਲੱਦਣੇ ਪਿਆ ਕਰਨਗੇ।

# ਸੰਪਰਕ : 62841-45349

# ਲੋਕਤੰਤਰ 'ਚ ਹਿੰਸਾ ਲਈ ਕੌਣ ਜ਼ਿੰਮੇਵਾਰ



ਗੁਰਮੀਤ ਸਿੰਘ ਪਲਾਹੀ

ਅਮਰੀਕਾ ਵਿੱਚ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਹੋਏ ਹਮਲੇ ਦੇ ਬਾਅਦ ਸੁਭਾਵਕ ਤੌਰ 'ਤੇ ਉਥੇ ਦੀਆਂ ਸੁਰੱਖਿਆ ਅਤੇ ਖੁਫ਼ੀਆ ਏਜੰਸੀਆਂ 'ਤੇ ਸਵਾਲ ਉੱਠਣ ਲੱਗੇ ਹਨ। ਟਰੰਪ ਇਸ ਵੇਰ ਵੀ ਰਾਸ਼ਟਰਪਤੀ ਚੋਣਾਂ 'ਚ ਰੀਪਬਲਿਕਨ ਪਾਰਟੀ ਵੱਲੋਂ ਉਮੀਦਵਾਰ ਹਨ।

ਅਮਰੀਕਾ ਦੇ 78 ਸਾਲਾ ਸਾਬਕਾ ਰਾਸ਼ਟਰਪਤੀ ਟਰੰਪ ਨੇ ਪੈਨਸਿਲਵੇਨੀਆ 'ਚ ਹਮਲੇ ਤੋਂ ਬਾਅਦ ਪਹਿਲੀ ਇੰਟਰਵਿਊ 'ਚ ਕਿਹਾ-ਮੈਨੂੰ ਮਰ ਜਾਣਾ ਚਾਹੀਦਾ ਸੀ। ਇਹ ਹਮਲਾ ਇੱਕ ਅਸਲ ਅਨੁਭਵ ਸੀ। ਰੱਬ ਨੇ ਮੈਨੂੰ ਬਚਾਇਆ ਹੈ।

ਉਹਨਾ 'ਤੇ ਇਹ ਹਮਲਾ ਇੱਕ ਨੌਜਵਾਨ ਵਲੋਂ ਅਮਰੀਕਾ ਦੇ ਸ਼ਹਿਰ ਬਟਲਰ (ਪੈਨਸਿਲਵੇਨੀਆ ਸਟੇਟ) ਵਿਖੇ ਕੀਤਾ ਗਿਆ। ਗੋਲੀ ਉਹਨਾ ਦੇ ਕੰਨ ਕੋਲੋਂ ਸ਼ੂਕਦੀ ਲੰਘ ਗਈ। ਨਿਸ਼ਾਨਾ ਖੁੰਝ ਗਿਆ। ਟਰੰਪ ਬਚ ਗਿਆ। ਸੁਰੱਖਿਆ ਕਰਮਚਾਰੀਆਂ ਨੇ ਮੌਕੇ 'ਤੇ ਹੀ ਨੌਜਵਾਨ ਨੂੰ ਮਾਰ ਦਿੱਤਾ।

ਇਸ ਹਮਲੇ ਤੋਂ ਬਾਅਦ ਸਿਆਸੀ ਬਿਆਨਬਾਜ਼ੀ ਹੋ ਰਹੀ ਹੈ। ਰੀਪਬਲਿਕਨ ਪਾਰਟੀ ਦੇ ਕੁਝ ਨੇਤਾ ਦੋਸ਼ ਲਾ ਰਹੇ ਹਨ ਕਿ ਮੌਜੂਦਾ ਰਾਸ਼ਟਰਪਤੀ ਜੋਅ ਬਾਇਡਨ ਦੇ ਬਿਆਨਾਂ ਕਾਰਨ ਇਹ ਸਭ ਕੁਝ ਵਾਪਰਿਆ ਹੈ। ਉਹਨਾ ਕਿਹਾ ਕਿ ਅਮਰੀਕਾ 'ਚ ਸਿਆਸੀ ਹਿੰਸਾ ਲਈ ਕੋਈ ਥਾਂ ਨਹੀਂ ਹੈ। ਉਂਜ ਅਮਰੀਕਾ ਵਿੱਚ ਇਹ ਇਹੋ ਜਿਹੀ ਪਹਿਲੀ ਘਟਨਾ ਨਹੀਂ ਹੈ। ਪਹਿਲਾਂ ਵੀ ਸਾਬਕਾ ਰਾਸ਼ਟਰਪਤੀਆਂ, ਤਤਕਾਲੀ ਰਾਸ਼ਟਰਪਤੀਆਂ ਉਤੇ ਇਹੋ ਜਿਹੇ ਹਮਲੇ ਹੁੰਦੇ ਰਹੇ ਹਨ।

ਸਵਾਲ ਉੱਠਦਾ ਹੈ ਕਿ ਇਹ ਹਮਲਾ ਕੀ ਨੌਜਵਾਨ ਵੱਲੋਂ ਆਪਣੇ ਤੌਰ 'ਤੇ ਇਕੱਲਿਆਂ ਕੀਤਾ ਗਿਆ ਜਾਂ ਇਸ ਪਿੱਛੇ ਕਿਸੇ ਹੋਰ ਦਾ ਹੱਥ ਸੀ? 20 ਸਾਲ ਦੇ ਇਸ ਨੌਜਵਾਨ ਵੱਲੋਂ ਜੋ ਹਾਈ ਸਕੂਲ ਤੱਕ ਪੜ੍ਹਿਆ ਸੀ, ਬੇਰੁਜ਼ਗਾਰੀ ਦੀ ਮਾਰ ਝੱਲ ਰਿਹਾ ਸੀ, ਇਹੋ ਜਿਹਾ ਹਮਲਾ ਅਮਰੀਕਾ ਵਸਦੇ ਨੌਜਵਾਨਾਂ ਦੇ ਮਨਾਂ 'ਚ ਸਿਆਸੀ ਲੋਕਾਂ ਪ੍ਰਤੀ ਪੈਦਾ ਹੋਏ ਗੁੱਸੇ ਦਾ ਇਜ਼ਹਾਰ ਹੋ ਸਕਦਾ ਹੈ।

ਅਮਰੀਕਾ 'ਚ ਮਹਿੰਗਾਈ ਵਧ ਰਹੀ ਹੈ। ਬੇਰੁਜ਼ਗਾਰੀ ਦਾ ਅੰਤ ਨਹੀਂ ਹੈ। ਰੂਸ ਅਤੇ ਯੂਕਰੇਨ ਦੇ ਆਪਸੀ ਯੁੱਧ ਕਾਰਨ ਅਮਰੀਕਾ 'ਚ ਤੇਲ ਕੀਮਤਾਂ ਦੇ ਵਾਧੇ ਕਾਰਨ ਉਥੋਂ ਦੇ ਪਰਵਾਰਾਂ ਦੀ ਆਰਥਿਕ ਸਥਿਤੀ ਗੜਬੜ ਹੋ ਚੁੱਕੀ ਹੈ। ਲੋਕਾਂ ਖ਼ਾਸ ਕਰਕੇ ਨੌਜਵਾਨਾਂ 'ਚ ਵੱਡਾ ਅਸੰਤੋਸ਼ ਹੈ। ਉਹਨਾ ਦੇ ਮਨਾਂ 'ਚ ਨਰਾਜ਼ਗੀ ਹੈ। ਉਹ ਆਮ ਹੀ ਹਿੰਸਕ ਵਰਤਾਅ ਕਰਦੇ ਦੇਖੇ ਜਾ ਰਹੇ ਹਨ। ਹਜ਼ਾਰਾਂ ਦੀ ਗਿਣਤੀ 'ਚ ਨੌਜਵਾਨ ਇਹੋ ਜਿਹੀਆਂ ਘਟਨਾਵਾਂ ਕਾਰਨ ਜੇਲ੍ਹਾਂ 'ਚ ਹਨ।

ਇਹ ਘਟਨਾ ਅਮਰੀਕਾ ਵਰਗੇ ਲੋਕਤੰਤਰ ਲਈ ਚਿੰਤਾ ਦਾ ਵਿਸ਼ਾ ਹੈ। ਨੌਜਵਾਨਾਂ 'ਚ ਹਿੰਸਕ ਪ੍ਰਵਿਰਤੀ ਪਨਪ ਰਹੀ ਹੈ, ਜੋ ਬਿਨਾਂ ਸ਼ੱਕ ਅਮਰੀਕੀ ਲੋਕਤੰਤਰ ਲਈ ਖ਼ਤਰੇ ਦੀ ਘੰਟੀ ਹੈ।

ਪਿਛਲੀ ਵੇਰ ਜਦੋਂ ਟਰੰਪ ਰਾਸ਼ਟਰਪਤੀ ਦੀ ਚੋਣ ਹਾਰੇ ਸਨ ਤਾਂ ਉਹਨਾ ਦੇ ਹੱਕ ਵਿੱਚ ਅਮਰੀਕਾ 'ਚ ਵੱਡੀ ਭੰਨ-ਤੋੜ ਹੋਈ ਸੀ। ਉਸ ਦੇ ਹਮਾਇਤੀ ਅਮਰੀਕੀ ਸੰਸਦ 'ਚ ਜ਼ਬਰਦਸਤੀ ਵੜ ਗਏ ਸਨ। ਅਮਰੀਕਾ 'ਚ ਨਸਲੀ ਹਿੰਸਾ ਵੀ ਵੇਖਣ ਨੂੰ ਮਿਲੀ। ਦੂਜੇ ਦੇਸ਼ਾਂ ਦੇ ਨਾਗਰਿਕਾਂ ਖਿਲਾਫ਼ ਵੀ ਗੁੱਸਾ ਅਤੇ ਨਫ਼ਰਤ ਵੇਖਣ ਨੂੰ ਮਿਲੀ ਸੀ, ਕਿਉਂਕਿ ਟਰੰਪ ਆਪ ਵੀ ਅਮਰੀਕਾ ਦੇ ਅਸਲੀ ਨਾਗਰਿਕਾਂ ਦੇ ਹੱਕ 'ਚ ਖੜਦਾ ਹੈ ਅਤੇ ਵਿਦੇਸ਼ਾਂ ਤੋਂ ਜਿਹੜੇ ਲੋਕ ਸ਼ਰਨਾਰਥੀ ਵਜੋਂ ਜਾਂ ਲੁਕ ਛਿਪ ਕੇ ਪੁੱਜਦੇ ਹਨ, ਉਹ ਉਹਨਾ ਦੇ ਹੱਕ ਵਿੱਚ ਨਹੀਂ। ਉਹ ਖੁੱਲ੍ਹੇਆਮ ਕਹਿੰਦਾ ਹੈ ਕਿ ਅਮਰੀਕਾ 'ਤੇ ਸਿਰਫ਼ ਅਮਰੀਕੀਆਂ ਦਾ ਹੱਕ ਹੈ।

ਅਮਰੀਕਾ ਦੁਨੀਆ ਭਰ 'ਚ ਆਪਣੇ ਆਪ ਨੂੰ ਲੋਕਤੰਤਰ, ਲੋਕਤੰਤਰੀ ਕਦਰਾਂ-ਕੀਮਤਾਂ ਦਾ ਮੋਹਰੀ, ਮੁਦੱਈ ਸਮਝਦਾ ਹੈ। ਆਪਣੇ ਆਪ ਨੂੰ ਦੁਨੀਆ ਦਾ ਵੱਡਾ ਠਾਣੇਦਾਰ ਕਹਾਉਣ ਵਾਲੇ ਦੇਸ਼ ਅਮਰੀਕਾ 'ਚ ਇਹੋ ਜਿਹੀਆਂ ਘਟਨਾਵਾਂ ਦਾ ਵਾਪਰਨਾ ਉਥੋਂ ਦੇ ਸ਼ਾਸਨ-ਪ੍ਰਸ਼ਾਸਨ ਉਤੇ ਵੱਡੇ ਸਵਾਲ ਖੜੇ ਕਰਦਾ ਹੈ।

ਇਸ ਗੱਲ 'ਚ ਵੱਡੀ ਸੱਚਾਈ ਹੈ ਕਿ ਦਿਖਾਵੇ ਦੇ ਤੌਰ 'ਤੇ ਵੱਡੇ ਤੋਂ ਵੱਡੇ ਲੋਕਤੰਤਰਕ ਦੇਸ਼ਾਂ 'ਚ ਇਹੋਜਿਹੀਆਂ ਹਿੰਸਕ ਘਟਨਾਵਾਂ ਵਾਪਰਦੀਆਂ ਹਨ। ਦੇਸ਼ ਦੇ ਹਾਕਮ ਵਿਰੋਧੀਆਂ ਨੂੰ ਠਿੱਠ ਕਰਨ ਲਈ ਉਹਨਾ 'ਤੇ ਚੰਗੇ-ਮੰਦੇ ਮੁਕੱਦਮੇ ਦਰਜ ਕਰਦੇ ਹਨ। ਉਦਾਹਰਨ ਆਪਣੇ ਆਪ ਨੂੰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਕਹਾਉਣ ਵਾਲੇ ਭਾਰਤ ਦੀ ਵੀ ਹੈ, ਦੋ ਮੁੱਖ ਮੰਤਰੀ ਅਤੇ ਦਰਜਨਾਂ ਹੋਰ ਲੋਕਾਂ ਉਤੇ ਸਿਆਸਤ-ਪ੍ਰੇਰਿਤ ਮੁਕੱਦਮੇ ਦਰਜ ਹੋਏ ਹਨ, ਉਹਨਾ ਨੂੰ ਜੇਲੀਂ ਡੱਕਿਆ ਗਿਆ। ਨੀਤੀਆਂ ਦਾ ਵਿਰੋਧ ਕਰਨ ਵਾਲੇ ਲੋਕ ਹੁਣ ਵੀ ਜੇਲ੍ਹਾਂ 'ਚ ਬੰਦ ਹਨ। ਉਮਰ ਖਾਲਿਦ ਵਰਗਾ ਚਿੰਤਕ ਵਿਦਿਆਰਥੀ ਅਤੇ ਕਈ ਹੋਰ ਚਿੰਤਕ, ਲੇਖਕ, ਬੁੱਧੀਜੀਵੀ ਵਰ੍ਹਿਆਂ ਤੋਂ ਜੇਲ੍ਹਾਂ 'ਚ ਬਿਨਾਂ ਮੁਕੱਦਮਾ ਤੜੇ ਹੋਏ ਹਨ।

ਗੁਆਂਢੀ ਦੇਸ਼ ਪਾਕਿਸਤਾਨ ਦਾ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਜੇਲ੍ਹ 'ਚ ਬੈਠਾ ਕਈ ਮੁਸੀਬਤਾਂ ਦਾ ਸਾਹਮਣਾ ਕਰ ਰਿਹਾ ਹੈ। ਉਸ ਦੀ ਪਾਰਟੀ ਤਹਿਰੀਕ-ਏ-ਇਨਸਾਫ ਪਾਰਟੀ 'ਤੇ ਪਾਕਿਸਤਾਨ ਸਰਕਾਰ ਵੱਲੋਂ ਪਾਬੰਦੀ ਲਗਾਉਣ ਦੀ ਯੋਜਨਾ ਹੈ। ਪਹਿਲਾਂ ਇਮਰਾਨ ਖਾਨ ਨੇ ਵੀ ਆਪਣੇ ਸਿਆਸੀ ਵਿਰੋਧੀਆਂ ਨੂੰ ਨਹੀਂ ਸੀ ਬਖ਼ਸ਼ਿਆ।

ਲੋਕਤੰਤਰ ਦੇ ਨਾਂਅ 'ਤੇ ਲੋਕਾਂ ਦੀਆਂ ਅੱਖਾਂ 'ਚ ਇਹ ਸਿਆਸੀ ਲੋਕ ਘੱਟਾ ਪਾਉਂਦੇ ਹਨ, ਲੋਕਾਂ ਦੇ ਮਸਲਿਆਂ ਭੁੱਖਮਰੀ, ਗਰੀਬੀ, ਬੇਰੁਜ਼ਗਾਰੀ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਸਿਆਸੀ ਸ਼ਰੀਕੇਬਾਜ਼ੀ 'ਚ ਲੋਕਾਂ ਨੂੰ ਉਲਝਾਈ ਰੱਖਦੇ ਹਨ ਅਤੇ ਲੱਗਭਗ ਤਾਨਾਸ਼ਾਹ ਬਣ ਕੇ ਰੂਸ ਦਾ ਸ਼ਾਸਕ ਪੁਤਿਨ ਲੋਕ ਵਿਖਾਵੇ ਲਈ ਚੋਣਾਂ ਕਰਵਾਉਂਦਾ ਹੈ। ਆਪਣੇ ਪਾਰਟੀ ਦੇ ਕਾਰਕੁੰਨਾਂ ਜਾਂ ਪੁਲਸ ਪ੍ਰਸ਼ਾਸਨ ਰਾਹੀਂ ਵਿਰੋਧੀਆਂ ਨੂੰ ਗੁੱਠੇ ਲਾਉਂਦਾ ਹੈ। ਇਹੋ ਕੁਝ ਯੂ.ਪੀ. 'ਚ ਇਹੋ ਕੁਝ ਪੱਛਮੀ ਬੰਗਾਲ 'ਚ ਅਤੇ ਹੋਰ ਸੂਬਿਆਂ 'ਚ ਵੀ ਵੇਖਣ ਨੂੰ ਮਿਲਦਾ ਹੈ, ਜਿਥੇ ਵਿਰੋਧੀਆਂ ਨੂੰ ਦਬਾਉਣ ਕਈ ਬੁਲਡੋਜ਼ਰ ਨੀਤੀ ਵਰਤੀ ਗਈ।

ਇਹੋ ਜਿਹੀਆਂ ਹਾਲਤਾਂ ਜਦੋਂ ਦੇਸ਼ 'ਚ ਚੇਤੰਨ ਵਰਗ ਜਾਂ ਨੌਜਵਾਨ ਵੇਖਦੇ, ਭਾਂਪਦੇ ਹਨ, ਉਹਨਾ ਦੇ ਮਨਾਂ 'ਚ ਰੋਸ ਪੈਦਾ ਹੋਣਾ ਸੁਭਾਵਿਕ ਹੈ। ਇਹ ਰੋਸ ਕਈ ਹਾਲਤਾਂ 'ਚ ਵੱਡੀ ਹਿੰਸਾ ਦਾ ਕਾਰਨ ਬਣਦਾ ਹੈ, ਫਿਰਕੂ ਫਸਾਦ ਹੁੰਦੇ ਹਨ, ਵਿਰੋਧੀਆਂ ਨਾਲ ਝੜਪਾਂ ਹੁੰਦੀਆਂ ਹਨ।

ਕਦੇ-ਕਦੇ ਇਹ ਹਿੰਸਾ ਘੱਟ-ਗਿਣਤੀਆਂ ਉਤੇ ਵੱਡੇ ਹਮਲਿਆਂ ਦੇ ਰੂਪ 'ਚ ਸਾਹਮਣੇ ਆਉਂਦੀ ਹੈ। ਕਾਰਨ ਬਣਦੀ ਹੈ। ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ ਕਤਲ 1984 'ਚ ਸਿੱਖਾਂ ਦੇ ਕਤਲੇਆਮ ਦਾ ਕਾਰਨ ਬਣਿਆ, ਜਿਸ ਵਿੱਚ ਸੈਂਕੜੇ ਨਿਰਦੋਸ਼ ਸਿੱਖ ਮਾਰ ਦਿੱਤੇ ਗਏ। ਲੋਕਤੰਤਰ ਵਿੱਚ ਦੇਸ਼ ਦੀ 1947 ਦੀ ਵੰਡ ਨੇ ਹੈਵਾਨੀਅਤ ਦੀਆਂ ਸਿਖ਼ਰਾਂ ਛੋਹੀਆਂ। ਲੱਖਾਂ ਲੋਕ ਉਜਾੜੇ ਗਏ, ਮਾਰੇ ਗਏ, ਇਹ ਸਿਰਫ਼ ਫਿਰਕੂ ਫਸਾਦ ਨਹੀਂ ਸਨ, ਲੋਕਤੰਤਰ ਦੇ ਮੱਥੇ ਉਤੇ ਵੱਡਾ ਕਲੰਕ ਸਨ, ਜਿਸ ਨੂੰ ਸਿਆਸੀ ਨੇਤਾ ਚੁੱਪ-ਚਾਪ ਵੇਖਦੇ ਰਹੇ ਅਤੇ ਹਕੂਮਤ ਆਪਣਾ ਖੇਡ ਖੇਡਦੀ ਰਹੀ।

ਲੋਕਤੰਤਰੀ ਭਾਰਤ ਵਿੱਚ ਜੰਮੂ ਕਸ਼ਮੀਰ, ਮਨੀਪੁਰ 'ਚ ਵਾਪਰ ਰਹੀਆਂ ਹਿੰਸਾ ਦੀਆਂ ਘਟਨਾਵਾਂ, ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਨਾਗਰਿਕ ਬਿੱਲ ਪਾਸ ਹੋਣ ਵੇਲੇ ਹੋਏ ਦੰਗੇ, ਗੁਜਰਾਤ ਦੇ ਦੰਗਿਆਂ 'ਚ ਸਿਆਸੀ ਨੇਤਾਵਾਂ ਦੀ ਸਿੱਧੇ ਜਾਂ ਅਸਿੱਧੇ ਢੰਗ ਨਾਲ ਸ਼ਮੂਲੀਅਤ ਸ਼ਰਮਨਾਕ ਵਰਤਾਰਾ ਹੈ। ਇਸ ਕਿਸਮ ਦੀ ਹਿੰਸਾ ਲੋਕਾਂ ਦੇ ਮਨਾਂ 'ਚ ਵਖਰੇਵੇਂ ਪੈਦਾ ਕਰਦੀ ਹੈ। ਮਨਾਂ 'ਚ ਰੋਸ ਪੈਦਾ ਕਰਦੀ ਹੈ ਅਤੇ ਸਮਾਂ ਰਹਿੰਦਿਆਂ ਦੇਸ਼ 'ਚ ਵੱਡੇ ਸੰਕਟ ਵਿੱਚ ਫਸਾਦ ਹੈ।

ਬਿਨਾਂ ਸ਼ੱਕ ਚੋਣਾਂ ਵੇਲੇ ਹੋਈ ਹਿੰਸਾ ਦਾ ਮਕਸਦ ਵਕਤੀ ਤੌਰ 'ਤੇ ਵੋਟਾਂ ਦੀ ਪ੍ਰਾਪਤੀ ਹੋ ਸਕਦਾ ਹੈ, ਪਰ ਇਹ ਬਹੁਤੀ ਵੇਰ ਮਿੱਥ ਕੇ ਕੀਤਾ ਜਾਂਦਾ ਸਮਝਿਆ ਜਾਂਦਾ ਹੈ ਤਾਂ ਕਿ ਕੋਈ ਵਿਸ਼ੇਸ਼ ਸ਼ਖਸ ਜਾਂ ਧਿਰ ਨੂੰ ਉਭਾਰਿਆ ਜਾਵੇ। ਸਿਆਸੀ ਲੋਕਾਂ ਦੀ ਇਹੋ ਭੁੱਖ ਹੀ ਹਿੰਸਕ ਘਟਨਾਵਾਂ ਵਾਪਰਨ ਦਾ ਵੱਡਾ ਕਾਰਨ ਵੀ ਬਣਦੀ ਹੈ। ਅੱਜ ਸਿਆਸੀ ਹਿੰਸਾ ਦਾ ਇਹ ਵਰਤਾਰਾ ਲਗਾਤਾਰ ਕਿਸੇ ਨਾ ਕਿਸੇ ਰੂਪ ਵਿੱਚ ਵਧ ਰਿਹਾ ਹੈ।

ਇਹ ਹਿੰਸਾ ਦੇਸ਼ਾਂ ਵਿਚਕਾਰ ਜੰਗ ਦੇ ਰੂਪ ਵਿੱਚ ਵੀ ਦਿਸਦੀ ਹੈ, ਜਿਵੇਂ ਰੂਸ ਤੇ ਯੂਕਰੇਨ ਦਾ ਯੁੱਧ, ਇਹ ਹਿੰਸਾ ਦੇਸ਼ਾਂ 'ਚ ਕਬੀਲਿਆਂ 'ਚ ਆਪਸੀ ਟੱਕਰ ਵੀ ਹੋ ਸਕਦੀ ਹੈ, ਇਹ ਹਿੰਸਾ ਅਤੰਕਵਾਦ, ਸਿਵਲ ਵਾਰ, ਮਿਲਟਰੀ ਵੱਲੋਂ ਤਖਤਾ ਪਲਟ, ਵੱਡੇ ਰੋਸ ਮੁਜ਼ਾਹਰਿਆਂ ਸਮੇਂ ਹਿੰਸਾ, ਫਿਰਕਿਆਂ ਵਿਚਕਾਰ ਦੰਗੇ, ਕਤਲੇਆਮ, ਕਿਸੇ ਫਿਰਕੇ ਦਾ ਖ਼ਾਤਮਾ ਅਤੇ ਹਕੂਮਤ ਵਲੋਂ ਕੀਤੀ ਕਿਰਦਾਰਕੁਸ਼ੀ ਵੀ ਹੋ ਸਕਦੀ ਹੈ।

ਪਰ ਅੱਜ ਦੇ ਯੁੱਗ 'ਚ ਹਾਕਮਾਂ ਵੱਲੋਂ ਲੁਬਾਦਾ ਲੋਕਤੰਤਰ ਦਾ ਪਹਿਨਿਆ ਜਾ ਰਿਹਾ ਹੈ ਅਤੇ ਦਰਸਾਇਆ ਜਾ ਰਿਹਾ ਹੈ ਕਿ ਇਹ ਵਰਤਾਰਾ ਡਿਕਟੇਟਰਾਨਾ ਨਹੀਂ ਹੈ, ਭਾਵੇਂ ਕਿ ਇਸ ਪਿੱਛੇ ਸੋਚ, ਲੋਕਾਂ ਨੂੰ ਸਾਮ, ਦਾਮ, ਦੰਡ ਰਾਹੀਂ ਆਪਣੇ ਕਾਬੂ 'ਚ ਕਰਨਾ ਹੀ ਹੁੰਦਾ ਹੈ।

ਮੌਜੂਦਾ ਦੌਰ 'ਚ ਲੋਕਤੰਤਰ ਦੇ ਅਰਥ ਹੀ ਬਦਲੇ ਗਏ ਹਨ। ਲੋਕਤੰਤਰ ਵਿੱਚ ਸਰਕਾਰੀ, ਸਹਿਕਾਰੀ ਅਦਾਰਿਆਂ ਦੀ ਥਾਂ ਨਿੱਜੀਕਰਨ, ਖੁਦਮੁਖਤਿਆਰ ਸੰਸਥਾਵਾਂ ਦੀ ਥਾਂ ਹਕੂਮਤੀ ਕਬਜ਼ਾ, ਆਜ਼ਾਦ ਖਿਆਲਾਂ ਤੇ ਆਜ਼ਾਦ ਪ੍ਰੈੱਸ ਮੀਡੀਆ ਉਤੇ ਵੱਡਾ ਦਬਾਅ ਅਤੇ ਕੁਦਰਤੀ ਵਸੀਲਿਆਂ ਉਤੇ ਸਰਕਾਰ ਦੀ ਥਾਂ ਕਾਰਪੋਰੇਟਾਂ ਦੀ ਤੂਤੀ ਬੋਲਣਾ, ਲੋਕਤੰਤਰ ਦੇ ਥੰਮ੍ਹਾਂ ਨੂੰ ਕਮਜ਼ੋਰ ਕਰਨ ਦਾ ਕਾਰਨ ਬਣਿਅ ਹੈ। ਇੱਥੋਂ ਤੱਕ ਕਿ ਆਜ਼ਾਦ ਚੋਣ ਕਮਿਸ਼ਨ ਵੀ ਹੁਣ ਆਜ਼ਾਦ ਨਹੀਂ ਰਹੇ।

ਇੱਥੇ ਹੀ ਬਸ 'ਚ ਕਾਨੂੰਨ ਘੜਨੀ ਸਭਾ ਪਾਰਲੀਮੈਂਟ ਵਿੱਚ ਵੱਡੀ ਗਿਣਤੀ 'ਚ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਦਾ ਜਾ ਬੈਠਣਾ ਅਤੇ ਲੋਕ ਨੁਮਾਇੰਦੇ ਬਣ ਕੇ ਕੰਮ ਕਰਨਾ, ਲੋਕਤੰਤਰ ਵਿੱਚ ਹਿੰਸਕ ਵਰਤਾਰੇ 'ਚ ਵਾਧੇ ਦਾ ਵੱਡਾ ਕਾਰਨ ਹੈ। ਇਸ ਕਰਕੇ ਚੋਣਾਂ ਤੋਂ ਪਹਿਲਾਂ ਹਿੰਸਾ ਦਾ ਤਾਂਡਵ, ਚੋਣਾਂ ਦੌਰਾਨ ਮਾਰ-ਵੱਢ ਅਤੇ ਫਿਰ ਨਤੀਜਿਆਂ ਦੇ ਬਾਅਦ ਬਦਲੇ ਦੀ ਭਾਵਨਾ ਨਾਲ ਅਗਜ਼ਨੀ ਅਤੇ ਤੋੜ-ਫੋੜ ਦੀਆਂ ਘਟਨਾਵਾਂ 'ਚ ਵਾਧਾ ਵੇਖਣ ਨੂੰ ਮਿਲਦਾ ਹੈ।

ਲੋਕਤੰਤਰ ਵਿੱਚ ਹਿੰਸਾ ਦਾ ਮੁੱਖ ਕਾਰਨ ਹੀ ਸਿਆਸੀ ਹਿੰਸਾ ਹੈ, ਜੋ ਹੁਣ ਅਪਰਾਧਿਕ ਹਿੰਸਾ ਦੇ ਨਾਲ ਰਲਗਡ ਹੋ ਚੁੱਕੀ ਹੈ। ਹਿੰਸਾ ਅਸਲ ਵਿੱਚ ਲੋਕਾਂ ਨੂੰ ਨੁਕਸਾਨ ਪਹੁੰਚਾਉਣਾ ਹੈ। ਸਿਆਸੀ ਲੋਕ ਆਪਣੀ ਤਾਕਤ ਵਧਾਉਣ ਲਈ ਸਰੀਰਕ ਹਿੰਸਾ ਦੀ ਵਰਤੋਂ ਕਰਦੇ ਹਨ, ਇਵੇਂ ਹੀ ਜਿਵੇਂ ਅਪਰਾਧੀ ਗ੍ਰੋਹ ਹਥਿਆਰਾਂ ਦੀ ਵਰਤੋਂ ਕਰਦੇ ਹਨ, ਲੁੱਟ-ਮਾਰ ਕਰਦੇ ਹਨ, ਗੋਲੀਬਾਰੀ ਕਰਦੇ ਹਨ, ਸਰੀਰਕ ਤਾਕਤ ਦਾ ਮੁਜ਼ਾਹਰਾ ਕਰਦੇ ਹਨ।

ਸਿਆਸੀ ਹਿੰਸਾ ਕਈ ਰੂਪਾਂ 'ਚ ਇਸੇ ਤਰ੍ਹਾਂ ਨਜ਼ਰ 'ਚ ਆਉਂਦੀ ਹੈ। ਸਿਆਸੀ ਹਿੰਸਾ ਉਦੋਂ ਹੁੰਦੀ ਹੈ, ਜਦ ਸਰੀਰਕ ਨੁਕਸਾਨ ਦਾ ਇਸਤੇਮਾਲ ਸਿਆਸੀ ਇਰਾਦਿਆਂ ਨਾਲ ਪ੍ਰੇਰਿਤ ਹੁੰਦਾ ਹੈ। ਉਦਾਹਰਣ ਲਈ ਜਦ ਹਿੰਸਾ ਦੀ ਵਰਤੋਂ ਕਿਸੇ ਸਮਾਜਿਕ ਵਿਵਸਥਾ ਨੂੰ ਨਸ਼ਟ ਕਰਨ ਲਈ ਜਾਂ ਦਿਖਾਵੇ ਦੇ ਤੌਰ 'ਤੇ ਸਮਾਜਿਕ ਵਿਵਸਥਾ ਨੂੰ ਬਣਾਈ ਰੱਖਣ ਲਈ ਕੀਤੀ ਜਾਂਦੀ ਹੈ, ਤਾਂ ਉਸ ਨੂੰ ਸਿਆਸੀ ਹਿੰਸਾ ਮੰਨਿਆ ਜਾਂਦਾ ਹੈ।

ਇਸ ਤਰ੍ਹਾਂ ਸਿਆਸੀ ਹਿੰਸਾ ਦੀ ਵਰਤੋਂ ਉਹਨਾ ਲੋਕਾਂ ਵੱਲੋਂ ਕੀਤੀ ਜਾਂਦੀ ਹੈ, ਜਿਹੜੇ ਸਮਾਜਿਕ-ਰਾਜਨੀਤਕ ਸਥਿਤੀ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕਰਦੇ ਹਨ। ਦੇਸ਼-ਵਿਦੇਸ਼ ਵਿੱਚ ਇਹ ਵਰਤਾਰਾ ਲਗਾਤਾਰ ਵਧ ਰਿਹਾ ਹੈ, ਜੋ ਲੋਕਤੰਤਰ ਸਥਾਪਤੀ ਜਾਂ ਲੋਕਤੰਤਰ ਕਦਰਾਂ-ਕੀਮਤਾਂ ਬਣਾਈ ਰੱਖਣ ਲਈ ਇੱਕ ਵੱਡੀ ਚੁਣੌਤੀ ਹੈ।

# ਸੰਪਰਕ : 98158-02070

# ਖਿਡਾਰੀ ਸਾਡੇ ਰੋਲ ਮਾਡਲ ਜਾਂ ਜੂਏ ਦੇ ਪ੍ਰਮੋਟਰ

**ਸੰਦੀਪ ਕੁਮਾਰ**

ਡਿਜੀਟਲ ਯੁੱਗ ਦੇ ਆਉਣ ਨਾਲ ਇੰਟਰਨੈੱਟ ਅਤੇ ਮੋਬਾਇਲ ਐਪਸ ਦਾ ਪ੍ਰਚਲਨ ਵਧ ਗਿਆ ਹੈ। ਇਨ੍ਹਾਂ ਵਿੱਚੋਂ ਕਈ ਐਪਸ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਦੀਆਂ ਹਨ ਅਤੇ ਆਪਣਾ ਪ੍ਰਭਾਵ ਪਾਉਂਦੀਆਂ ਹਨ, ਜਿਵੇਂ ਕਿ ਸਿੱਖਿਆ, ਮਨੋਰੰਜਨ, ਵਪਾਰ ਅਤੇ ਸਪੋਰਟਸ। ਹਾਲਾਂਕਿ ਅਗਰ ਸਪੋਰਟਸ ਦੇ ਖੇਤਰ ਦੀ ਗੱਲ ਕਰੀਏ ਤਾਂ ਕੁਝ ਐਪਸ ਨੇ ਸਪੋਰਟਸ ਦੇ ਮੈਦਾਨ ਵਿੱਚ ਇੱਕ ਅਜਿਹਾ ਰਾਹ ਚੁਣਿਆ ਹੈ, ਜੋ ਅਖੀਰਕਾਰ ਸਾਡੇ ਸਮਾਜ ਨੂੰ ਨਕਾਰਾਤਮਕ ਪ੍ਰਭਾਵ ਪਹੁੰਚਾਉਂਦੀਆਂ ਹਨ। ਇਹ ਹਨ ਜੂਏ ਦੀਆਂ ਫੈਂਟੈਸੀ ਐਪਸ, ਜੋ ਸਰੇਆਮ ਸਰਕਾਰਾਂ ਨੂੰ ਟੈਕਸ ਪੇਅ ਕਰਦੇ ਹੋਏ ਡਿਜੀਟਲ ਪਲੇਟਫਾਰਮ ਉੱਤੇ ਜੂਏ ਦਾ ਕੰਮ ਚਲਾਉਂਦੀਆਂ ਹਨ ਅਤੇ ਵੱਡੀਆਂ-ਵੱਡੀਆਂ ਸਪੋਰਟਸ ਦੀਆਂ ਈਵੈਂਟਸ ਨੂੰ ਸਪਾਂਸਰ ਕਰਦੀਆਂ ਹਨ।

ਇਸ ਸਥਿਤੀ ਵਿੱਚ ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਸਾਡੇ ਸਮਾਜ ਵਿੱਚ ਜੋ ਸਪੋਰਟਸ ਦੇ ਪਲੇਅਰ ਅੱਜ ਦੇ ਯੂਥ ਦੇ ਰੋਲ ਮਾਡਲ ਹਨ, ਉਹ ਵੀ ਪੈਸੇ ਦੇ ਲਾਲਚ ਵਿੱਚ ਆ ਕੇ ਇਹਨਾਂ ਜੂਏ ਦੀ ਐਪਸ ਦੀਆਂ ਪ੍ਰਮੋਸ਼ਨਾਂ ਕਰਦੇ ਹਨ। ਜੇਕਰ ਅਸੀਂ ਇਤਿਹਾਸ ਵਿੱਚ ਝਾਤੀ ਮਾਰੀਏ ਤਾਂ ਸਪੋਰਟਸ ਪਲੇਅਰ ਹਮੇਸ਼ਾ ਮਿਹਨਤ, ਨਿਸ਼ਠਾ ਅਤੇ ਇਮਾਨਦਾਰੀ ਦੇ ਪ੍ਰਤੀਕ ਮੰਨੇ ਜਾਂਦੇ ਰਹੇ ਹਨ, ਪਰ ਅੱਜਕੱਲ੍ਹ ਇਹਨਾਂ ਦੇ ਰੋਲ ਮਾਡਲ ਦਾ ਰੂਪ ਬਦਲਦਾ ਜਾ ਰਿਹਾ ਹੈ। ਇਹਨਾਂ ਫੈਂਟੈਸੀ ਜੂਏ ਦੀਆਂ ਐਪਸ ਨੇ ਇੱਕ ਨਵਾਂ ਤਰਕ ਖੋਜਿਆ ਹੈ, ਜੋ ਉਨ੍ਹਾਂ ਦੀ ਵਰਤੋਂ ਨੂੰ ਕਾਨੂੰਨੀ ਬਣਾਉਂਦਾ ਹੈ ਅਤੇ ਉਹ ਉਸ ਨੂੰ 'ਕੌਸ਼ਲ ਵਾਲਾ ਜੂਆ' ਕਹਿੰਦੇ ਹਨ। ਉਹ ਦਾਅਵਾ ਕਰਦੇ ਹਨ ਕਿ ਇਹ ਕਿਸਮਤ ਨਾਲ ਨਹੀਂ, ਬਲਕਿ ਖਿਡਾਰੀ ਦੀ ਕੌਸ਼ਲ ਦੇ ਅਧਾਰ 'ਤੇ ਜਿੱਤਿਆ ਜਾਂਦਾ ਹੈ, ਪਰ ਸੱਚਾਈ ਇਹ ਹੈ ਕਿ ਇਸ ਨੂੰ 'ਕੌਸ਼ਲ ਵਾਲੇ ਜੂਏ' ਦੇ ਨਾਂਅ ਨਾਲ ਕਾਨੂੰਨੀ ਰੂਪ ਦਿੱਤਾ ਗਿਆ ਹੈ, ਜੋ ਕਿਸੇ ਵੀ ਤਰ੍ਹਾਂ ਨਾਲ ਸਾਡੇ ਸਮਾਜ ਦੇ ਸਿਹਤਮੰਦ ਵਾਤਾਵਰਣ ਨੂੰ ਖਰਾਬ ਕਰਦਾ ਹੈ।

ਇਸ ਦੇ ਨਾਲ-ਨਾਲ ਸਪੋਰਟਸ ਦੀਆਂ ਵੱਡੀਆਂ ਈਵੈਂਟਸ ਨੂੰ ਸਪੋਂਸਰ ਕਰਨ ਨਾਲ ਇਹ ਐਪਸ ਆਪਣੇ ਬ੍ਰਾਂਡ ਨੂੰ ਮਜ਼ਬੂਤ ਕਰ ਰਹੀਆਂ ਹਨ। ਜਦੋਂ ਵੱਡੀਆਂ ਸਪੋਰਟਸ ਈਵੈਂਟਸ ਦਾ ਪ੍ਰਸਾਰਨ ਹੁੰਦਾ ਹੈ ਤਾਂ ਇਹਨਾਂ ਜੂਏ ਦੀਆਂ ਐਪਸ ਦੇ ਵਿਗਿਆਪਨ, ਹਰ ਕਿਸੇ ਨੂੰ ਦਿਖਾਈ ਦੇ ਰਹੇ ਹੁੰਦੇ ਹਨ। ਇਸ ਨਾਲ ਇਹਨਾਂ ਐਪਸ ਦੀ ਪਹੁੰਚ ਬਹੁਤ ਵਧ ਜਾਂਦੀ ਹੈ ਅਤੇ ਇਸ ਵਿੱਚ ਕੋਈ ਸ਼ੱਕ ਨਹੀਂ ਕਿ ਇਹਨਾਂ ਦਾ ਮਕਸਦ ਨਵੀਂ ਪੀੜ੍ਹੀ ਨੂੰ ਆਪਣੇ ਵੱਲ ਖਿੱਚਣਾ ਹੁੰਦਾ ਹੈ।

ਸਪੋਰਟਸ ਦੇ ਪਲੇਅਰ, ਜੋ ਅੱਜ ਦੇ ਸਮੇਂ ਵਿੱਚ ਯੂਥ ਦੇ ਰੋਲ ਮਾਡਲ ਹਨ, ਉਹਨਾਂ ਦਾ ਇਹਨਾਂ ਜੂਏ ਦੀਆਂ ਐਪਸ ਦੀਆਂ ਪ੍ਰਮੋਸ਼ਨਾਂ ਵਿੱਚ ਸ਼ਾਮਲ ਹੋਣਾ ਸਾਡੇ ਸਮਾਜ ਲਈ ਇੱਕ ਵੱਡਾ ਕਲੰਕ ਹੈ। ਇਹਨਾਂ ਦੇ ਐਡਜ਼ ਦੇ ਮਾਧਿਅਮ ਨਾਲ ਇਹ ਸਪੋਰਟਸ ਪਲੇਅਰ ਸਿੱਧਾ ਯੂਥ ਨੂੰ ਇਹ ਸੰਦੇਸ਼ ਦੇ ਰਹੇ ਹਨ ਕਿ ਜੂਆ ਖੇਡਣਾ ਗਲਤ ਨਹੀਂ ਹੈ। ਇਹਨਾਂ ਦੇ ਪਿੱਛੇ ਪੈਸੇ ਦਾ ਲਾਲਚ ਇੱਕ ਵੱਡਾ ਕਾਰਨ ਹੈ, ਪਰ ਇਹਨਾਂ ਨੂੰ ਇਹ ਵੀ ਸੋਚਣਾ ਚਾਹੀਦਾ ਹੈ ਕਿ ਉਹਨਾਂ ਦੇ ਐਕਸ਼ਨਾਂ ਦਾ ਸਮਾਜ 'ਤੇ ਕੀ ਅਸਰ ਪੈ ਰਿਹਾ ਹੈ ?

ਇਸ ਸਥਿਤੀ ਨੇ ਸਾਡੇ ਸਮਾਜ ਦੇ ਮੂਲ ਨੈਤਿਕ ਮੁੱਲਾਂ ਨੂੰ ਪੂਰੀ ਤਰ੍ਹਾਂ ਢਹਿ-ਢੇਰੀ ਕਰਕੇ ਰੱਖ ਦਿੱਤਾ ਹੈ। ਅੱਜ ਦੇ ਸਮੇਂ ਵਿੱਚ ਜਦੋਂ ਨੌਜਵਾਨ ਸੋਸ਼ਲ ਮੀਡੀਆ ਅਤੇ ਡਿਜੀਟਲ ਪਲੇਟਫਾਰਮ 'ਤੇ ਜ਼ਿਆਦਾ ਸਮਾਂ ਬਿਤਾਉਂਦੇ ਹਨ, ਉਹ ਸਪੋਰਟਸ ਪਲੇਅਰਾਂ ਦੀ ਪਾਲਣਾ ਕਰਦੇ ਹਨ। ਜਦੋਂ ਉਹ ਆਪਣੇ ਪਸੰਦੀਦਾ ਸਪੋਰਟਸ ਪਲੇਅਰਾਂ ਨੂੰ ਫੈਂਟੈਸੀ ਜੂਏ ਦੀਆਂ ਐਪਸ ਦੀ ਪ੍ਰਮੋਸ਼ਨ ਕਰਦੇ ਦੇਖਦੇ ਹਨ, ਤਾਂ ਉਹ ਵੀ ਇਹ ਸੋਚਦੇ ਹਨ ਕਿ ਇਹ ਸਹੀ ਹੈ। ਇਸ ਨਾਲ ਨੌਜਵਾਨ ਪੀੜ੍ਹੀ ਨੂੰ ਗਲਤ ਰਾਹ 'ਤੇ ਚੱਲਣ ਲਈ ਉਤਸ਼ਹਿਤ ਕੀਤਾ ਜਾਂਦਾ ਹੈ, ਜੋ ਅੰਤ ਵਿੱਚ ਉਨ੍ਹਾਂ ਦੇ ਭਵਿੱਖ ਨੂੰ ਨਕਾਰਾਤਮਕ ਦਿਸ਼ਾ ਵੱਲ ਪ੍ਰਭਵਿਤ ਕਰ ਸਕਦਾ ਹੈ।

ਇਸ ਸਥਿਤੀ ਨੂੰ ਬਦਲਣ ਲਈ ਸਰਕਾਰਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਇੱਕਜੁਟ ਹੋਣਾ ਪਵੇਗਾ। ਸਰਕਾਰਾਂ ਨੂੰ ਜੂਏ ਦੀਆਂ ਐਪਸ ਦੀ ਕਾਨੂੰਨੀ ਮਾਨਤਾ ਨੂੰ ਮੁੜ ਜਾਚਣਾ ਚਾਹੀਦਾ ਹੈ ਅਤੇ ਸਪੋਰਟਸ ਪਲੇਅਰਾਂ ਦੀਆਂ ਜ਼ਿੰਮੇਵਾਰੀਆਂ ਨੂੰ ਨਿਰਧਾਰਿਤ ਕਰਨਾ ਚਾਹੀਦਾ ਹੈ।

ਇਹਨਾਂ ਐਪਸ ਦੀਆਂ ਪ੍ਰਮੋਸ਼ਨਾਂ ਨੂੰ ਰੋਕਣ ਲਈ ਸਖਤ ਕਦਮ ਚੁੱਕਣੇ ਪੈਣਗੇ। ਇਸ ਦੇ ਨਾਲ-ਨਾਲ ਸਪੋਰਟਸ ਪਲੇਅਰਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ ਕਿ ਉਹ ਕਿਸ ਤਰ੍ਹਾਂ ਨਾਲ ਯੂਥ ਨੂੰ ਪ੍ਰਭਾਵਤ ਕਰ ਰਹੇ ਹਨ। ਸਪੋਰਟਸ ਪਲੇਅਰਾਂ ਨੂੰ ਸਿਰਫ ਪੈਸੇ ਦੇ ਲਾਲਚ 'ਚ ਨਹੀਂ, ਬਲਕਿ ਸਮਾਜਿਕ ਜ਼ਿੰਮੇਵਾਰੀ ਨੂੰ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ, ਉਹਨਾਂ ਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਉਹਨਾਂ ਦੀ ਹਰ ਕਿਰਿਆ ਸਾਡੇ ਸਮਾਜ 'ਤੇ ਕਿਸ ਤਰ੍ਹਾਂ ਦਾ ਪ੍ਰਭਾਵ ਪਾ ਸਕਦੀ ਹੈ। ਇਸ ਪ੍ਰਕਾਰ, ਅਸੀਂ ਇੱਕ ਸਿਹਤਮੰਦ ਅਤੇ ਨੈਤਿਕ ਵਾਤਾਵਰਣ ਬਣਾ ਸਕਦੇ ਹਾਂ, ਜਿੱਥੇ ਸਪੋਰਟਸ ਦੇ ਪਲੇਅਰ ਅਸਲ ਵਿੱਚ ਯੂਥ ਦੇ ਸੱਚੇ ਰੋਲ ਮਾਡਲ ਬਣ ਸਕਣ। ਇਸ ਲਈ ਸਾਡੇ ਲਈ ਬਹੁਤ ਜ਼ਰੂਰੀ ਹੈ ਕਿ ਅਸੀਂ ਇਹਨਾਂ ਜੂਏ ਦੀਆਂ ਐਪਸ ਅਤੇ ਉਨ੍ਹਾਂ ਦੇ ਵਿਸ਼ੇ 'ਤੇ ਇੱਕ ਗੰਭੀਰ ਚਰਚਾ ਸ਼ੁਰੂ ਕਰੀਏ।

# ਸੰਪਰਕ : 70098-07121

# ਯੁਵਕਾਂ ਨੂੰ ਸਿਗਰਟਨੋਸ਼ੀ ਤੰਬਾਕੂ ਤੋਂ ਬਚਾਉਣ ਦੀ ਲੋੜ



ਸੁਰਜੀਤ ਸਿੰਘ ਫਲੋਰਾ

ਤੰਬਾਕੂ ਇੱਕ ਹਾਨੀਕਾਰਕ ਪਦਾਰਥ ਹੈ, ਤੰਬਾਕੂ ਚਬਾਉਣਾ ਜਾਂ ਪੀਣਾ ਜੋ ਕਈ ਬਿਮਾਰੀਆਂ ਨੂੰ ਜਨਮ ਦੇ ਸਕਦਾ ਹੈ। ਤੰਬਾਕੂ ਦੇ ਸੇਵਨ ਕਾਰਨ ਹਰ ਸਾਲ ਦੁਨੀਆ ਭਰ ਵਿੱਚ ਲੱਖਾਂ ਲੋਕ ਕੈਂਸਰ ਕਾਰਨ ਮਰਦੇ ਹਨ, ਇਸ ਲਈ ਤੰਬਾਕੂਨੋਸ਼ੀ ਨਾਲ ਹੋਣ ਵਾਲੇ ਨੁਕਸਾਨਾਂ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ।

ਆਸ਼ਾ ਆਯੁਰਵੇਦ ਦੇ ਆਯੁਰਵੈਦਿਕ ਮਾਹਰ ਡਾ: ਚੰਚਲ ਸ਼ਰਮਾ ਦਾ ਕਹਿਣਾ ਹੈ ਕਿ ਸਿਗਰਟਨੋਸ਼ੀ ਤੁਹਾਨੂੰ ਬਹੁਤ ਜਲਦੀ ਜਾਨਲੇਵਾ ਬਿਮਾਰੀਆਂ ਦਾ ਸ਼ਿਕਾਰ ਬਣਾ ਦਿੰਦੀ ਹੈ। ਸਿਗਰਟਨੋਸ਼ੀ ਅਤੇ ਤੰਬਾਕੂ ਦੀ ਵਰਤੋਂ ਸਰੀਰ ਨੂੰ ਇਸ ਦਾ ਆਦੀ ਬਣਾ ਦਿੰਦੀ ਹੈ। ਤੰਬਾਕੂ ਵਿੱਚ ਨਿਕੋਟੀਨ ਹੁੰਦਾ ਹੈ, ਜੋ ਤੁਹਾਡੇ ਖ਼ੂਨ ਵਿੱਚ ਘੁੰਮਦਾ ਹੈ ਅਤੇ ਸਰੀਰ ਇਸ ਦਾ ਆਦੀ ਹੋ ਜਾਂਦਾ ਹੈ। ਤੰਬਾਕੂ ਵਿੱਚ ਪਾਇਆ ਜਾਣ ਵਾਲਾ ਨਿਕੋਟੀਨ ਮੂੰਹ ਰਾਹੀਂ ਦਾਖਲ ਹੋ ਕੇ ਤੁਹਾਡੇ ਫੇਫੜਿਆਂ, ਦਿਲ, ਪੇਟ ਅਤੇ ਖ਼ੂਨ ਦੀਆਂ ਨਾੜੀਆਂ ਵਿੱਚ ਪਹੁੰਚ ਕੇ ਗੰਭੀਰ ਨੁਕਸਾਨ ਪਹੁੰਚਾਉਂਦਾ ਹੈ।

ਭਾਰਤ ਵਿਚ ਜਿੱਥੇ ਨੌਜਵਾਨਾਂ 'ਚ ਸਿਗਰਟਨੋਸ਼ੀ ਦਾ ਰੁਝਾਨ ਵਧਿਆ ਹੈ, ਉੱਥੇ ਹੀ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਵੱਡੇ ਸ਼ਹਿਰਾਂ ਦੇ ਹੋਟਲਾਂ, ਕਲੱਬਾਂ, ਬਾਰਾਂ ਅਤੇ ਰੈਸਟੋਰੈਂਟਾਂ 'ਚ ਔਰਤਾਂ ਖਾਸ ਕਰਕੇ ਨੌਜਵਾਨ ਲੜਕੀਆਂ ਨੇ ਸਿਗਰਟਨੋਸ਼ੀ ਕਰਨੀ ਸ਼ੁਰੂ ਕਰ ਦਿੱਤੀ ਹੈ। 'ਗਲੋਬਲ ਯੂਥ ਤੰਬਾਕੂ ਸਰਵੇਖਣ ਸੰਸਥਾ' ਵੱਲੋਂ ਆਧੁਨਿਕ ਸ਼ਹਿਰ 'ਚੰਡੀਗੜ੍ਹ' ਬਾਰੇ ਕਰਵਾਏ ਸਰਵੇਖਣ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਇੱਥੋਂ ਦੀਆਂ 20 ਫੀਸਦੀ ਤੋਂ ਵੱਧ ਲੜਕੀਆਂ ਸਿਗਰਟ ਪੀਣ ਦੀਆਂ ਆਦੀ ਹਨ, ਜਦੋਂ ਕਿ ਲੜਕਿਆਂ ਦੀ ਗਿਣਤੀ 30 ਫੀਸਦੀ ਤੱਕ ਪਹੁੰਚ ਗਈ ਹੈ। ਕੁੜੀਆਂ ਦੇ ਮਾਮਲੇ ਵਿਚ ਇਹ ਅੰਕੜਾ 7 ਸਾਲ ਪਹਿਲਾਂ ਲੱਗਭੱਗ 12 ਫੀਸਦੀ ਸੀ। ਔਰਤਾਂ ਵਿੱਚ ਤੰਬਾਕੂ ਦੀ ਵਰਤੋਂ ਵਿੱਚ ਵਾਧਾ ਇੱਕ ਖ਼ਤਰਨਾਕ ਰੁਝਾਨ ਹੈ, ਜਿਸ ਦੇ ਭਵਿੱਖ ਵਿਚ ਗੰਭੀਰ ਨਤੀਜੇ ਸਾਹਮਣੇ ਆ ਸਕਦੇ ਹਨ। ਜਿਹੜੀਆਂ ਔਰਤਾਂ ਤੰਬਾਕੂ ਦੀ ਵਰਤੋਂ ਕਰਦੀਆਂ ਹਨ, ਉਹ ਆਮ ਔਰਤਾਂ ਨਾਲੋਂ ਤੇਜ਼ੀ ਨਾਲ ਵਧਦੀਆਂ ਹਨ ਅਤੇ ਕਮਜ਼ੋਰ ਹੋ ਜਾਂਦੀਆਂ ਹਨ। ਤੰਬਾਕੂ ਦੀ ਵਰਤੋਂ ਦਾ ਸਭ ਤੋਂ ਬੁਰਾ ਪ੍ਰਭਾਵ ਔਰਤਾਂ ਦੀ ਜਣਨ ਸ਼ਕਤੀ 'ਤੇ ਪੈਂਦਾ ਹੈ।

ਭਾਰਤ ਵਿੱਚ ਤੰਬਾਕੂ ਦੀ ਵਰਤੋਂ ਕਰਨ ਵਾਲੀਆਂ ਔਰਤਾਂ ਦੀਆਂ ਕੁੱਖਾਂ ਤੋਂ ਹਰ ਸਾਲ ਲੱਗਭੱਗ 30 ਲੱਖ ਬੱਚੇ ਪੈਦਾ ਹੁੰਦੇ ਹਨ, ਜੋ ਸਰੀਰਕ ਜਾਂ ਮਾਨਸਿਕ ਤੌਰ 'ਤੇ ਅਪਾਹਜ ਹੁੰਦੇ ਹਨ।

ਜਿਸ ਲਈ ਤੰਬਾਕੂ-ਮੁਕਤ ਵਿਦਿਅਕ ਸੰਸਥਾਵਾਂ ਨੂੰ ਉਤਸ਼ਾਹਿਤ ਕਰਨਾ ਇੱਕ ਮਹੱਤਵਪੂਰਨ ਪਹਿਲਕਦਮੀ ਬਣ ਜਾਂਦਾ ਹੈ, ਜਿਹਨਾਂ ਦਾ ਉਦੇਸ਼ ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ ਦੀ ਸਿਹਤ ਅਤੇ ਤੰਦਰੁਸਤੀ ਨੂੰ ਸੁਰੱਖਿਅਤ ਕਰਨਾ ਹੈ ਅਤੇ ਇੱਕ ਅਨੁਕੂਲ ਸਿੱਖਣ ਦੇ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ। ਤੰਬਾਕੂ ਦੀ ਵਰਤੋਂ, ਸਿਗਰਟਨੋਸ਼ੀ ਅਤੇ ਧੂੰਆਂ ਰਹਿਤ ਵਾਤਾਵਰਨ ਸਮੇਤ, ਸਿਹਤ ਲਈ ਮਹੱਤਵਪੂਰਨ ਜੋਖ਼ਮ ਪੈਦਾ ਕਰਦੇ ਹਨ ਅਤੇ ਅਕਾਦਮਿਕ ਅਤੇ ਪੇਸ਼ੇਵਰ ਨਤੀਜਿਆਂ ਨੂੰ ਕਮਜ਼ੋਰ ਕਰਦੇ ਹਨ। ਤੰਬਾਕੂ ਦਾ ਸੇਵਨ ਸਿਹਤ ਸਮੱਸਿਆਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨਾਲ ਜੁੜਿਆ ਹੋਇਆ ਹੈ। ਤੰਬਾਕੂਨੋਸ਼ੀ ਕਰਨ ਨਾਲ ਫੇਫੜਿਆਂ ਦੀਆਂ ਬਿਮਾਰੀਆਂ ਜਿਵੇਂ ਕਿ ਪੁਰਾਣੀ ਬ੍ਰੌਨਕਾਈਟਿਸ ਅਤੇ ਐਮਫੀਸੀਮਾ ਦਾ ਖ਼ਤਰਾ ਵਧ ਜਾਂਦਾ ਹੈ। ਤੰਬਾਕੂ ਦੀ ਵਰਤੋਂ ਖ਼ੂਨ ਦੇ ਗੇੜ ਅਤੇ ਕੋਲੇਸਟ੍ਰੋਲ ਦੇ ਪੱਧਰਾਂ 'ਤੇ ਪ੍ਰਭਾਵ ਦੇ ਕਾਰਨ ਦਿਲ ਦੀ ਬਿਮਾਰੀ, ਸਟ੍ਰੋਕ ਅਤੇ ਹਾਈਪਰਟੈਨਸ਼ਨ ਵਿੱਚ ਯੋਗਦਾਨ ਪਾਉਂਦੀ ਹੈ। ਤੰਬਾਕੂਨੋਸ਼ੀ ਫੇਫੜੇ, ਗਲੇ, ਮੂੰਹ ਅਤੇ ਪੈਨਕ੍ਰੀਆਟਿਕ ਕੈਂਸਰ ਸਮੇਤ ਵੱਖ-ਵੱਖ ਕੈਂਸਰਾਂ ਦਾ ਇੱਕ ਪ੍ਰਮੁੱਖ ਕਾਰਨ ਹੈ। ਧੂੰਆਂ ਰਹਿਤ ਤੰਬਾਕੂ ਮੂੰਹ ਅਤੇ ਭੋਜਨ ਦੇ ਕੈਂਸਰ ਦੇ ਜੋਖਮ ਨੂੰ ਵਧਾਉਂਦਾ ਹੈ।

ਗਰਭ ਅਵਸਥਾ ਦੌਰਾਨ ਤੰਬਾਕੂ ਦੀ ਵਰਤੋਂ ਸਮੇਂ ਤੋਂ ਪਹਿਲਾਂ ਜਨਮ, ਘੱਟ ਜਨਮ ਭਾਰ, ਅਤੇ ਜਨਮ ਦੇ ਨੁਕਸ ਵਰਗੀਆਂ ਪੇਚੀਦਗੀਆਂ ਦੇ ਜੋਖ਼ਮ ਨੂੰ ਵਧਾਉਂਦੀ ਹੈ। ਸਿਗਰਟਨੋਸ਼ੀ ਅਤੇ ਤੰਬਾਕੂ ਦੀ ਲਤ ਬੋਧਾਤਮਕ ਫੰਕਸ਼ਨ, ਇਕਾਗਰਤਾ ਅਤੇ ਯਾਦਦਾਸ਼ਤ ਨੂੰ ਕਮਜ਼ੋਰ ਕਰ ਸਕਦੀ ਹੈ, ਜਿਸ ਨਾਲ ਅਕਾਦਮਿਕ ਪ੍ਰਦਰਸ਼ਨ ਪ੍ਰਭਾਵਿਤ ਹੁੰਦਾ ਹੈ। ਤੰਬਾਕੂ ਨਾਲ ਸਬੰਧਤ ਬਿਮਾਰੀਆਂ ਅਤੇ ਗੈਰਹਾਜ਼ਰੀ ਕਲਾਸਾਂ ਅਤੇ ਗਤੀਵਿਧੀਆਂ ਵਿੱਚ ਨਿਯਮਤ ਹਾਜ਼ਰੀ ਅਤੇ ਭਾਗੀਦਾਰੀ ਵਿੱਚ ਵਿਘਨ ਪਾ ਸਕਦੀ ਹੈ। ਤੰਬਾਕੂ ਦੀ ਵਰਤੋਂ ਕੂੜਾ ਅਤੇ ਵਾਤਾਵਰਣ ਪ੍ਰਦੂਸ਼ਣ ਵਿੱਚ ਯੋਗਦਾਨ ਪਾਉਂਦੀ ਹੈ, ਵਿਦਿਅਕ ਕੈਂਪਸਾਂ ਦੀ ਸਫ਼ਾਈ ਅਤੇ ਸੁਹਜ ਨੂੰ ਪ੍ਰਭਾਵਿਤ ਕਰਦੀ ਹੈ। ਤੰਬਾਕੂ-ਮੁਕਤ ਵਾਤਾਵਰਨ ਬਣਾਉਣਾ ਵਿਦਿਆਰਥੀਆਂ, ਸਟਾਫ਼ ਅਤੇ ਮਹਿਮਾਨਾਂ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦਾ ਸਮਰਥਨ ਕਰਦਾ ਹੈ। ਵਿਦਿਅਕ ਸੰਸਥਾਵਾਂ ਸਿਹਤਮੰਦ ਵਿਵਹਾਰ ਲਈ ਰੋਲ ਮਾਡਲ ਵਜੋਂ ਕੰਮ ਕਰ ਸਕਦੀਆਂ ਹਨ।

ਜਿੱਥੇ ਕਿ ਸਰਕਾਰਾਂ ਨਾ ਸਿਰਫ਼ ਬਹੁਤ ਸਾਰੇ ਕੰਮ ਕਰ ਸਕਦੀਆਂ ਹਨ, ਉਨ੍ਹਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਬਾਲ ਅਧਿਕਾਰਾਂ ਬਾਰੇ ਸੰਯੁਕਤ ਰਾਸ਼ਟਰ ਕਨਵੈਨਸ਼ਨ 'ਤੇ ਦਸਤਖਤ ਕਰਨ ਤੋਂ ਬਾਅਦ ਅਜਿਹਾ ਕਰਨ। ਜੇ ਬੱਚਿਆਂ ਨੂੰ ਤੰਬਾਕੂ ਦੇ ਧੂੰਏਂ ਦੇ ਸੰਪਰਕ ਵਿੱਚ ਨਾ ਲਿਆ ਜਾਂਦਾ, ਤਾਂ ਕੋਈ ਵੀ ਕਦੇ ਵੀ ਸ਼ੁਰੂ ਨਹੀਂ ਹੁੰਦਾ। ਕੋਈ ਵੀ ਜੋ ਸਿਗਰਟ ਪੀਂਦਾ ਹੈ, ਉਹ ਆਪਣੇ ਆਪ ਨੂੰ ਨੁਕਸਾਨ ਪਹੁੰਚਾ ਰਿਹਾ ਹੈ; ਜੇਕਰ ਉਹ ਦੂਜੇ ਲੋਕਾਂ ਨੂੰ ਸਿਗਰਟਨੋਸ਼ੀ ਕਰਨ ਲਈ ਉਜਾਗਰ ਕਰਦੇ ਹਨ, ਖਾਸ ਕਰਕੇ ਬੱਚਿਆਂ, ਤਾਂ ਉਹ ਉਹਨਾਂ ਨੂੰ ਨੁਕਸਾਨ ਪਹੁੰਚਾ ਰਹੇ ਹਨ।

ਬੱਚਿਆਂ ਨੂੰ ਸਿਗਰਟਨੋਸ਼ੀ ਕਰਨ ਲਈ ਗੈਰ-ਕਾਨੂੰਨੀ ਬਣਾਉਣ ਦੀ ਲੋੜ ਹੈ। ਇੱਕ ਤਾਰੀਖ ਨਿਰਧਾਰਤ ਕਰੋ, ਜਿਸ ਤੋਂ ਬਾਅਦ ਪੈਦਾ ਹੋਇਆ ਕੋਈ ਵੀ ਵਿਅਕਤੀ ਤੰਬਾਕੂ ਨਹੀਂ ਖਰੀਦ ਸਕਦਾ। ਜਨਤਕ ਸਿਗਰਟਨੋਸ਼ੀ ਅਤੇ ਕੂੜਾ-ਕਰਕਟ ਨੂੰ ਕੂੜਾ ਕਰਨ ਬਾਰੇ ਆਪਣੇ ਖੁਦ ਦੇ ਕਾਨੂੰਨਾਂ ਅਤੇ ਨਿਯਮਾਂ ਨੂੰ ਲਾਗੂ ਕਰੋ ਅਤੇ ਮੁਲਾਂਕਣ ਕਰਨ ਦੀ ਲੋੜ ਹੈ। ਤੰਬਾਕੂ ਕੰਪਨੀਆਂ ਤੋਂ ਲੋਕਾਂ ਅਤੇ ਵਾਤਾਵਰਨ ਨੂੰ ਹੋਣ ਵਾਲੇ ਨੁਕਸਾਨ ਦੀ ਅਸਲ ਕੀਮਤ ਵਸੂਲਣੀ ਸ਼ੁਰੂ ਕਰਨੀ ਚਾਹੀਦੀ ਹੈ। ਸਿਗਰੇਟ ਵਿੱਚ ਨਿਕੋਟੀਨ ਦੀ ਮਾਤਰਾ ਨੂੰ ਸੀਮਤ ਕਰਨ ਦੀ ਲੋੜ ਹੈ। ਇਹਨਾਂ ਕੰਪਨੀਆਂ ਤੋਂ ਦਾਨ ਨਾ ਲਓ, ਤੇ ਉਹ ਪੈਸਾ ਇਹਨਾਂ ਦੇ ਇਲਾਜ 'ਤੇ ਲਾਉਣਾ ਚਾਹੀਦਾ ਹੈ।

ਸਿਹਤ ਸੰਭਾਲ ਪ੍ਰਦਾਤਾ ਆਪਣੀਆਂ ਜਾਇਦਾਦਾਂ, ਖਾਸ ਕਰਕੇ ਜਨਤਕ ਹਸਪਤਾਲਾਂ 'ਤੇ ਧੂੰਆਂ-ਮੁਕਤ ਨੀਤੀਆਂ ਲਾਗੂ ਕਰਕੇ ਸ਼ੁਰੂਆਤ ਕਰ ਸਕਦੇ ਹਨ, ਉਹਨਾਂ ਨੂੰ ਧੂੰਏਂ ਦੇ ਸੰਪਰਕ ਵਿੱਚ ਆਉਣ ਲਈ ਸਕ੍ਰੀਨ ਕਰਨੀ ਚਾਹੀਦੀ ਹੈ। ਉਹਨਾਂ ਬੱਚਿਆਂ ਨੂੰ ਜੋ ਗੈਰ-ਵਾਇਰਲ ਸਾਹ ਲੈਣ ਵਿੱਚ ਮੁਸ਼ਕਲਾਂ, ਜਿਵੇਂ ਕਿ ਦਮੇ ਨਾਲ ਪੇਸ਼ ਆਉਂਦੇ ਹਨ। ਉਹਨਾਂ ਨੂੰ ਸਰਕਾਰਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਹਨਾਂ ਲੋਕਾਂ ਦੀ ਦੇਖਭਾਲ ਕਰਨਾ ਕਿਹੋ ਜਿਹਾ ਹੈ, ਜੋ ਸਿਗਰਟਨੋਸ਼ੀ, ਜਾਂ ਐਮਫੀਸੀਮਾ, ਜਾਂ ਗੈਂਗਰੀਨ ਤੋਂ ਕੈਂਸਰ ਦਾ ਸੰਕਰਮਣ ਕਰਦੇ ਹਨ ਅਤੇ ਉਹਨਾਂ ਦੇ ਅਜ਼ੀਜ਼ਾਂ ਲਈ ਇਹ ਕਿਹੋ ਜਿਹਾ ਹੈ। ਉਨ੍ਹਾਂ ਨੂੰ ਤੰਬਾਕੂਨੋਸ਼ੀ ਕਾਰਨ ਹੋਣ ਵਾਲੀ ਬਿਮਾਰੀ ਅਤੇ ਮੌਤ ਦੇ ਸਿਹਤ ਪ੍ਰਣਾਲੀ ਦੇ ਵਿੱਤੀ ਖਰਚੇ ਬਾਰੇ ਵੀ ਸਰਕਾਰਾਂ 'ਤੇ ਅਵਾਜ਼ ਉਠਾਉਣੀ ਚਾਹੀਦੀ ਹੈ।

ਸਿਗਰਟ ਪੀਣ ਵਾਲੇ ਕੀ ਕਰ ਸਕਦੇ ਹਨ? ਛੱਡਣ ਦੀ ਕੋਸ਼ਿਸ਼ ਕਰਦੇ ਰਹੋ, ਜਿਵੇਂ ਕਿ ਤੁਹਾਡੇ ਵਿੱਚੋਂ ਜ਼ਿਆਦਾਤਰ ਚਾਹੁੰਦੇ ਹਨ। ਆਪਣੇ-ਆਪ ਨੂੰ ਕਸੂਰਵਾਰ ਨਾ ਮੰਨੋ।

ਦੂਜੇ ਲੋਕਾਂ, ਖਾਸ ਕਰਕੇ ਬੱਚਿਆਂ ਦੇ ਆਲੇ-ਦੁਆਲੇ ਸਿਗਰਟ ਨਾ ਪੀਣ ਦੀ ਕੋਸ਼ਿਸ਼ ਕਰੋ। ਤੁਹਾਨੂੰ ਆਪਣੇ-ਆਪ ਨੂੰ ਨੁਕਸਾਨ ਪਹੁੰਚਾਉਣ ਦਾ ਹੱਕ ਹੈ, ਪਰ ਕਿਸੇ ਹੋਰ ਨੂੰ ਨਹੀਂ। ਹਾਰ ਨਾ ਮੰਨੋ। ਕੋਸ਼ਿਸ਼ ਕਰਦੇ ਰਹੋ।

# ਸੰਪਰਕ : 64782-99397

# ਮੋਬਾਇਲ 'ਤੇ ਧਮਕੀ ਦੇ ਕੇ ਫਿਰੌਤੀਆਂ ਮੰਗਣ ਵਾਲੇ ਗਰੋਹ ਦਾ ਮੈਂਬਰ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮਾੜੇ ਅਨਸਰਾਂ 'ਤੇ ਨਕੇਲ ਕੱਸਣ ਲਈ ਵਿੱਢੀ ਗਈ ਮੁਹਿੰਮ ਤਹਿਤ ਸ੍ਰੀ ਗੌਰਵ ਯਾਦਵ ਡੀ.ਜੀ.ਪੀ. ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਸ੍ਰੀ ਐੱਸ.ਪੀ.ਐੱਸ. ਪਰਮਾਰ ਵਧੀਕ ਡਾਇਰੈਕਟਰ ਜਨਰਲ ਪੁਲਸ ਬਠਿੰਡਾ ਰੇਂਜ ਬਠਿੰਡਾ ਦੇ ਮਾਰਗ ਦਰਸ਼ਨ ਅਨੁਸਾਰ ਸ੍ਰੀ ਦੀਪਕ ਪਾਰੀਕ ਐੱਸ.ਐੱਸ.ਪੀ ਬਠਿੰਡਾ ਦੀ ਰਹਿਨੁਮਾਈ ਹੇਠ ਅਜੈ ਗਾਂਧੀ ਐੱਸ ਪੀ ਡਿਟੈਕਟਿਵ ਬਠਿੰਡਾ, ਨਰਿੰਦਰ ਸਿੰਘ ਐੱਸ ਪੀ (ਸ਼ਹਿਰੀ) ਬਠਿੰਡਾ, ਸਰਵਜੀਤ ਸਿੰਘ ਡੀ.ਐੱਸ.ਪੀ. ਸਿਟੀ-2 ਬਠਿੰਡਾ ਦੀ ਅਗਵਾਈ ਵਿੱਚ ਬਠਿੰਡਾ ਪੁਲਸ ਦੇ ਸੀ.ਆਈ.ਏ. ਸਟਾਫ-2 ਤੇ ਥਾਣਾ ਕੋਤਵਾਲੀ ਬਠਿੰਡਾ ਦੀ ਪੁਲਸ ਪਾਰਟੀ ਵੱਲੋਂ ਕਾਰੋਬਾਰੀ ਲੋਕਾਂ ਨੂੰ ਫੋਨ ਕਰਕੇ ਫਿਰੌਤੀਆਂ ਦੀ ਮੰਗ ਕਰਨ ਵਾਲੇ ਅਤੇ ਫਿਰੌਤੀ ਨਾ ਦੇਣ ਦੀ ਸੂਰਤ ਵਿੱਚ ਕਾਰੋਬਾਰੀਆਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਵਾਲੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਸਫਲਤਾ ਹਾਸਲ ਕੀਤੀ।ਸ੍ਰੀ ਦੀਪਕ ਪਾਰੀਕ ਐੱਸ.ਐੱਸ.ਪੀ. ਬਠਿੰਡਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੀ 14 ਜੁਲਾਈ 2024 ਨੂੰ ਇੱਕ ਵਿਅਕਤੀ ਨੂੰ ਕਿਸੇ ਨਾਮਲੂਮ ਵਿਅਕਤੀ ਵੱਲੋਂ ਧਮਕੀ ਭਰੀ ਕਾਲ ਆਈ ਤੇ 30 ਲੱਖ ਰੁਪਏ ਦੀ ਫਿਰੌਤੀ ਦੇਣ ਨੂੰ ਕਿਹਾ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾ ਦੇ ਪਰਿਵਾਰਕ ਮੈਂਬਰਾਂ ਨੂੰ ਨੁਕਸਾਨ ਪਹੁੰਚਾਉਣ ਸਬੰਧੀ ਕਾਲਾਂ ਆਈਆਂ ਸਨ, ਜਿਸ 'ਤੇ ਮੁੱਦਈ ਵੱਲੋਂ ਇਸ ਬਾਰੇ ਤੁਰੰਤ ਬਠਿੰਡਾ ਪੁਲਸ ਦੇ ਧਿਆਨ ਵਿੱਚ ਲਿਆਂਦਾ ਗਿਆ ਤੇ ਇਸ ਤੋਂ ਇਲਾਵਾ ਇੱਕ ਹੋਰ ਵਿਅਕਤੀ ਜੋ ਕਿ ਬਠਿੰਡਾ ਸ਼ਹਿਰ ਦਾ ਹੀ ਵਸਨੀਕ ਹੈ, ਜਿਸ ਕੋਲੋਂ 10 ਲੱਖ ਰੁਪਏ ਦੀ ਫਿਰੌਤੀ ਦੇਣ ਸਬੰਧੀ ਧਮਕੀ ਭਰੀ ਕਾਲ ਆਈ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਨੁਕਸਾਨ ਪਹੁੰਚਾਉਣ ਦੀ ਧਮਕੀ ਵੀ ਦਿੱਤੀ, ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਕੋਤਵਾਲੀ ਵਿਖੇ ਨਾਮਲੂਮ ਵਿਅਕਤੀ ਖਿਲਾਫ ਮੁਕੱਦਮਾ ਨੰਬਰ 87 ਮਿਤੀ 14.7.2024 ਅ/ਧ 308(4),351(3) ਬੀ.ਐੱਨ.ਐੱਸ. ਥਾਣਾ ਕੋਤਵਾਲੀ ਵਿਖੇ ਦਰਜ ਕੀਤਾ ਗਿਆ ਅਤੇ ਮੁਕੱਦਮੇ ਵਿੱਚ ਦੋਸ਼ੀ ਦੀ ਤਲਾਸ਼ ਲਈ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ।ਮੁਕੱਦਮੇ ਦੀ ਤਫਤੀਸ਼ ਟੈਕਨੀਕਲ ਪਹਿਲੂਆਂ ਰਾਹੀਂ ਆਰੰਭ ਕੀਤੀ ਗਈ।ਤਫਤੀਸ਼ ਦੌਰਾਨ ਜਿਹੜੇ ਮੋਬਾਈਲ ਨੰਬਰ ਤੋਂ ਦੋਵਾਂ ਵਿਅਕਤੀਆਂ ਨੂੰ ਧਮਕੀ ਭਰੀ ਫਿਰੌਤੀ ਮੰਗਣ ਸਬੰਧੀ ਕਾਲ ਕੀਤੀ ਗਈ ਸੀ, ਉਹ ਇੱਕ ਹੀ ਮੋਬਾਈਲ ਨੰਬਰ ਤੋਂ ਕੀਤੀ ਗਈ ਸੀ।ਧਮਕੀ ਭਰੀ ਇਹ ਕਾਲ ਵਿਨੈ ਕੁਮਾਰ ਪੁੱਤਰ ਮੁਰਾਰੀ ਵਾਸੀ ਨਾਮਦੇਵ ਨਗਰ ਬਠਿੰਡਾ ਉਕਤ ਨੇ ਕੀਤੀ ਸੀ।ਉਕਤ ਵਿਨੈ ਕੁਮਾਰ ਤੋਂ ਸਮੇਤ ਫਿਰੌਤੀ ਕਾਲਾਂ ਕਰਕੇ ਧਮਕੀਆਂ ਦੇਣ ਲਈ ਵਰਤੇ ਜਾਂਦੇ ਮੋਬਾਈਲ ਫੋਨ ਨੂੰ ਸੰਤਪੁਰਾ ਰੋਡ ਫਲਾਈਓਵਰ ਬਰਿੱਜ ਦੇ ਹੇਠ ਬਣੇ ਟੈਕਸੀ ਯੂਨੀਅਨ ਸਟੈਂਡ ਤੋਂ ਗ੍ਰਿਫਤਾਰ ਕੀਤਾ ਗਿਆ। ਉਕਤ ਦੋਸ਼ੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ।ਪੁੱਛਗਿੱਛ ਕੀਤੀ ਜਾ ਰਹੀ ਹੈ।

# ਤਿੰਨ ਵਿਧਾਇਕਾਂ ਦੇ ਪਿੰਡ ਕੋਟਭਾਈ ਤੋਂ ਵਿਰਕਾਂ ਨੂੰ ਜਾਣ ਵਾਲੀ ਸੜਕ ਦੀ ਹਾਲਤ ਖਸਤਾ



ਕੋਟਭਾਈ ਤੋਂ ਵੱਡੇ ਵਿਰਕਾਂ ਨੂੰ ਜਾਣ ਵਾਲੀ ਟੁੱਟੀ ਸੜਕ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਵਾਸੀ।

**ਗਿੱਦੜਬਾਹਾ (ਜਸਵੰਤ ਸਿੰਘ ਗਿੱਲ)**-ਹਲਕਾ ਗਿੱਦੜਬਾਹਾ ਦੇ ਪਿੰਡ ਕੋਟਭਾਈ ਵਿਖੇ ਇਤਿਹਾਸਕ ਗੁਰਦੁਆਰਾਂ ਤੋਂ ਪਿੰਡ ਵੱਡੇ ਵਿਰਕਾਂ ਨੂੰ ਜਾਣ ਵਾਲੀ ਸੜਕ ਰਾਹਗੀਰਾਂ ਲਈ ਮੁਸੀਬਤ ਬਣੀ ਹੋਈ ਹੈ। ਇਸ ਸੰਬੰਧੀ ਆਸ-ਪਾਸ ਦੇ ਰਹਿਣ ਵਾਲੇ ਲੋਕਾਂ ਨੇ ਆਪਣਾ ਰੋਸ ਪ੍ਰਗਟ ਕਰਦੇ ਹੋਏ ਕੁਲਦੀਪ ਸਿੰਘ ਨੇਤਾ ਕੋਟਭਾਈ ਜ਼ਿਲ੍ਹਾ ਜੁਇੰਟ ਸਕੱਤਰ ਭਾਰਤੀ ਕਿਸਾਨ ਯੂਨੀਅਨ ਖੋਸਾ, ਵਿਕਰਮ ਸਿੰਘ ਵਿੱਕੀ ਜਸਕਰਨ ਸਿੰਘ, ਬਾਬਾ ਜੁਗਰਾਜ ਸਿੰਘ, ਬਲਜੀਤ ਸਿੰਘ ਤੇ ਬਾਬਾ ਸਤਨਾਮ ਸਿੰਘ ਆਦਿ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਇਸ ਸੜਕ ਦਾ ਬਰਾ ਹਾਲ ਹੈ। ਪਾਣੀ ਦਾ ਸਹੀ ਨਿਕਾਸ ਨਾ ਹੋਣ ਕਰਕੇ ਸੜਕ 'ਤੇ ਵੱਡੇ ਵੱਡੇ ਟੋਏ, ਜੋ ਪਾਣੀ ਨਾਲ ਭਰੇ ਰਹਿੰਦੇ ਹਨ, 'ਤੇ ਕਦੇ ਵੀ ਕੋਈ ਘਟਨਾ ਵਾਪਰ ਸਕਦੀ ਹੈ। ਪਾਣੀ ਖੜਨ ਨਾਲ ਮੱਖੀਆਂ ਮੱਛਰਾਂ ਦੀ ਭਰਮਾਰ ਹੋਣ ਕਰਕੇ ਭਿਆਨਕ ਬਿਮਾਰੀਆਂ ਫੈਲਣ ਦਾ ਵੀ ਡਰ ਬਣਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ 'ਤੇ ਬਾਬਾ ਬਾਲਮੀਕ ਦਾ ਮੰਦਰ ਤੇ ਬਾਬਾ ਗੋਰਖ ਨਾਥ ਦਾ ਟਿੱਲਾ ਹੈ, ਜਿੱਥੇ ਸ਼ਰਧਾਲੂਆਂ ਨੂੰ ਜਾਣ-ਆਉਣ ਵਿੱਚ ਬੜੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪਿੰਡ ਕੋਟ ਭਾਈ ਨੇ ਪੰਜਾਬ ਦੀ ਸਿਆਸਤ ਨੂੰ ਤਿੰਨ ਵਿਧਾਇਕ ਦਿੱਤੇ ਹਨ, ਪਰ ਪਿੰਡ ਅਜੇ ਵੀ ਮੁੱਢਲੀਆਂ ਸਹੂਲਤਾਂ ਤੋਂ ਸੱਖਣਾ ਹੈ।

ਉਨ੍ਹਾਂ ਸਰਕਾਰ ਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਨੂੰ ਜਲਦੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਾਡੀ ਮੰਗ ਪੂਰੀ ਨਾ ਕੀਤੀ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਕਾਲਾ ਸਿੰਘ, ਮੰਗਾ ਸਿੰਘ, ਜੱਗਾ ਸਿੰਘ, ਬਾਬਾ ਬਲਜੀਤ ਸਿੰਘ, ਗੁਰਪਿਆਰ ਸਿੰਘ, ਫੌਜੀ ਕੁਲਦੀਪ ਸਿੰਘ, ਮੱਖਣ ਸਿੰਘ, ਜਗਸੀਰ ਸਿੰਘ, ਮੀਤਾ ਸਿੰਘ ਚੋਟੀਆਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਹਰਸਿਮਰਤ ਕੌਰ ਬਾਦਲ ਦੇ ਨਾਂਅ ਦਿੱਤਾ ਮੰਗ ਪੱਤਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬਠਿੰਡੇ ਜ਼ਿਲ੍ਹੇ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਦੀ ਅਗਵਾਈ ਵਿੱਚ ਮੈਂਬਰ ਲੋਕ ਸਭਾ ਹਰਸਿਮਰਤ ਕੌਰ ਬਾਦਲ ਦੇ ਦਫਤਰ ਵਿੱਚ ਪਹੁੰਚ ਕੇ ਕਿਸਾਨੀ ਮੰਗਾਂ ਉੱਪਰ ਮੰਗ ਪੱਤਰ ਦਿੱਤਾ, ਜਿਸ ਨੂੰ ਹਰਸਿਮਰਤ ਕੌਰ ਬਾਦਲ ਦੀ ਗੈਰ-ਹਾਜ਼ਰੀ ਕਾਰਨ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਬਰਾੜ ਵੱਲੋਂ ਪ੍ਰਾਪਤ ਕੀਤਾ ਗਿਆ ਤੇ ਭਰੋਸਾ ਦਿੱਤਾ ਗਿਆ ਕਿ ਇਹ ਮੰਗ ਪੱਤਰ ਬੀਬਾ ਹਰਸਿਮਰਤ ਕੌਰ ਬਾਦਲ ਤੱਕ ਪੁੱਜਦਾ ਕੀਤਾ ਜਾਵੇਗਾ ਤੇ ਕਿਸਾਨਾਂ ਦੀਆਂ ਮੰਗਾਂ ਪਾਰਲੀਮੈਂਟ ਵਿੱਚ ਉਠਾਈਆਂ ਜਾਣਗੀਆਂ। ਕਿਸਾਨ ਜਥੇਬੰਦੀਆਂ ਦੇ ਅੱਜ ਦੇ ਇਸ ਵਫਦ ਵਿੱਚ ਬੀ ਕੇ ਯੂ ਡਕੌਂਦਾ ਦੇ ਜ਼ਿਲ੍ਹਾ ਜਨਰਲ ਸਕੱਤਰ ਰਾਜ ਮਹਿੰਦਰ ਸਿੰਘ ਕੋਟਭਾਰਾ, ਬੀਕੇਯੂ ਮਾਨਸਾ ਦੇ ਸੂਬਾ ਜਨਰਲ ਸਕੱਤਰ ਬੇਅੰਤ ਸਿੰਘ ਮਹਿਮਾ ਸਰਜਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਵਰਨ ਸਿੰਘ ਪੂਲੀ, ਬੀਕੇਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਾਰਾ ਸਿੰਘ ਮਾਈਸਰ ਖਾਨਾ, ਬੀ ਕੇ ਯੂ ਮਾਲਵਾ ਹੀਰ ਕੇ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਕੋਟ ਸਮੀਰ, ਬੀਕੇਯੂ ਮਾਲਵਾ ਜੈਤੋ ਦੇ ਜ਼ਿਲ੍ਹਾ ਮੀਤ ਪ੍ਰਧਾਨ ਤਰਸੇਮ ਸਿੰਘ ਬੱਲੋ, ਬੀਕੇਯੂ ਡਕੌਂਦਾ ਦੇ ਜ਼ਿਲ੍ਹਾ ਆਗੂ ਬੂਟਾ ਸਿੰਘ ਤੁੰਗਵਾਲੀ ਵੀ ਸ਼ਾਮਲ ਸਨ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਕਿਸਾਨਾਂ ਦੀਆਂ ਭਖਦੀਆਂ ਮੰਗਾ ਜਿਵੇਂ ਕਿ ਸਾਰੀਆਂ ਫਸਲਾਂ ਉੱਪਰ ਡਾਕਟਰ ਸਵਾਮੀ ਨਾਥਨ ਦੀਆਂ ਸਿਫਾਰਸ਼ਾਂ ਅਨੁਸਾਰ ਐੱਮ ਐੱਸ ਪੀ ਉੱਪਰ ਖਰੀਦ ਦੀ ਕਾਨੂੰਨੀ ਗਰੰਟੀ ਦੇਣਾ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮਾਫ ਕਰਨਾ, ਹਰ ਕਿਸਾਨ ਮਜ਼ਦੂਰ ਤੇ ਦਸਤਕਾਰ ਨੂੰ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦੇਣਾ, ਫਸਲਾਂ ਤੇ ਪਸ਼ੂਆਂ ਦਾ ਸਰਕਾਰੀ ਖੇਤਰ ਵਿੱਚ ਬੀਮਾ ਕਰਨਾ, ਬਿਜਲੀ ਦਾ ਪ੍ਰਾਈਵੇਟ ਕਰਨ ਬੰਦ ਕਰਨਾ, ਖਾਦਾਂ-ਬੀਜਾਂ, ਕੀਟਨਾਸ਼ਕਾਂ, ਖੇਤੀ ਮਸ਼ੀਨਰੀ ਤੇ ਹੋਰ ਖੇਤੀ ਵਿੱਚ ਵਰਤੀਆਂ ਜਾਣ ਵਾਲੀਆਂ ਵਸਤਾਂ 'ਤੇ ਜੀ ਐੱਸ ਟੀ ਖਤਮ ਕਰਨਾ, ਭੂਮੀ ਅਧਿਗ੍ਰਹਿਣ ਕਾਨੂੰਨ 2013 ਨੂੰ ਠੀਕ ਤਰੀਕੇ ਨਾਲ ਲਾਗੂ ਕਰਕੇ ਅਕਵਾਇਰ ਕੀਤੀਆਂ ਹੋਈਆਂ ਜ਼ਮੀਨਾਂ ਦਾ ਕਿਸਾਨਾਂ ਨੂੰ ਪੂਰਾ ਭਾਅ ਦੇਣਾ, ਕਿਸਾਨ ਅੰਦੋਲਨ ਦੌਰਾਨ ਦਰਜ ਕੀਤੇ ਸਾਰੇ ਪਰਚੇ ਰੱਦ ਕਰਨਾ, ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਨਿਆ ਦੇਣਾ, ਮਨਰੇਗਾ ਨੂੰ ਖੇਤੀ ਨਾਲ ਜੋੜ ਕੇ ਮਜ਼ਦੂਰਾਂ ਦੀ ਦਿਹਾੜੀ 600 ਰੁਪਏ ਕਰਨਾ, ਮੋਦੀ ਸਰਕਾਰ ਵੱਲੋਂ ਪਾਸ ਕੀਤੇ ਗਏ ਚਾਰੇ ਲੇਬਰ ਕੋਡ ਰੱਦ ਕਰਨਾ, ਜਨਤਕ ਖੇਤਰ ਦਾ ਪ੍ਰਾਈਵੇਟ ਕਰਨ ਬੰਦ ਕਰਨਾ ਆਦਿ ਮੰਗਾਂ ਪਾਰਲੀਮੈਂਟ ਵਿੱਚ ਉਠਾਈਆਂ ਜਾਣ।ਕਿਸਾਨ ਅੰਦੋਲਨ ਉਪਰੰਤ 9 ਦਸੰਬਰ 2021 ਨੂੰ ਭਾਰਤ ਸਰਕਾਰ ਨਾਲ ਹੋਏ ਸਮਝੌਤੇ ਨੂੰ ਲਾਗੂ ਕਰਾਉਣ ਲਈ ਕੇਂਦਰ ਸਰਕਾਰ ਉੱਪਰ ਦਬਾਅ ਬਣਾਇਆ ਜਾਵੇ ਤਾਂ ਕਿ ਬੇਰੁਜ਼ਗਾਰੀ, ਮਹਿੰਗਾਈ ਤੇ ਕਰਜ਼ੇ ਕਾਰਨ ਕਿਸਾਨਾਂ ਮਜ਼ਦੂਰਾਂ ਦੀਆਂ ਰੋਜ਼ਾਨਾ ਹੋ ਰਹੀਆਂ ਖੁਦਕੁਸ਼ੀਆਂ ਰੋਕੀਆਂ ਜਾ ਸਕਣ।

## ਕਾਤਰਾਂ

### ਪ੍ਰਿੰ. ਕ੍ਰਿਸ਼ਨ ਲਾਲ ਫਰੀਦਕੋਟ ਜ਼ਿਲ੍ਹਾ ਰੈਗੂਲੇਟਰੀ ਬਾਡੀ ਦੇ ਮੈਂਬਰ ਨਿਯੁਕਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਉੱਘੇ ਸਿੱਖਿਆ ਸਾਸ਼ਤਰੀ, ਕਈ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਤੇ ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਫਰੀਦਕੋਟ ਦੀ ਭੰਗ ਕੀਤੀ ਗਈ ਇਕਾਈ ਦੇ ਸਾਬਕਾ ਮੁੱਖ ਸਲਾਹਕਾਰ ਸੇਵਾ ਮੁਕਤ ਪ੍ਰਿੰ. ਕ੍ਰਿਸ਼ਨ ਲਾਲ ਫਰੀਦਕੋਟ ਜ਼ਿਲ੍ਹੇ ਦੀ ਰੈਗੂਲੇਟਰੀ ਬਾਡੀ ਦੇ ਮੈਂਬਰ ਨਿਯੁਕਤ ਕੀਤੇ ਗਏ ਹਨ।ਇਹ ਨਿਯੁਕਤੀ ਪੰਜਾਬ ਦੇ ਮਾਨਯੋਗ ਗਵਰਨਰ ਨੇ ਪੰਜਾਬ ਰੈਗੂਲੇਸ਼ਨ ਆਫ ਫਰੀ ਆਨਏਡਿਡ ਇੰਸਟੀਚਿਊਟ ਐਕਟ 2016 ਅਧੀਨ ਕੀਤੀ ਗਈ ਹੈ।ਇਸ ਸਬੰਧੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਸਕੂਲਜ਼ ਨੇ ਰਾਜ ਦੇ ਸਮੂਹ ਸੈਕੰਡਰੀ ਤੇ ਐਲੀਮੈਂਟਰੀ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਪੱਤਰ ਜਾਰੀ ਕਰ ਦਿੱਤਾ ਹੈ।ਕ੍ਰਿਸ਼ਨ ਲਾਲ ਦੀ ਇਸ ਮਾਨਮੱਤੀ ਨਿਯੁਕਤੀ 'ਤੇ ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੇ ਸੰਸਥਾਪਕ ਚੇਅਰਮੈਨ ਤੇ ਆਲ ਇੰਡੀਆ ਐੱਸ.ਸੀ./ਬੀ.ਸੀ./ਐੱਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਉਨ੍ਹਾਂ ਨੂੰ ਵਧਾਈ ਦਿੱਤੀ।ਪ੍ਰਧਾਨ ਢੋਸੀਵਾਲ ਨੇ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਜ਼ਿਲ੍ਹਾ ਫਰੀਦਕੋਟ ਟਰੱਸਟ ਦੀ ਭੰਗ ਕੀਤੀ ਗਈ ਇਕਾਈ ਦੀ ਥਾਂ 'ਤੇ ਜਲਦੀ ਹੀ ਨਵੀਂ ਕਾਰਜਕਾਰਨੀ ਬਣਾਈ ਜਾਵੇਗੀ।

### ਕਿੱਲੋ ਅਫੀਮ ਸਮੇਤ ਤਸਕਰ ਕਾਬੂ

**ਜਗਰਾਉਂ (ਅਮਿਤ ਖੰਨਾ)**-ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਵੱਲੋਂ ਚਲਾਈ ਗਈ ਨਸ਼ਾ ਵਿਰੋਧੀ ਮੁਹਿੰਮ ਅਧੀਨ ਸੀਆਈਏ ਸਟਾਫ ਜਗਰਾਉਂ ਦੇ ਏਐੱਸਆਈ ਸੁਖਦੇਵ ਸਿੰਘ ਵੱਲੋਂ ਇੱਕ ਨਸ਼ਾ ਤਸਕਰ ਨੂੰ ਇੱਕ ਕਿੱਲੋ ਅਫੀਮ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਏਐੱਸਆਈ ਸੁਖਦੇਵ ਸਿੰਘ ਤੋਂ ਮਿਲੀ ਜਾਣਕਾਰੀ ਮੁਤਾਬਕ ਉਹ ਆਪਣੇ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਬਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸੰਬੰਧ ਵਿੱਚ ਬੱਸ ਅੱਡਾ ਪਿੰਡ ਬਰਸਾਲ ਮੌਜੂਦ ਸਨ ਤਾਂ ਉਨ੍ਹਾਂ ਨੂੰ ਮੁਖਬਰ ਦੀ ਇਤਲਾਹ 'ਤੇ ਪਰਮਵੀਰ ਸਿੰਘ ਉਰਫ ਮਾਰਸ਼ਲ ਪੁੱਤਰ ਗੁਰਦੇਵ ਸਿੰਘ ਵਾਸੀ ਲੁਧਿਆਣਾ, ਜੋ ਬਾਹਰਲੇ ਰਾਜਾਂ ਤੋਂ ਸਸਤੇ ਭਾਅ ਵਿੱਚ ਅਫੀਮ ਲਿਆ ਕੇ ਜਗਰਾਉਂ ਦੇ ਇਲਾਕੇ ਦੇ ਪਿੰਡਾਂ ਵਿੱਚ ਮਹਿੰਗੇ ਭਾਅ ਅਫੀਮ ਵੇਚਣ ਦਾ ਗੈਰ-ਕਾਨੂੰਨੀ ਕਾਰੋਬਾਰ ਕਰਦਾ ਹੈ, ਨੂੰ ਸੂਏ ਦੇ ਪੁਲ ਪਿੰਡ ਪੋਨਾ ਦੀ ਹੱਦ ਦੇ ਅੰਦਰ ਕਾਬੂ ਕੀਤਾ ਗਿਆ। ਜਦੋਂ ਉਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ ਇੱਕ ਕਿੱਲੋ ਅਫੀਮ ਬਰਾਮਦ ਹੋਈ। ਦੋਸ਼ੀ ਖਿਲਾਫ ਥਾਣਾ ਸਦਰ ਜਗਰਾਉਂ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਦੋਸ਼ੀ ਦੀ ਬਿਨਾਂ ਨੰਬਰੀ ਐਕਟਵਾ ਨੂੰ ਵੀ ਪੁਲਸ ਵੱਲੋਂ ਜ਼ਬਤ ਕਰ ਲਿਆ ਗਿਆ ਹੈ।

### ਹੈੱਲਥ ਅਵੇਅਰਨੈੱਸ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਫਿਰੋਜ਼ਪੁਰ ਨੇ ਸਰਕਾਰੀ ਪ੍ਰਾਇਮਰੀ ਸਕੂਲ ਪੀਰ ਅਹਿਮਦ ਖਾਂ ਵਿਖੇ ਹੈੱਲਥ ਅਵੇਅਰਨੈਸ ਕੈਂਪ ਡਾ. ਦੀਵਾਨ ਚੰਦ ਸੁਖੀਜਾ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਤੇ ਵਿਜੇ ਕੁਮਾਰ ਦੀ ਅਗਵਾਈ ਵਿੱਚ ਲਗਾਇਆ ਗਿਆ। ਇਸ ਮੌਕੇ ਡੇਂਗੂ, ਮਲੇਰੀਆ ਬਾਰੇ ਜਾਣਕਾਰੀ ਦਿੱਤੀ ਗਈ, ਲਿਟਰੇਚਰ ਵੰਡਿਆ ਤੇ ਗਰੀਬ ਬੱਚਿਆਂ ਨੂੰ ਮੁਫਤ ਕਾਪੀਆਂ ਵੰਡੀਆਂ। ਇਸ ਮੌਕੇ ਸਕੂਲ ਸਟਾਫ ਨੇ ਸੁਸਾਇਟੀ ਦਾ ਧੰਨਵਾਦ ਕੀਤਾ।

# ਪੀ ਐੱਸ ਯੂ ਵੱਲੋਂ ਮੰਗਾਂ ਨੂੰ ਲੈ ਕੇ ਸ਼ਹੀਦ ਊਧਮ ਸਿੰਘ ਕਾਲਜ 'ਚ ਧਰਨਾ

## ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸ਼ਹੀਦ ਊਧਮ ਸਿੰਘ ਯੂਨੀਵਰਸਿਟੀ ਕਾਲਜ ਵਿੱਚ ਧਰਨਾ ਦਿੱਤਾ ਗਿਆ।ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਧੀਰਜ ਕੁਮਾਰ ਤੇ ਜ਼ੋਨਲ ਆਗੂ ਕਮਲਜੀਤ ਮੁਹਾਰ ਖੀਵਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਐੱਸ. ਸੀ. ਵਿਦਿਆਰਥੀਆਂ ਦੀ ਪੂਰੀ ਫੀਸ ਮਾਫ਼ ਹੈ, ਜਦਕਿ ਅੱਜ ਕਈ ਕਾਲਜਾਂ ਵਿੱਚ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਨੂੰ ਮੁਕੰਮਲ ਲਾਗੂ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਕਾਲਜ ਵਿਦਿਆਰਥੀਆਂ ਤੋਂ ਮੋਟੀ ਫੀਸ ਵਸੂਲ ਰਹੇ ਹਨ ਅਤੇ ਪ੍ਰਸ਼ਾਸਨ ਗੂੜ੍ਹੀ ਨੀਂਦ ਸੁੱਤਾ ਹੋਇਆ ਹੈ ਤੇ ਵਿਦਿਆਰਥੀਆਂ ਤੋਂ ਉਨ੍ਹਾਂ ਦਾ ਪੜ੍ਹਨ ਦਾ ਹੱਕ ਖੋਹਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਭਵਿੱਖ ਦੀ ਕਿਸੇ ਨੂੰ ਕੋਈ ਚਿੰਤਾ ਨਹੀਂ ਹੈ ਤੇ ਸਰਕਾਰ ਵੀ ਵਿਦਿਆਰਥੀ ਵਿਰੋਧੀ ਨੀਤੀਆਂ ਨੂੰ ਲੈ ਕੇ ਆ ਰਹੀ ਹੈ, ਜਦਕਿ ਵਿਦਿਆਰਥੀਆਂ ਨੂੰ ਸਿੱਖਿਆ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਸਰਕਾਰ ਵੀ ਪਿਛਲੇ ਸਾਲਾਂ ਤੋਂ ਭੱਜ ਰਹੀ ਹੈ।ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਐੱਸ. ਸੀ. ਵਿਦਿਆਰਥੀਆਂ ਕੋਲੋਂ ਫ਼ੀਸ ਦਾ ਬਹਾਨਾ ਬਣਾ ਕੇ ਗਰੀਬ ਵਿਦਿਆਰਥੀਆਂ ਤੋਂ ਸਿੱਖਿਆ ਖੋਹਣ ਦੀ ਤਿਆਰੀ ਕੀਤੀ ਜਾ ਰਹੀ ਹੈ ਤੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਜਦੋਂ ਤੱਕ ਸਕਾਲਰਸ਼ਿਪ ਵਿਦਿਆਰਥੀ ਦੇ ਖਾਤੇ ਵਿੱਚ ਨਹੀਂ ਆਉਂਦੀ, ਓਦੋਂ ਤੱਕ ਐੱਸ.ਸੀ. ਵਿਦਿਆਰਥੀ ਤੋਂ ਕੋਈ ਵੀ ਕਾਲਜ ਜਾਂ ਯੂਨੀਵਰਸਿਟੀ ਵੱਲੋਂ ਕਿਸੇ ਤਰ੍ਹਾਂ ਦੀ ਕੋਈ ਫੀਸ ਨਹੀਂ ਲਈ ਜਾ ਸਕਦੀ। ਕਾਲਜ ਦੇ ਵਿਦਿਆਰਥੀ ਆਗੂ ਆਸ਼ੂਤੋਸ਼, ਹਰਮਨਪ੍ਰੀਤ ਸਿੰਘ ਤੇ ਗੁਰਪ੍ਰੀਤ ਕੌਰ ਨੇ ਕਿਹਾ ਕਿ ਪਿਛਲੇ ਸਾਲਾਂ ਤੋਂ ਕਾਲਜ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਦਾਖਲਾ ਕੀਤਾ ਜਾ ਰਿਹਾ ਸੀ, ਪਰ ਇਸ ਸਾਲ ਕਾਲਜ ਵੱਲੋਂ ਐੱਸ. ਸੀ ਵਿਦਿਆਰਥੀਆਂ ਤੋਂ ਫੀਸ ਮੰਗ ਲਈ ਗਈ ਹੈ ਤੇ ਕਾਲਜ ਨੇ ਕਿਹਾ ਕਿ ਜਿਨ੍ਹਾਂ ਵਿਦਿਆਰਥੀਆਂ ਕੋਲ ਫ਼ੀਸ ਨਹੀਂ ਹੈ, ਉਨ੍ਹਾਂ ਵਿਦਿਆਰਥੀਆਂ ਨੂੰ ਦਾਖਲਾ ਨਹੀਂ ਦਿੱਤਾ ਜਾਵੇਗਾ।ਵਿਦਿਆਰਥੀਆਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਐੱਸ ਡੀ ਐੱਮ ਨੂੰ ਮੰਗ ਪੱਤਰ ਸੌਂਪਿਆ ਗਿਆ।ਉਹਨਾਂ ਕਿਹਾ ਕਿ ਜੇਕਰ ਸਾਡਾ ਮਸਲਾ ਹੱਲ ਨਾਂ ਹੋਇਆ ਤਾਂ ਅਣਮਿੱਥੇ ਸਮੇਂ ਲਈ ਧਰਨਾ ਦਿੱਤਾ ਜਾਵੇਗਾ।ਇਸ ਮਾਮਲੇ ਸਬੰਧੀ ਜਦੋਂ ਸ਼ਹੀਦ ਊਧਮ ਸਿੰਘ ਪੰਜਾਬ ਯੂਨੀਵਰਸਿਟੀ ਕੰਸਟੀਚਿਊਟ ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਖੋਸਲਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆਂ ਕਿ ਕਾਲਜ ਯੂਨੀਵਰਸਿਟੀ ਦੀਆਂ ਹਦਾਇਤਾਂ ਮੁਤਾਬਿਕ ਕੰਮ ਕਰਦਾ ਹੈ ਤੇ ਜੋ ਹਦਾਇਤਾਂ ਪੰਜਾਬ ਯੂਨੀਵਰਸਿਟੀ ਵੱਲੋਂ ਆਈਆਂ ਹਨ, ਉਨ੍ਹਾਂ ਸਬੰਧੀ ਕਾਲਜ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਨੂੰ ਜਾਣੂੰ ਕਰਵਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਜੋ ਵੀ ਹਦਾਇਤਾਂ ਅੱਗੇ ਜਾਰੀ ਕੀਤੀਆਂ ਜਾਣਗੀਆਂ, ਉਨ੍ਹਾਂ ਦੀ ਇੰਨ ਬਿੰਨ ਪਾਲਣਾ ਲਈ ਕਾਲਜ ਪਾਬੰਦ ਹੋਵੇਗਾ ਤੇ ਵਿਦਿਆਰਥੀਆਂ ਨਾਲ ਸਮੇਂ ਸਮੇਂ ਸਿਰ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਇਸ ਮੌਕੇ ਦਵਿੰਦਰ ਸਿੰਘ, ਹੈਪੀ ਸਿੰਘ ਗਗਨਦੀਪ ਕੌਰ, ਪ੍ਰਿਯੰਕਾ, ਕਰਨ, ਹਰਪ੍ਰੀਤ, ਸੁਨੀਲ ਸਿੰਘ, ਅਰਸ਼ਦੀਪ ਸਿੰਘ ਵਿਦਿਆਰਥੀ ਆਦਿ ਹਾਜ਼ਰ ਸਨ।

# ਪੱਤਰਕਾਰ ਅਨਿਲ ਜੈਨ ਨੂੰ ਸਦਮਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪ੍ਰੈੱਸ ਕਲੱਬ ਰਾਮਾਂ ਦੇ ਸਾਬਕਾ ਪ੍ਰਧਾਨ ਅਨਿਲ ਜੈਨ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਤਾਇਆ ਸ੍ਰੀ ਰਤਨ ਲਾਲ ਜੈਨ ਦਾ ਦਿੱਲੀ ਵਿਖੇ ਦੇਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਸ਼ੁੱਕਰਵਾਰ ਦੁਪਹਿਰ ਰੋਹਿਣੀ ਦਿੱਲੀ ਵਿਖੇ ਕੀਤਾ ਗਿਆ। ਭੋਗ ਤੇ ਅੰਤਿਮ ਅਰਦਾਸ ਸ਼ਨੀਵਾਰ ਨੂੰ ਦਿੱਲੀ ਵਿਖੇ ਹੋਵੇਗੀ।ਉਨ੍ਹਾਂ ਦੀ ਮੌਤ 'ਤੇ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ, ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ, ਜ਼ਿਲ੍ਹਾ ਦੇਹਾਤੀ ਕਾਂਗਰਸ ਪ੍ਰਧਾਨ ਖੁਸ਼ਬਾਜ ਸਿੰਘ ਜਟਾਣਾ, ਸਾਬਕਾ ਮੰਤਰੀ ਹਰਮਿੰਦਰ ਸਿੰਘ ਜੱਸੀ, ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਡੀਐੱਸਪੀ ਤਲਵੰਡੀ ਸਾਬੋ ਰਜੇਸ਼ ਕੁਮਾਰ ਸਨੇਹੀ, ਲੋਕ ਆਵਾਜ਼ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਨੇ ਪੱਤਰਕਾਰ ਅਨਿਲ ਜੈਨ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਲਖਵਿੰਦਰ ਸਿੰਘ ਗੁਰੂ ਨੇ ਥਾਣਾ ਸਿਟੀ ਦਾ ਚਾਰਜ ਸੰਭਾਲਿਆ



**ਬਰਨਾਲਾ (ਰਜਿੰਦਰ ਬਰਾੜ)**-ਇੰਸਪੈਕਟਰ ਲਖਵਿੰਦਰ ਸਿੰਘ ਗੁਰੂ ਨੇ ਮੁੱਖ ਅਫ਼ਸਰ ਵਜੋਂ ਥਾਣਾ ਸਿਟੀ-1 ਬਰਨਾਲਾ ਦਾ ਅਹੁਦਾ ਸੰਭਾਲਿਆ।ਪ੍ਰੈੱਸ ਮਿਲਣੀ ਦੌਰਾਨ ਗੱਲਬਾਤ ਕਰਦਿਆਂ ਸ੍. ਲਖਵਿੰਦਰ ਸਿੰਘ ਗੁਰੂ ਨੇ ਕਿਹਾ ਕਿ ਸ਼ਹਿਰ ਅੰਦਰ ਕਿਸੇ ਕਿਸਮ ਦੀ ਗੁੰਡਾਗਰਦੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆ ਜਾਣ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ੇ ਦਾ ਕਾਰੋਬਾਰ ਕਰਦਾ ਹੈ ਤਾਂ ਬੇਝਿਜਕ ਮੈਨੂੰ ਆ ਕੇ ਮਿਲਣ ਜਾਂ ਮੇਰੇ ਫ਼ੋਨ ਨੰਬਰ 75081-79014 'ਤੇ ਸੂਚਨਾ ਦਿੱਤੀ ਜਾਵੇ, ਤੁਰੰਤ ਕਾਰਵਾਈ ਕੀਤੀ ਜਾਵੇਗੀ।ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਚੋਰੀ ਤੇ ਲੁੱਟ-ਖੋਹ ਦੀਆਂ ਵਾਪਰ ਰਹੀਆਂ ਘਟਨਾਵਾਂ 'ਤੇ ਵੀ ਜਲਦੀ ਕਾਬੂ ਪਾ ਲਿਆ ਜਾਵੇਗਾ।

# ਸਹਾਇਕ ਸਬ-ਇੰਸਪੈਕਟਰ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

## ਸ਼ਿਕਾਇਤਕਰਤਾ ਤੋਂ ਪਹਿਲਾਂ ਵੀ 10,000 ਰੁਪਏ ਰਿਸ਼ਵਤ ਲੈ ਚੁੱਕਾ ਹੈ ਉਕਤ ਪੁਲਸ ਮੁਲਾਜ਼ਮ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਵੀਰਵਾਰ ਨੂੰ ਥਾਣਾ ਸਿਟੀ ਫਿਰੋਜ਼ਪੁਰ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐੱਸ.ਆਈ) ਗੁਰਮੇਲ ਸਿੰਘ ਨੂੰ 10,000 ਰੁਪਏ ਰਿਸ਼ਵਤ ਮੰਗਣ ਤੇ ਲੈਣ ਮੌਕੇ ਰੰਗੇ ਹੱਥੀਂ ਕਾਬੂ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਸ ਮੁਲਾਜ਼ਮ ਨੂੰ ਰਾਜ ਕੁਮਾਰ ਵਾਸੀ ਬੱਲੂਆਣਾ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਸਦੇ ਭਰਾ ਮਦਨ ਲਾਲ, ਏ.ਐੱਸ.ਆਈ. ਵਿਰੁੱਧ ਫਿਰੋਜ਼ਪੁਰ ਥਾਣਾ ਸ਼ਹਿਰੀ ਵਿਖੇ ਜੁਲਾਈ 2023 ਵਿੱਚ ਪੁਲਸ ਕੇਸ ਦਰਜ ਹੋਇਆ ਸੀ ਤੇ ਉਕਤ ਏ.ਐੱਸ.ਆਈ. ਗੁਰਮੇਲ ਸਿੰਘ ਇਸ ਮੁਕੱਦਮੇ ਵਿੱਚ ਤਫਤੀਸ਼ੀ ਅਫਸਰ (ਆਈ.ਓ.) ਸੀ।ਬੁਲਾਰੇ ਨੇ ਦੱਸਿਆ ਕਿ ਉਕਤ ਗੁਰਮੇਲ ਸਿੰਘ ਨੇ ਸ਼ਿਕਾਇਤਕਰਤਾ ਦੇ ਭਰਾ ਖ਼ਿਲਾਫ਼ ਇਹ ਕੇਸ ਦਰਜ ਹੋਣ ਸਮੇਂ ਵੀ 10 ਹਜ਼ਾਰ ਰੁਪਏ ਲਏ ਸਨ।ਇਸ ਮੁਕੱਦਮੇ ਦੌਰਾਨ ਸ਼ਿਕਾਇਤਕਰਤਾ ਦੇ ਭਰਾ ਦੀ ਇੱਕ ਹਾਦਸੇ ਵਿੱਚ ਮੌਤ ਹੋ ਗਈ ਤੇ ਉਕਤ ਆਈ.ਓ. ਗੁਰਮੇਲ ਸਿੰਘ ਨੇ ਉਸ ਦੇ ਭਰਾ ਦੀ ਮੌਤ ਬਾਰੇ ਅਦਾਲਤ ਵਿੱਚ ਰਿਪੋਰਟ ਪੇਸ਼ ਕਰਨੀ ਸੀ ਤਾਂ ਜੋ ਪਰਵਾਰ ਤਰਸ ਦੇ ਆਧਾਰ 'ਤੇ ਸਰਕਾਰੀ ਨੌਕਰੀ ਲੈਣ ਲਈ ਅਰਜ਼ੀ ਦੇ ਸਕੇ।ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐੱਸ.ਆਈ. ਵੱਲੋਂ ਇਸ ਕੰਮ ਬਦਲੇ ਵੀ 10,000 ਰੁਪਏ ਰਿਸ਼ਵਤ ਦੀ ਮੰਗ ਰਿਹਾ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ਾਂ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਉਕਤ ਏ. ਐੱਸ. ਆਈ. ਗੁਰਮੇਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਬੁਲਾਰੇ ਨੇ ਦੱਸਿਆ ਕਿ ਉਕਤ ਏ.ਐੱਸ.ਆਈ. ਖਿਲਾਫ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਬੀ ਕੇ ਯੂ ਰਾਜੇਵਾਲ ਨੇ ਪੀਰ ਮੁਹੰਮਦ ਦੇ ਖੇਡ ਸਟੇਡੀਅਮ 'ਚ ਪੌਦੇ ਲਗਾਏ



**ਮੱਖੂ (ਰਛਪਾਲ ਸਿੰਘ ਸੰਧੂ)**-ਜਿਸ ਤਰ੍ਹਾਂ ਧਰਤੀ ਦਾ ਪਾਣੀ ਦਿਨੋਂ ਦਿਨ ਡੂੰਘਾ ਹੁੰਦਾ ਜਾ ਰਿਹਾ ਜੋ ਕਿ ਚਿੰਤਾ ਦਾ ਵਿਸ਼ਾ ਹੈ, ਪਰ ਪਾਣੀ ਦੀ ਸੰਭਾਲ ਤੋਂ ਅਸੀਂ ਅਜੇ ਵੀ ਅਣਜਾਣ ਹਨ ਤੇ ਅਣਗਹਿਲੀ ਕਾਰਨ ਪਾਣੀ ਦੀ ਦੁਰਵਰਤੋਂ ਕਰ ਰਹੇ ਹਾਂ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲਖਵਿੰਦਰ ਸਿੰਘ ਪੀਰ ਮੁਹੰਮਦ ਯੂਥ ਪ੍ਰਧਾਨ ਪੰਜਾਬ ਬੀਕੇਯੂ ਰਾਜੇਵਾਲ ਵੱਲੋਂ ਪਿੰਡ ਪੀਰ ਮੁਹੰਮਦ ਦੇ ਖੇਡ ਸਟੇਡੀਅਮ ਵਿਖੇ ਬੂਟੇ ਲਗਾਉਂਦੇ ਹੋਏ ਕਿਹਾ ਕਿ ਗੁਰਬਾਣੀ ਦਾ ਵਾਕ ਪਹਿਲਾਂ ਪਾਣੀ ਜੀਓ ਹੈ ਜਿੱਤ ਹਰਿਆ ਸਭਿ ਕੋਇ, ਪਰ ਅਸੀਂ ਸਮਝ ਨਹੀਂ ਰਹੇ, ਜਿਸ ਦਾ ਖਮਿਆਜ਼ਾ ਸਾਨੂੰ ਆਉਣ ਵਾਲੇ ਸਮੇਂ ਵਿੱਚ ਭੁਗਤਣਾ ਪਵੇਗਾ।ਜੇਕਰ ਅਸੀਂ ਧੀਆਂ ਨੂੰ ਕੁੱਖਾਂ ਵਿੱਚ ਕਤਲ ਕਰਾਉਂਦੇ ਰਹੇ ਤਾਂ ਉਹ ਟਾਈਮ ਦੂਰ ਨਹੀਂ ਜਦੋਂ ਮਨੁੱਖ ਦੀ ਹੋਂਦ ਨੂੰ ਖ਼ਤਰਾ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਵਾਰ ਪਈ ਗਰਮੀ ਨੇ ਸਾਨੂੰ ਰੁੱਖਾਂ ਬਾਰੇ ਸੋਚਣ ਲਈ ਮਜਬੂਰ ਕਰ ਦਿੱਤਾ ਹੈ।ਵਿਕਾਸ ਦੇ ਨਾਂਅ 'ਤੇ ਬਣ ਰਹੇ ਨੈਸ਼ਨਲ ਹਾਈਵੇ ਨੇ ਰੁੱਖਾਂ ਦਾ ਬਹੁਤ ਨਾਸ਼ ਕੀਤਾ।ਕਈ ਫੈਕਟਰੀਆਂ ਪ੍ਰਦੂਸ਼ਣ ਤਾਂ ਬਹੁਤ ਫਲਾਉਂਦੀਆਂ ਹਨ, ਪਰ ਕਾਨੂੰਨ ਅਨੁਸਾਰ ਜਿੰਨੇ ਫੈਕਟਰੀ ਏਰੀਏ ਵਿੱਚ ਰੁੱਖ ਚਾਹੀਦੇ ਹਨ, ਉਹ ਅਫਸ਼ਾਹੀ ਦੀ ਅਣਗਹਿਲੀ ਕਾਰਨ ਨਹੀਂ ਹੁੰਦੇ, ਜੇਕਰ ਇੰਡਸਟਰੀਆਂ ਦੀ ਸਹੀ ਜਾਂਚ ਕੀਤੀ ਜਾਵੇ ਤਾਂ ਹੈਰਾਨ ਰਹਿ ਜਾਉਗੇ ਤਾਂ ਕਈ ਫੈਕਟਰੀਆਂ ਮਾਪਦੰਡ 'ਤੇ ਪੂਰੀਆਂ ਨਹੀਂ ਮਿਲਣਗੀਆਂ।ਇਸ ਨੂੰ ਪੰਜਾਬ ਦੀ ਤ੍ਰਾਸਦੀ ਜਾਂ ਸਰਕਾਰਾਂ ਦੀ ਨਲਾਇਕੀ ਕਹੀਏ।ਇਸ ਵਾਰ ਪਈ ਗਰਮੀ ਦੀ ਤਾਜ਼ਾ ਮਿਸਾਲ ਹੈ ਕਿ ਹਰ ਮਨੁੱਖ ਨੂੰ ਇੱਕ ਰੁੱਖ ਜ਼ਰੂਰ ਲਾਉਣਾ ਚਾਹੀਦਾ ਹੈ।ਇਸ ਲੜੀ ਤਹਿਤ ਪਿੰਡ ਪੀਰਮੁਹੰਮਦ ਦੇ ਖੇਡ ਸਟੇਡੀਅਮ ਵਿੱਚ ਲਖਵਿੰਦਰ ਸਿੰਘ ਪੀਰ ਮੁਹੰਮਦ ਯੂਥ ਪ੍ਰਧਾਨ ਪੰਜਾਬ ਬੀਕੇਯੂ ਰਾਜੇਵਾਲ, ਰਜਿੰਦਰ ਸਿੰਘ ਔਜਲਾ ਕਲੱਬ ਪ੍ਰਧਾਨ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ ਚਮਕੀਲਾ, ਸਾਦਿਕ ਸਿੰਘ, ਪਾਲਾ ਸਿੰਘ, ਹਰਨੇਕ ਸਿੰਘ ਅਤੇ ਨਰੇਗਾ ਮਜ਼ਦੂਰਾਂ ਔਰਤਾਂ ਵੱਲੋਂ 200 ਦੇ ਕਰੀਬ ਬੂਟੇ ਲਗਾਏ ਤੇ ਇਨ੍ਹਾਂ ਦੀ ਸੰਭਾਲ ਦਾ ਪ੍ਰਣ ਲਿਆ।

# ਮੈਡਮ ਮਲਕੀਤ ਕੌਰ ਬਣੇ ਡਿਪਟੀ ਮਾਸ ਮੀਡੀਆ ਅਫ਼ਸਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਯੂ.ਪੀ.ਐੱਸ.ਸੀ. ਬੇਅੰਤ ਨਗਰ (ਧੋਬੀਆਣਾ ਬਸਤੀ) ਬਠਿੰਡਾ ਵਿਖੇ ਲੰਬੇ ਸਮੇਂ ਤੋਂ ਬਤੌਰ ਐੱਲ.ਐੱਚ.ਵੀ. ਦੀਆਂ ਸੇਵਾਵਾਂ ਨਿਭਾਅ ਰਹੇ ਮੈਡਮ ਮਲਕੀਤ ਕੌਰ ਨੂੰ ਸਿਹਤ ਵਿਭਾਗ ਵੱਲੋਂ ਤਰੱਕੀ ਦੇ ਕੇ ਡਿਪਟੀ ਮਾਸ ਮੀਡੀਆ ਅਫ਼ਸਰ ਬਣਾਇਆ ਗਿਆ ਹੈ।ਉਨ੍ਹਾਂ ਆਪਣੀਆਂ ਸੇਵਾਵਾਂ ਇਮਾਨਦਾਰੀ, ਦ੍ਰਿੜ੍ਹਤਾ ਤੇ ਲਗਨ ਨਾਲ ਨਿਭਾਈਆਂ ਗਈਆਂ।ਕੋਵਿਡ-19 ਮਹਾਂਮਾਰੀ ਦੌਰਾਨ ਉਨ੍ਹਾਂ ਆਪਣੀ ਡਿਊਟੀ ਬਾਖੂਬੀ ਨਿਭਾਈ।ਉਨ੍ਹਾਂ ਮਹਿਕਮੇ ਦੇ ਟੀਚੇ ਪੂਰੇ ਕਰਨ, ਵੱਖ ਵੱਖ ਬਿਮਾਰੀਆਂ ਤੇ ਸਿਹਤ ਸਕੀਮਾਂ ਸਬੰਧੀ ਆਮ ਲੋਕਾਂ ਵਿੱਚ ਜਾਗਰੂਕਤਾ ਦੇਣ ਲਈ ਸਖ਼ਤ ਮਿਹਨਤ ਕੀਤੀ।ਵਧੀਆਂ ਸੇਵਾਵਾਂ ਬਦਲੇ ਸਿਹਤ ਵਿਭਾਗ ਵੱਲੋਂ ਉਨ੍ਹਾਂ ਨੂੰ ਤਰੱਕੀ ਦੇ ਕੇ ਡਿਪਟੀ ਮਾਸ ਮੀਡੀਆ ਅਫ਼ਸਰ ਦਫ਼ਤਰ ਸਿਵਲ ਸਰਜਨ ਬਠਿੰਡਾ ਲਗਾਇਆ ਗਿਆ ਹੈ।ਦਫ਼ਤਰ ਸਿਵਲ ਸਰਜਨ ਦੇ ਸਟਾਫ਼ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਲੰਬੀ ਉਮਰ ਦੀ ਕਾਮਨਾ ਕੀਤੀ।ਇਸ ਮੌਕੇ ਜ਼ਿਲ੍ਹਾ ਬੀ.ਸੀ.ਸੀ. ਤੇ ਗਗਨਦੀਪ ਸਿੰਘ ਭੁੱਲਰ ਹਾਜ਼ਰ ਸਨ।



# ਸੰਧਵਾਂ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਮਰੀਜ਼ਾਂ ਦਾ ਹਾਲ-ਚਾਲ ਜਾਣਿਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਦਾਖਲ ਮਰੀਜ਼ਾਂ ਦਾ ਹਾਲ-ਚਾਲ ਜਾਨਣ ਲਈ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍. ਕੁਲਤਾਰ ਸਿੰਘ ਸੰਧਵਾਂ ਉਚੇਚੇ ਤੌਰ 'ਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਲੈਣ ਅਚਨਚੇਤ ਪੁੱਜੇ।ਮੈਡੀਕਲ ਕਾਲਜ ਵਿਖੇ ਉਨ੍ਹਾਂ ਵਾਰਡਾਂ ਵਿੱਚ ਦਾਖਲ ਮਰੀਜ਼ਾਂ ਤੋਂ ਇਲਾਵਾ ਐਮਰਜੈਂਸੀ ਤੇ ਆਈ ਸੀ ਯੂ ਦਾ ਵੀ ਦੌਰਾ ਕੀਤਾ।ਇਸ ਉਪਰੰਤ ਦਿੱਤੀਆਂ ਜਾ ਰਹੀਆਂ ਸੇਵਾਵਾਂ 'ਤੇ ਤਸੱਲੀ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਸਹੂਲਤਾਂ ਦੇਣ ਵਿੱਚ ਮੋਹਰੀ ਸੂਬਾ ਬਣਦਾ ਜਾ ਰਿਹਾ ਹੈ।ਸੂਬੇ ਵਿੱਚ ਜਿੱਥੇ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਚੰਗੀ ਸਿਹਤ ਮੁਹੱਈਆ ਕਰਵਾਈ ਜਾ ਰਹੀ ਹੈ, ਉੱਥੇ ਨਾਲ ਹੀ ਵੱਡੇ ਮੈਡੀਕਲ ਇੰਸੀਚਿਊਟ ਤੇ ਟਰਸ਼ਰੀ ਕੇਅਰ ਵੱਲ ਵੀ ਪੂਰਾ ਧਿਆਨ ਦਿੱਤਾ ਜਾ ਰਿਹਾ ਹੈ।

ਦੌਰੇ ਦੌਰਾਨ ਉਨ੍ਹਾਂ ਕਿਹਾ ਕਿ ਡਾਕਟਰਾਂ ਤੇ ਪ੍ਰਬੰਧਕਾਂ ਨਾਲ ਜੋ ਥੋੜ੍ਹੀਆਂ ਬਹੁਤ ਕਮੀਆਂ ਲੋਕਾਂ ਵੱਲੋਂ ਦੱਸੀਆਂ ਗਈਆ ਹਨ, ਉਨ੍ਹਾਂ ਨੂੰ ਵੀ ਜਲਦ ਹੀ ਦੂਰ ਕਰ ਲਿਆ ਜਾਵੇਗਾ।ਕਿਸਾਨ ਯੂਨੀਅਨ ਦੇ ਨੁਮਾਇੰਦੇ ਨਵਦੀਪ ਦੀ ਜ਼ਮਾਨਤ ਹੋਣ 'ਤੇ ਜੁਡੀਸ਼ਰੀ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਪੂੰਜੀਵਾਦ ਤੇ ਪੂੰਜੀਵਾਦੀਆਂ ਖਿਲਾਫ ਵਿੱਢੀ ਗਈ ਲੜਾਈ ਵਿੱਚ ਕਿਸਾਨਾਂ ਵੱਲੋਂ ਪਾਇਆਂ ਜਾ ਰਿਹਾ ਯੋਗਦਾਨ ਕਿਸਾਨਾਂ ਦੀ ਇੱਕ ਦਿਨ ਜ਼ਰੂਰ ਨੁਹਾਰ ਬਦਲੇਗਾ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਕਮੇਟੀ ਸ੍. ਸੁਖਜੀਤ ਸਿੰਘ ਢਿੱਲਵਾਂ ਹਾਜ਼ਰ ਸਨ।

# ਪੱਤਰਕਾਰ ਵਰਿੰਦਰ ਵਰਮਾ ਨੂੰ ਸਦਮਾ, ਮਾਤਾ ਦਾ ਦਿਹਾਂਤ



**ਨਾਭਾ (ਤੇਜਾ ਸਿੰਘ)**-ਸੀਨੀਅਰ ਪੱਤਰਕਾਰ ਵਰਿੰਦਰ ਕੁਮਾਰ ਵਰਮਾ (ਹੈਪੀ) ਤੇ ਕਮਲ ਕੁਮਾਰ (ਡਿੰਪਲ) ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਵਿੱਦਿਆ ਦੇਵੀ ਜੀ ਧਰਮਪਤਨੀ (ਸਵਰਗੀ ਗੋਬਿੰਦ ਪ੍ਰਕਾਸ਼ ਚਰਨ ਗੈਸ ਸਰਵਿਸ) ਦਾ ਅਚਾਨਕ ਦਿਹਾਂਤ ਹੋ ਗਿਆ।ਉਨ੍ਹਾ ਦਾ ਅੰਤਿਮ ਸੰਸਕਾਰ ਬੀਤੇ ਦਿਨੀਂ ਅਲੌਹਰਾਂ ਗੇਟ ਨਾਭਾ ਦੇ ਸ਼ਮਸ਼ਾਨਘਾਟ ਵਿਖੇ ਪੂਰੇ ਰੀਤੀ ਰਿਵਾਜਾਂ ਨਾਲ ਕੀਤਾ ਗਿਆ।ਮਾਤਾ ਵਿੱਦਿਆ ਦੇਵੀ ਦੀ ਚਿੱਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰਾਂ ਵਰਿੰਦਰ ਕੁਮਾਰ ਵਰਮਾ ਤੇ ਕਮਲ ਕੁਮਾਰ ਨੇ ਦਿਖਾਈ। ਇਸ ਮੌਕੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਵਿਧਾਇਕ ਰਮੇਸ਼ ਸਿੰਗਲਾ, ਭਾਜਪਾ ਪਾਰਟੀ ਦੇ ਸੀਨੀਅਰ ਆਗੂ ਤੇ ਸੂਬਾ ਪੰਜਾਬ ਦੇ ਕਾਰਜਕਾਰਨੀ ਮੈਂਬਰ ਗੁਰਤੇਜ ਸਿੰਘ ਢਿੱਲੋਂ, ਵਾਤਾਵਰਨ ਪ੍ਰੇਮੀ ਗੁਲਾਬ ਮਾਨ, ਬਹਾਵਲਪੁਰ ਬਿਰਾਦਰੀ ਵੈੱਲਫੇਅਰ ਸੁਸਾਇਟੀ ਪ੍ਰਧਾਨ ਸ਼ਾਂਤੀ ਪ੍ਰਕਾਸ਼, ਟਰੇਡ ਵਿੰਗ ਜੁਆਇੰਟ ਸਕੱਤਰ ਪੰਜਾਬ ਅਜੇ ਜਿੰਦਲ, ਜੀ ਬੀ ਇੰਟਰਨੈਸ਼ਨਲ ਸਕੂਲ ਚੇਅਰਮੈਨ ਸੰਦੀਪ ਬਾਂਸਲ, ਅਰੋੜਾ ਵੰਸ਼ ਵੈੱਲਫੇਅਰ ਸੋਸਾਇਟੀ ਪ੍ਰਧਾਨ ਦਰਸ਼ਨਾ ਅਰੋੜਾ, ਮਾਲਵਾ ਪਬਲਿਕ ਸਕੂਲ ਪ੍ਰਿੰਸੀਪਲ ਅਲੋਕ ਮੁਖੇਜਾ, ਆਪ ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ ਆਦਿ ਤੋਂ ਇਲਾਵਾ ਧਾਰਮਿਕ, ਸਮਾਜਿਕ ਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਸਮਾਜ ਦੇ ਵੱਖ ਵੱਖ ਵਰਗਾਂ ਨਾਲ ਸਬੰਧਤ ਪਤਵੰਤੇ ਸੱਜਣਾਂ ਤੇ ਪ੍ਰੈੱਸ ਭਾਈਚਾਰੇ ਨੇ ਵਰਮਾ ਪਰਿਵਾਰ ਨਾਲ ਦੁੱਖ ਵੰਡਾਇਆ। ਫੁੱਲਾਂ ਦੀ ਰਸਮ 20 ਜੁਲਾਈ ਨੂੰ ਸਵੇਰੇ 7 ਵਜੇ ਸ਼ਮਸ਼ਾਨ ਘਾਟ ਅਲੌਹਰਾਂ ਗੇਟ ਵਿਖੇ ਹੋਵੇਗੀ।

# ਮਾਤਮੀ ਮਾਹੌਲ 'ਚ ਮਨਾਇਆ ਹਜ਼ਰਤ ਇਮਾਮ ਹੁਸੈਨ ਨੂੰ ਸਮਰਪਤ ਮੁਹੱਰਮ ਦਾ ਦਿਹਾੜਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮੁਸਲਿਮ ਸ਼ੀਆ ਭਾਈਚਾਰੇ ਵੱਲੋਂ ਹਜ਼ਰਤ ਇਮਾਮ ਹੁਸੈਨ ਜੀ ਦੀ ਯਾਦ ਨੂੰ ਸਮਰਪਤ ਮੁਹੱਰਮ ਦਾ ਦਿਹਾੜਾ ਜ਼ਿਲ੍ਹਾ ਮਾਲੇਰਕੋਟਲਾ 'ਚ ਵਸਦੇ ਵੱਡੀ ਗਿਣਤੀ ਸ਼ੀਆ ਮੁਸਲਮਾਨਾਂ ਨੇ ਵੀ ਪੂਰੇ ਮਾਤਮੀ ਮਾਹੌਲ 'ਚ ਮਨਾਉਂਦਿਆਂ ਕੱਲ੍ਹ ਤੇ ਅੱਜ ਸ਼ਹਿਰ ਅੰਦਰ ਮਾਤਮੀ ਜਲੂਸ ਕੱਢੇ ਗਏ। ਹਜ਼ਰਤ ਇਮਾਮ ਹੁਸੈਨ ਦੀ ਸ਼ਹਾਦਤ ਦੇ ਸ਼ੋਕ 'ਚ ਡੁੱਬੇ ਕਾਲੇ ਕੱਪੜੇ ਪਹਿਨੇ ਸ਼ੀਆ ਭਾਈਚਾਰੇ ਦੇ ਲੋਕਾਂ ਨੇ ਸਿਰਾਂ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਇਮਾਮਬਾੜਾ ਸ਼ੇਖ ਬੂਟਾ (ਖੋਜ਼ਗਾਨ) ਵਿਖੇ ਇਕੱਠੇ ਹੋਏ, ਜਿੱਥੇ ਮਜਲਿਸ ਦੌਰਾਨ ਮੌਲਾਨਾ ਤਫਸੀਰ ਹੁਸੈਨ ਵੱਲੋਂ ਹਜ਼ਰਤ ਇਮਾਮ ਹੁਸੈਨ ਦੀ ਸ਼ਹਾਦਤ ਸਬੰਧੀ ਤਕਰੀਰਾਂ ਕਰਨ ਤੋਂ ਬਾਅਦ ਇਮਾਮਬਾੜਾ ਖੋਜਗਾਨ ਤੋਂ ਮਾਤਮ ਕਰਦੇ ਹੋਏ ਰਵਾਨਾ ਹੋਇਆ ਇਹ ਮਾਤਮੀ ਜਲੂਸ, ਜਿਸ 'ਚ ਵੱਡੀ ਗਿਣਤੀ ਔਰਤਾਂ ਤੇ ਬੱਚੇ ਵੀ ਸ਼ਾਮਲ ਸਨ, ਦੁਪਹਿਰ ਵੇਲੇ ਇਮਾਮਬਾੜਾ ਸਇਅਦਾਨ 'ਚ ਮੌਲਾਨਾ ਰਿਹਾਨ ਨੇ ਸ਼ੀਆ ਭਾਈਚਾਰੇ ਨੂੰ ਸੰਬੋਧਨ ਕੀਤਾ, ਇਸ ਤੋਂ ਬਾਅਦ ਦੁਪਹਿਰ ਸ਼ੀਸ਼-ਮਹਿਲ ਨੇੜੇ ਸਥਿਤ ਇਮਾਮਬਾੜਾ ਅਹਿਸਾਨੀਆ ਪੁੱਜਿਆ, ਫਿਰ ਜੋਹਰ ਦੀ ਨਮਾਜ਼ ਤੋਂ ਬਾਅਦ ਇਮਾਮਬਾੜਾ ਅਹਿਸਾਨੀਆ 'ਚ ਮੌਲਾਨਾ ਸੱਜਾਦ ਹੁਸੈਨ ਰਿਜਵੀ ਨੇ ਸ਼ੀਆ ਭਾਈਚਾਰੇ ਦੇ ਲੋਕਾਂ ਨੂੰ ਹਜ਼ਰਤ ਇਮਾਮ ਹੁਸੈਨ ਜੀ ਦੀ ਸ਼ਹਾਦਤ ਸੰਬੰਧੀ ਕਰਬਲਾ ਦੇ ਮੈਦਾਨ-ਏ-ਜੰਗ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਮੌਕੇ ਸ਼ੀਸ਼-ਮਹਿਲ ਦੇ ਬਾਹਰ ਖੁੱਲੀ ਜਗ੍ਹਾ 'ਚ ਤੇਜ਼ਧਾਰ ਜ਼ੰਜੀਰਾਂ ਨਾਲ ਮਾਤਮ ਕਰਦਿਆਂ ਸ਼ੀਆ ਭਾਈਚਾਰੇ ਦੇ ਲੋਕਾਂ ਨੇ ਆਪਣੇ ਸਰੀਰਾਂ ਨੂੰ ਲਹੂ-ਲੁਹਾਨ ਕੀਤਾ। ਸ਼ੀਆ ਨੌਜਵਾਨਾਂ ਦੇ ਨਾਲ ਉਨ੍ਹਾਂ ਦੇ ਛੋਟੇ-ਛੋਟੇ ਮਾਸੂਮ ਬੱਚਿਆਂ ਨੇ ਵੀ ਮਾਤਮ 'ਚ ਹਿੱਸਾ ਲੈਂਦਿਆਂ ਆਪਣੇ-ਆਪ ਨੂੰ ਲਹੂ-ਲੁਹਾਨ ਕਰਕੇ ਇਹ ਸੰਦੇਸ਼ ਦਿੱਤਾ ਕਿ ਹਜ਼ਰਤ ਇਮਾਮ ਹੁਸੈਨ ਲਈ ਉਹ ਆਪਣੇ ਖੂਨ ਦਾ ਇੱਕ-ਇੱਕ ਕਤਰਾ ਵਹਾ ਸਕਦੇ ਹਨ। ਉਕਤ ਇਮਾਮਬਾੜਾ ਤੋਂ ਬਾਅਦ ਇਹ ਮਾਤਮੀ ਜਲੂਸ ਬਾਅਦ ਦੁਪਹਿਰ ਸਰਕਾਰੀ ਇਮਾਮਬਾੜਾ ਪਹੁੰਚਿਆ ਜਿੱਥੇ ਸੱਯਦ ਡਾ. ਪ੍ਰੋਫੈਸਰ ਰਿਹਾਨ ਹਸਨ ਨੇ ਵੀ ਸ਼ੀਆ ਭਾਈਚਾਰੇ ਦੇ ਲੋਕਾਂ ਨੂੰ ਸੰਬੋਧਨ ਕੀਤਾ। ਉਕਤ ਇਮਾਮਬਾੜਿਆਂ ਤੋਂ ਇਲਾਵਾ ਇਮਾਮਬਾੜਾ ਯੰਗ ਮੈਨ 'ਚ ਵੀ ਮਜਲਿਸ ਹੋਈ। ਉਕਤ ਇਮਾਮਬਾੜਾ ਤੋਂ ਰਵਾਨਾ ਹੋਣ ਤੋਂ ਬਾਅਦ ਇਹ ਮਾਤਮੀ ਜਲੂਸ ਦੇਰ ਸ਼ਾਮ ਸਥਾਨਕ ਬਸ ਸਟੈਂਡ ਨੇੜੇ ਸਥਿਤ ਕਰਬਲਾ ਪਹੁੰਚਣ ਉਪਰੰਤ ਸਮਾਪਤ ਹੋਇਆ।

ਮੁਹੱਰਮ ਦੇ ਦਿਹਾੜੇ ਦੇ ਮੱਦੇਨਜ਼ਰ ਜ਼ਿਲ੍ਹਾ ਪੁਲਸ ਮੁਖੀ ਸ੍ਰੀਮਤੀ ਸਿਮਰਤ ਕੌਰ ਦੇ ਦਿਸ਼ਾ-ਨਿਰਦਸ਼ਾਂ ਤਹਿਤ ਮਾਲੇਰਕੋਟਲਾ ਪੁਲਸ ਵੱਲੋਂ ਸ਼ਹਿਰ ਦੇ ਵੱਖ-ਵੱਖ ਇਮਾਮਬਾੜਿਆਂ, ਬਾਜ਼ਾਰਾਂ ਆਦਿ 'ਚ ਲੋਕਾਂ ਦੀ ਸੁਰੱਖਿਆ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਇਸ ਦੌਰਾਨ ਸਥਾਨਕ ਸ਼ੀਆ ਨੌਜਵਾਨਾਂ ਨੇ ਸਥਾਨਕ ਸਰਕਾਰੀ ਹਸਪਤਾਲ ਵਿਖੇ ਹਜ਼ਰਤ ਇਮਾਮ ਹੁਸੈਨ ਦੀ ਸ਼ਹਾਦਤ ਨੂੰ ਸਮਰਪਤ ਖੂਨਦਾਨ ਕੈਂਪ ਲਾਇਆ, ਜਿਸ 'ਚ ਕਰੀਬ 40 ਨੌਜਵਾਨਾਂ ਤੇ ਔਰਤਾਂ ਨੇ ਖੂਨ ਦਾਨ ਕੀਤਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ ਪ੍ਰਿੰਸੀਪਲ ਵਰਕਸ਼ਾਪ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਐੱਸ ਜੀ ਪੀ ਸੀ ਸਕੂਲਾਂ ਲਈ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਸਹਿਯੋਗ ਨਾਲ ਦੋ ਰੋਜ਼ਾ ਪ੍ਰਿੰਸੀਪਲ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਦਾ ਉਦੇਸ਼ ਸਕੂਲ ਦੇ ਪ੍ਰਿੰਸੀਪਲਾਂ ਦੇ ਲੀਡਰਸ਼ਿਪ ਹੁਨਰ ਨੂੰ ਵਧਾਉਣਾ ਤੇ ਉਨ੍ਹਾਂ ਦੀਆਂ ਸੰਸਥਾਵਾਂ ਵਿੱਚ ਸਿੱਖ ਕਦਰਾਂ-ਕੀਮਤਾਂ ਤੇ ਲੋਕਾਚਾਰ ਨੂੰ ਮਜ਼ਬੂਤ ਕਰਨਾ ਸੀ। ਵਰਕਸ਼ਾਪ ਦਾ ਉਦਘਾਟਨ ਸੁਖਮਿੰਦਰ ਸਿੰਘ ਸਕੱਤਰ ਸਿੱਖਿਆ (ਐੱਸ ਜੀ ਪੀ ਸੀ) ਨੇ ਸਕੂਲੀ ਸੱਭਿਆਚਾਰ ਤੇ ਪਾਠਕ੍ਰਮ ਵਿੱਚ ਸਿੱਖ ਕਦਰਾਂ-ਕੀਮਤਾਂ ਤੇ ਲੋਕਾਚਾਰ ਨੂੰ ਜੋੜਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਪ੍ਰਿੰਸੀਪਲਾਂ ਨੂੰ ਇਸ ਟੀਚੇ ਲਈ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ ਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਤੇ ਸਿੱਖ ਵਿਰਸੇ ਨੂੰ ਸੰਭਾਲਣ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਸਾਈਮਨ ਫਰੇਜ਼ਰ ਯੂਨੀਵਰਸਿਟੀ ਤੋਂ ਡਾ: ਗੁਰਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਸਿੱਖਿਆ ਵਿੱਚ ਲੀਡਰਸ਼ਿਪ ਤੇ ਨਵੀਨਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਦਰਸ਼ਕਾਂ ਨੂੰ ਇੱਕ ਪ੍ਰਗਤੀਸ਼ੀਲ ਤੇ ਗਤੀਸ਼ੀਲ ਸਿੱਖਣ ਦੇ ਮਾਹੌਲ ਨੂੰ ਉਤਸ਼ਾਹਤ ਕਰਨ ਲਈ ਰਣਨੀਤੀਆਂ ਨਾਲ ਪ੍ਰੇਰਿਤ ਕੀਤਾ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: ਪ੍ਰਿਤਪਾਲ ਸਿੰਘ ਨੇ ਸਕਾਰਾਤਮਕ ਸੋਚ ਦੀ ਮਹੱਤਤਾ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਦੱਸਿਆ ਕਿ ਕਿਵੇਂ ਸਕਾਰਾਤਮਕ ਮਾਨਸਿਕਤਾ ਸਮੁੱਚੇ ਸਕੂਲ ਦੇ ਮਾਹੌਲ ਨੂੰ ਮਹੱਤਵਪੂਰਨ ਤੌਰ 'ਤੇ ਪ੍ਰਭਾਵਤ ਕਰ ਸਕਦੀ ਹੈ, ਸਟਾਫ ਤੇ ਵਿਦਿਆਰਥੀਆਂ ਦੇ ਰਵੱਈਏ ਅਤੇ ਪ੍ਰਦਰਸ਼ਨ ਨੂੰ ਪ੍ਰਭਾਵਿਤ ਕਰਦੀ ਹੈ। ਪੰਥ ਰਤਨ ਗੁਰਚਰਨ ਸਿੰਘ ਟੌਹੜਾ ਸੰਸਥਾ ਦੇ ਡਾਇਰੈਕਟਰ ਡਾ: ਚਮਕੌਰ ਸਿੰਘ ਨੇ ਗੁਰਮੁਖੀ ਵਿੱਦਿਆ ਦੀ ਮਹੱਤਤਾ 'ਤੇ ਭਾਸ਼ਣ ਦਿੱਤਾ।ਉਨ੍ਹਾਂ ਪੰਜਾਬੀ ਭਾਸ਼ਾ ਤੇ ਸਿੱਖ ਵਿਰਸੇ ਨੂੰ ਸੰਭਾਲਣ ਤੇ ਪ੍ਰਫੁਲਤ ਕਰਨ ਵਿੱਚ ਗੁਰਮੁਖੀ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਵਰਕਸ਼ਾਪ ਸਾਰੇ ਪ੍ਰਿੰਸੀਪਲਾਂ ਵੱਲੋਂ ਵਰਕਸ਼ਾਪ ਦੌਰਾਨ ਪ੍ਰਾਪਤ ਕੀਤੇ ਗਿਆਨ ਤੇ ਰਣਨੀਤੀਆਂ ਨੂੰ ਲਾਗੂ ਕਰਨ ਦੀ ਵਚਨਬੱਧਤਾ ਨਾਲ ਸਮਾਪਤ ਹੋਈ।

# ਸਕੇਲਾਂ ਨਾਲ ਛੇੜਛਾੜ ਖਿਲਾਫ ਪਾਵਰਕਾਮ ਇੰਜੀਨੀਅਰਾਂ ਵੱਲੋਂ ਰੋਸ ਮੀਟਿੰਗ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੀ. ਐੱਸ. ਈ. ਬੀ. ਇੰਜੀਨੀਅਰਜ਼ ਐਸੋਸੀਏਸ਼ਨ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਇਕਾਈ ਦੇ ਇੰਜੀਨੀਅਰਾਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ/ਟਰਾਂਸਕੋ ਮੈਨੇਜਮੈਂਟ ਵੱਲੋਂ ਇੰਜੀਨੀਅਰਾਂ ਦੇ ਸਕੇਲਾਂ ਨਾਲ ਕੀਤੀ ਜਾ ਰਹੀ ਛੇੜਛਾੜ ਵਿਰੁੱਧ ਰੋਸ ਮੀਟਿੰਗ ਕੀਤੀ। ਮੀਟਿੰਗ ਵਿੱਚ ਥਰਮਲ ਪਲਾਂਟ ਦੇ ਸਮੂਹ ਇੰਜੀਨੀਅਰਾਂ ਨੇ ਭਾਗ ਲਿਆ ਤੇ ਪੰਜਾਬ ਸਰਕਾਰ ਵੱਲੋਂ ਪਾਵਰਕਾਮ/ਟਰਾਂਸਕੋ ਦੇ ਇੰਜੀਨੀਅਰਾਂ ਦੇ ਸਕੇਲਾਂ ਵਿੱਚ ਕੀਤੀ ਜਾ ਰਹੀ ਦਖਲ-ਅੰਦਾਜ਼ੀ ਪ੍ਰਤੀ ਰੋਸ ਜ਼ਾਹਰ ਕੀਤਾ। ਐਸੋਸੀਏਸ਼ਨ ਦੇ ਖੇਤਰੀ ਸਕੱਤਰ ਇੰਜੀ. ਕੁਲਵਿੰਦਰ ਸਿੰਘ ਗਿੱਲ ਨੇ ਪ੍ਰੈੱਸ ਨੂੰ ਜਾਰੀ ਬਿਆਨ ਰਾਹੀਂ ਦੱਸਿਆ ਕਿ ਪਾਵਰਕਾਮ/ਟਰਾਂਸਕੋ ਵਿੱਚ ਸਾਲ 2020 ਤੋਂ ਬਾਅਦ ਭਰਤੀ ਹੋਏ ਸਹਾਇਕ ਇੰਜੀਨੀਅਰ ਦੇ ਸਕੇਲ ਨੂੰ ਜਾਣ-ਬੁੱਝ ਕੇ ਘਟਾ ਕੇ ਪੰਜਾਬ ਸਰਕਾਰ ਦੇ ਜੂਨੀਅਰ ਇੰਜੀਨੀਅਰ-1 ਦੇ ਬਰਾਬਰ ਕਰ ਦਿੱਤਾ ਗਿਆ ਹੈ, ਜੋ ਕਿ ਬਹੁਤ ਨਿਰਾਸ਼ਾਜਨਕ ਹੈ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਕੇਲਾਂ ਸਬੰਧੀ ਲੋੜੀਂਦੀ ਸੋਧ ਕਰਨ ਵਿੱਚ ਬੇਲੋੜੀ ਦੇਰੀ ਕੀਤੀ ਜਾ ਰਹੀ ਹੈ। ਇਸ ਦੇਰੀ ਕਾਰਨ ਪਾਵਰਕਾਮ/ਟਰਾਂਸਕੋ ਵਿੱਚ ਨਵੇਂ ਭਰਤੀ ਹੋਏ ਸਹਾਇਕ ਇੰਜੀਨੀਅਰਾਂ ਨਾਲ ਹੋ ਰਹੇ ਅਨਿਆਂ ਕਰਕੇ ਪਾਵਰਕਾਮ ਤੇ ਟਰਾਂਸਕੋ ਦੇ ਸਾਰੇ ਇੰਜੀਨੀਅਰਾਂ ਵਿੱਚ ਭਾਰੀ ਰੋਸ਼ ਅਤੇ ਨਿਰਾਸ਼ਾ ਹੈ। ਮੀਟਿੰਗ ਦੌਰਾਨ ਪਾਵਰਕਾਮ/ਟਰਾਂਸਕੋ ਵਿੱਚ ਸਟਾਫ ਦੀ ਘਾਟ, ਬੇਲੋੜੀਂ ਰਾਜਨੀਤਕ ਦਖਲ-ਅੰਦਾਜ਼ੀ ਕਾਰਨ ਇੰਜੀਨੀਅਰਾਂ ਨੂੰ ਆਪਣੀ ਡਿਊਟੀ ਨਿਭਾਉਣ ਵਿੱਚ ਆ ਰਹੀਆਂ ਮੁਸ਼ਕਲਾਂ ਤੇ ਇੰਜੀਨੀਅਰਾਂ ਦੇ ਸਾਲ 2021 ਤੋਂ ਰੋਕੇ ਗਏ ਸਮਾਂ-ਬੱਧ ਤਰੱਕੀ ਸਕੇਲਾਂ ਬਾਰੇ ਚਰਚਾ ਕੀਤੀ ਗਈ।

ਇੱਕ ਪਾਸੇ ਪੰਜਾਬ ਸਰਕਾਰ ਪਾਵਰਕਾਮ/ਟਰਾਂਸਕੋ ਨੂੰ ਖੁਦ-ਮੁਖਤਿਆਰ ਅਦਾਰੇ ਮੰਨਦੇ ਹੋਏ ਕਰਮਚਾਰੀਆਂ ਦੇ ਤਨਖਾਹ ਸਕੇਲਾਂ ਵਿੱਚ ਤਰੁੱਟੀਆਂ ਸਬੰਧੀ ਫੈਸਲੇ ਆਪਣੇ ਪੱਧਰ 'ਤੇ ਲੈਣ ਦੀ ਗੱਲ ਕਰਦੀ ਹੈ ਤੇ ਦੂਜੇ ਪਾਸੇ ਸਾਲ 2021 ਤੋਂ ਅਧਿਕਾਰੀਆਂ ਦੇ ਸਮਾਂ-ਬੱਧ ਸਕੇਲਾਂ ਨੂੰ ਲਾਗੂ ਕਰਨ ਵਿੱਚ ਬੇਵਜ੍ਹਾ ਦੇਰੀ ਕੀਤੀ ਜਾ ਰਹੀ ਹੈ, ਜਿਸ ਨਾਲ ਸਮੂਹ ਇੰਜੀਨੀਅਰਾਂ ਵਿੱਚ ਭਾਰੀ ਰੋਸ ਤੇ ਨਿਰਾਸ਼ਾ ਦਾ ਆਲਮ ਬਣਿਆ ਹੋਇਆ ਹੈ। ਐਸੋਸੀਏਸ਼ਨ ਨੇ ਪੰਜਾਬ ਸਰਕਾਰ ਤੇ ਪਾਵਰਕਾਮ/ਟਰਾਂਸਕੋ ਮੈਨੇਜਮੈਂਟ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਸਹਾਇਕ ਇੰਜੀਨੀਅਰ ਦੇ ਸ਼ੁਰੂਆਤੀ ਸਕੇਲ ਤੇ ਇੰਜੀਨੀਅਰਾਂ ਦੇ ਸਮਾਂ-ਬੱਧ ਸਕੇਲਾਂ ਸਬੰਧੀ ਲੋੜੀਂਦਾ ਫੈਸਲਾ ਜਲਦ ਤੋਂ ਜਲਦ ਲਿਆ ਜਾਵੇ।

ਜੇਕਰ ਸਕੇਲਾਂ ਸਬੰਧੀ ਸਰਕਾਰ ਤੇ ਮੈਨੇਜਮੈਂਟ ਵੱਲੋਂ ਕੋਈ ਢੁੱਕਵੇਂ ਕਦਮ ਨਹੀਂ ਉਠਾਏ ਜਾਂਦੇ ਤਾਂ ਇੰਜੀਨੀਅਰਾਂ ਨੂੰ ਆਪਣੀਆਂ ਹੱਕੀ ਮੰਗਾਂ ਸਬੰਧੀ ਸੰਘਰਸ਼ ਦਾ ਰਾਹ ਅਪਣਾਉਣਾ ਪਵੇਗਾ। ਅਜਿਹੇ ਵਿੱਚ ਜੇ ਪਾਵਰ ਸਪਲਾਈ ਪ੍ਰਭਾਵਿਤ ਹੁੰਦੀ ਹੈ ਤਾਂ ਇਸ ਦੀ ਨਿਰੋਲ ਜ਼ਿੰਮੇਵਾਰੀ ਸੂਬਾ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।

# ਸੰਯੁਕਤ ਕਿਸਾਨ ਮੋਰਚਾ ਨੇ ਐੱਮ ਪੀ ਖਾਲਸਾ ਦੇ ਨਾਂਅ 'ਤੇ ਦਿੱਤਾ ਮੰਗ ਪੱਤਰ



ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)- ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਫ਼ਰੀਦਕੋਟ ਵੱਲੋਂ ਬਿੰਦਰ ਸਿੰਘ ਗੋਲੇਵਾਲਾ ਸੂਬਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ, ਗੁਰਮੀਤ ਸਿੰਘ ਗੋਲੇਵਾਲਾ ਸੀਨੀਅਰ ਮੀਤ ਪ੍ਰਧਾਨ ਬੀਕੇਯੂ ਕਾਦੀਆਂ, ਬਖਤੌਰ ਸਿੰਘ ਸਾਦਿਕ ਸੂਬਾ ਮੀਤ ਪ੍ਰਧਾਨ ਬੀਕੇਯੂ ਏਕਤਾ ਮਾਲਵਾ, ਭੁਪਿੰਦਰ ਸਿੰਘ ਚਹਿਲ ਜ਼ਿਲ੍ਹਾ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਜਸਕਰਨ ਸਿੰਘ ਮੋਰਾਂਵਾਲੀ ਜ਼ਿਲ੍ਹਾ ਪ੍ਰਧਾਨ ਬੀਕੇਯੂ ਡਕੌਂਦਾ ਧਨੇਰ, ਸੁਖਜਿੰਦਰ ਸਿੰਘ ਤੁੰਬੜਭੰਨ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਗੁਰਵਿੰਦਰ ਸਿੰਘ ਨੰਗਲ ਬੀਕੇਯੂ ਡਕੌਂਦਾ ਬੁਰਜ ਗਿੱਲ, ਗੁਰਮੀਤ ਸਿੰਘ ਕਿਰਤੀ ਕਿਸਾਨ ਯੂਨੀਅਨ, ਸੁਰਜੀਤ ਸਿੰਘ ਹਰੀਏਵਾਲਾ ਜ਼ਿਲ੍ਹਾ ਪ੍ਰਧਾਨ ਬੀਕੇਯੂ ਲੱਖੋਵਾਲ, ਗੁਰਜੀਤ ਸਿੰਘ ਅਜਿੱਤਗਿੱਲ ਸੂਬਾ ਪ੍ਰਧਾਨ ਲੋਕ ਸੰਘਰਸ਼ ਹਜ਼ੂਮ ਕਿਸਾਨ ਯੂਨੀਅਨ, ਪਰਗਟ ਸਿੰਘ ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਮੋਗਾ, ਰਵਿੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਬੀਕੇਯੂ ਲੱਖੋਵਾਲ, ਹਰਦਿਆਲ ਸਿੰਘ ਘਾਲੀ ਜ਼ਿਲ੍ਹਾ ਪ੍ਰਧਾਨ ਮੋਗਾ ਕੁੱਲ ਹਿੰਦ ਕਿਸਾਨ ਸਭਾ, ਜਤਿੰਦਰ ਸਿੰਘ ਸਲੀਨਾ ਜ਼ਿਲ੍ਹਾ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਮੋਗਾ, ਨਰਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਕੌਮੀ ਕਿਸਾਨ ਯੂਨੀਅਨ ਮੋਗਾ, ਮੋਹਨ ਲਾਲ ਜ਼ਿਲ੍ਹਾ ਜਨਰਲ ਸਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬਠਿੰਡਾ ਦੀ ਅਗਵਾਈ ਵਿੱਚ ਲੋਕ ਸਭਾ ਹਲਕਾ ਫਰੀਦਕੋਟ ਦੇ ਐੱਮ ਪੀ ਸਰਬਜੀਤ ਸਿੰਘ ਖਾਲਸਾ ਦੀ ਧਰਮ ਪਤਨੀ ਬੀਬੀ ਸੰਦੀਪ ਕੌਰ ਖਾਲਸਾ ਨੂੰ ਮੰਗ ਪੱਤਰ ਸੌਂਪਿਆ, ਜਿਸ ਵਿੱਚ ਕੁੱਝ ਮੰਗਾਂ, ਜੋ ਕੇਂਦਰ ਸਰਕਾਰ ਦੇ ਪਹਿਲਾਂ ਵੀ ਧਿਆਨ ਵਿੱਚ ਲਿਆਂਦੀਆਂ ਜਾ ਚੁੱਕੀਆਂ ਸਨ, ਪਰ ਕੇਂਦਰ ਸਰਕਾਰ ਵੱਲੋਂ ਉਨ੍ਹਾਂ ਮੰਗਾਂ ਉੱਪਰ ਧਿਆਨ ਨਹੀਂ ਦਿੱਤਾ ਜਿਵੇਂ ਐੱਮ ਐੱਸ ਪੀ ਨੂੰ ਕਾਨੂੰਨੀ ਗਰੰਟੀ ਦੇਣਾ, ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰਨਾ ਕਿਸਾਨਾਂ ਤੇ ਮਜ਼ਦੂਰਾਂ ਦਾ ਕਰਜ਼ਾ ਮੁਆਫ਼ ਕਰਨਾ ਬਿਜਲੀ ਬੋਰਡ ਦਾ ਨਿੱਜੀਕਰਨ ਰੋਕਣਾ ਆਦਿ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ ਤਾਂ ਜੋ ਪਾਰਲੀਮੈਂਟ ਵਿੱਚ ਕਿਸਾਨਾਂ ਮਜ਼ਦੂਰਾਂ ਦੀ ਅਵਾਜ਼ ਨੂੰ ਬੁਲੰਦ ਕੀਤਾ ਜਾ ਸਕੇ। ਇਸ ਮੌਕੇ ਪਹੁੰਚੇ ਆਗੂ, ਸ਼ਮਸ਼ੇਰ ਸਿੰਘ ਕਿੰਗਰਾ ਸੂਬਾ ਜਨਰਲ ਸਕੱਤਰ ਕੌਮੀ ਕਿਸਾਨ ਯੂਨੀਅਨ, ਦਲੇਰ ਸਿੰਘ ਡੋਡ, ਜਗਸੀਰ ਸਿੰਘ ਜ਼ਿਲ੍ਹਾ ਪ੍ਰਧਾਨ ਬੀਕੇਯੂ ਮਾਲਵਾ, ਰਾਜਬੀਰ ਸਿੰਘ ਗਿੱਲ ਸੰਧਵਾਂ ਸਕੱਤਰ ਜਰਨਲ ਬੀਕੇਯੂ ਕਾਦੀਆਂ, ਜ਼ੋਰਾਂ ਸਿੰਘ ਭਾਣਾ ਜ਼ਿਲ੍ਹਾ ਜਰਨਲ ਸਕੱਤਰ ਬੀਕੇਯੂ ਡਕੌਂਦਾ ਧਨੇਰ, ਕਾਮਰੇਡ ਦਲੀਪ ਸਿੰਘ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਬੋਹੜ ਸਿੰਘ ਖਾਰਾ ਬਲਾਕ ਪ੍ਰਧਾਨ ਕੋਟਕਪੂਰਾ, ਅਮਰਜੀਤ ਕੌਰ ਚੰਦਭਾਨ ਜ਼ਿਲ੍ਹਾ ਜਰਨਲ ਸਕੱਤਰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਅਮ੍ਰਿਤਪਾਲ ਕੌਰ ਸੂਬਾ ਕਮੇਟੀ ਮੈਂਬਰ ਬੀਕੇਯੂ ਡਕੌਂਦਾ ਧਨੇਰ, ਕੁਲਦੀਪ ਸ਼ਰਮਾ, ਅਮਰਜੀਤ ਸਿੰਘ ਵਾਲੀਆ, ਅਮਰਜੀਤ ਸਿੰਘ ਕਲੇਰ ਆਦਿ ਆਗੂ ਹਾਜ਼ਰ ਸਨ।

## ਲੋਕ ਭਲਾਈ ਵੈੱਲਫੇਅਰ ਸੁਸਾਇਟੀ ਵੱਲੋਂ ਡਾ: ਰਿਸ਼ੂ ਗਰਗ ਦਾ ਸਨਮਾਨ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਲੋਕ ਭਲਾਈ ਵੈੱਲਫੇਅਰ ਸੁਸਾਇਟੀ ਵੱਲੋਂ ਸੀ ਐੱਚ ਸੀ ਮਹਿਲ ਕਲਾਂ ਵਿਖੇ ਸੇਵਾਵਾਂ ਨਿਭਾ ਰਹੇ ਮੈਡੀਕਲ ਸਪੈਸ਼ਲਿਸਟ ਡਾਕਟਰ ਰਿਸ਼ੂ ਗਰਗ ਦਾ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਸਦਕਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸੰਸਥਾ ਦੇ ਪ੍ਰਧਾਨ ਡਾ: ਪਰਮਿੰਦਰ ਸਿੰਘ ਹਮੀਦੀ ਨੇ ਦੱਸਿਆ ਕਿ ਡਾ: ਰਿਸ਼ੂ ਗਰਗ ਦੇ ਆਉਣ ਨਾਲ ਮਰੀਜ਼ਾਂ ਨੂੰ ਰਾਹਤ ਮਿਲੀ ਹੈ।ਉਹ ਲੋੜਵੰਦ ਬੇਸਹਾਰਾ ਮਰੀਜ਼ਾਂ ਦੀ ਪਹਿਲ ਦੇ ਆਧਾਰ 'ਤੇ ਜਾਂਚ ਕਰਕੇ ਦਵਾਈ ਦਿੰਦੇ ਹਨ।ਉਨ੍ਹਾਂ ਦੀਆਂ ਅਣਥੱਕ ਸੇਵਾਵਾਂ ਨੂੰ ਦੇਖਦੇ ਹੋਏ ਸੰਸਥਾ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਹੈ। ਸੀਨੀਅਰ ਮੈਡੀਕਲ ਅਫਸਰ ਡਾ: ਗੁਰਤਜਿੰਦਰ ਕੌਰ ਨੇ ਲੋਕ ਭਲਾਈ ਵੈੱਲਫੇਅਰ ਸੁਸਾਇਟੀ ਦੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਲੱਖਾ ਸਿੰਘ ਖਿਆਲੀ, ਵੀਰਪਾਲ ਕੌਰ ਤੇ ਬਲਜਿੰਦਰ ਕੌਰ ਮਾਂਗੇਵਾਲ ਆਦਿ ਹਾਜ਼ਰ ਸਨ।

# ਡੀ ਆਈ ਜੀ ਭੁੱਲਰ ਨੇ ਨਸ਼ੇ ਦੇ ਮੁਕੰਮਲ ਸਫ਼ਾਏ ਲਈ ਧੂਰੀ ਵਾਸੀਆਂ ਤੋਂ ਮੰਗਿਆ ਸਹਿਯੋਗ

- ਪਿੰਡਾਂ 'ਚ ਨਸ਼ਾ ਰੋਕੂ ਕਮੇਟੀਆਂ ਦਾ ਗਠਨ, ਨਸ਼ਾ ਛੱਡਣ ਵਾਲਿਆਂ ਨੂੰ ਕੀਤਾ ਜਾਵੇਗਾ ਸਨਮਾਨਤ
- ਐੱਸ ਐੱਸ ਪੀ ਚਾਹਲ ਨੇ ਸਾਈਬਰ ਕ੍ਰਾਈਮ ਤੇ ਆਨਲਾਈਨ ਧੋਖਾਧੜੀ ਤੋਂ ਬਚਣ ਲਈ ਕੀਤਾ ਸੁਚੇਤ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ, ਸੁਖਦੇਵ ਧੂਰੀ)- ਡੀ.ਆਈ.ਜੀ. ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਨੇ 'ਮਿਸ਼ਨ ਸਹਿਯੋਗ' ਤਹਿਤ ਧੂਰੀ ਵਾਸੀਆਂ ਨੂੰ ਸੱਦਾ ਦਿੱਤਾ ਕਿ ਸਮਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੁਲਸ ਤੇ ਪ੍ਰਸ਼ਾਸਨ ਨੂੰ ਵਧ ਚੜ੍ਹ ਕੇ ਸਹਿਯੋਗ ਦਿੱਤਾ ਜਾਵੇ।ਧੂਰੀ ਦੇ ਪ੍ਰਿੰਸ ਵਿਲਾ ਪੈਲੇਸ ਵਿਖੇ ਸੰਗਰੂਰ ਪੁਲਸ ਵੱਲੋਂ ਨਸ਼ਿਆਂ ਖਿਲਾਫ਼ ਕਰਵਾਏ ਵਿਸ਼ਾਲ ਜਾਗਰੂਕਤਾ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਸਫਾਏ ਦਾ ਪੂਰੇ ਤਨ ਤੇ ਮਨ ਨਾਲ ਤਹੱਈਆ ਕੀਤਾ ਗਿਆ ਹੈ, ਜਿਸ ਨੂੰ ਪੂਰਾ ਕਰਨ ਲਈ ਹਰੇਕ ਨਾਗਰਿਕ ਨੂੰ ਅੱਗੇ ਆਉਣਾ ਚਾਹੀਦਾ ਹੈ।ਡੀ.ਆਈ.ਜੀ. ਨੇ ਕਿਹਾ ਕਿ ਜਿਹੜੇ ਵਿਅਕਤੀ ਗਲਤ ਸੰਗਤ ਵਿੱਚ ਪੈ ਕੇ ਨਸ਼ਿਆਂ ਦੀ ਬਿਮਾਰੀ ਦਾ ਸ਼ਿਕਾਰ ਹੋ ਗਏ ਹਨ, ਉਨ੍ਹਾਂ ਨੂੰ ਇਸ ਕੋਹੜ ਰੂਪੀ ਦਲਦਲ ਵਿੱਚੋਂ ਕੱਢਣ ਲਈ ਵੀ ਸਾਨੂੰ ਸਾਰਿਆਂ ਨੂੰ ਜਾਗਰੂਕ ਹੋਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਪ੍ਰਬੰਧਾਂ ਹੇਠ ਚੱਲ ਰਹੇ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚ ਨਸ਼ਿਆਂ ਦੇ ਰੋਗ ਦਾ ਮਿਆਰੀ ਇਲਾਜ ਕਰਨ ਲਈ ਹਰ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤੇ ਜਿਹੜੇ ਵੀ ਵਿਅਕਤੀ ਆਪਣੀ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਇਸ ਮਾੜੀ ਕੁਰੀਤੀ ਵਿੱਚੋਂ ਨਿੱਕਲ ਕੇ ਤੰਦਰੁਸਤ ਹੋਣਗੇ, ਉਨ੍ਹਾਂ ਨੂੰ ਕੌਮੀ ਦਿਹਾੜਿਆਂ ਮੌਕੇ ਸਨਮਾਨਤ ਕੀਤਾ ਜਾਵੇਗਾ।ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਜਿਹੜੇ ਪਿੰਡ ਜਾਂ ਸ਼ਹਿਰੀ ਵਾਰਡ ਨਸ਼ਿਆਂ ਤੋਂ ਮੁਕੰਮਲ ਤੌਰ 'ਤੇ ਮੁਕਤ ਹੋਣਗੇ, ਉਨ੍ਹਾਂ ਨੂੰ ਵੀ ਅਜਿਹੇ ਸੈਮੀਨਾਰਾਂ ਦੌਰਾਨ ਜ਼ਿਲ੍ਹਾ ਪੁਲਸ ਦੀ ਤਰਫੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।ਐੱਸ.ਐੱਸ.ਪੀ. ਸਰਤਾਜ ਸਿੰਘ ਚਾਹਲ ਨੇ ਲੋਕਾਂ ਨੂੰ ਨਸ਼ਿਆਂ ਜਿਹੀ ਸਮਾਜਿਕ ਬੁਰਾਈ ਦੇ ਖਾਤਮੇ ਦੇ ਨਾਲ ਨਾਲ ਸਾਈਬਰ ਕਰਾਈਮ, ਆਨਲਾਈਨ ਧੋਖਾਧੜੀ ਤੋਂ ਬਚਾਅ ਲਈ ਰਾਸ਼ਟਰੀ ਹੈਲਪਲਾਈਨ ਨੰਬਰ 1930 ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਇਸ ਬਾਰੇ ਵਧੇਰੇ ਚੌਕਸ ਹੋਣ ਦੀ ਲੋੜ ਹੈ ਕਿ ਆਪਣੇ ਪੈਸੇ ਦੀ ਖੁਦ ਹਿਫਾਜ਼ਤ ਕੀਤੀ ਜਾਵੇ ਤੇ ਫੋਨ ਜਾਂ ਵਟਸਐਪ ਰਾਹੀਂ ਆਉਣ ਵਾਲੀਆਂ ਕਾਲਾਂ ਦੇ ਬਹਿਕਾਵੇ ਵਿੱਚ ਨਾ ਆਇਆ ਜਾਵੇ।ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦੇ ਦੋਸਤ ਬਣਨ ਦੀ ਲੋੜ ਹੈ ਤਾਂ ਜੋ ਬੱਚੇ ਆਪਣੇ ਦਿਲ ਦੀ ਸਾਂਝ ਲਗਾਤਾਰ ਆਪਣੇ ਮਾਪਿਆਂ ਨਾਲ ਪਾਉਂਦੇ ਰਹਿਣ ਤੇ ਜ਼ਿੰਦਗੀ ਦੇ ਕਿਸੇ ਵੀ ਪੜਾਅ 'ਤੇ ਆਪਣੇ ਆਪ ਨੂੰ ਅਸੁਰੱਖਿਅਤ ਜਾਂ ਇਕੱਲਾ ਮਹਿਸੂਸ ਨਾ ਕਰਨ।ਇਸ ਮੌਕੇ ਉਦਯੋਗਪਤੀ ਡਾ. ਏ. ਆਰ. ਸ਼ਰਮਾ ਨੇ ਕਿਹਾ ਕਿ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚੋਂ ਤੰਦਰੁਸਤ ਹੋ ਕੇ ਘਰਾਂ ਨੂੰ ਪਰਤਣ ਵਾਲਿਆਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਉਹ ਵਚਨਬੱਧ ਹਨ।ਇਸ ਮੌਕੇ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ, ਐੱਸ.ਐੱਸ.ਪੀ. ਸਰਤਾਜ ਸਿੰਘ ਚਾਹਲ ਸਮੇਤ ਹੋਰਨਾਂ ਸ਼ਖਸੀਅਤਾਂ ਨੇ ਵਣ ਮਹਾਂਉਤਸਵ ਤਹਿਤ ਬੂਟੇ ਵੀ ਲਗਾਏ।ਸੈਮੀਨਾਰ ਦੌਰਾਨ ਮੌਜੂਦ ਕੈਂਬ੍ਰਿਜ ਗਰੁੱਪ ਦੇ ਚੇਅਰਮੈਨ ਮੱਖਣ ਲਾਲ ਗਰਗ, ਰਾਜਵੰਤ ਸਿੰਘ ਘੁੱਲੀ, ਅਸ਼ੋਕ ਕੁਮਾਰ ਲੱਖਾ, ਸਤਿੰਦਰ ਸਿੰਘ ਚੱਠਾ, ਅਨਵਰ ਭਸੌੜ, ਮੱਖਣ ਲਾਲ ਸਮੇਤ ਹੋਰ ਵੱਡੀ ਗਿਣਤੀ ਵਿੱਚ ਸ਼ਖਸੀਅਤਾਂ ਤੇ ਪੁਲਸ ਅਧਿਕਾਰੀ ਹਾਜ਼ਰ ਸਨ।

## ਕਾਤਰਾਂ

### ਨਸ਼ੀਲੇ ਪਾਊਡਰ ਸਮੇਤ ਦੋ ਕਾਬੂ

ਦੋਰਾਹਾ (ਹਰਮਿੰਦਰ ਸੇਠ)-ਆਖ਼ਿਰ ਦੋਰਾਹਾ ਲੱਕੜ ਮੰਡੀ 'ਚ ਨਸ਼ੀਲਾ ਪਾਊਡਰ ਵੇਚਣ ਵਾਲੀ ਔਰਤ, ਜੋ 'ਭਾਬੀ' ਦੇ ਨਾਮ ਨਾਲ ਮਸ਼ਹੂਰ ਸੀ, ਆਪਣੇ ਸਾਥੀ ਨਾਲ ਪੁਲਸ ਅੜਿੱਕੇ ਆ ਗਈ।ਫੜੀ ਗਈ ਮਹਿਲਾ ਤੇ ਉਸ ਦੇ ਸਾਥੀ ਕੋਲੋਂ 7 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਇਆ ਹੈ।ਪੁਲਸ ਅਧਿਕਾਰੀਆਂ ਨੇ ਦੱਸਣ ਅਨੁਸਾਰ ਪੁਲਸ ਚੌਕੀ ਨਜ਼ਦੀਕ ਗਸ਼ਤ ਦੌਰਾਨ ਇੱਕ ਮੋਟਰਸਾਈਕਲ ਸਵਾਰ ਜੋੜੇ ਨੇ ਅਚਾਨਕ ਪੁਲਸ ਨੂੰ ਦੇਖ ਕੇ ਮੋਟਰਸਾਈਕਲ ਪਿੱਛੇ ਮੋੜ ਕੇ ਭਜਾਉਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਪੁਲਸ ਮੁਲਾਜ਼ਮਾਂ ਨੇ ਮੌਕੇ 'ਤੇ ਕਾਬੂ ਕਰ ਲਿਆ।ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ 7 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਇਆ।ਪੁਲਸ ਨੇ ਜੋੜੇ ਨੂੰ ਗ੍ਰਿਫ਼ਤਾਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਪੀ ਏ ਯੂ ਵਿਖੇ ਫੌਜ 'ਚ ਭਰਤੀ ਲਈ ਨੌਕਰੀ ਮੇਲਾ 1 ਤੇ 2 ਨੂੰ

ਲੁਧਿਆਣਾ (ਰਾਜ ਸਿੰਗਲਾ)-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਭਾਰਤੀ ਫੌਜ ਵਿੱਚ ਭਰਤੀ ਲਈ ਇੱਕ ਨੌਕਰੀ ਮੇਲਾ 1 ਤੇ 2 ਅਗਸਤ ਤੱਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਲਗਾਇਆ ਜਾਵੇਗਾ। ਇੱਕ ਮੀਟਿੰਗ ਵਿੱਚ ਫੌਜ ਦੇ ਅਧਿਕਾਰੀਆਂ ਨੇ ਦੱਸਿਆ ਕਿ ਲਗਭਗ 2000 ਉਮੀਦਵਾਰਾਂ ਨੇ ਭਰਤੀ ਲਈ ਲਿਖਤੀ ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਦੱਸਿਆ ਕਿ 1 ਅਗਸਤ ਨੂੰ ਲੁਧਿਆਣਾ ਦੇ 635 ਤੇ ਮੋਗਾ ਦੇ 316 ਸਮੇਤ 951 ਉਮੀਦਵਾਰ ਸਰੀਰਕ ਟੈਸਟ ਲਈ ਆਉਣਗੇ। ਇਸੇ ਤਰ੍ਹਾਂ 2 ਅਗਸਤ ਨੂੰ ਰੂਪਨਗਰ ਤੋਂ 768 ਤੇ ਐੱਸ.ਏ.ਐੱਸ. ਨਗਰ ਤੋਂ 186 ਉਮੀਦਵਾਰ ਸਰੀਰਕ ਟੈਸਟ ਵਿੱਚ ਭਾਗ ਲੈਣਗੇ। ਡਿਪਟੀ ਕਮਿਸ਼ਨਰ ਨੇ ਰੈਲੀ ਦੇ ਪੁਖਤਾ ਪ੍ਰਬੰਧ ਕਰਨ ਲਈ ਵੱਖ-ਵੱਖ ਵਿਭਾਗਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ। ਪੁਲਸ ਨੂੰ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਤੇ ਘਟਨਾ ਸਥਾਨ ਦੇ ਆਲੇ-ਦੁਆਲੇ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਅੱਗ ਬੁਝਾਊ ਵਿਭਾਗ ਨੂੰ ਫਾਇਰ ਟੈਂਡਰ ਲਗਾਉਣ ਲਈ ਕਿਹਾ ਗਿਆ ਹੈ, ਜਦਕਿ ਸਿਹਤ ਵਿਭਾਗ ਨੂੰ ਘਟਨਾ ਵਾਲੀ ਥਾਂ 'ਤੇ ਮੈਡੀਕਲ ਟੀਮਾਂ ਤਾਇਨਾਤ ਕਰਨ ਲਈ ਕਿਹਾ ਗਿਆ ਹੈ। ਉਮੀਦਵਾਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਭਰਤੀ ਰੈਲੀ ਵਿੱਚ ਚੋਣ ਦਾ ਵਾਅਦਾ ਕਰਨ ਵਾਲੇ ਟਾਊਟਾਂ ਤੇ ਏਜੰਟਾਂ ਦੇ ਸ਼ਿਕਾਰ ਨਾ ਹੋਣ।

### ਸਟੈਨਫੋਰਡ ਸਕੂਲ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਵਿਖੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਤੇ ਪ੍ਰਿੰਸੀਪਲ ਦੀ ਅਗਵਾਈ ਹੇਠ ਸੈਸ਼ਨ 2003-24 ਵਿੱਚ ਕਰਵਾਏ ਗਏ ਗੁਰਬਾਣੀ ਕੰਠ ਮੁਕਾਬਲਿਆਂ ਦੌਰਾਨ 25 ਵਿਦਿਆਰਥੀਆਂ ਨੇ ਇਨਾਮ ਪ੍ਰਾਪਤ ਕੀਤੇ ਹਨ।ਗੁਰਦੁਆਰਾ ਗੁਪਤਸਰ ਸਾਹਿਬ ਚੰਨਣਵਾਲ ਵਿਖੇ ਸਮਾਜ ਸੇਵੀ ਨਛੱਤਰ ਸਿੰਘ ਤੇ ਜਗਦੇਵ ਸਿੰਘ ਨੇ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਨੂੰ ਇਨਾਮ ਦਿੱਤੇ।ਪ੍ਰਿੰ: ਪ੍ਰਦੀਪ ਕੌਰ ਗਰੇਵਾਲ ਨੇ ਗੁਰਬਾਣੀ ਅਧਿਆਪਕ ਭਿੰਦਰ ਸਿੰਘ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਭਵਿੱਖ 'ਚ ਵੀ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ: ਚਮਕੌਰ ਸਿੰਘ ਗਰੇਵਾਲ ਨੇ ਵੀ ਆਪਣੇ ਵਿਚਾਰ ਰੱਖੇ।

### ਅਭੈ ਚੌਟਾਲਾ ਨੇ ਕੇਂਦਰੀ ਗ੍ਰਹਿ ਮੰਤਰੀ ਦੇ ਬਿਆਨਾਂ ਨੂੰ ਫਿਰਕੂ ਗਰਦਾਨਿਆ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ 'ਚ ਇੰਡੀਅਨ ਲੋਕ ਦਲ ਦੇ ਦਫ਼ਤਰ ਵਿਖੇ ਇਨੈਲੋ ਬਸਪਾ ਗੱਠਜੋੜ ਦੇ ਅਹੁਦੇਦਾਰਾਂ ਤੇ ਵਰਕਰਾਂ ਦੀ ਸਾਂਝੀ ਮੀਟਿੰਗ ਨੂੰ ਸੰਬੋਧਨ ਕਰਦੇ ਇੰਡੀਅਨ ਲੋਕ ਦਲ ਆਗੂ ਤੇ ਹਲਕਾ ਐਲਨਾਬਾਦ ਦੇ ਵਿਧਾਇਕ ਅਭੈ ਸਿੰਘ ਚੌਟਾਲਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਾਤੀਵਾਦ ਫੈਲਾਉਂਦੇ ਹਨ ਹਨ, ਇਸੇ ਲਈ ਸ਼ਾਹ ਕਹਿ ਰਹੇ ਹਨ ਕਿ ਰਾਖਵੇਂਕਰਨ ਵਿੱਚ ਮੁਸਲਮਾਨਾਂ ਨੂੰ ਸ਼ਾਮਲ ਨਹੀਂ ਕੀਤਾ ਜਾਵੇਗਾ। ਅਭੈ ਨੇ ਕਿਹਾ ਕਿ ਇਨੈਲੋ ਗਰੀਬਾਂ ਲਈ ਰਾਖਵੇਂਕਰਨ ਦੇ ਹੱਕ ਵਿੱਚ ਹੈ ਤੇ ਮੁਸਲਮਾਨ ਗਰੀਬ ਹਨ।ਅਭੈ ਨੇ ਕਿਹਾ ਕਿ ਉਨ੍ਹਾਂ ਨੂੰ ਸੂਬੇ ਦੇ ਲੋਕਾਂ ਤੇ ਗੱਠਜੋੜ ਦੇ ਵਰਕਰਾਂ 'ਤੇ ਪੂਰਾ ਭਰੋਸਾ ਹੈ ਅਤੇ ਅਸੀਂ ਸੂਬੇ ਵਿੱਚ ਗੱਠਜੋੜ ਦੀ ਸਰਕਾਰ ਬਣਾਉਣ ਲਈ ਹਰ ਸੰਭਵ ਯਤਨ ਕਰਾਂਗੇ। ਉਨ੍ਹਾਂ ਕਿਹਾ ਕਿ ਹਲਕਾ ਕਾਲਾਂਵਾਲੀ ਤੇ ਰਾਣੀਆਂ ਦੀ ਮੀਟਿੰਗ ਜ਼ਿਲ੍ਹਾ ਦਫ਼ਤਰ ਵਿਖੇ 20 ਜੁਲਾਈ ਨੂੰ ਹੋਵੇਗੀ। ਅਭੈ ਨੇ ਕਿਹਾ ਕਿ ਉਨ੍ਹਾਂ ਦੀ ਸਹਿਯੋਗੀ ਬਸਪਾ ਸੁਪਰੀਮੋ ਮਾਇਆਵਤੀ ਵਿਧਾਨ ਸਭਾ ਚੋਣਾਂ ਦੌਰਾਨ ਗੱਠਜੋੜ ਵਿੱਚ ਸ਼ਾਮਲ ਹੋਵੇਗੀ ਤੇ ਇਸ ਤੋਂ ਪਹਿਲਾਂ ਉਹ ਹਰਿਆਣਾ ਵੀ ਆਉਣਗੇ, ਜਿਸ ਲਈ ਸੂਬਾ ਪੱਧਰੀ ਮੀਟਿੰਗ ਕੀਤੀ ਜਾਵੇਗੀ।

# ਵਿਧਾਇਕ ਕਾਕਾ ਬਰਾੜ ਦੇ ਯਤਨਾਂ ਸਦਕਾ 8 ਸਾਲਾਂ ਤੋਂ ਬੰਦ ਪਿਆ ਰਾਹ ਖੁੱਲ੍ਹਿਆ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)-ਪਿਛਲੇ ਲੰਬੇ ਸਮੇਂ ਤੋਂ ਸ੍ਰੀ ਮੁਕਤਸਰ ਸਾਹਿਬ ਤੋਂ ਪਿੰਡ ਥਾਂਦੇਵਾਲਾ ਨੂੰ ਜਾਂਦੀ ਮੇਨ ਰੋਡ ਨੂੰ ਆਪਸੀ ਲੋਕਾਂ ਦੀ ਸਹਿਮਤੀ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਮੌਕੇ 'ਤੇ ਪਹੁੰਚ ਕੇ ਸੜਕ ਨੂੰ ਖੁੱਲ੍ਹਵਾਉਣ ਦਾ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਸੰਧੂ, ਬੀਡੀਪੀਓ ਰਜਨੀਸ਼ ਗਰਗ, ਨਾਇਬ ਤਹਿਸੀਲਦਾਰ ਗੁਰਿੰਦਰ ਸਿੰਘ ਵਿਰਕ ਤੇ ਵੱਖ ਵੱਖ ਵਿਭਾਗਾਂ ਦੇ ਕਰਮਚਾਰੀ ਹਾਜ਼ਰ ਸਨ।

ਇਸ ਮੌਕੇ ਬੋਲਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਅੱਜ ਜੋ ਕਾਰਜ ਹੋਇਆ ਹੈ, ਉਹ ਬਹੁਤ ਹੀ ਵੱਡਾ ਕੰਮ ਸੀ, ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਪਿੰਡ ਥਾਂਦੇਵਾਲਾ ਨੂੰ ਜਾਂਦੀ ਸੜਕ ਨੂੰ ਕੁਝ ਧਿਰਾਂ ਦੇ ਜ਼ਮੀਨੀ ਝਗੜੇ ਕਾਰਨ ਇਹ ਰਾਹ ਬੰਦ ਕੀਤਾ ਹੋਇਆ ਸੀ, ਜਿਸ ਦਾ ਸਾਰਿਆਂ ਦੀ ਸਹਿਮਤੀ ਨਾਲ ਇਹ ਝਗੜਾ ਖਤਮ ਕਰਕੇ ਸ਼ਹਿਰ ਤੋਂ ਪਿੰਡ ਨੂੰ ਸਿੱਧਾ ਰਸਤਾ ਚਾਲੂ ਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ।ਵਿਧਾਇਕ ਕਾਕਾ ਬਰਾੜ ਨੇ ਆਖਿਆ ਕਿ ਇਸ ਪਾਸੇ ਪਿਛਲੇ ਸਮੇਂ ਦੀਆਂ ਸਰਕਾਰਾਂ ਵੱਲੋਂ ਧਿਆਨ ਨਾ ਦੇਣ ਕਾਰਨ ਉਕਤ ਮਾਮਲਾ ਕਾਫੀ ਗੰਭੀਰ ਹੋ ਗਿਆ ਸੀ, ਪ੍ਰੰਤੂ ਮੈਨੂੰ ਅੱਜ ਦੱਸਦਿਆਂ ਬੜੀ ਖੁਸ਼ੀ ਹੋ ਰਹੀ ਹੈ ਕਿ ਇਸ ਕਾਰਜ ਨੂੰ ਸਿਰੇ ਲਾਉਣ ਦਾ ਕੰਮ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਹਿੱਸਾ ਆਇਆ ਤੇ ਮੇਰੇ ਹੱਥੋਂ ਇਹ ਸ਼ੁੱਭ ਕਾਰਜ ਹੋਇਆ।ਉਨ੍ਹਾਂ ਸਮੂਹ ਪ੍ਰਸ਼ਾਸਨ ਦਾ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਤੇ ਸਮੂਹ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਇਹ ਬਹੁਤ ਵੱਡੀ ਸਮੱਸਿਆ ਸੀ, ਕਿਉਂਕਿ ਪਿਛਲੇ ਕਰੀਬ 9 ਸਾਲਾਂ ਤੋਂ ਇਹ ਰਸਤਾ ਬੰਦ ਹੋਣ ਕਾਰਨ ਉਨ੍ਹਾਂ ਨੂੰ ਸ਼ਹਿਰ ਪਿੰਡ ਸੰਗੂਧੌਣ ਤੋਂ ਹੋ ਕੇ ਜਾਣਾ ਪੈਂਦਾ ਸੀ, ਜੋ ਕਿ ਬਹੁਤ ਦੂਰ ਲੱਗਦਾ ਸੀ।ਉਨ੍ਹਾਂ ਆਖਿਆ ਕਿ ਅੱਜ ਇਸ ਰਸਤੇ ਦੇ ਚਾਲੂ ਹੋਣ ਨਾਲ ਪਿੰਡ ਥਾਂਦੇਵਾਲਾ ਤੋਂ ਇਲਾਵਾ ਹੋਰਨਾਂ ਕਈ ਪਿੰਡਾਂ ਨੂੰ ਵੀ ਸਹੂਲਤ ਮਿਲੇਗੀ।ਇਸ ਮੌਕੇ ਮੈਂਬਰ ਅਮਰੀਕ ਸਿੰਘ, ਜਸਪਾਲ ਸਿੰਘ ਧਾਲੀਵਾਲ, ਗੁਰਦੀਪ ਸਿੰਘ ਪ੍ਰਧਾਨ, ਬਲਾਕ ਪ੍ਰਧਾਨ ਗੋਸ਼ਾ ਬਰਾੜ, ਬਿੰਦਾ ਬਰਾੜ, ਸੋਨਾ ਸਰਪੰਚ, ਗੁਲਬਾਗ ਸਿੰਘ ਸੋਨਾ, ਮਨਜੀਤ ਸਿੰਘ, ਕਾਲਾ ਸਿੰਘ, ਕੌਰੀ ਸਿੰਘ ਬਰਾੜ, ਗੁਰਮੇਲ ਸਿੰਘ, ਗੋਲਾ ਬਰਾੜ, ਗੁਰਕਰਨ ਸਿੰਘ, ਕੁਲਵੰਤ ਸਿੰਘ ਸਾਬਕਾ ਸਰਪੰਚ, ਇਕੱਤਰ ਸਿੰਘ ਆਦਿ ਪਿੰਡ ਵਾਸੀ ਹਾਜ਼ਰ ਸਨ।

# ਸੀਵਰੇਜ ਸਿਸਟਮ ਲਈ 44 ਕਰੋੜ ਦੀ ਰਾਸ਼ੀ ਜਾਰੀ ਹੋਣਾ ਸ਼ਹਿਰੀਆਂ ਦੀ ਏਕਤਾ ਤੇ ਸੰਘਰਸ਼ ਦੀ ਜਿੱਤ : ਸੰਘਰਸ਼ ਕਮੇਟੀ

**ਕੰਮ ਜਲਦ ਸ਼ੁਰੂ ਕਰਵਾਉਣ ਲਈ ਕਮੇਟੀ ਆਗੂਆਂ ਵੱਲੋਂ ਡੀ ਸੀ ਨਾਲ ਮੁਲਾਕਾਤ**



ਮਾਨਸਾ (ਆਤਮਾ ਸਿੰਘ ਪਮਾਰ)-ਬੇਸ਼ੱਕ ਮਾਨਸਾ ਸ਼ਹਿਰ ਦੇ ਸੀਵਰੇਜ ਸਿਸਟਮ ਦਾ ਹਾਲ ਪਿਛਲੇ ਕਾਫੀ ਲੰਮੇ ਤੋਂ ਸਮੇਂ ਮਾੜਾ ਹੀ ਚੱਲਿਆ ਰਿਹਾ ਹੈ ਅਤੇ ਸ਼ਹਿਰ ਵਾਸੀ ਨਰਕ ਭਰੀ ਜ਼ਿੰਦਗੀ ਬਸਰ ਕਰਨ ਲਈ ਮਜਬੂਰ ਹਨ। ਇਹੀ ਕਾਰਨ ਸੀ ਇਸ ਦੇ ਪੱਕੇ ਹੱਲ ਲਈ ਸ਼ਹਿਰ ਦੀਆਂ ਧਾਰਮਿਕ, ਸਮਾਜਿਕ, ਵਪਾਰਕ, ਜਨਤਕ, ਰਾਜਸੀ ਤੇ ਇਨਸਾਫ ਪਸੰਦ ਜਥੇਬੰਦੀਆਂ ਅਤੇ ਚੇਤਨ ਸ਼ਹਿਰੀਆਂ ਨੇ ਵੱਖ ਵੱਖ ਰੂਪਾਂ ਵਿੱਚ ਸੰਘਰਸ਼ਾਂ ਦਾ ਰਸਤਾ ਅਪਣਾਇਆ ਹੋਇਆ ਹੈ, ਜਿਸ ਦੇ ਸਿੱਟੇ ਵਜੋਂ ਸੂਬਾ ਸਰਕਾਰ ਵੱਲੋਂ ਜੋ ਪਿਛਲੇ ਦਿਨਾਂ ਦੌਰਾਨ 44 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ, ਉਸ ਨੂੰ ਲੈ ਕੇ ਤੇ ਕੰਮ ਨੂੰ ਪਾਰਦਰਸ਼ੀ ਢੰਗ ਨਾਲ ਕਰਨ ਅਤੇ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਨ ਲਈ ਸੰਘਰਸ਼ ਕਮੇਟੀ ਮਾਨਸਾ ਦੇ ਸੀਨੀਅਰ ਆਗੂਆਂ ਰੁਲਦੂ ਸਿੰਘ ਮਾਨਸਾ, ਕ੍ਰਿਸ਼ਨ ਸਿੰਘ ਚੌਹਾਨ, ਬੋਘ ਸਿੰਘ ਮਾਨਸਾ, ਜਤਿੰਦਰ ਆਗਰਾ, ਧੰਨਾ ਮੱਲ ਗੋਇਲ, ਵਿਨੋਦ ਭੰਮਾ, ਨਿਰਮਲ ਸਿੰਘ ਝੰਡੂਕੇ, ਗਗਨਦੀਪ ਸਿਰਸੀਵਾਲਾ, ਕਰਨੈਲ ਸਿੰਘ ਮਾਨਸਾ, ਰਤਨ ਭੋਲਾ ਆਦਿ ਨੇ ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਪਰਮਵੀਰ ਸਿੰਘ ਆਈ ਏ ਐੱਸ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਡਿਪਟੀ ਕਮਿਸ਼ਨਰ ਨੇ ਸੰਘਰਸ਼ ਕਮੇਟੀ ਮਾਨਸਾ ਦੇ ਆਗੂਆਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਇਹ ਕੰਮ ਪੂਰੀ ਪਾਰਦਰਸ਼ਤਾ ਨਾਲ ਕੀਤਾ ਜਾਵੇਗਾ ਤੇ ਕਿਸੇ ਕਿਸਮ ਦੀ ਅਣਗਹਿਲੀ ਜਾਂ ਢਿੱਲ ਨਹੀਂ ਵਰਤੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਤ ਮਹਿਕਮਾ ਸੀਵਰੇਜ ਦੇ ਪੱਕੇ ਹੱਲ ਤੇ ਕੰਮ ਦੀ ਗੁਣਵਤਾ ਲਈ ਵੀ ਪ੍ਰਤੀਬੱਧ ਹੈ। ਇਸ ਸਮੇਂ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਨਿਰਮਲ ਉਸਪੇਚਨ ਤੇ ਐੱਸ ਡੀ ਐੱਮ ਮਾਨਸਾ ਮਨਜੀਤ ਸਿੰਘ ਰਾਜਲਾ ਮੌਜੂਦ ਸਨ। ਇਸ ਸਮੇਂ ਸੰਘਰਸ਼ ਕਮੇਟੀ ਦੇ ਆਗੂਆਂ ਵੱਲੋਂ ਸੀਵਰੇਜ ਸਿਸਟਮ ਦੇ ਪੱਕੇ ਹੱਲ ਸਬੰਧੀ ਸ਼ਹਿਰੀਆਂ ਨੂੰ ਅਪੀਲ ਕਰਦਿਆਂ ਪੂਰਨ ਸਹਿਯੋਗ ਦੇਣ ਦੀ ਮੰਗ ਵੀ ਕੀਤੀ ਤੇ ਪ੍ਰਸ਼ਾਸਨ ਨਾਲ ਸਬੰਧਤ ਸ਼ਹਿਰ ਦੀਆਂ ਰਹਿੰਦੀਆਂ ਮੰਗਾਂ ਨੂੰ ਸੂਚੀਬੱਧ ਤਰੀਕੇ ਨਾਲ ਹੱਲ ਕਰਾਉਣ ਬਾਰੇ ਵੀ ਵਿਸਥਾਰਤ ਚਰਚਾ ਕੀਤੀ ਗਈ।

## ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਦੇ ਤਬਾਦਲੇ ਦਾ ਆਗੂਆਂ ਵੱਲੋਂ ਸਵਾਗਤ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਸੁਰਜੀਤ ਸਿੰਘ ਭਦੌੜ ਦਾ ਸੂਬਾ ਸਰਕਾਰ ਵੱਲੋਂ ਤਬਾਦਲਾ ਕਰਨ 'ਤੇ ਸਿਆਸੀ ਆਗੂਆਂ ਨੇ ਜਿੱਥੇ ਜ਼ੋਰਦਾਰ ਸਵਾਗਤ ਕੀਤਾ ਹੈ, ਉੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਵੀ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿਆਸੀ ਆਗੂ ਧਰਮਜੀਤ ਸਿੰਘ ਗਿੱਲ, ਗੁਰਬਿੰਦਰ ਸਿੰਘ ਈਸ਼ਰੂ ਤੇ ਤੇਜਿੰਦਰ ਸਿੰਘ ਜੱਸੜ ਨੇ ਕਿਹਾ ਕਿ ਪਲਾਂਟ ਦਾ ਜਨਰਲ ਮੈਨੇਜਰ ਆਪਣੇ ਵਿਵਾਦਤ ਫੈਸਲਿਆਂ ਕਾਰਨ ਹਮੇਸ਼ਾ ਚਰਚਾ ਵਿੱਚ ਰਿਹਾ ਹੈ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਇਸ ਜਨਰਲ ਮੈਨੇਜਰ ਨੇ ਲੁਧਿਆਣਾ ਮਿਲਕ ਪਲਾਂਟ ਵਿਖੇ ਆਪਣੇ ਥੋੜ੍ਹੇ ਸਮੇਂ ਦੀ ਤਾਇਨਾਤੀ ਦੌਰਾਨ ਹੀ ਦੁੱਧ ਉਤਪਾਦਕਾਂ ਦੇ ਹਿੱਤਾਂ ਦੇ ਉਲਟ ਫੈਸਲੇ ਲਏ ਤੇ ਨਿਯਮਾਂ ਨੂੰ ਛਿੱਕੇ ਟੰਗ ਆਪਣੇ ਚਹੇਤਿਆਂ ਨੂੰ ਲਾਭ ਵੀ ਪਹੁੰਚਾਇਆ। ਇਸ ਮੌਕੇ ਧਰਮਜੀਤ ਸਿੰਘ ਗਿੱਲ ਨੇ ਕਿਹਾ ਕਿ ਦੁੱਧ ਉਤਪਾਦਕਾਂ ਦੀ ਲੜਾਈ ਲੜਨ ਵਾਲੇ ਡਾਇਰੈਕਟਰਾਂ ਨੂੰ ਵੀ ਇਸ ਅਧਿਕਾਰੀ ਨੇ ਮੁਅੱਤਲ ਕਰਵਾ ਕੇ ਸਹਿਕਾਰੀ ਸੰਸਥਾ ਦੇ ਹਿੱਤਾਂ ਨੂੰ ਸੱਟ ਮਾਰੀ ਹੈ ਤੇ ਇਸ ਸਬੰਧੀ ਇਕ ਕੇਸ ਦੀ ਮਾਨਯੋਗ ਹਾਈ ਕੋਰਟ 'ਚ ਸੁਣਵਾਈ ਚੱਲ ਰਹੀ ਹੈ। ਉਕਤ ਸਿਆਸੀ ਆਗੂਆਂ ਨੇ ਕਿਹਾ ਕਿ ਵੇਰਕਾ ਮਿਲਕ ਪਲਾਂਟ ਨਾਲ ਹਜ਼ਾਰਾਂ ਹੀ ਦੁੱਧ ਉਤਪਾਦਕ ਜੁੜੇ ਹੋਏ ਹਨ ਅਤੇ ਉਨ੍ਹਾਂ ਦੇ ਹਿੱਤਾਂ ਲਈ ਕੰਮ ਕਰਨ ਵਾਲੇ ਅਧਿਕਾਰੀ ਹੀ ਤਾਇਨਾਤ ਕੀਤੇ ਜਾਣ।

# ਸਿਲਵਰ ਓਕਸ ਸਕੂਲ ਵਿਖੇ ਵਣ ਮਹਾਂਉਤਸਵ ਮਨਾਇਆ




ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਨੇ ਰੁੱਖ ਲਗਾਉਣ ਤੇ ਵਾਤਾਵਰਣ ਦੀ ਸੰਭਾਲ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਇੱਕ ਸ਼ਾਨਦਾਰ ਵਣ ਮਹਾਉਤਸਵ ਮਨਾਇਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਤੇ ਸਟਾਫ਼ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਇਸ ਨੇਕ ਮੁਹਿੰਮ ਵਿੱਚ ਸ਼ਾਮਲ ਹੋਏ।ਸਮੂਹ ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਸਕੂਲ ਦੀ ਚਾਰਦੀਵਾਰੀ ਵਿੱਚ ਬੂਟੇ ਲਗਾਏ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਸਾਡੇ ਜੀਵਨ ਵਿੱਚ ਰੁੱਖਾਂ ਦੀ ਭੂਮਿਕਾ ਦੀ ਮਹੱਤਤਾ ਨੂੰ ਸਮਝਾਇਆ ਗਿਆ।ਉਨ੍ਹਾਂ ਨੂੰ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਇਹ ਪੀੜ੍ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਸੁਥਰਾ ਤੇ ਹਰਿਆ-ਭਰਿਆ ਵਾਤਾਵਰਣ ਛੱਡ ਕੇ ਜਾ ਸਕੇ।ਬੱਚਿਆਂ ਨੇ ਸ਼ੁੱਧ ਤੇ ਸੁਰੱਖਿਅਤ ਸੰਸਾਰ ਦੀ ਸਿਰਜਣਾ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਧਰਤੀ ਮਾਂ ਦੇ ਉਜਾੜ ਨੂੰ ਰੋਕਣ ਦਾ ਸੰਦੇਸ਼ ਦੇਣ ਦਾ ਪ੍ਰਣ ਲਿਆ।ਇਸ ਮੌਕੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਬਰਨਿੰਦਰ ਪਾਲ ਸੇਖੋਂ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਦੇ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਰੁੱਖਾਂ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨਾ ਸਿਰਫ਼ ਰੁੱਖ ਲਗਾਵੇ, ਸਗੋਂ ਮੌਜੂਦਾ ਰੁੱਖਾਂ ਦੀ ਸੰਭਾਲ ਵੀ ਕਰੇ।ਸ੍ਰੀਮਤੀ ਛਾਇਆ ਵਿਨੋਚਾ ਨੇ ਕਿਹਾ ਕਿ ਵਣ ਮਹਾਉਤਸਵ ਸਿਰਫ਼ ਇੱਕ ਸਮਾਗਮ ਨਹੀਂ ਹੈ, ਇਹ ਸਾਡੇ ਵੱਲੋਂ ਹਰ ਇੱਕ ਨੂੰ ਹਰੇ ਭਰੇ ਗ੍ਰਹਿ ਲਈ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨ ਦੀ ਇੱਕ ਲਹਿਰ ਹੈ।

ਸਿਲਵਰ ਓਕਸ ਸਕੂਲ ਦਾ ਵਣ ਮਹਾਉਤਸਵ ਜਸ਼ਨ ਇੱਕ ਸ਼ਾਨਦਾਰ ਸਫਲਤਾ ਸੀ, ਜਿਸ ਨੇ ਵਾਤਾਵਰਣ ਸੰਭਾਲ ਪ੍ਰਤੀ ਭਾਈਚਾਰੇ ਦੇ ਸਮਰਪਣ ਨੂੰ ਹੋਰ ਮਜ਼ਬੂਤ ਕੀਤਾ ਤੇ ਹਰ ਇੱਕ ਨੂੰ ਹਰੇ ਭਰੇ ਭਵਿੱਖ ਵੱਲ ਠੋਸ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ।

## ਜੀਜਸ ਐਂਡ ਮੈਰੀ ਕਾਨਵੈਂਟ ਸਕੂਲ ਦੇ ਬੱਚਿਆਂ ਤਾਇਕਮਾਂਡੋ 'ਚ ਮਾਰੀਆਂ ਮੱਲਾਂ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)- ਬੀਤੇ ਦਿਨੀਂ ਜੀਜਸ ਐਂਡ ਮੈਰੀ ਕਾਨਵੈਂਟ ਸਕੂਲ ਚੁੱਘਾ ਦੇ ਬੱਚਿਆਂ ਨੇ ਫਿਰੋਜ਼ਪੁਰ ਵਿੱਚ ਕਰਵਾਈਆਂ ਗਈਆਂ ਤਾਇਕਮਾਂਡੋ ਖੇਡਾਂ ਵਿੱਚ ਮੱਲਾਂ ਮਾਰੀਆਂ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡੀ ਪੀ ਟੀਚਰ ਬਲਵਿੰਦਰ ਸਿੰਘ ਤੇ ਅਕਾਸ਼ ਦੀਪ ਮਹਿਰਾ ਨੇ ਦੱਸਿਆ ਕਿ ਜ਼ੋਨ ਲੈਵਲ ਟੂਰਨਾਮੈਂਟ, ਜੋ ਫਿਰੋਜ਼ਪੁਰ ਕੋਰਲ ਕਾਨਵੈਂਟ ਸਕੂਲ ਵਿੱਚ ਕਰਵਾਇਆ ਗਿਆ ਸੀ, ਜਿਸ ਵਿੱਚ ਜ਼ੋਨ ਦੇ ਵੱਖ-ਵੱਖ ਸਕੂਲਾਂ ਨੇ ਭਾਗ ਲਿਆ ਤੇ ਇਨ੍ਹਾਂ ਖੇਡਾਂ ਵਿੱਚੋਂ ਬਹੁਤ ਹੀ ਵਧੀਆ ਪ੍ਰਦਰਸ਼ਨ ਕਰਦੇ ਹੋਏ ਜੀਜਸ ਐਂਡ ਮੈਰੀ ਕਾਨਵੈਂਟ ਸਕੂਲ ਦੇ ਬੱਚਿਆਂ ਨੇ ਸੋਨ ਤੇ ਕਾਂਸੇ ਦੇ ਤਮਗੇ ਹਾਸਲ ਕੀਤੇ।ਬੱਚਿਆਂ ਦੀ ਇਸ ਪ੍ਰਾਪਤੀ 'ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਜਨਕ ਰਾਜ ਮੁੰਜਾਲ, ਸ੍ਰੀਮਤੀ ਏਕਤਾ ਮੁੰਜਾਲ ਤੇ ਅਰਜੁਨ ਮੁੰਜਾਲ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।ਉਨ੍ਹਾਂ ਦੱਸਿਆ ਕਿ ਸਾਡੇ ਸਕੂਲ ਵਿੱਚ ਪੜ੍ਹਾਈ ਦੇ ਨਾਲ ਨਾਲ ਖੇਡਾਂ ਪ੍ਰਤੀ ਬੱਚਿਆਂ ਨੂੰ ਉਤਸ਼ਾਹਤ ਕੀਤਾ ਜਾਂਦਾ ਹੈ, ਭਵਿੱਖ ਵਿੱਚ ਵੀ ਅਸੀਂ ਆਪਣੇ ਬੱਚਿਆਂ ਨੂੰ ਵਧੀਆ ਟ੍ਰੇਨਿੰਗ ਦੇ ਕੇ ਇੰਟਰਨੈਸ਼ਨਲ ਪੱਧਰ 'ਤੇ ਖੇਡਣ ਲਈ ਭੇਜਾਂਗੇ।

# ਜਗਤਜੀਤ ਗਰੁੱਪ ਚੀਮਾ ਨੇ ਕੀਤੀ ਨਵੀਂ ਮਸ਼ੀਨਰੀ ਲਾਂਚ

- ਸੁਪਰ ਸੀਡਰ ਦੇ ਕੂਪਨ ਧਾਰਕਾਂ ਨੂੰ ਕੱਢੇ ਕਰੋੜਾਂ ਦੇ ਇਨਾਮ



ਚੀਮਾ ਮੰਡੀ (ਰਵਿੰਦਰ ਚੀਮਾ)

ਜਗਤਜੀਤ ਗਰੁੱਪ ਚੀਮਾ ਮੰਡੀ ਵੱਲੋਂ ਜਗਤਜੀਤ ਐਗਰੀ ਇੰਡੀਆ ਪ੍ਰਾਈਵੇਟ ਲਿਮਿਟਡ ਡੇਹਲੋਂ ਵਿਖੇ 35 ਏਕੜ ਵਿੱਚ ਤਿਆਰ ਪਲਾਂਟ ਵਿੱਚ ਨਵੀਂ ਤਕਨੀਕ ਦੇ ਨਾਲ ਖੇਤੀਬਾੜੀ ਔਜ਼ਾਰ ਬਣਾਏ ਜਾਣਗੇ।ਗਰੁੱਪ ਵੱਲੋਂ ਇਟਲੀ ਦੀ 96 ਸਾਲ ਪੁਰਾਣੀ ਬੇਲਰ ਬਣਾਉਣ ਵਾਲੀ ਚਕੋਰੀਆ ਕੰਪਨੀ ਨਾਲ ਵੀ ਸਮਝੌਤਾ ਕੀਤਾ ਹੈ, ਜਿਸ ਨਾਲ ਹੁਣ ਇਟਲੀ ਦੀ ਤਕਨੀਕ ਦੇ ਬੇਲਰ ਪੰਜਾਬ ਵਿੱਚ ਮੁਹੱਈਆ ਹੋਣਗੇ। ਇਸ ਦੇ ਨਾਲ ਹੀ ਪਰਾਲੀ ਇਕੱਠੀ ਕਰਕੇ ਕਿਸਾਨਾਂ ਨੂੰ ਮੁਨਾਫਾ ਵੀ ਹੋਵੇਗਾ। ਨਾਲ ਹੀ ਜਗਤਜੀਤ ਗਰੁੱਪ ਵੱਲੋਂ ਨਵੀਆਂ ਮਸ਼ੀਨਾਂ, ਜਿਸ ਵਿੱਚ ਜਗਤਜੀਤ ਕੰਬਾਈਨ ਏ.ਸੀ. ਕੈਬਿਨ, ਬੇਲ ਲੋਡਰ, ਥਰੈਸ਼ਰ ਤੇ ਬਰੈਕਟ ਮਸ਼ੀਨ ਵੀ ਸ਼ਾਮਲ ਹਨ।ਗਰੁੱਪ ਦੇ ਅਧਿਕਾਰੀਆਂ ਨੇ ਦੱਸਿਆ ਕਿ ਬਰਿਕਟ ਮਸ਼ੀਨ ਪਰਾਲੀ ਨੂੰ ਬਰਿਕਟ ਬਣਾਉਣ ਲਈ ਬਣਾਈ ਗਈ ਹੈ, ਜਿਸ ਨਾਲ ਹੁਣ ਪਰਾਲੀ ਤੋਂ ਬਣਿਆ ਈਧਨ ਵੇਚ ਕੇ ਕਿਸਾਨ ਕਮਾਈ ਕਰ ਸਕਣਗੇ।ਇਸ ਮੌਕੇ ਜਗਜੀਤ ਵੱਲੋਂ ਪਿਛਲੇ ਸੀਜ਼ਨ ਕਿਸਾਨਾਂ ਨੂੰ ਸੁਪਰ ਸੀਡਰ ਦੇ ਨਾਲ ਆਪਣੇ 40 ਸਾਲ ਪੂਰੇ ਹੋਣ 'ਤੇ ਇੱਕ ਡਰਾਅ ਕੂਪਨ ਦਿੱਤਾ ਸੀ, ਉਸ ਵਿੱਚ 10 ਸਪਲੈਂਡਰ ਮੋਟਰਸਾਈਕਲ, ਪੰਜ ਬੁਲਿਟ ਮੋਟਰਸਾਈਕਲ, ਇਕ ਅਲਟੋ ਕਾਰ, ਇਕ ਜੋਨਡੀਅਰ ਟਰੈਕਟਰ ਤੇ ਇੱਕ ਥਾਰ ਆਦਿ ਦੇ ਡਰਾਅ ਵੀ ਕੱਢ ਕੇ ਕਿਸਾਨਾਂ ਨਾਲ ਕੀਤਾ ਵਾਅਦਾ ਪੂਰਾ ਕੀਤਾ।ਇਸ ਮੌਕੇ ਕਰਵਾਏ ਗਏ ਸਮਾਗਮ ਦੌਰਾਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਦੇ ਮਾਤਾ ਹਰਪਾਲ ਕੌਰ, ਮੁੱਖ ਮੰਤਰੀ ਦੇ ਭਰਾ ਗਿਆਨ ਸਿੰਘ ਮਾਨ, ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆ, ਪੀਐਸਪੀਸੀਐਲ ਦੇ ਡਾਇਰੈਕਟਰ ਜਸਵੀਰ ਸਿੰਘ ਢਿੱਲੋਂ ਸੁਰ ਸਿੰਘ, ਚੇਅਰਮੈਨ ਜਸਵੀਰ ਸਿੰਘ ਕੁਦਨੀ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ, ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਮਾਨਸਾ ਦੇ ਵਿਧਾਇਕ ਡਾ. ਵਿਜੇ ਸਿੰਗਲਾ, ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਕਾਂਗਰਸੀ ਆਗੂ ਜਸਵਿੰਦਰ ਸਿੰਘ ਧੀਮਾਨ, ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਮਾਨਸਾ, ਚੇਅਰਮੈਨ ਦਰਸ਼ਨ ਸਿੰਘ ਗੀਤੀ ਮਾਨ, ਆਪ ਆਗੂ ਕੁਲਦੀਪ ਸਿੰਘ ਸਿੱਧੂ, ਬੀਰਬਲ ਸਿੰਘ ਚੀਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਪਾਰਟੀਆਂ ਦੇ ਆਗੂ ਤੇ ਕਿਸਾਨ ਮੌਜੂਦ ਸਨ।ਸਮਾਗਮ ਦੌਰਾਨ ਗਾਇਕ ਬੱਬੂ ਮਾਨ ਤੇ ਹਰਫ ਚੀਮਾ ਨੇ ਆਪਣੇ ਗੀਤਾਂ ਰਾਹੀਂ ਹਾਜ਼ਰੀਨ ਦਾ ਮਨੋਰੰਜਨ ਕੀਤਾ।ਸਟੇਜ ਦੀ ਕਾਰਵਾਈ ਉੱਘੀ ਸਟੇਜ ਸੰਚਾਲਿਕਾ ਸਤਿੰਦਰ ਸੱਤੀ ਤੇ ਗੀਤਕਾਰ ਕੁਲਵੰਤ ਉੱਪਲੀ ਨੇ ਬਾਖੂਬੀ ਨਿਭਾਈ।ਸਮਾਗਮ ਦੇ ਅਖੀਰ ਵਿੱਚ ਆਏ ਮਹਿਮਾਨਾਂ ਤੇ ਕਿਸਾਨਾਂ ਦਾ ਜਗਤਜੀਤ ਗਰੁੱਪ ਦੇ ਚੇਅਰਮੈਨ ਸ੍ਰ. ਧਰਮ ਸਿੰਘ ਸਾਰੋਂ, ਐੱਮ ਡੀ ਜਗਤਜੀਤ ਸਿੰਘ ਤੇ ਮਨਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਲੁਧਿਆਣਾ-ਰਾਹੋਂ ਸੜਕ ਨਿਰਮਾਣ ਕਾਰਜਾਂ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼



ਲੁਧਿਆਣਾ (ਰਾਜ ਸਿੰਗਲਾ)-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਮੀਟਿੰਗ ਦੌਰਾਨ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ.) ਦੇ ਅਧਿਕਾਰੀਆਂ ਨੂੰ ਲੁਧਿਆਣਾ-ਰਾਹੋਂ ਸੜਕ ਦੇ ਨਿਰਮਾਣ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਇਹ ਸੜਕ ਇੱਕ ਪ੍ਰਮੁੱਖ ਸਰਕਾਰੀ ਪ੍ਰੋਜੈਕਟ ਹੈ, ਜੋ ਟ੍ਰੈਫਿਕ ਪ੍ਰਬੰਧਨ ਵਿੱਚ ਸੁਧਾਰ ਕਰੇਗਾ ਤੇ ਲੁਧਿਆਣਾ ਨੂੰ ਐੱਸ.ਬੀ.ਐੱਸ. ਨਗਰ (ਨਵਾਂਸ਼ਹਿਰ) ਜ਼ਿਲ੍ਹੇ ਨਾਲ ਜੋੜੇਗਾ। 30 ਦਸੰਬਰ 2023 ਨੂੰ 11.43 ਕਿਲੋਮੀਟਰ ਲੰਬੀ ਲੁਧਿਆਣਾ-ਰਾਹੋਂ ਸੜਕ ਦੇ ਅਪਗ੍ਰੇਡੇਸ਼ਨ ਦਾ ਕੰਮ 43.25 ਕਰੋੜ ਰੁਪਏ ਦੇ ਬਜਟ ਨਾਲ ਸ਼ੁਰੂ ਹੋਇਆ ਸੀ। ਕਰੀਬ 5.5 ਕਿਲੋਮੀਟਰ ਸੜਕ ਦਾ ਨਿਰਮਾਣ ਪੂਰਾ ਹੋ ਚੁੱਕਾ ਹੈ, ਪਰ ਬਿਜਲੀ ਦੇ ਖੰਭਿਆਂ ਆਦਿ ਦੀ ਸਮੱਸਿਆ ਕਾਰਨ ਬਾਕੀ ਦਾ ਹਿੱਸਾ ਦੇਰੀ ਨਾਲ ਚੱਲ ਰਿਹਾ ਹੈ। ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿੱਤਾ ਕਿ 800 ਦੇ ਕਰੀਬ ਬਿਜਲੀ ਦੇ ਖੰਭਿਆਂ ਨੂੰ ਸ਼ਿਫਟ ਕਰਨ ਦਾ ਕੰਮ ਜਲਦ ਸ਼ੁਰੂ ਹੋ ਜਾਵੇਗਾ, ਜਿਸ ਦੇ ਤਹਿਤ ਇਸ ਹਫ਼ਤੇ ਟੈਂਡਰ ਜਾਰੀ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਸਾਹਨੀ ਨੇ ਮਿਆਰੀ ਸੜਕੀ ਬੁਨਿਆਦੀ ਢਾਂਚੇ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਤੇ ਅਧਿਕਾਰੀਆਂ ਨੂੰ ਪ੍ਰਾਜੈਕਟ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੁਧਿਆਣਾ 'ਚ ਵਧੀਆ ਸੜਕੀ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਉਣ ਲਈ ਸਮਰਪਤ ਹੈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰਾਂ ਵਿੱਚ ਅਨਮੋਲ ਸਿੰਘ ਧਾਲੀਵਾਲ, ਰੁਪਿੰਦਰਪਾਲ ਸਿੰਘ ਤੋਂ ਇਲਾਵਾ ਡੀ.ਐਫ.ਓ. ਰਾਜੇਸ਼ ਗੁਲਾਟੀ, ਲੋਕ ਨਿਰਮਾਣ ਵਿਭਾਗ (ਬੀ.ਐਂਡ.ਆਰ.) ਸ਼ਾਖਾ ਦੇ ਕਾਰਜਕਾਰੀ ਇੰਜਨੀਅਰ ਰਣਜੀਤ ਸਿੰਘ ਸੰਧੂ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

# ਆਮ ਲੋਕਾਂ ਦੇ ਕੀਮਤੀ ਸਮੇਂ ਤੇ ਧਨ ਨੂੰ ਬਚਾਉਣ ਲਈ ਨੈਸ਼ਨਲ ਲੋਕ ਅਦਾਲਤਾਂ ਦਾ ਵਿਸ਼ੇਸ਼ ਯੋਗਦਾਨ : ਅਰੁਣ ਗੁਪਤਾ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਆਮ ਲੋਕਾਂ ਦੇ ਕੀਮਤੀ ਸਮੇਂ ਤੇ ਧਨ ਨੂੰ ਬਚਾਉਣ ਲਈ ਨੈਸ਼ਨਲ ਲੋਕ ਅਦਾਲਤਾਂ ਦਾ ਵਿਸ਼ੇਸ਼ ਯੋਗਦਾਨ ਹੈ। ਇਨ੍ਹਾਂ ਲੋਕ ਅਦਾਲਤਾਂ ਵਿੱਚ ਦੋਵੇਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਅਦਾਲਤੀ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ, ਜਿਸ ਨਾਲ ਦੋਵਾਂ ਧਿਰਾਂ ਦੀ ਆਪਸੀ ਕੁੜੱਤਣ ਵੀ ਖਤਮ ਹੁੰਦੀ ਹੈ ਤੇ ਆਪਸੀ ਭਾਈਚਾਰਾ ਵੱਧਦਾ ਹੈ। ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਜ਼ਿਲ੍ਹਾ ਤੇ ਸੈਸ਼ਨਜ਼-ਜੱਜ-ਕਮ ਚੇਅਰਮੇਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਅਰੁਣ ਗੁਪਤਾ ਨੇ ਜ਼ਿਲ੍ਹਾ ਕਚਹਿਰੀਆਂ ਵਿਖੇ 14 ਸਤੰਬਰ ਨੂੰ ਜ਼ਿਲ੍ਹੇ ਦੀਆਂ ਸਾਰੀਆਂ ਜ਼ਿਲ੍ਹਾ ਅਦਾਲਤਾਂ ਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ ਵਿੱਚ ਕੀਤੀ ਜਾ ਰਹੀ ਨੈਸ਼ਨਲ ਲੋਕ ਅਦਾਲਤ ਦੇ ਅਗੇਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹੇ ਦੇ ਸਾਰੇ ਨਿਆਇਕ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਸ੍ਰੀ ਗੁਪਤਾ ਨੇ ਨਿਆਇਕ ਅਧਿਕਾਰੀਆਂ ਨੂੰ ਕਿਹਾ ਕਿ ਉਹ ਗੰਭੀਰ ਕਿਸਮ ਦੇ ਫੌਜਦਾਰੀ ਕੇਸਾਂ ਨੂੰ ਛੱਡ ਕੇ ਸਮਝੌਤੇ ਯੋਗ ਸਾਰੇ ਤਰ੍ਹਾਂ ਦੇ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਨ ਲਈ ਸੰਬੰਧਤ ਧਿਰਾਂ ਨੂੰ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਅਦਾਲਤਾਂ ਵਿੱਚ ਲੰਬਿਤ ਪਏ ਕੇਸਾਂ ਦੇ ਵੱਧ ਤੋਂ ਵੱਧ ਨਿਪਟਾਰੇ ਦੇ ਨਾਲ-ਨਾਲ ਅਜਿਹੇ ਝਗੜਿਆਂ ਦਾ ਨਿਪਟਾਰਾ ਕਰਨ ਲਈ ਵੀ ਯਤਨ ਕੀਤੇ ਜਾਣ ਜੋ ਕਿ ਪਹਿਲਾਂ ਕਿਸੇ ਵੀ ਅਦਾਲਤ ਵਿੱਚ ਨਾ ਚੱਲਦੇ ਹੋਣ। ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਨੇ ਨਿਆਇਕ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਅਦਾਲਤਾਂ ਵਿੱਚ ਚੱਲ ਰਹੇ ਕੇਸਾਂ ਦਾ ਜਲਦੀ ਨਿਪਟਾਰਾ ਕਰਨ ਲਈ ਸਮਝੌਤਾ ਸਦਨ ਵਿੱਚ ਸਥਾਪਤ ਕੀਤੇ ਗਏ ਵਿਚੋਲਗੀ ਕੇਂਦਰ ਵਿੱਚ ਭੇਜੇ ਜਾਣ। ਇਸ ਤੋਂ ਇਲਾਵਾ ਅਦਾਲਤਾਂ ਵਿੱਚ ਚੱਲ ਰਹੇ ਕੇਸਾਂ ਵਿੱਚੋਂ ਸਮਝੌਤਾ ਯੋਗ ਕੇਸਾਂ ਦੀ ਸ਼ਨਾਖਤ ਕਰਨ ਲਈ ਪੈਨਲ 'ਤੇ ਰੱਖੇ ਗਏ ਵਕੀਲਾਂ ਦੀ ਵੀ ਸਹਾਇਤਾ ਲਈ ਜਾਵੇ।

ਉਨ੍ਹਾਂ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਵਿੱਚ ਹਰ ਤਰ੍ਹਾਂ ਦੇ ਦੀਵਾਨੀ, ਸਮਝੌਤਾ ਯੋਗ ਫੌਜਦਾਰੀ, ਬੈਂਕ ਰਿਕਵਰੀ, ਚੈੱਕ ਬਾਊਂਸ, ਮਜ਼ਦੂਰਾਂ ਨਾਲ ਸੰਬੰਧਤ ਝਗੜੇ, ਬਿਜਲੀ ਤੇ ਪਾਣੀ ਦੇ ਬਿਲਾਂ ਸੰਬੰਧੀ ਅਤੇ ਘਰੇਲੂ ਝਗੜਿਆਂ ਸੰਬੰਧੀ ਲੰਬਿਤ ਤੇ ਪ੍ਰੀ-ਲਿਟੀਗੇਟਿਵ ਕੇਸ ਸਮਝੌਤੇ ਲਈ ਲੋਕ ਅਦਾਲਤ ਵਿੱਚ ਵਿਚਾਰੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਕੇਸ ਲਗਾਉਣ ਦੇ ਚਾਹਵਾਨ ਵਿਅਕਤੀ ਜੇਕਰ ਕੇਸ ਅਦਾਲਤ ਵਿੱਚ ਲੰਬਿਤ ਹੈ, ਤਾਂ ਸੰਬੰਧਤ ਅਦਾਲਤ ਦੇ ਜੱਜ ਸਾਹਿਬਾਨ ਨੂੰ ਅਤੇ ਜੇਕਰ ਕੇਸ ਅਦਾਲਤ ਵਿੱਚ ਲੰਬਿਤ ਨਹੀਂ ਹੈ, ਤਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਲਿਖਤੀ ਦਰਖਾਸਤ ਦੇ ਸਕਦੇ ਹਨ।

## ਗਾਂਵਾਂ ਦੇ ਫੜੇ ਗਏ ਟਰੱਕ ਦਾ ਤਸਕਰੀ ਨਾਲ ਨਹੀਂ ਸੀ ਸੰਬੰਧ : ਡੀ ਐੱਸ ਪੀ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਬੀਤੀ ਰਾਤ ਖੂਈਆਂ ਸਰਵਰ ਇਲਾਕੇ ਵਿੱਚ ਇੱਕ ਟਰੱਕ ਵਿੱਚੋਂ ਗਾਵਾਂ ਬਰਾਮਦ ਹੋਣ ਦੇ ਮਾਮਲੇ ਦੀ ਜਾਂਚ ਤੋਂ ਬਾਅਦ ਪੁਲਸ ਨੇ ਪਾਇਆ ਹੈ ਕਿ ਇਹ ਗਾਵਾਂ ਦੀ ਤਸਕਰੀ ਦਾ ਮਾਮਲਾ ਨਹੀਂ ਸੀ ਸਗੋਂ ਗਾਵਾਂ ਦਾ ਮਾਲਕ ਹੀ ਉਹਨਾਂ ਨੂੰ ਕਿਸੇ ਹੋਰ ਜਗ੍ਹਾ 'ਤੇ ਲੈ ਕੇ ਜਾ ਰਿਹਾ ਸੀ ਜਿੱਥੇ ਉਸਨੂੰ ਉਹਨਾਂ ਲਈ ਉਚਿਤ ਚਾਰਾ ਮਿਲ ਸਕੇ।ਇਹ ਚਰਵਾਹਿਆਂ ਦੇ ਦੁਧਾਰੂ ਜਾਨਵਰ ਸਨ ਅਤੇ ਉਹ ਇਹਨਾਂ ਨੂੰ ਕਿਸੇ ਬੁਚੜਖਾਨੇ ਨਹੀਂ ਲੈ ਕੇ ਜਾ ਰਹੇ ਸਨ।ਇਸ ਸੰਬੰਧੀ ਅਬੋਹਰ ਦੇ ਡੀ ਐਸ ਪੀ ਅਰੁਣ ਮੁੰਡਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਟਰੱਕ ਵਿੱਚੋਂ 11 ਗਾਵਾਂ ਇੱਕ ਢੱਠਾ ਅਤੇ ਇੱਕ ਬੱਛਾ ਮਿਲਿਆ ਸੀ ਹਾਲਾਂਕਿ ਟਰੱਕ ਵਿੱਚ ਗਾਵਾਂ ਦੀ ਗਿਣਤੀ ਜਿਆਦਾ ਹੋਣ ਅਤੇ ਉਹਨਾਂ ਨੂੰ ਭੀੜ ਵਿੱਚ ਰੱਖਣ ਦੇ ਦੋਸ਼ ਤਹਿਤ ਦੋ ਵਿਅਕਤੀਆਂ ਖਿਲਾਫ ਪਰਵੈਂਸ਼ਨ ਆਫ ਕਰਲਟੀ ਅਗੇਂਸਟ ਐਨੀਮਲ ਐਕਟ ਦੇ ਤਹਿਤ ਥਾਣਾ ਖੂਹੀਆਂ ਸਰਵਰ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ। ਇਸ ਮੌਕੇ ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਅਫਵਾਹਾਂ ਵਿੱਚ ਨਾ ਆਉਣ ਅਤੇ ਜੇਕਰ ਕੋਈ ਸ਼ੰਕਾ ਹੋਵੇ ਤਾਂ ਪੁਲਿਸ ਨੂੰ ਇਤਲਾਹ ਦਿੱਤੀ ਜਾਵੇ। ਉਹਨਾਂ ਨੇ ਸਮਾਜ ਵਿੱਚ ਵੰਡੀਆਂ ਪਾਉਣ, ਨਫਰਤੀ ਭਾਸ਼ਣ ਦੇਣ ਵਰਗੀਆਂ ਗੱਲਾਂ ਕਰਨ ਤੋਂ ਵੀ ਸਖਤੀ ਨਾਲ ਵਰਜਦਿਆਂ ਕਿਹਾ ਕਿ ਜੇਕਰ ਕਿਸੇ ਨੇ ਅਜਿਹਾ ਕੀਤਾ ਤਾਂ ਪੁਲਿਸ ਅਜਿਹੇ ਲੋਕਾਂ ਦੇ ਖਿਲਾਫ ਵੀ ਸਖਤ ਕਾਰਵਾਈ ਕਰੇਗੀ। ਉਹਨਾਂ ਨੇ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹ ਫੈਲਾਉਣ ਤੋਂ ਗੁਰੇਜ਼ ਕੀਤਾ ਜਾਵੇ ਅਤੇ ਝੂਠੀਆਂ ਜਾਣਕਾਰੀਆਂ ਦਾ ਪ੍ਰਸਾਰ ਨਾ ਕੀਤਾ ਜਾਵੇ। ਜੇਕਰ ਕੋਈ ਅਜਿਹਾ ਕਰੇਗਾ ਤਾਂ ਪੁਲਸ ਸਖਤ ਕਾਰਵਾਈ ਅਮਲ ਵਿੱਚ ਲਿਆਵੇਗੀ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਧੀ ਅਧੂਰੀ ਸੂਚਨਾ ਸੁਣ ਕੇ ਕਿਸੇ ਪ੍ਰਕਾਰ ਦੇ ਧਰਨੇ ਪ੍ਰਦਰਸ਼ਨ ਕਰਨ ਤੋਂ ਗੁਰੇਜ਼ ਕਰਨ ਅਤੇ ਜੋ ਵੀ ਮਾਮਲਾ ਹੋਵੇ ਪੁਲਿਸ ਦੇ ਧਿਆਨ ਵਿੱਚ ਲਿਆਂਦਾ ਜਾਵੇ ਪੁਲਸ ਨਿਯਮਾਂ ਅਨੁਸਾਰ ਉਚਿਤ ਕਾਰਵਾਈ ਕਰੇਗੀ।

# ਕ੍ਰਿਸ਼ਨਾ ਕਾਲਜ ਰੱਲੀ ਵਿਖੇ ਇਕੋ ਸਮੇਂ ਦੋ ਡਿਗਰੀਆਂ ਦੀ ਪੜ੍ਹਾਈ ਕਰਨ ਦਾ ਸੁਨਹਿਰੀ ਮੌਕਾ




ਬਰੇਟਾ (ਗੋਬਿੰਦ ਸ਼ਰਮਾ)-ਮਾਲਵੇ ਇਲਾਕੇ ਦੀ ਨਾਮਵਰ ਸੰਸਥਾ ਕ੍ਰਿਸ਼ਨਾ ਗਰੁੱਪ ਆਫ਼ ਇੰਸਟੀਚਿਉਟਸ ਰੱਲੀ (ਬੁਢਲਾਡਾ) ਵਿਖੇ ਕੋਈ ਵੀ ਵਿਦਿਆਰਥੀ ਇਕੋ ਸਮੇਂ 'ਚ ਦੋ ਡਿਗਰੀਆਂ ਜਾਂ ਡਿਪਲੋਮੇ ਦੀ ਪੜ੍ਹਾਈ ਕਰ ਸਕਦਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ ਤੇ ਚੇਅਰਮੈਨ ਸੁਖਵਿੰਦਰ ਸਿੰਘ ਚਹਿਲ ਨੇ ਦੱਸਿਆ ਕਿ ਕਾਲਜ ਵਿੱਚ ਹੁਣ ਭਾਰਤ ਸਰਕਾਰ ਦੀ ਨਵੀਂ ਸਿੱਖਿਆ ਨੀਤੀ ਵੀਹ ਸੌ ਵੀਹ ਤਹਿਤ ਕੋਈ ਵੀ ਵਿਦਿਆਰਥੀ ਇਕੋ ਸਮੇਂ ਵਿੱਚ ਦੋ ਡਿਗਰੀਆਂ ਕਰ ਸਕਦਾ ਹੈ।ਵਧੇਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਬੀ ਏ, ਬੀ ਸੀ ਏ, ਬੀ. ਕਾਮ, ਡੀ. ਲਿਬ, ਬੀ. ਲਿਬ, ਐੱਮ. ਲਿਬ, ਪੀ.ਜੀ.ਡੀ.ਸੀ.ਏ., ਐੱਮ.ਏ.- ਪੰਜਾਬੀ, ਹਿਸਟਰੀ, ਰਾਜਨੀਤੀ ਸ਼ਾਸਤਰ, ਐੱਮ ਐੱਸ ਸੀ-ਮੈਥ, ਐੱਮ ਐੱਸ ਸੀ (ਆਈ ਟੀ) ਦੇ ਕੋਰਸ ਸਫ਼ਲਤਾ ਪੂਰਵਕ ਚੱਲ ਰਹੇ ਹਨ।ਇਨ੍ਹਾਂ ਕੋਰਸਾਂ ਵਿੱਚ ਦਾਖਲਾ ਲੈਣ ਵਾਲਾ ਵਿਦਿਆਰਥੀ ਹੁਣ ਇਸ ਦੇ ਨਾਲ ਹੀ ਕਾਲਜ ਵਿੱਚ ਚੱਲ ਰਹੇ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਦੇ ਵੱਖ-ਵੱਖ ਕੋਰਸ ਜਿਵੇਂ ਕਿ ਬੀ ਏ, ਬੀ.ਕਾਮ, ਐੱਮ.ਏ-ਪੰਜਾਬੀ, ਐੱਮ.ਏ-ਅੰਗਰੇਜ਼ੀ, ਐੱਮ.ਕਾਮ ਤੇ ਵੱਖ-ਵੱਖ ਡਿਪਲੋਮਾ/ਸਰਟੀਫਿਕੇਟ ਕੋਰਸਾਂ ਵਿੱਚ ਵੀ ਦਾਖਲਾ ਲੈ ਸਕਦਾ ਹੈ।ਉਨ੍ਹਾਂ ਦੱਸਿਆ ਕਿ ਨਵੀਂ ਸਿੱਖਿਆ ਨੀਤੀ ਤਹਿਤ ਇੱਕ ਰੈਗੂਲਰ ਤੇ ਓਪਨ ਯੂਨੀਵਰਸਿਟੀ ਅਧੀਨ ਇੱਕ ਆਨਲਾਈਨ ਜਾਂ ਡਿਸਟੈਂਸ ਦੁਆਰਾ ਵਿਦਿਆਰਥੀ ਹੁਣ ਇੱਕੋ ਸਮੇਂ ਦੋਵੇਂ ਕੋਰਸ ਇਕੱਠੇ ਕਰ ਸਕਦਾ ਹੈ।ਵਿਦਿਆਰਥੀ ਇਹ ਸੁਵਿਧਾ ਮਾਲਵੇ ਦੀ ਸਿਰਮੌਰ ਸੰਸਥਾ ਕ੍ਰਿਸ਼ਨਾ ਕਾਲਜ ਰੱਲੀ (ਬੁਢਲਾਡਾ) ਤੋਂ ਪ੍ਰਾਪਤ ਕਰ ਸਕਦੇ ਹਨ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਮੱਲ੍ਹੀ ਨੇ ਦੱਸਿਆ ਕਿ ਹੁਣ ਕੋਈ ਵੀ ਵਿਦਿਆਰਥੀ ਭਾਵੇਂ ਕਿ ਕਿਸੇ ਵੀ ਕਾਲਜ ਵਿੱਚ ਪੜ੍ਹ ਰਿਹਾ ਹੈ, ਉਹ ਕ੍ਰਿਸ਼ਨਾ ਕਾਲਜ ਵਿਖੇ ਓਪਨ ਯੂਨੀਵਰਸਿਟੀ ਦੇ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈ ਸਕਦਾ ਹੈ।ਇਸ ਤੋਂ ਇਲਾਵਾ ਕਿਸੇ ਵੀ ਸੰਸਥਾ ਵਿੱਚ ਪ੍ਰਾਈਵੇਟ ਜਾਂ ਸਰਕਾਰੀ ਨੌਕਰੀ ਦੌਰਾਨ ਜਾਂ ਘਰ ਬੈਠਾ ਵਿਅਕਤੀ ਓਪਨ ਯੂਨੀਵਰਸਿਟੀ ਵਿੱਚ ਦਾਖਲਾ ਲੈ ਕੇ ਆਪਣੀ ਉਚੇਰੀ ਸਿੱਖਿਆ ਸੀਮਤ ਫੀਸਾਂ ਵਿੱਚ ਹਾਸਲ ਕਰ ਸਕਦਾ ਹੈ।ਕਾਲਜ ਵੱਲੋਂ ਸ਼ੁਰੂ ਕੀਤੀ ਇਹ ਸੁਵਿਧਾ ਇਲਾਕੇ ਦੇ ਵਿਦਿਆਰਥੀਆਂ ਲਈ ਸੁਨਹਿਰੀ ਮੌਕੇ ਦੇ ਨਾਲ-ਨਾਲ ਵਰਦਾਨ ਸਾਬਿਤ ਹੋ ਰਹੀ ਹੈ।ਦਸੰਬਰ 2024 ਸੈਸ਼ਨ ਲਈ ਦਾਖਲਾ ਪ੍ਰਕਿਰਿਆ ਚੱਲ ਰਹੀ ਹੈ, ਜਿਸ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

# ਗੌਰਮਿੰਟ ਟੀਚਰਜ਼ ਯੂਨੀਅਨ ਨੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਦਿੱਤਾ ਮੰਗ ਪੱਤਰ



ਮਹਿਤਪੁਰ (ਰਾਜਾ) ਗੌਰਮਿੰਟ ਟੀਚਰਜ ਯੂਨੀਅਨ ਪੰਜਾਬ (ਵਿਗਿਆਨਿਕ ) ਵਲੋਂ ਇਕ ਮੰਗ-ਪੱਤਰ ਸਿੱਖਿਆ ਮੰਤਰੀ/ਸਿੱਖਿਆ ਸਕੱਤਰ ਪੰਜਾਬ ਦੇ ਨਾਂਅ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਦੀ ਅਗਵਾਈ ਹੇਠ ਉਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀ. ਸਿੱਖਿਆ) ਜਲੰਧਰ ਮੁਨੀਸ਼ ਕੁਮਾਰ ਰਾਹੀਂ ਭੇਜਿਆ ਗਿਆ। ਜਨਰਲ ਸਕੱਤਰ ਕੰਵਲਜੀਤ ਸੰਗੋਵਾਲ, ਪ੍ਰੈਸ ਸਕੱਤਰ ਰਮਨ ਕੁਮਾਰ ਗੁਪਤਾ ਨੇ ਦੱਸਿਆ ਕਿ ਇਸ ਮੰਗ-ਪੱਤਰ ਵਿੱਚ ਅਧਿਆਪਕ ਅਤੇ ਸਕੂਲ ਦੀਆਂ ਮੰਗਾਂ ਸ਼ਾਮਲ ਹਨ, ਜਿਵੇਂ ਪਿਛਲੇ ਸ਼ੈਸ਼ਨ ਦੀਆਂ ਵਾਪਸ/ਲੈਪਸ ਹੋ ਗਈਆਂ ਗ੍ਰਾਂਟਾਂ ਜਿੰਨਾਂ ਦੀ ਅਦਾਇਗੀ ਅਧਿਆਪਕਾਂ ਵੱਲੋਂ ਪੱਲਿਓਂ ਕੀਤੀ ਗਈ ਹੈ, ਉਹਨਾਂ ਦੀ ਅਦਾਇਗੀ, ਹਰੇਕ ਕਾਡਰ ਦੀਆਂ 75:25 ਅਨੁਪਾਤ ਨਾਲ ਤਰੱਕੀਆਂ, ਮਾਸਟਰ ਕਾਡਰ ਤੋਂ ਲੈਕਚਰਾਰ ਦੀਆਂ ਪਦਉਨੱਤੀਆਂ ਸਹੀ ਕਰਨਾ, ਪ੍ਰਾਇਮਰੀ ਦੇ ਹਰੇਕ ਕਾਡਰ ਦੀਆਂ ਤਰੱਕੀਆਂ,ਸੈਂਟਰ ਹੈੱਡ ਟੀਚਰ ਦੀ ਸੀਨੀਆਰਤਾ ਜ਼ਿਲ੍ਹਾ ਕਾਡਰ ਰੱਖਣਾ, ਆਮ ਬਦਲੀਆਂ ਪਾਰਦਰਸ਼ੀ ਢੰਗ ਨਾਲ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਨਵੀਂ ਸਿੱਖਿਆ ਨੀਤੀ 2020 ਰੱਦ ਕਰਨਾ, ਪ੍ਰੀ-ਪ੍ਰਾਇਮਰੀ ਲਈ ਹਰ ਸਕੂਲ ਵਿੱਚ ਦੋ ਅਧਿਆਪਕ, ਪ੍ਰਾਇਮਰੀ ਸਕੂਲਾਂ ਵਿੱਚ ਜਮਾਤਵਾਰ ਅਧਿਆਪਕ ਅਤੇ ਹਰੇਕ ਸਕੂਲ ਵਿੱਚ ਹੈੱਡ ਟੀਚਰ ਦੀ ਪੋਸਟ,। ਮਿਡਲ ਸਕੂਲਾਂ ਵਿੱਚ ਅਧਿਆਪਕਾਂ ਦੀਆਂ 07 ਪੋਸਟਾਂ ਦੀ ਪੁਰਾਣੀ ਸਥਿਤੀ ਬਹਾਲ ਕਰਨਾ, ਹਾਈ ਅਤੇ ਸੈਕੰਡਰੀ ਸਕੂਲ ਵਿੱਚ ਖਾਲੀ ਪਈ ਪੋਸਟਾਂ ਭਰਨੀਆਂ, ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਾਈਸ ਪ੍ਰਿੰਸੀਪਲ ਦੀ ਪੋਸਟ,। ਸਕੂਲ ਮੁਖੀ/ਬੀਪੀਈਓ ਨੂੰ ਕੇਵਲ ਇਕ ਸਕੂਲ/ਬਲਾਕ ਦਾ ਚਾਰਜ ਹੀ ਦੇਣਾ, ਪੇਂਡੂ ਭੱਤੇ ਸਮੇਤ ਬੰਦ ਕੀਤੇ ਸਾਰੇ ਭੱਤੇ ਬਹਾਲ ਕਰਨਾ, 228 ਪੀਟੀਆਈ ਅਧਿਆਪਕਾਂ ਨੂੰ ਬੀਪੀਈਓ ਦਫ਼ਤਰਾਂ ਤੋ ਫ਼ਾਰਗ ਕਰਕੇ ਉਨ੍ਹਾਂ ਦੇ ਪਿੱਤਰੀ ਸਕੂਲਾਂ ਵਿੱਚ ਸ਼ਿਫਟ ਕਰਨਾ ਆਦਿ ਸ਼ਾਮਲ ਹਨ। ਇਸ ਮੌਕੇ ਰਾਕੇਸ਼ ਕੁਮਾਰ ਬੰਟੀ, ਪ੍ਰਦੀਪ ਪ੍ਰਿਤਪਾਲ ਸਿੰਘ, ਪੰਕਜ ਕੁਮਾਰ, ਭਾਰਤ ਭੂਸ਼ਨ ਲਾਡਾ, ਵਰਿੰਦਰ ਸਿੰਘ, ਬਲਵਿੰਦਰ ਸਿੰਘ ਕਾਲੜਾ, ਤਰੁਣਦੀਪ ਸਿੰਘ, ਰਾਕੇਸ਼ ਕੁਮਾਰ ਖਹਿਰਾ, ਮਾਸਟਰ ਗੁਰਮੇਲ ਸਿੰਘ, ਗੁਰਕੀਰਤ ਸਿੰਘ, ਵਿਜੇ ਕੁਮਾਰ ਪਰਤਾਪਪੁਰਾ, ਪਲਵਿੰਦਰ ਸਿੰਘ ਉੱਪਲ, ਚਰਨਜੀਤ ਸਿੰਘ, ਜਸਵਿੰਦਰ ਕੁਮਾਰ, ਰਾਕੇਸ਼ ਕੁਮਾਰ, ਮਨਜਿੰਦਰ ਸਿੰਘ, ਵਿਜੈ ਕੁਮਾਰ ਆਦਿ ਆਗੂ ਹਾਜ਼ਰ ਸਨ।

# ਬਿਨਾਂ ਮਸਲਾ ਹੱਲ ਕੀਤੇ ਬੇਰੰਗ ਮੁੜੀ ਐੱਸ ਜੀ ਪੀ ਸੀ



ਆਦਮਪੁਰ ( ਪਰਮਜੀਤ ਸਿੰਘ )-ਡਰੋਲੀ ਕਲਾਂ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਦੀ ਹੋਈ ਚੋਣ ਸੰਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਜਾ ਰਹੀ ਵਿਚੋਲਗੀ ਦੌਰਾਨ ਤੀਜੀ ਵਾਰ ਪਹੁੰਚੀ ਐਸਜੀਪੀਸੀ ਦੀ ਪੜਤਾਲੀਆ ਕਮੇਟੀ ਵੱਲੋਂ ਭੇਜੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਗੁਰਭੇਜ ਸਿੰਘ ਨੇ ਦੱਸਿਆ ਗਿਆ ਕਿ ਅਜੇ ਚੋਣ ਪ੍ਰਕ੍ਰਿਆ ਪੂਰੀ ਨਹੀਂ ਹੀ ਸਕੀ, ਪਿੰਡ ਦੀਆਂ 09 ਢੇਰੀਆਂ ਵਿੱਚੋਂ 02 ਢੇਰੀਆਂ ਦੀ ਚੋਣ ਅਜੇ ਬਾਕੀ ਹੈ ਤੇ ਜਲਦ ਇਸ ਪ੍ਰਕ੍ਰਿਆ ਨੂੰ ਪੂਰਾ ਕਰਕੇ ਮੈਂਬਰ ਪੂਰੇ ਕੀਤੇ ਜਾਣਗੇ। ਕਮੇਟੀ ਵਿੱਚ ਐੱਸ.ਜੀ.ਪੀ.ਸੀ ਮੈਂਬਰ ਕੁਲਵੰਤ ਸਿੰਘ ਮੰਨਣ, ਰਣਜੀਤ ਸਿੰਘ ਰਾਣਾ, ਗੁਰਦਿਆਲ ਸਿੰਘ ਨਿੱਝਰ, ਇਕਬਾਲ ਸਿੰਘ ਢੀਂਡਸਾ ਸ਼ਾਮਿਲ ਰਹੇ। ਆਪਣਾ ਪੱਖ ਰੱਖਦਿਆਂ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨੋਹਰ ਸਿੰਘ ਡਰੋਲੀ ਕਲਾਂ ਨੇ ਦੱਸਿਆ ਸ਼੍ਰੋਮਣੀ ਕਮੇਟੀ ਵੱਲੋਂ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਮਾਮਲੇ ਨੂੰ ਲਟਕਾਇਆ ਜਾ ਰਿਹਾ ਹੈ ਜਦਕਿ 19 ਮੈਂਬਰਾਂ ਦੀ ਚੋਣ ਹੋ ਚੁੱਕੀ ਹੈ ਜਿਸ ਵਿੱਚੋਂ ਬਹੁਮਤ ਉਨ੍ਹਾਂ ਦੇ ਨਾਲ ਹੈ ਤੇ 10 ਦੇ ਕਰੀਬ ਹਾਜਰ ਮੈਂਬਰਾਂ ਨੇ ਉਨ੍ਹਾਂ ਨੂੰ ਪ੍ਰਧਾਨ ਚੁਣ ਲਿਆ ਹੈ ਜਦਕਿ ਵਿਰੋਧੀ ਧਿਰ ਪਾਸ ਬਹੁਮਤ ਨਹੀਂ ਤਾਂ ਵੀ ਚੋਣ ਨੂੰ ਲਟਕਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਮੈਂਬਰਾਂ ਵਿੱਚੋਂ ਇੱਕ ਦੀ ਮੌਤ ਹੋ ਚੁੱਕੀ ਹੈ ਅਤੇ ਇੱਕ ਵਿਦੇਸ਼ ਚਲਿਆ ਗਿਆ ਹੈ। ਅਜਿਹੇ ਵਿਚ ਵਿਰੋਧੀ ਧਿਰ ਦੇ ਦਾਅਵੇ ਗ਼ਲਤ ਹੋਣ 'ਤੇ ਵੀ ਕੋਈ ਫੈਸਲਾ ਨਹੀਂ ਲਿਆ ਗਿਆ, ਜਿਸ ਤੋਂ ਸਾਫ ਹੈ ਕਿ ਐਸ.ਜੀ.ਪੀ.ਸੀ ਦੀ ਪੜਤਾਲੀਆ ਕਮੇਟੀ ਵੱਲੋ ਉਨ੍ਹਾਂ ਦੀ ਸਰਬ ਸੰਮਤੀ ਨਾਲ ਹੋਈ ਚੋਣ ਜਾਣ ਬੁੱਝ ਕੇ ਪਾਸੇ ਕੀਤੀ ਜਾ ਰਹੀ ਹੈ ਜੋ ਸਰਾਸਰ ਧੱਕਾ ਹੈ। ਉਹਨਾਂ ਕਿਹਾ ਕਿ ਇਹ ਅਸਥਾਨ ਸਾਡੇ ਜਠੇਰਿਆਂ ਦਾ ਹੈ ਜਿੱਥੇ ਐਸ.ਜੀ.ਪੀ.ਸੀ ਵੱਲੋ ਬੇਲੋੜੀ ਦਖਲਅੰਦਾਜੀ ਕਰਕੇ ਧੱਕਾ ਕੀਤਾ ਜਾ ਰਿਹਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਦੱਸ ਮੈਂਬਰਾਂ ਵਿੱਚ ਰਣਵੀਰ ਪਾਲ ਸਿੰਘ,ਜਰਨੈਲ ਸਿੰਘ,ਕਰਮ ਸਿੰਘ,ਨਰਿੰਦਰ ਸਿੰਘ, ਸੁਰਿੰਦਰ ਸਿੰਘ,ਇਕਬਾਲ ਸਿੰਘ,ਦਰਸ਼ਨ ਸਿੰਘ,ਮਨਦੀਪ ਸਿੰਘ,ਗੁਰਜੀਤ ਸਿੰਘ ਸ਼ਾਮਲ ਸਨ।

## ਟਰੱਕ ਪਿੱਛੇ ਵੱਜਣ ਨਾਲ ਮੋਟਰਸਾਇਕਲ ਸਵਾਰ ਫੱਟੜ

ਜਲੰਧਰ (ਸੁਰਿੰਦਰ ਕੁਮਾਰ) ਨੈਸ਼ਨਲ ਹਾਈਵੇ 'ਤੇ ਸਥਿਤ ਹਵੇਲੀ ਦੇ ਅੱਗੇ ਇੱਕ ਤੇਜ ਰਫਤਾਰ ਮੋਟਰਸਾਇਕਲ ਚਾਲਕ ਟਰੱਕ ਦੇ ਪਿੱਛੇ ਤੋਂ ਜੋਰ ਨਾਲ ਟੱਕਰਿਆ ਅਤੇ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ। ਬਾਅਦ ਦੁਪਿਹਰ ਤਿੰਨ ਵਜੇ ਜਲੰਧਰ-ਦਿੱਲੀ ਹਾਈਵੇ 'ਤੇ ਇੱਕ ਜੇ ਕੇ 14 ਜੇ 1540 ਟਰੱਕ ਦਿੱਲੀ ਵੱਲ ਨੂੰ ਜਾ ਰਿਹਾ ਸੀ। ਜਦੋਂ ਡਰਾਈਵਰ ਮੋਹਸੀਨ ਟਰੱਕ ਲੈ ਕੇ ਹਵੇਲੀ ਦੇ ਕੋਲ ਪੁਹੰਚਿਆ ਤਾਂ ਅਚਾਨਕ ਪਿੱਛੋਂ ਇੱਕ ਪੀ ਬੀ 37 ਜੀ 6837 ਨੰਬਰ ਦੇ ਉਪਰ ਤੇਜ ਰਫਤਾਰ ਨਾਲ ਆ ਰਿਹਾ ਮੋਟਰਸਾਇਕਲ ਸਵਾਰ ਜ਼ੋਰ ਨਾਲ ਵੱਜਾ। ਟਰੱਕ ਚਾਲਕ ਨੇ ਇਸ ਫੱਟੜ ਹੋਏ ਨੌਜਵਾਨ ਨੂੰ ਲੋਕਾਂ ਦੀ ਸਹਾਇਤਾ ਨਾਲ ਹਸਪਤਾਲ ਭੇਜਿਆ, ਜਿਸ ਦੀ ਪਹਿਚਾਣ ਨਹੀਂ ਹੋ ਸਕੀ। ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਪ੍ਰਵਾਸੀ ਵਿਅਕਤੀ ਦੀ ਲੁੱਟ ਤੇ ਕੀਤਾ ਜ਼ਖ਼ਮੀ

ਫਿਲੌਰ ( ਨਿਰਮਲ ) ਸਥਾਨਕ ਰੇਲਵੇ ਸਟੇਸ਼ਨ ਦੇ ਨਜਦੀਕ ਧਾਰਮਿਕ ਅਸਥਾਨ ਤੋਂ ਮੱਥਾ ਟੇਕ ਕੇ ਵਾਪਿਸ ਆ ਰਹੇ ਇਕ ਅਕਸ਼ੈ ਪ੍ਰਵਾਸੀ ਪੁੱਤਰ ਲਾਹੌਰੀ ਵਾਸੀ ਹਾਲ ਵਾਸੀ ( ਲੁਧਿਆਣਾ ) ਨੇ ਦੱਸਿਆ ਕਿ ਉਸਨੂੰ ਦੋ ਅਣਪਛਾਤੇ ਵਿਅਕਤੀਆਂ ਵਲੋਂ ਦਾਤਰ ਦੀ ਨੋਕ 'ਤੇ ਰੋਕ ਲਿਆ ਗਿਆ ਤੇ ਜੇਬ ਵਿੱਚੋਂ 300 ਰੁਪਏ ਕੱਢ ਲਏ ਤੇ ਮੋਬਾਈਲ ਫੋਨ ਸਧਾਰਨ ਹੋਣ ਕਾਰਨ ਖ਼ੋਹ ਕੇ ਸੁੱਟ ਦਿੱਤਾ। ਜਾਣ ਲੱਗੇ ਦਾਤਾਰ ਨਾਲ ਹਮਲਾ ਕਰ ਦਿੱਤਾ ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ ।ਮੌਕੇ ਤੇ ਮਜੂਦ ਲੋਕਾਂ ਨੇ ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਵਿਖ਼ੇ ਪਹੁੰਚਇਆ।

# ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵੱਲੋਂ 12ਵਾਂ ਬੂਟਿਆਂ ਦਾ ਲੰਗਰ 21 ਨੂੰ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵੱਲੋਂ 12 ਵਾਂ ਬੂਟਿਆਂ ਦਾ ਲੰਗਰ 21 ਜੁਲਾਈ ਨੂੰ ਲਗਾਇਆ ਜਾਵੇਗਾ। ਖਾਲਸਾ ਸਿੱਖ ਕੌਮ ਦੇ ਸੂਰਬੀਰ ਯੋਧੇ ਅਕਾਲੀ ਬਾਬਾ ਫੂਲਾ ਸਿੰਘ , ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਜੱਦੀ ਪਿੰਡ ਅਜਨੋਹਾ ਅਤੇ ਸੰਤ ਬਾਬਾ ਨਿਧਾਨ ਸਿੰਘ ਹਜ਼ੂਰ ਸਾਹਿਬ ਵਾਲੇ ਜੱਦੀ ਪਿੰਡ ਨਡਾਲੋਂ ਇਹਨਾਂ ਮਹਾਂਪੁਰਖ ਦੇ ਇਲਾਕੇ ਵਿੱਚ ਸੰਸਥਾ ਵਲੋਂ ਸਮਾਜਿਕ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵੱਲੋਂ ਮਿਤੀ 21 ਜੁਲਾਈ ਨੂੰ ਪਿੰਡ ਅਜਨੋਹਾ ਤੋਂ ਸਵੇਰੇ 07 ਵਜੇ ਬੂਟੇ ਟਰਾਲੀ ਵਿੱਚ ਲੱਦ ਕੇ ਪਹਿਲਾਂ ਪਿੰਡ ਨਵੀਂ ਡਰੋਲੀ ਖੁਰਦ , ਫਿਰ ਪਿੰਡ ਕਾਲਰਾ ਉਸ ਤੋਂ ਬਾਅਦ ਪਿੰਡ ਪੁਰਾਣੀ ਡਰੋਲੀ ਕਲਾਂ ਤੇ ਅਖੀਰ ਵਿੱਚ ਪਿੰਡ ਪਧਿਆਣਾ ਵਿਖੇ ਵੰਡੇ ਜਾਣਗੇ।ਦਵਾਈਆਂ ਵਾਲੇ, ਛਾਂਦਾਰ, ਜਿਵੇਂ ਨਿੰਮ, ਕੜੀ ਪੱਤਾ, ਸੁਹਾਜਣਾ, ਅਮਰੂਦ, ਆੜੂ, ਅਰਜੁਨ, ਟਾਹਲੀ, ਪਿੱਪਲ, ਸੁਖਚੈਨ ਅਤੇ ਬੋਹੜ ਆਦਿ ਦੇ 2500 ਬੂਟੇ ਵੰਡੇ ਜਾਣਗੇ। ਇਸ ਮੌਕੇ ਗੁਰਪ੍ਰੀਤ ਸਿੰਘ ਗੁੱਗਲੀ ਖਾਲਸਾ, ਸੁਮੀਤ ਪਾਲ ਸਿੰਘ, ਪੰਚ ਸਤਨਾਮ ਸਿੰਘ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# 2 ਵਿਦੇਸ਼ੀ ਰਿਵਾਲਵਰਾਂ ਸਮੇਤ ਕਾਬੂ



ਫਿਲੌਰ ( ਨਿਰਮਲ ) ਬੀਤੇ ਦਿਨ ਅੱਪਰਾ ਚੌਂਕੀ ਅਧੀਨ ਪੈਂਦੇ ਪਿੰਡ ਖ਼ਾਨਪੁਰ ਲਾਗੇ ਇੱਕ ਹਾਦਸੇ ਦੌਰਾਨ ਲੁਧਿਆਣਾ ਦੇ ਪਿੰਡ ਭੱਟੀਆ ਦਾ ਰਹਿਣ ਵਾਲਾ ਜਸਮੀਨ ਨਾਂਅ ਦਾ ਨੌਜਵਾਨ ਜ਼ਖ਼ਮੀ ਹੋ ਗਿਆ ਸੀ,ਜਿਸ ਨੂੰ ਇਲਾਜ ਲਈ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਸੀ ਪਰ ਉਥੇ ਉਸ ਦੀ ਮੌਤ ਹੋ ਗਈ ਸੀ। ਜਿਸ ਤੋਂ ਬਾਅਦ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਨੇ ਖਦਸ਼ਾ ਜ਼ਾਹਰ ਕੀਤਾ ਸੀ ਕਿ ਜਸਮੀਨ ਦੀ ਮੌਤ ਨਹੀਂ ਸਗੋਂ ਉਸ ਦਾ ਕਤਲ ਕੀਤਾ ਗਿਆ ਹੈ। ਕਿਉਂਕਿ ਉਸ ਸਮੇਂ ਜਸਮੀਨ ਦੇ ਨਾਲ ਮੋਟਰਸਾਈਕਲ 'ਤੇ ਸਵਾਰ ਨੌਜਵਾਨ ਦੇ ਕੋਈ ਸੱਟ ਨਹੀਂ ਸੀ। ਪੁਲਸ ਨੇ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਉਸਦੇ ਸਾਥੀ ਨੂੰ ਗ੍ਰਿਫ਼ਤਾਰ ਕਰ ਲਿਆ। ਥਾਣਾ ਮੁਖੀ ਫਿਲੌਰ ਇੰਸਪੈਕਟਰ ਸੁਖਦੇਵ ਸਿੰਘ ਨੇ ਦੱਸਿਆ ਕਿ ਜਸਮੀਨ ਦੇ ਕਤਲ ਕਰਨ ਵਾਲੀ ਕੋਈ ਗੱਲ ਹਾਲੇ ਸਾਹਮਣੇ ਨਹੀ ਆਈ ਹੈ। ਚੌਂਕੀ ਇੰਚਾਰਜ ਅੱਪਰਾ ਦੇ ਇੰਚਾਰਜ ਸਬ ਇੰਸਪੈਕਟਰ ਸੁਖਵਿੰਦਰ ਪਾਲ ਸਿੰਘ ਨੇ ਨਜਾਇਜ਼ ਅਸਲਾ ਰੱਖਣ ਦੇ ਦੋਸ਼ ਵਿੱਚ ਹਰਸ਼ ਸੋਨੀ ਪੁੱਤਰ ਸੰਜੀਵ ਸੋਨੀ ਵਾਸੀ ਪਿੰਡ ਅੱਪਰਾ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਪਾਸੋਂ ਨਜਾਇਜ ਰਿਵਾਲਵਰ 45 ਬੋਰ ਮਾਰਕਾ ਮੈਗਨਮ ਯੂ ਐਸ ਏ ਮੇਡ ਅਤੇ ਰਿਵਾਲਵਰ 455 ਬੋਰ ਮਾਰਕਾ ਵੈਬਲੇ ਯੂਕੇ ਮੇਡ ਅਤੇ ਰੌਂਦ ਬ੍ਰਾਮਦ ਕਰਕੇ ਮੁਕੱਦਮਾ ਦਰਜ ਕੀਤਾ ਹੈ।

# ਸਿੱਖਿਆ ਵਿਭਾਗ ਵੱਲੋਂ 'ਉਲਾਸ' ਲਾਗੂ ਕਰਨ ਲਈ ਰਾਜ ਪੱਧਰੀ ਸਮਾਗਮ



ਐਸ.ਏ.ਐਸ ਨਗਰ ( ਗੁਰਜੀਤ ਬਿੱਲਾ )-ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਵਿਭਾਗ ਵੱਲੋਂ ਕੇਂਦਰ ਸਰਕਾਰ ਵੱਲੋਂ ਸਪਾਂਸਰ ਕੀਤੇ ਪ੍ਰੋਗਰਾਮ 'ਉਲਾਸ' (ਅੰਡਰਸਟੈਂਡਿੰਗ ਲਾਈਫਲੌਂਗ ਲਰਨਿੰਗ ਫਾਰ ਆਲ ਇਨ ਸੋਸਾਇਟੀ) ਨੂੰ ਪੰਜਾਬ ਵਿੱਚ ਹੇਠਲੇ ਪੱਧਰ ਤੱਕ ਲਾਗੂ ਕਰਨ ਲਈ ਮੋਹਾਲੀ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਅਤੇ ਰਾਜ ਭਰ ਦੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਵਾਂ (ਡਾਇਟ) ਦੇ ਵਿਦਿਆਰਥੀਆਂ ਤੇ ਸਟਾਫ ਨੇ ਭਾਗ ਲਿਆ।ਸਮਾਗਮ ਦੌਰਾਨ ਇਸ ਪ੍ਰੋਗਰਾਮ ਦੇ ਉਦੇਸ਼ਾਂ ਤੋਂ ਜਾਣੂ ਕਰਵਾਉਣ ਲਈ ਪ੍ਰਦਰਸ਼ਨੀਆਂ ਦਾ ਸਟਾਲ ਲਗਾਇਆ ਗਿਆ। ਲੈਕਚਰਾਂ ਅਤੇ ਪੈਨਲ ਚਰਚਾਵਾਂ ਰਾਹੀਂ ਸਮੁੱਚੇ ਪ੍ਰੋਗਰਾਮ ਦੇ ਉਦੇਸ਼ਾਂ ਅਤੇ ਟੀਚਿਆਂ ਬਾਰੇ ਚਰਚਾ ਕੀਤੀ ਅਤੇ ਦੱਸਿਆ ਕਿ 'ਉਲਾਸ' ਦਾ ਉਦੇਸ਼ ਰਾਸ਼ਟਰੀ ਸਿੱਖਿਆ ਨੀਤੀ (ਰਾਸ਼ਟਰੀ ਸਿੱਖਿਆ ਨੀਤੀ) 2020 ਦੀਆਂ ਸਿਫ਼ਾਰਸ਼ਾਂ ਨੂੰ ਪੂਰਾ ਕਰਨਾ ਹੈ ਤਾਂ ਜੋ 15 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਉਨ੍ਹਾਂ ਬਾਲਗਾਂ ਲਈ ਸਿੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ ਜੋ ਸਕੂਲੀ ਸਿੱਖਿਆ ਪ੍ਰਾਪਤ ਨਹੀਂ ਕਰ ਸਕੇ। ਉਲਾਸ ਕੋਆਰਡੀਨੇਟਰ ਸੁਰਿੰਦਰ ਕੁਮਾਰ ਨੇ ਮੁੱਢਲੀ ਰਸਮੀ ਸਿੱਖਿਆ ਪ੍ਰਾਪਤ ਕਰਨ ਤੋਂ ਅਸਫ਼ਲ ਰਹਿਣ ਵਾਲੇ ਬਾਲਗਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਦੇ ਯੋਗ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਉਹ ਵੀ ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਸਕਣ।

ਡਾਇਰੈਕਟਰ ਐਸ.ਸੀ.ਈ.ਆਰ.ਟੀ., ਅਮਨਿੰਦਰ ਕੌਰ ਬਰਾੜ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਇਸ ਬਾਰੇ ਸੰਖੇਪ ਜਾਣਕਾਰੀ ਵੀ ਦਿੱਤੀ। ਹਾਜ਼ਰ ਡਾਇਟ ਸੰਸਥਾਂਵਾਂ ਦੇ ਸਿਖਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਮੁਕਾਬਲਿਆਂ, ਪੀ ਪੀ ਟੀ ਪ੍ਰਤੀਯੋਗਿਤਾ ਅਤੇ ਸਟਾਲ ਪ੍ਰਦਰਸ਼ਨੀ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚੋਂ ਸਭਿਆਚਾਰਕ ਮੁਕਾਬਲੇ ਵਿੱਚ ਡਾਇਟ ਫਤਹਿਗੜ੍ਹ ਸਾਹਿਬ ਨੇ ਪਹਿਲਾ, ਡਾਇਟ ਅੰਮ੍ਰਿਤਸਰ ਨੇ ਦੂਜਾ ਜਦਕਿ ਡਾਇਟ ਫਰੀਦਕੋਟ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਪੀ ਪੀ ਟੀ ਮੁਕਾਬਲੇ ਵਿੱਚ ਡਾਇਟ ਅੰਮ੍ਰਿਤਸਰ ਨੇ ਪਹਿਲਾ, ਡਾਇਟ ਪਟਿਆਲਾ ਨੇ ਦੂਜਾ ਅਤੇ ਡਾਇਟ ਮਾਨਸਾ ਨੇ ਤੀਜਾ ਸਥਾਨ ਹਾਸਲ ਕੀਤਾ।ਸਟਾਲ ਮੁਕਾਬਲੇ ਵਿੱਚ ਡਾਇਟ ਫਤਿਹਗੜ੍ਹ ਸਾਹਿਬ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜਦੋਂਕਿ ਡਾਇਟ ਅੰਮ੍ਰਿਤਸਰ ਨੇ ਦੂਜਾ ਅਤੇ ਡਾਇਟ ਬਠਿੰਡਾ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਨੇ ਬੁਬਲਾਨੀ ਅਤੇ ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ ਪਰਮਿੰਦਰ ਪਾਲ ਸਿੰਘ ਵੀ ਹਾਜ਼ਰ ਸਨ।

# 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਲਾਲੜੂ ਵਿਖੇ ਕੈਂਪ ਅੱਜ

ਐੱਸ.ਏ.ਐੱਸ. ਨਗਰ, (ਗੁਰਜੀਤ ਬਿੱਲਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਨਤਕ ਮੁਸ਼ਕਿਲਾਂ ਦੇ ਨਿਪਟਾਰੇ ਲਈ ਲੋਕਾਂ ਤੱਕ ਪਹੁੰਚ ਕਰਕੇ ਸੁਵਿਧਾ ਦੇਣ ਲਈ ਸ਼ੁਰੂ ਕੀਤੀ 'ਆਪ ਦੀ ਸਰਕਾਰ ਆਪ ਦੇ ਦੁਆਰ' ਮੁਹਿੰਮ ਤਹਿਤ ਸ਼ੁਰੂ ਕੀਤੇ ਕੈਂਪਾਂ ਦੀ ਲੜੀ ਵਜੋਂ 19 ਜੁਲਾਈ ਨੂੰ ਸਬ ਡਵੀਜ਼ਨ ਡੇਰਾਬੱਸੀ ਦੀ ਨਗਰ ਕੌਂਸਲ ਲਾਲੜੂ ਵਿਖੇ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਸਮਾਂ ਸਵੇਰੇ 10.00 ਵਜੇ ਤੋਂ ਦੁਪਿਹਰ 1.00 ਵਜੇ ਤੱਕ ਦਾ ਹੋਵੇਗਾ। ਇਸ ਕੈਂਪ ਵਿਚ ਵਾਰਡ ਨੰ. 11, 12, 13 ਅਤੇ 14 ਦੇ ਵਸਨੀਕ ਆਪਣੀਆਂ ਅਰਜ਼ੀਆਂ ਲੈ ਕੇ ਆ ਸਕਦੇ ਹਨ।ਐਸ.ਡੀ.ਐਮ. ਹਿਮਾਂਸ਼ੂ ਗੁਪਤਾ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਨੇ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਰੋਜ਼ਾਨਾ ਦੇ ਕੰਮਾਂ ਦੌਰਾਨ ਪੇਸ਼ ਆ ਰਹੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਦਿਵਾਉਣ ਦੇ ਉਦੇਸ਼ ਨਾਲ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਲਗਾਏ ਜਾ ਰਹੇ ਕੈਂਪਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਣਗੀਆਂ ਅਤੇ ਲੋਕਾਂ ਦੀਆਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਹੱਲ ਮੌਕੇ 'ਤੇ ਹੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਏ ਜਾ ਰਹੇ ਅਜਿਹੇ ਕੈਂਪਾਂ ਨਾਲ ਉਨ੍ਹਾਂ ਲੋਕਾਂ ਨੂੰ ਬਹੁਤ ਜ਼ਿਆਦਾ ਫਾਇਦਾ ਹੋਵੇਗਾ, ਜਿਹੜੇ ਆਪਣੇ ਰੋਜ਼-ਮਰ੍ਹਾ ਦੇ ਕੰਮਾਂ ਕਾਰਨ ਦਫਤਰਾਂ ਵਿਚ ਪਹੁੰਚ ਨਹੀਂ ਕਰ ਸਕਦੇ ਸਨ। ਉਨ੍ਹਾਂ ਕਿਹਾ ਕਿ ਆਮ ਜਨਤਾ ਨੂੰ ਪੰਜਾਬ ਸਰਕਾਰ ਵੱਲੋਂ ਲਗਾਏ ਇਸ ਕੈਂਪ ਦਾ ਵਧ ਤੋਂ ਵਧ ਲਾਭ ਲੈਣਾ ਚਾਹੀਦਾ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਹਾਸਲ ਕਰਨ ਲਈ ਹੈਲਪ ਲਾਈਨ ਨੰਬਰ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਿਆਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂਅ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨ.ਆਰ.ਆਈ. ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖ਼ਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖ਼ਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

# ਚੱਢਾ ਨੇ ਪਿੰਡ ਬੜਵਾ ਵਿਖੇ ਚੱਲ ਰਹੇ ਕੰਮਾਂ ਦਾ ਨਿਰੀਖਣ ਕੀਤਾ



ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ )- ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਆਪਣੇ ਪਿੰਡ ਬੜਵਾ ਦਾ ਦੌਰਾ ਕਰਕੇ ਅਧੂਰੇ ਪਏ ਅਤੇ ਚੱਲ ਰਹੇ ਕਾਰਜ਼ਾਂ ਦਾ ਨਿਰੀਖਣ ਕੀਤਾ ਉਪਰੰਤ ਤੇਜ਼ੀ ਨਾਲ ਸਮੁੱਚੇ ਪ੍ਰਾਜੈਕਟਾਂ ਨੂੰ ਮੁਕੰਮਲ ਕਰਨ ਲਈ ਅਧਿਕਾਰੀਆਂ ਨਾਲ ਬੈਠਕ ਕੀਤੀ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਪਿੰਡ ਦੇ ਟੋਭੇ ਦੀ ਸਫਾਈ ਕਰਵਾਈ ਜਾਵੇ ਅਤੇ ਪਾਣੀ ਦੀ ਨਿਕਾਸੀ ਲਈ ਸੰਤ ਸੀਚੇਵਾਲ ਮਾਡਲ ਤਿਆਰ ਕੀਤਾ ਜਾਵੇ । ਇਸ ਮੌਕੇ ਉਨ੍ਹਾਂ ਐੱਸ.ਸੀ. ਬਸਤੀ ਦੀ ਗਲੀ ਦੇ ਨਿਰਮਾਣ ਲਈ ਵੀ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ । ਜਦਕਿ ਪਿੰਡ 'ਚ ਅਧੂਰੇ ਰਹਿੰਦੇ ਅਤੇ ਨਿਰਧਾਰਿਤ ਕੀਤੇ ਗਏ ਹੋਰਨਾਂ ਪ੍ਰਾਜੈਕਟਾਂ ਦਾ ਵੀ ਜਲਦ ਕੰਮ ਸ਼ੁਰੂ ਕਰਨ ਲਈ ਆਖਿਆ। ਉਨ੍ਹਾਂ ਨਿਕਾਸੀ ਨਾਲੇ ਦੇ ਚੱਲ ਰਹੇ ਕੰਮ, ਪਿੰਡ ਦੇ ਪੰਚਾਇਤ ਘਰ ਦੇ ਚੱਲ ਰਹੇ ਨਿਰਮਾਣ ਕਾਰਜ ਅਤੇ ਅਧੂਰੇ ਪਏ ਕਮਿਊਨਿਟੀ ਸੈਂਟਰ ਦੇ ਕੰਮ ਦਾ ਵੀ ਨਿਰੀਖਣ ਕੀਤਾ । ਇਸ ਮੌਕੇ ਪੰਚਾਇਤੀ ਰਾਜ ਵਿਭਾਗ ਦੇ ਐਕਸੀਅਨ ਅਵਤਾਰ ਸਿੰਘ, ਐੱਸ.ਡੀ.ਓ. ਖੁਸ਼ਦੀਪ ਸਿੰਘ, ਮਨਰੇਗਾ ਦੇ ਸਹਾਇਕ ਪ੍ਰਾਜੈਕਟ ਅਧਿਕਾਰੀ ਰਮਨ ਕੁਮਾਰ, ਐੱਸ.ਡੀ.ਓ. ਡ੍ਰੇਨੇਜ ਵਿਭਾਗ ਸੰਦੀਪ ਕੁਮਾਰ, ਤਜਿੰਦਰ ਸਿੰਘ ਤੇ ਸੈਕਟਰੀ ਜਸਪਾਲ ਸਿੰਘ ਸਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ ।

# ਬੁਨਿਆਦੀ ਮੁੱਦਿਆਂ ਦੇ ਹੱਲ ਲਈ ਇਲਾਕਾ ਕਮੇਟੀ ਦਾ ਗਠਨ



ਜਲੰਧਰ : ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਨੇੜਲੇ ਪਿੰਡ ਪੁਆਰਾ ਵਿਖੇ ਇਲਾਕਾ ਪੱਧਰੀ ਮੀਟਿੰਗ ਕਰਕੇ ਮਜ਼ਦੂਰਾਂ ਦੇ ਬੁਨਿਆਦੀ ਮਸਲਿਆਂ ਦੇ ਹੱਲ ਲਈ ਪਿੰਡ ਪੱਧਰੀ ਘੋਲ਼ ਮਘਾਉਣ ਵਾਸਤੇ 7 ਵੱਖ ਵੱਖ ਪਿੰਡਾਂ ਆਧਾਰਿਤ 13 ਮੈਂਬਰੀ ਅਡਹਾਕ ਇਲਾਕਾ ਕਮੇਟੀ ਦਾ ਗਠਨ ਕੀਤਾ ਗਿਆ। ਸੁਖਜਿੰਦਰ ਪੁਆਰ ਨੂੰ ਇਸ ਕਮੇਟੀ ਦਾ ਕਨਵੀਨਰ ਬਣਾਇਆ ਗਿਆ। ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੇਂਡੂ ਧਨਾਢਾਂ,ਹਾਕਮ ਜਮਾਤਾਂ ਦੀ ਨੁਮਾਇੰਦਾ ਸਿਆਸਤਦਾਨਾਂ ਅਤੇ ਅਫ਼ਸਰਸ਼ਾਹੀ ਨੇ ਗੱਠਜੋੜ ਬਣਾ ਕੇ ਮਜ਼ਦੂਰਾਂ ਦੇ ਬੁਨਿਆਦੀ ਮਸਲਿਆਂ ਵਿੱਚ ਰੋਕਾਂ ਖੜੀਆਂ ਕੀਤੀਆਂ ਹੋਈਆਂ ਹਨ। ਇਸ ਕਾਰਨ ਹੀ ਲੈਂਡ ਸੀਲਿੰਗ ਐਕਟ ਤਹਿਤ ਸਾਢੇ ਸਤਾਰਾਂ ਏਕੜ ਤੋਂ ਵਾਧੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ-ਕਿਸਾਨਾਂ 'ਚ ਨਹੀਂ ਵੰਡੀਆਂ ਗਈਆਂ, ਪੰਚਾਇਤੀ ਜ਼ਮੀਨਾਂ ਚੋਂ ਰਾਖਵੇਂ ਤੀਜੇ ਹਿੱਸੇ ਦਾ ਕਾਨੂੰਨੀ ਹੱਕ ਦਲਿਤਾਂ ਨੂੰ ਅਮਲ ਵਿੱਚ ਨਹੀਂ ਦਿੱਤਾ ਜਾ ਰਿਹਾ,ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਨਹੀਂ ਦਿੱਤੇ ਜਾ ਰਹੇ, ਲੋੜਵੰਦਾਂ ਨੂੰ ਰਿਹਾਇਸੀ ਪਲਾਟ ਤੇ ਮਕਾਨ ਉਸਾਰੀ ਲਈ ਗ੍ਰਾਂਟ ਨਹੀਂ ਮਿਲ ਰਹੀ, ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਤੇ ਦਿਹਾੜੀ ਵਿੱਚ ਵਾਧਾ ਨਹੀਂ ਕੀਤਾ ਜਾ ਰਿਹਾ। ਸਹਿਕਾਰੀ ਸਭਾਵਾਂ ਵਿੱਚ ਮੈਂਬਰਸ਼ਿਪ ਨਹੀਂ ਮਿਲ ਰਹੀ ਤੇ ਕਰਜ਼ਾ ਮੁਆਫ਼ ਨਹੀਂ ਕੀਤਾ ਜਾ ਰਿਹਾ ਅਤੇ ਸਮਾਜਿਕ ਜ਼ਬਰ ਰੁਕਣ ਦਾ ਨਾਂਅ ਨਹੀਂ ਲੈ ਰਿਹਾ। ਬੁਨਿਆਦੀ ਮਸਲਿਆਂ ਦੇ ਠੋਸ ਨਿਪਟਾਰੇ ਲਈ ਪਿੰਡ ਪੱਧਰੀ ਘੋਲ਼ ਮਘਾਏ ਜਾਣਗੇ।ਉਨ੍ਹਾਂ ਕਿਹਾ ਕਿ ਬਦਲਾਅ ਦਾ ਨਾਹਰਾ ਦੇ ਕੇ ਆਈ ਭਗਵੰਤ ਮਾਨ ਸਰਕਾਰ ਨੇ ਦਿਤੀਆਂ ਗਾਰੰਟੀਆਂ ਨੂੰ ਲਾਗੂ ਨਹੀਂ ਕੀਤਾ।ਇੱਕ ਮਤਾ ਪਾਸ ਕਰਕੇ ਥਾਣਾ ਲਾਂਬੜਾ ਪੁਲਸ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਸਨੇ ਸੱਤਾਧਾਰੀ ਧਿਰ ਦੇ ਸਿਆਸੀ ਦਬਾਅ ਹੇਠ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਨਾ ਕੀਤਾ ਅਤੇ ਕਲਿਆਣਪੁਰ, ਨਿੱਝਰਾਂ ਆਦਿ ਪਿੰਡਾਂ ਨਾਲ ਸੰਬੰਧਿਤ ਪੀੜਤ ਪਰਵਾਰਾਂ ਨੂੰ ਇਨਸਾਫ਼ ਨਾ ਦਿੱਤਾ ਤਾਂ ਪੁਲਸ ਪ੍ਰਸ਼ਾਸਨ ਮਜ਼ਦੂਰਾਂ ਦੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਇਸ ਮੌਕੇ ਯੂਨੀਅਨ ਦੇ ਆਗੂ ਗੋਬਿੰਦਾ, ਸੁਖਜਿੰਦਰ ਪੁਆਰ, ਸਾਬਕਾ ਸਰਪੰਚ ਇਕਬਾਲ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਗੌਰਮਿੰਟ ਟੀਚਰਜ਼ ਯੂਨੀਅਨ ਦੀਆਂ ਬਲਾਕ ਦਸੂਹਾ ਇੱਕ ਤੇ ਦੋ ਦੀਆਂ ਇਕਾਈਆਂ ਦਾ ਗਠਨ




ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸਥਾਨਕ ਗੌਰਮਿੰਟ ਟੀਚਰਜ਼ ਯੂਨੀਅਨ ਦੀ ਇੱਕ ਵਿਸ਼ੇਸ਼ ਮੀਟਿੰਗ ਦਸੂਹਾ ਵਿਖੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜ਼ਿਲ੍ਹਾ ਜਰਨਲ ਸਕੱਤਰ ਜਸਵੀਰ ਤਲਵਾੜਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਬਲਾਕ ਦਸੂਹਾ ਇੱਕ ਅਤੇ ਬਲਾਕ ਦਸੂਹਾ ਦੋ ਦੇ ਗੌਰਮੈਂਟ ਟੀਚਰ ਯੂਨੀਅਨ ਦੀ ਇਕਾਈ ਦਾ ਗਠਨ ਕੀਤਾ ਗਿਆ। ਇਸ ਮੌਕੇ ਹਾਜ਼ਰ ਮੈਂਬਰਾਂ ਦੀ ਮੌਜੂਦਗੀ ਵਿੱਚ ਰਾਜੇਸ਼ ਅਰੋੜਾ ਬਲਾਕ ਦਸੂਹਾ ਵਨ ਦੇ ਪ੍ਰਧਾਨ ਅਤੇ ਬਲਾਕ ਦਸੂਹਾ ਦੋ ਦੇ ਪ੍ਰਧਾਨ ਉਮੇਸ਼ ਕੁਮਾਰ ਦੀ ਅਗਵਾਈ ਵਿੱਚ ਬਾਕੀ ਮੈਂਬਰਾਂ ਦੀ ਵੀ ਚੋਣ ਹਾਜ਼ਰ ਮੈਂਬਰਾਂ ਦੀ ਮੌਜੂਦਗੀ ਵਿੱਚ ਸਰਬ ਸੰਮਤੀ ਨਾਲ ਕੀਤੀ ਗਈ।ਬਲਾਕ ਦਸੂਹਾ ਇੱਕ ਤੋਂ ਲੈਕਚਰਾਰ ਬੇਅੰਤ ਸਿੰਘ ਮੁੱਖ ਸਲਾਹਕਾਰ ,ਹੈੱਡ ਮਾਸਟਰ ਮਨੋਜ ਕੁਮਾਰ ਸਲਾਹਕਾਰ ,ਯਸ਼ਵੰਤ ਰਾਣਾ ਸੀਨੀਅਰ ਮੀਤ ਪ੍ਰਧਾਨ, ਨਿਸ਼ਾ ਮਨਹਾਸ ਸਲਾਹਕਾਰ, ਪ੍ਰਿਤਪਾਲ ਸਿੰਘ ਜਨਰਲ ਸਕੱਤਰ, ਮਨਦੀਪ ਕੁਮਾਰ ਵਿੱਤ ਸਕੱਤਰ ,ਰਾਮ ਬਾਜਵਾ ਪ੍ਰਚਾਰ ਸਕੱਤਰ ,ਮੈਡਮ ਮੰਗਲ ਕੌਰ ਸਕੱਤਰ , ਮੈਡਮ ਰੇਨੂ ਕਟਵਾਲ ਅਤੇ ਮੈਡਮ ਬਲਵਿੰਦਰ ਕੌਰ ਨੂੰ ਸਕੱਤਰ ਚੁਣਿਆ ਗਿਆ ਅਤੇ ਬਲਾਕ ਦਸੂਹਾ ਦੋ ਤੋਂ ਬਲਜੀਤ ਕੌਸ਼ਲ ਸੀਨੀਅਰ ਮੀਤ ਪ੍ਰਧਾਨ, ਰੋਹਿਤ ਸ਼ਰਮਾ ਜਨਰਲ ਸਕੱਤਰ ,ਸੰਜੀਵ ਕੁਮਾਰ ਰਾਜਨ ਵਿੱਤ ਸਕੱਤਰ, ਸੁਮਨ ਬਾਲਾ ਪ੍ਰੈਸ ਸਕੱਤਰ, ਰੋਹਿਤ ਕੁਮਾਰ ਪ੍ਰਚਾਰ ਸਕੱਤਰ, ਹੈਡਮਾਸਟਰ ਨਸੀਬ ਸਿੰਘ ਦਰਦੀ ਪ੍ਰਚਾਰ ਸਕੱਤਰ, ਗੌਰਵ ਸ਼ਰਮਾ ਨਵਦੀਪ ਸਿੰਘ ਅਤੇ ਬਲਜਿੰਦਰ ਕੌਰ ਨੂੰ ਮੁੱਖ ਸਲਾਹਕਾਰ ਚੁਣਿਆ ਗਿਆ।ਬਲਾਕ ਦਸੂਹਾ ਇੱਕ ਦੇ ਬਲਾਕ ਨੋਡਲ ਅਫ਼ਸਰ ਨਰਿੰਦਰ ਪਾਲ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਸਮੇਤ ਜਥੇਬੰਦੀ ਦੇ ਵੱਖ ਵੱਖ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਜਥੇਬੰਦੀ ਹਮੇਸ਼ਾ ਤਤਪਰ ਹੈ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਇਕੱਠ ਨੂੰ ਜਥੇਬੰਦੀ ਦੇ ਜ਼ਿਲ੍ਹਾ ਆਗੂ ਬਲਜੀਤ ਕੌਸ਼ਲ,ਮੁੱਖ ਸਲਾਹਕਾਰ ਮੁੱਖ ਅਧਿਆਪਕ ਨਸੀਬ ਸਿੰਘ ਦਰਦੀ, ਮਨੋਜ ਕੁਮਾਰ ਆਲਮਪੁਰ, ਲੈਕਚਰਾਰ ਬੇਅੰਤ ਸਿੰਘ, ਰੋਹਿਤ ਕੁਮਾਰ ਵੱਲੋਂ ਵੀ ਸੰਬੋਧਨ ਕੀਤਾ ਗਿਆ। ਇਸ ਮੌਕੇ ਪ੍ਰਿਤਪਾਲ ਸਿੰਘ ਚੌਟਾਲਾ ,ਪ੍ਰਿੰਸ ਗੜਦੀਵਾਲਾ, ਬਿਪਨ ਠਾਕੁਰ, ਗੁਰਪ੍ਰੀਤ ਸਿੰਘ ਭੁਪਿੰਦਰ ਸਿੰਘ, ਸੁਖਬੀਰ ਸਿੰਘ, ਜਸਬੀਰ ਸਿੰਘ ,ਜਸਵੀਰ ਸਿੰਘ ਬੋਦਲ, ਕੁਲਵੰਤ ਸਿੰਘ ਜਲੋਟਾ, ਸਰਬਜੀਤ ਕੌਰ, ਮੈਡਮ ਸਵਿਤਾ,ਬਲਜਿੰਦਰ ਕੌਰ, ਜੀਵਨ ਜੋਤੀ, ਨਿਰਮਲ ਕੌਰ, ਅਨੂ ਬਾਲਾ ਹਰਦੀਪ ਕੌਰ, ਰਾਜ ਕੁਮਾਰ, ਰਾਜ ਕੁਮਾਰ ਖੁੱਡਾ ,ਸੁਖਵਿੰਦਰ ਸਿੰਘ ਢੱਡਰ, ਅਮਰਜੀਤ ਸਿੰਘ, ਭਰਤ ਸਿੰਘ, ਵਰਿੰਦਰ ਸਿੰਘ, ਮਹਿਤਾਬ ਵਰਮਾ, ਕੁਲਵੰਤ ਸਿੰਘ, ਗੁਰਪ੍ਰੀਤ ਕੌਰ, ਜਸਪ੍ਰੀਤ ਕੌਰ ,ਰਾਜੇਸ਼ ਕੁਮਾਰ, ਪ੍ਰਵੀਨ ਕੁਮਾਰੀ, ਬਿਪਨ ਕੁਮਾਰ, ਕੁਸਮ ਲਤਾ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜਰ ਸਨ।

# ਲੱਖਾਂ ਦੇ ਚੋਰੀ ਹੋਏ ਗਹਿਣੇ ਤੇ ਨਕਦੀ ਬਰਾਮਦ, ਇਕ ਕਾਬੂ



ਫਿਲੌਰ, 18 ਜੁਲਾਈ ( ਨਿਰਮਲ ) ਬੀਤੇ ਕੁਝ ਦਿਨ ਪਹਿਲਾਂ ਮੁਹੱਲਾ ਮਥੁਰਾਪੁਰੀ ਵਿਖ਼ੇ ਮਨਜੀਤ ਕੌਰ ਦੇ ਘਰੋਂ ਲੱਖਾਂ ਦੇ ਗਹਿਣੇ ਅਤੇ ਨਕਦੀ ਚੋਰੀ ਕਰਨ ਵਾਲਾ ਹੁਣ ਪੁਲਸ ਹਿਰਾਸਤ 'ਚ ਹੈ। ਫਿਲੌਰ ਦੇ ਐਸ ਐਚ ਓ ਸੁਖਦੇਵ ਸਿੰਘ ਨੇ ਦੱਸਿਆ ਕਿ ਪੁਲਸ ਟੀਮ ਦੇ ਸਬ ਇੰਸਪੈਕਟਰ ਸੁਭਾਸ਼ ਚੰਦਰ ਤੇ ਏਐਸਆਈ ਅੰਗਰੇਜ਼ ਸਿੰਘ ਨੇ ਰਮਨਦੀਪ ਉਰਫ ਰਮਨਾ ਪੁੱਤਰ ਬਨਾਰਸੀ ਦਾਸ ਵਾਸੀ ਪਿੰਡ ਰਸੂਲਪੁਰ ਕੋਲੋਂ 132 ਗ੍ਰਾਮ ਸੋਨਾ, 163 ਗ੍ਰਾਮ ਚਾਂਦੀ ਅਤੇ 2 ਲੱਖ 40 ਹਜਾਰ ਬਰਾਮਦ ਕੀਤੇ ਹਨ। ਪੁਲਸ ਨੇ ਸੀ ਸੀ ਟੀ ਵੀ ਦੀ ਮਦਦ ਨਾਲ ਇਸ ਨੂੰ ਕਾਬੂ ਕੀਤਾ ਹੈ।

# 'ਸਰਕਾਰ ਆਪ ਕੇ ਦੁਆਰ' ਪ੍ਰੋਗਰਾਮ ਤਹਿਤ ਪਿੰਡ ਟਿੱਬਾ ਵਿਖੇ ਵਿਸ਼ੇਸ਼ ਕੈਂਪ ਲਾਇਆ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪਿੰਡਾਂ ਵਿਚ ਜਾ ਕੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨ ਲਈ ਸ਼ੁਰੂ ਕੀਤੇ 'ਸਰਕਾਰ ਆਪ ਕੇ ਦੁਆਰ' ਪ੍ਰੋਗਰਾਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਿੰਡ ਟਿੱਬਾ ਦੇ ਗੁਰਦੁਆਰਾ ਸਮਾਧ ਬਾਬਾ ਦਰਬਾਰਾ ਸਿੰਘ ਵਿਖੇ ਵਿਸ਼ੇਸ਼ ਕੈਂਪ ਲਾਇਆ ਗਿਆ, ਜਿਸ ਵਿਚ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ 112 ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ। ਕੈਂਪ ਦੌਰਾਨ ਸ਼ਿਖਾ ਭਗਤ ਨੇ ਆਏ ਬਿਨੈਕਾਰਾਂ ਨੂੰ ਉਨ੍ਹਾਂ ਦੀਆਂ ਅਰਜੀਆਂ 'ਤੇ ਕਾਰਵਾਈ ਉਪਰੰਤ ਉਨ੍ਹਾਂ ਨੂੰ ਮੌਕੇ 'ਤੇ ਹੀ ਲੋੜੀਂਦੇ ਦਸਤਾਵੇਜ ਵੀ ਸੌਂਪੇ।

ਸੁਲਤਾਨਪੁਰ ਲੋਧੀ ਦੇ ਐਸ. ਡੀ. ਐਮ ਜਸਪ੍ਰੀਤ ਸਿੰਘ ਸਮੇਤ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਪਿੰਡਾਂ ਦੇ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 'ਸਰਕਾਰ ਆਪ ਕੇ ਦੁਆਰ' ਕੈਂਪ ਲੋਕਾਂ ਲਈ ਬੇਹੱਦ ਲਾਹੇਵੰਦ ਉਪਰਾਲਾ ਹੈ ਜਿਸ ਰਾਹੀਂ ਲੋਕ ਆਪਣੇ ਜਾਂ ਨੇੜਲੇ ਪਿੰਡ ਵਿਚ ਨਿਰਧਾਰਤ ਥਾਂ 'ਤੇ ਪਹੁੰਚ ਕੇ ਮੌਜੂਦ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੇ ਸਨਮੁਖ ਆਪਣੀਆਂ ਅਰਜੀਆਂ ਰੱਖ ਸਕਦੇ ਹਨ। ਉਨ੍ਹਾਂ ਕਿਹਾ ਕਿ ਲੋਕ ਸ਼ਿਕਾਇਤਾਂ ਦੇ ਮੌਕੇ 'ਤੇ ਹੀ ਨਿਪਟਾਰੇ ਨੂੰ ਤਰਜੀਹ ਦਿੰਦਿਆਂ ਹੱਲ ਕੀਤਾ ਜਾਂਦਾ ਹੈ। ਪਿੰਡ ਟਿੱਬੇ ਵਿਖੇ ਕੈਂਪ ਦੌਰਾਨ ਮਾਲ ਵਿਭਾਗ ਨਾਲ ਸੰਬੰਧਤ 5 ਦਰਖਾਸਤਾਂ, ਪਾਵਰਕਾਮ ਨਾਲ ਸੰਬੰਧਤ 09 ਅਰਜੀਆਂ, ਸਮਾਜਿਕ ਸੁਰੱਖਿਆ ਵਿਭਾਗ ਦੀਆਂ 2 ਅਰਜੀਆਂ, ਖੁਰਾਕ ਸਪਲਾਈਜ ਵਿਭਾਗ ਦੀਆਂ 9 ਦਰਖਾਸਤਾਂ, ਖੇਤੀਬਾੜੀ ਵਿਭਾਗ ਨਾਲ ਸੰਬੰਧਤ 65, ਜਲ ਸਪਲਾਈ ਵਿਭਾਗ ਦੀ ਇੱਕ, ਸੇਵਾ ਕੇਂਦਰਾਂ ਦੀਆਂ 18 ਅਤੇ ਜ਼ਿਲ੍ਹਾ ਨਗਰ ਯੋਜਨਾਕਾਰ ਨਾਲ ਸੰਬੰਧਤ 3 ਦਰਖਾਸਤਾਂ ਪ੍ਰਾਪਤ ਕਰਕੇ ਸਾਰੀਆਂ ਅਰਜੀਆਂ ਦਾ ਢੁਕਵਾਂ ਹੱਲ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਵਿਚ ਪੇਂਡੂ ਵਿਕਾਸ ਤੇ ਪੰਚਾਇਤਾਂ, ਜਲ ਸਪਲਾਈ, ਪਾਵਰਕਾਮ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ, ਕਿਰਤ, ਭਲਾਈ, ਖੁਰਾਕ ਤੇ ਸਿਵਲ ਸਪਲਾਈਜ਼, ਪੰਜਾਬ ਪੁਲਸ, ਰੈਵਿਨਿਊ, ਖੇਤੀਬਾੜੀ ਆਦਿ ਵਿਭਾਗਾਂ ਦੇ ਅਧਿਕਾਰੀ ਮੌਜੂਦ ਹੁੰਦੇ ਹਨ ।

# ਵਾਤਾਵਰਨ ਦੀ ਸ਼ੁੱਧਤਾ ਦੇ ਮੰਤਵ ਲਈ ਭੋਜੇਮਾਜਰਾ ਵਿਖੇ ਪੌਦੇ ਲਗਾਏ



ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ): ਡਾ.ਮੰਨੂ ਵਿਜ਼ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਪਿੰਡ ਭੋਜੇਮਾਜਰਾ ਵਿੱਚ ਪੌਦੇ ਲਗਾਏ ਗਏ।ਅਮਰੀਕ ਸਿੰਘ ਹੈਲਥ ਵਰਕਰ ਨੇ ਕਿਹਾ ਕਿ ਦਿਨ ਪ੍ਰਤੀ ਦਿਨ ਵੱਧ ਰਹੇ ਵਾਹਨਾਂ ਕਰਕੇ ਵਾਤਾਵਰਣ ਖਰਾਬ ਹੋ ਰਿਹਾ ਹੈ। ਇਸ ਲਈ ਵਾਤਾਵਰਣ ਨੂੰ ਸ਼ੁੱਧ ਕਰਨ ਦੇ ਮੰਤਵ ਨਾਲ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਗਈ ਹੈ। ਪ੍ਰਦੂਸ਼ਣ ਨੂੰ ਘਟਾਉਣ ਲਈ ਸਾਨੂੰ ਸਾਰਿਆਂ ਨੂੰ ਬੂਟੇ ਲਗਾਉਣ ਦੇ ਉਪਰਾਲੇ ਕਰਨੇ ਚਾਹੀਦੇ ਹੈ ਤਾਂ ਜੋ ਆਉਣ ਵਾਲੀ ਪੀੜੀ ਨੂੰ ਸ਼ੁੱਧ ਵਾਤਾਵਰਣ ਮਿਲ ਸਕੇ। ਵੱਧ ਪ੍ਰਦੂਸ਼ਣ ਕਾਰਨ ਕੈਂਸਰ, ਦਮਾ, ਸਾਹ, ਤਪਦਿਕ ਅਤੇ ਦਿਲ ਦੇ ਰੋਗੀਆਂ ਦੀ ਗਿਣਤੀ ਵਿੱਚ ਤੇਜੀ ਨਾਲ ਵਾਧਾ ਹੋ ਰਿਹਾ ਹੈ।ਇਸ ਲਈ ਸਾਨੂੰ ਕੁਦਰਤ ਵੱਲੋਂ ਦਿੱਤੇ ਗਏ ਇਸ ਅਨਮੋਲ ਤੋਹਫੇ ਦੀ ਸੰਭਾਲ ਜ਼ਿੰਮੇਵਾਰੀ ਨਾਲ ਕਰਨੀ ਚਾਹੀਦੀ ਹੈ।ਵਾਤਾਵਰਣ ਦੀ ਸੰਭਾਲ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਚਾਹੀਦੇ ਹਨ ਅਤੇ ਖੇਤੀ ਕਰਨ ਲਈ ਰਸਾਇਣਕ ਖਾਦਾਂ ਦੀ ਬਜਾਏ ਜੈਵਿਕ ਖਾਦਾਂ ਦਾ ਉਪਯੋਗ ਕਰਨਾ ਚਾਹੀਦਾ ਹੈ ਕਿਉਂ ਜੋ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾ ਦੀ ਵੱਧ ਵਰਤੋਂ ਕਾਰਨ ਪੀਣ ਵਾਲਾ ਪਾਣੀ ਜ਼ਹਿਰੀਲਾ ਸ਼ੁਰੂ ਹੋ ਚੁੱਕਾ ਹੈ ਅਤੇ ਲੋਕਾਂ ਨੂੰ ਪਾਣੀ ਸ਼ੁੱਧ ਕਰਕੇ ਪੀਣਾ ਪੈ ਰਿਹਾ ਹੈ। ਜਿਸ ਨਾਲ ਕਿ ਕਾਫੀ ਮਾਤਰਾ ਵਿੱਚ ਪਾਣੀ ਅਜਾਈ ਜਾ ਰਿਹਾ ਹੈ ਅਤੇ ਪਾਣੀ ਵਿੱਚਲੇ ਮਨੁੱਖੀ ਸਰੀਰ ਲਈ ਲੋੜੀਂਦੇ ਤੱਤ ਵੀ ਸ਼ੁੱਧੀ ਕਰਨ ਸਮੇਂ ਬਾਹਰ ਨਿਕਲ ਜਾਂਦੇ ਹਨ। ਇਸ ਮੌਕੇ 'ਤੇ ਜਸਪਿੰਦਰ ਕੌਰ ਸੀ.ਐਚ.ਓ, ਨਵਜੋਤ ਕੌਰ ਏ.ਐਨ.ਐਮ, ਸਿਮਰਨਦੀਪ ਕੌਰ ਆਸ਼ਾ ਵਰਕਰ,ਹਰਪਾਲ ਸਿੰਘ ਨੰਬਰਦਾਰ,ਬਿਕਰਮਜੀਤ ਸਿੰਘ ਅਤੇ ਰਜਿੰਦਰ ਕੌਰ ਹਾਜ਼ਰ ਸਨ।

# ਪੰਜਾਬ ਮੰਡੀ ਬੋਰਡ ਦੇ ਮੁੱਖ ਦ.ਫਤਰ ਵਿਖੇ ਲਗਾਇਆ ਪੌਦਿਆਂ ਦਾ ਲੰਗਰ



ਚੰਡੀਗੜ੍ਹ ( ਗੁਰਜੀਤ ਬਿੱਲਾ ) ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਦੇ ਦੂਜੇ ਪੜਾਅ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਫ਼ਲਦਾਰ ਅਤੇ ਰਵਾਇਤੀ ਪੌਦਿਆਂ ਦਾ ਲੰਗਰ ਲਗਾਇਆ ਗਿਆ। ਹਰਭਜਨ ਸਿੰਘ, ਈ.ਟੀ.ਓ., ਲੋਕ ਨਿਰਮਾਣ, ਬਿਜਲੀ ਵਿਭਾਗ ਮੰਤਰੀ ਪੰਜਾਬ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਬੂਟੇ ਲਗਾਏ ਗਏ ਅਤੇ ਉਹਨਾਂ ਦੀ ਸਾਂਭ ਸੰਭਾਲ ਦੀ ਜਿੰਮੇਵਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੌਂਪੀ ਗਈ। ਆਮ ਲੋਕਾਂ ਨੂੰ ਵਾਤਾਵਰਨ ਦੀ ਮਹਤੱਤਾ ਬਾਰੇ ਦੱਸਿਆ ਗਿਆ ਅਤੇ ਬੂਟੇ ਵੀ ਵੰਡੇ ਗਏ। ਬਰਸਟ ਨੇ ਦੱਸਿਆ ਕਿ ਵਾਤਾਵਰਨ ਵਿੱਚ ਜੋ ਤਬਦੀਲੀਆਂ ਆ ਰਹੀਆਂ ਹਨ, ਉਹ ਸਾਨੂੰ ਸਿੱਧੇ ਤੌਰ 'ਤੇ ਇਹ ਸੰਕੇਤ ਦੇ ਰਹੀਆਂ ਹਨ ਕਿ ਦਿਨੋਂ-ਦਿਨ ਲੋਕ ਕੁਦਰਤ ਤੋਂ ਦੂਰ ਹੁੰਦੇ ਜਾ ਰਹੇ ਹਨ। ਵੱਧ ਰਹੀ ਤਪਸ਼ ਨੇ ਲੋਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਗਰਮੀ ਵਿੱਚ ਹੋ ਰਹੇ ਵਾਧੇ ਦਾ ਅਸਰ ਆਮ ਲੋਕਾਂ ਦੇ ਜੀਵਨ 'ਤੇ ਪੈ ਰਿਹਾ ਹੈ। ਇਸ ਲਈ ਸਾਰਿਆਂ ਨੂੰ ਬੂਟੇ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਰੱਖਣ ਵਿੱਚ ਆਪਣਾ ਸਹਿਯੋਗ ਦੇਣਾ ਚਾਹੀਦਾ ਹੈ, ਤਾਂ ਜੋ ਸਾਡਾ ਆਲਾ-ਦੁਆਲਾ ਹਰਿਆ-ਭਰਿਆ ਰਹਿ ਸਕੇ। ਰੁੱਖ ਮਨੁੱਖ ਦੀ ਹਰ ਜਰੂਰਤ ਨੂੰ ਪੂਰਾ ਕਰਦੇ ਹਨ, ਖਾਸ ਕਰਕੇ ਜਿਉਣ ਲਈ ਆਕਸੀਜਨ ਦਿੰਦੇ ਹਨ।ਸਾਰੇ ਪੰਜਾਬ ਵਿੱਚ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਵੱਲੋਂ ਸਾਰੇ ਉੱਚ ਅਧਿਕਾਰੀਆਂ, ਕਰਮਚਾਰੀਆਂ ਅਤੇ ਆੜ੍ਹਤੀਆਂ ਨੂੰ ਆਪਣੇ ਆਲੇ-ਦੁਆਲੇ ਪੰਜ-ਪੰਜ ਬੂਟੇ ਲਾਜ਼ਮੀ ਲਗਾਉਣ ਅਤੇ ਆਪਣੇ ਜਨਮ ਦਿਨ ਮੌਕੇ ਵੀ ਦੋ-ਦੋ ਬੂਟੇ ਹੋਰ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਹਰਿਆਵਲ ਮੁਹਿੰਮ ਤਹਿਤ ਸਾਲ 2023-24 ਦੌਰਾਨ ਪੰਜਾਬ ਮੰਡੀ ਬੋਰਡ ਵੱਲੋਂ 30 ਹਜਾਰ ਬੂਟੇ ਲਗਾਉਣ ਦਾ ਟੀਚਾ ਸੀ, ਜਦਕਿ ਪੰਜਾਬ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ ਅਧਿਕਾਰੀਆਂ, ਕਰਮਚਾਰੀਆਂ, ਆੜ੍ਹਤੀ ਐਸੋਸੀਏਸ਼ਨਾਂ, ਐਨ.ਜੀ.ਓਜ਼ ਦੇ ਸਹਿਯੋਗ ਨਾਲ ਕਰੀਬ 33 ਹਜਾਰ ਫਲਦਾਰ, ਛਾਂ ਵਾਲੇ ਅਤੇ ਮੈਡੀਸਨ ਦੇ ਪੌਦੇ ਲਗਾਏ ਗਏ ਸਨ ਅਤੇ ਇਸ ਸੀਜਨ ਵਿੱਚ 35 ਹਜਾਰ ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਹੈ।ਮੁੱਖ ਮਹਿਮਾਨ ਹਰਭਜਨ ਸਿੰਘ, ਈ.ਟੀ.ਓ., ਲੋਕ ਨਿਰਮਾਣ, ਬਿਜਲੀ ਵਿਭਾਗ ਮੰਤਰੀ ਪੰਜਾਬ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਪੰਜਾਬ ਦੀਆਂ ਸਮੂਹ ਮੰਡੀਆਂ ਵਿੱਚ ਲਗਾਏ ਜਾ ਰਹੇ ਪੌਦਿਆਂ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਵਾਤਾਵਰਨ ਨੂੰ ਸਾਫ਼ ਰੱਖਣ ਵਿੱਚ ਰੁੱਖਾਂ ਦਾ ਅਹਿਮ ਰੋਲ ਹੁੰਦਾ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਰਸਾਤ ਦਾ ਮੌਸਮ ਬੂਟੇ ਲਗਾਉਣ ਲਈ ਸਭ ਤੋਂ ਵੱਧ ਲਾਭਕਾਰੀ ਹੈ, ਕਿਉਂਕਿ ਇਹਨਾਂ ਦਿਨਾਂ ਵਿੱਚ ਲਗਾਏ ਪੌਦੇ ਬੜੀ ਆਸਾਨੀ ਨਾਲ ਚੱਲ ਪੈਂਦੇ ਹਨ। ਪਰ ਅਜੋਕੇ ਸਮੇਂ ਵਿੱਚ ਪੌਦਿਆਂ ਦੀ ਸਾਂਭ-ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਮੋਟਰਾਂ 'ਤੇ 5-5 ਬੂਟੇ ਜਰੂਰ ਲਗਾਉਣ। ਇਸ ਮੌਕੇ ਸ੍ਰੀਮਤੀ ਗੀਤਿਕਾ ਸਿੰਘ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਮਨਜੀਤ ਸਿੰਘ ਸੰਧੂ ਜੀ.ਐਮ. ਸਮੇਤ ਸਮੂਹ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ।

# 21 ਦੀ ਕਨਵੈਨਸ਼ਨ ਅਤੇ ਮੁਜ਼ਾਹਰੇ ਸੰਬੰਧੀ ਜਥੇਬੰਦੀਆਂ ਵੱਲੋਂ ਮੀਟਿੰਗ



**ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਦੁਰਗਾਪੁਰੀਆ)**-ਅਰੁੰਧਤੀ ਰਾਏ ਤੇ ਪ੍ਰੋ ਸ਼ੇਖ ਸ਼ੌਕਤ ਹੁਸੈਨ ਵਿਰੁੱਧ 14 ਸਾਲ ਪੁਰਾਣੀ ਤਕਰੀਰ ਦੇ ਅਧਾਰ ਉੱਤੇ ਯੂਏਪੀਏ ਲਾਉਣ ,ਯੂਏਪੀਏ ਖ਼ਤਮ ਕਰਨ,ਤਿੰਨ ਨਵੇਂ ਫੌਜਦਾਰੀ ਕਾਨੂੰਨ ਅਤੇ ਹੋਰ ਕਾਲੇ ਕਾਨੂੰਨ ਰੱਦ ਕਰਾਉਣ ਲਈ 21 ਜੁਲਾਈ ਨੂੰ ਤਿੰਨ ਦਰਜਨ ਜਥੇਬੰਦੀਆਂ ਵਲੋਂ ਜਲੰਧਰ ਵਿਖੇ ਕੀਤੀ ਜਾ ਰਹੀ ਕਨਵੈਂਨਸ਼ਨ ਅਤੇ ਮੁਜਾਹਰੇ ਦੀ ਤਿਆਰੀ ਸਬੰਧੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਜਥੇਬੰਦੀਆਂ ਵਲੋਂ ਮਲਕੀਤ ਚੰਦ ਮੇਹਲੀ ਭਵਨ ,ਬੰਗਾ ਰੋਡ ਨਵਾਂਸ਼ਹਿਰ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿਚ ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ, ਕੁੱਲ ਹਿੰਦ ਕਿਸਾਨ ਸਭਾ, ਏਟਕ,ਇਫਟੂ, ਦਿਹਾਤੀ ਮਜਦੂਰ ਸਭਾ, ਪੇਂਡੂ ਮਜਦੂਰ ਯੂਨੀਅਨ, ਇਸਤਰੀ ਜਾਗ੍ਰਿਤੀ ਮੰਚ, ਆਟੋ ਵਰਕਰ ਯੂਨੀਅਨ, ਪੰਜਾਬ ਸਟੂਡੈਂਟਸ ਯੂਨੀਅਨ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਸਕੱਤਰ ਜਸਬੀਰ ਦੀਪ,ਸੂਬਾ ਕਮੇਟੀ ਮੈਂਬਰ ਬੂਟਾ ਸਿੰਘ,ਏਟਕ ਦੇ ਆਗੂ ਨਰੰਜਣ ਦਾਸ,ਤਰਕਸ਼ੀਲ ਸੁਸਾਇਟੀ ਦੇ ਆਗੂ ਮਾਸਟਰ ਜਗਦੀਸ਼ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪੂਰੇ ਤੰਤਰ ਨੂੰ ਅਪਣੇ ਕਬਜ਼ੇ ਚ ਲੈਣ ਲਈ ਨਿਆਂਪਾਲਿਕਾ ਦੇ ਪਹਿਲਾਂ ਦੇ ਆਈ ਪੀ ਸੀ ਕਨੂੰਨਾਂ ਦਾ ਨਵਾਂ ਨਾਮਕਰਣ ਕਰਕੇ ਇਹਨਾਂ ਨੂੰ ਹਿਟਲਰੀ ਕਨੂੰਨ ਬਣਾ ਦਿੱਤਾ ਹੈ। ਇੱਕ ਜੁਲਾਈ ਤੋਂ ਦੇਸ਼ ਭਰ 'ਚ ਲਾਗੂ ਕੀਤੇ ਗਏ ਇਹਨਾਂ ਕਨੂੰਨਾਂ ਦੇ ਲਾਗੂ ਹੋਣ ਨਾਲ ਲੋਕਾਂ ਦੀ ਨਿੱਜੀ ਅਜਾਦੀ ਤੇ ਵਿਚਾਰ ਖ਼ਤਰੇ 'ਚ ਪੈ ਗਏ ਹਨ ਕਿਉਂਕਿ ਸਰਕਾਰ ਦੀ ਕੋਈ ਵੀ ਆਲੋਚਨਾ ਜੁਰਮ ਦੇ ਘੇਰੇ ਵਿੱਚ ਆ ਜਾਵੇਗੀ।ਆਗੂਆਂ ਨੇ ਕਿਹਾ ਕਿ ਨਵੇਂ ਫੌਜਦਾਰੀ ਕਾਨੂੰਨ ਲਾਗੂ ਹੋਣ 'ਤੇ ਆਲੋਚਨਾ ਕਰਨ ਅਤੇ ਸਰਕਾਰ ਖਿਲਾਫ ਬੋਲਣ ਵਾਲੇ ਤੇ ਪੁਲਸ ਨਵੇਂ ਕਾਨੂੰਨਾਂ ਤਹਿਤ ਪਰਚਾ ਦਰਜ ਕਰ ਸਕੇਗੀ। ਇਸ ਨਵੀਂ ਭਾਰਤੀ ਨਿਆਏ ਸੰਹਿਤਾ ਦੀਆਂ ਧਾਰਾਵਾਂ ਸਖ਼ਤ ਕਰਕੇ ਡੰਡੇ ਦਾ ਰਾਜ ਚਲਾਉਣ ਲਈ ਇਹ ਕਾਨੂੰਨ ਲਿਆਂਦੇ ਗਏ ਹਨ। ਇਨ੍ਹਾਂ ਕਾਨੂੰਨਾਂ ਨੂੰ ਪਹਿਲੀ ਜੁਲਾਈ ਤੋਂ ਲਾਗੂ ਕਰਨ ਦੇ ਆਦੇਸ਼ਾਂ ਨੂੰ ਵੀ ਤਰੁੰਤ ਵਾਪਸ ਲੈਣ ਅਤੇ ਰੱਦ ਕਰਨ ਦੀ ਮੰਗ ਕਰਦੇ ਕੇਂਦਰ ਸਰਕਾਰ ਦੇ ਇਸ ਤਰਕ ਨੂੰ ਬੇਬੁਨਿਆਦ ਦੱਸਿਆ ਕਿ ਇਹ ਬਸਤੀਵਾਦੀ ਕਾਨੂੰਨਾਂ ਨੂੰ ਬਦਲਣ ਲਈ ਹਨ। ਦਰਅਸਲ ਇਹਨਾਂ ਤਿੰਨੇ ਫੌਜਦਾਰੀ ਕਾਨੂੰਨਾਂ ਦਾ ਮਸੌਦਾ 1975 ਦੀ ਐਮਰਜੈਂਸੀ ਨਾਲੋਂ ਵੀ ਭਿਆਨਕ ਹੈ ਅਤੇ ਨਾਗਰਿਕਾਂ ਨੂੰ ਹੀ ਨਹੀਂ, ਪ੍ਰਸਾਸ਼ਨਕ ਅਧਿਕਾਰੀਆਂ ਤੇ ਜੱਜਾਂ ਤੱਕ ਨੂੰ ਸੱਤਾ ਦੀ ਰਜ਼ਾ ਵਿੱਚ ਸਿਰ ਝੁਕ ਕੇ ਚਲਣਾ ਪਵੇਗਾ ਜੋ ਕਿ ਪਰਜਾ ਤੰਤਰ ਦੀ ਰੂਹ ਨੂੰ ਖਤਮ ਕਰਨ ਵੱਲ ਧੱਕੇਗੀ। ਬੁਲਾਰਿਆਂ ਨੇ ਪੰਜਾਬ ਦੇ ਲੋਕਾਂ ਨੂੰ ਇਹਨਾਂ ਖਤਰਨਾਕ ਕਾਨੂੰਨਾਂ ਵਿਰੁੱਧ ਜਾਗਰੂਕ ਹੋਣ ਲਈ 21 ਜੁਲਾਈ ਨੂੰ ਜਲੰਧਰ ਵਿਖੇ ਹੋ ਰਹੀ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਅਸ਼ੋਕ ਕੁਮਾਰ,ਬਲਜਿੰਦਰ ਸਿੰਘ ਦਿਆਲ,ਜਸਵਿੰਦਰ ਸਿੰਘ ਭੰਗਲ,ਸਤਨਾਮ ਸਿੰਘ ਗੁਲਾਟੀ, ਕਮਲਜੀਤ ਸਨਾਵਾ,ਪਰਵੀਨ ਕੁਮਾਰ ਨਿਰਾਲਾ,ਗੁਰਬਖਸ਼ ਕੌਰ ਸੰਘਾ, ਜੌਹਨੀ,ਬਲਜੀਤ ਸਿੰਘ ਧਰਮਕੋਟ,ਤੀਰਥ ਰਸੂਲਪੁਰੀ ਅਤੇ ਹੋਰ ਆਗੂ ਵੀ ਮੌਜੂਦ ਸਨ।

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਲਿਜਾ ਕੇ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਸ਼ਾਲੂ ਜਹੂਰਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਲਿਜਾਣ ਦੇ ਮੰਤਵ ਨਾਲ ਪਿੰਡ ਜਹੂਰਾ ਵਾਸੀਆਂ ਨੇ ਬੱਚਿਆਂ ਦਾ ਇੱਕ ਦਿਨਾ ਫਰੈਂਡਲੀ ਕ੍ਰਿਕਟ ਮੈਚ ਕਰਵਾਇਆ।ਪੰਚਾਇਤ ਮੈਂਬਰ ਅਤੇ ਭਾਜਪਾ ਦੇ ਮੰਡਲ ਪ੍ਰਧਾਨ ਟਾਂਡਾ ਸ਼ਾਲੂ ਜਹੂਰਾ ਦੀ ਅਗਵਾਈ ਵਿਚ ਕਰਵਾਏ ਗਏ ਇਸ ਕ੍ਰਿਕਟ ਮੈਚ ਵਿੱਚ ਪਿੰਡ ਜਹੂਰਾਂ ਦੀ ਸੀਨੀਅਰ ਟੀਮ ਨੇ ਜੂਨੀਅਰ ਟੀਮ ਨੂੰ ਹਰਾਇਆ। ਇਸ ਮੌਕੇ ਫਰੈਂਡਲੀ ਕ੍ਰਿਕਟ ਮੈਚ ਵਿੱਚ ਭਾਗ ਲੈਣ ਵਾਲੇ ਨੌਜਵਾਨ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਮੰਡਲ ਪ੍ਰਧਾਨ ਟਾਂਡਾ ਸ਼ਾਲੂ ਜਹੂਰਾ ਨੇ ਕਿਹਾ ਕਿ ਅੱਜ ਇਸ ਸਮੇਂ ਦੀ ਮੁੱਖ ਲੋੜ ਹੈ ਕਿ ਨੌਜਵਾਨ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਕਿਉਂਕਿ ਖੇਡਾਂ ਦੇ ਨਾਲ ਜੁੜਨ ਨਾਲ ਜਿੱਥੇ ਅਸੀਂ ਸਰੀਰਕ ਤੌਰ 'ਤੇ ਤੰਦਰੁਸਤ ਰਹਿ ਸਕਦੇ ਹਾਂ ਉੱਥੇ ਹੀ ਖੇਡਾਂ ਦੌਰਾਨ ਅਸੀਂ ਮਿਹਨਤ ਕਰਕੇ ਜ਼ਿੰਦਗੀ ਵਿੱਚ ਉੱਚੇ ਮੁਕਾਮ ਵੀ ਹਾਸਲ ਕਰ ਸਕਦੇ ਹਾਂ। ਇਸ ਮੌਕੇ ਉਹਨਾਂ ਵੱਲੋਂ ਨੌਜਵਾਨ ਖਿਡਾਰੀਆਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਜਸਵਿੰਦਰ ਸਿੰਘ, ਮਲਕੀਅਤ ਸਿੰਘ, ਜੀਤਾ, ਅਮ੍ਰਿਪਾਲ ਸਿੰਘ, ਨਿਕਾ, ਹਰਬੰਸ ਸਿੰਘ,ਕੁਲਵੀਰ ਸਿੰਘ, ਅੰਗਰੇਜ਼ ਸਿੰਘ,ਸਾਬ ਸਿੰਘ, ਬਲਵੀਰ ਸਿੰਘ, ਮਹਿੰਦਰ ਸਿੰਘ,ਲਾਡੀ , ਸਰਦੂਲ ਸਿੰਘ ਆਦਿ ਹਾਜ਼ਰ ਸਨ।

# ਤਿੰਨ ਨਵੇਂ ਕਾਨੂੰਨ ਮੋਦੀ ਸਰਕਾਰ ਦੀ ਤਾਨਾਸ਼ਾਹੀ : ਬਲਬੀਰ ਸਿੱਧੂ

**ਐੱਸ. ਏ. ਐੱਸ. ਨਗਰ, (ਕ੍ਰਿਸ਼ਨ ਗਰਗ)** ਮੁਲਕ ਵਿਚ ਲਾਗੂ ਕੀਤੇ ਗਏ ਤਿੰਨ ਨਵੇਂ ਕਾਨੂੰਨਾਂ ਨੂੰ ਮੋਦੀ ਸਰਕਾਰ ਵਲੋਂ ਤਾਨਾਸ਼ਾਹੀ ਵੱਲ ਚੁੱਕਿਆ ਇਹ ਹੋਰ ਕਦਮ ਗਰਦਾਨਦਿਆਂ, ਕਾਂਗਰਸ ਦੇ ਸੀਨੀਅਰ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਇਥੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਕੇਂਦਰ ਸਰਕਾਰ ਤੋਂ ਇਹਨਾਂ ਕਾਨੂੰਨਾਂ ਦੀਆਂ ਇਤਰਾਜ਼ਯੋਗ ਧਾਰਾਵਾਂ ਨੂੰ ਹਟਾਉਣ ਦੀ ਮੰਗ ਕਰੇ।ਸਿੱਧੂ ਨੇ ਕਿਹਾ ਕਿ ਇਹਨਾਂ ਕਾਨੂੰਨਾਂ ਪੁਲਸ ਨੂੰ ਇਹ ਅਧਿਕਾਰ ਮਿਲ ਗਿਆ ਹੈ ਕਿ ਉਹ ਕਿਸੇ ਵੀ ਵਿਅਕਤੀ ਨੂੰ ਬਿਨਾਂ ਕਿਸੇ ਅਦਾਲਤ ਵਿਚ ਪੇਸ਼ ਕਰਿਆਂ 90 ਦਿਨ ਆਪਣੀ ਹਿਰਾਸਤ ਵਿਚ ਰੱਖ ਸਕਦੀ ਹੈ। ਉਹਨਾਂ ਕਿਹਾ ਕਿ ਪੁਲਸ ਨੂੰ ਇਹ ਵੀ ਅਧਿਕਾਰ ਮਿਲ ਗਿਆ ਹੈ ਕਿ ਉਹ ਕਿਸੇ ਵਿਅਕਤੀ ਜਾਂ ਅਧਿਕਾਰੀ ਵਿਰੁੱਧ ਤੁਰੰਤ ਮੁਕੱਦਮਾ ਦਰਜ ਕਰਨ ਦੀ ਥਾਂ 14 ਦਿਨ ਸ਼ਿਕਾਇਤ ਦੀ ਜਾਂਚ ਪੜਤਾਲ ਕਰ ਸਕਦੀ ਹੈ। ਉਹਨਾਂ ਅੱਗੇ ਹੋਰ ਕਿਹਾ ਕਿ ਪੁਲਸ ਦੇ ਹੌਲਦਾਰ ਪੱਧਰ ਦੇ ਅਧਿਕਾਰੀ ਨੂੰ ਇਹ ਸ਼ਕਤੀ ਦੇ ਦਿੱਤੀ ਗਈ ਹੈ ਕਿ ਉਹ ਕਿਸੇ ਵੀ ਵਿਅਕਤੀ ਨੂੰ ਗ੍ਰਿਫਤਾਰ ਕਰ ਕੇ ਉਸ ਉਤੇ ਅਤਿਵਾਦ ਭੜਕਾਉਣ ਦਾ ਦੋਸ਼ ਲਾ ਕੇ ਮੁਕੱਦਮਾ ਦਰਜ ਕਰ ਸਕਦਾ ਹੈ।ਕਾਂਗਰਸੀ ਆਗੂ ਨੇ ਕਿਹਾ ਇਹਨਾਂ ਕਾਨੂੰਨਾਂ ਵਿਚ ਸਰਕਾਰ ਵਿਰੁੱਧ ਕਿਸੇ ਵੀ ਰੋਸ ਪ੍ਰਦਰਸ਼ਨ ਜਾਂ ਭੁੱਖ ਹੜਤਾਲ ਨੂੰ ਦੇਸ਼ ਵਿਰੋਧੀ ਕਾਰਵਾਈ ਮੰਨ ਲਿਆ ਗਿਆ ਹੈ। ਉਹਨਾਂ ਕਿਹਾ ਕਿ ਹੁਣ ਭੁੱਖ ਹੜਤਾਲ ਰੱਖਣ ਇਕ ਜੁਰਮ ਬਣ ਗਿਆ ਹੈ ਜਿਸ ਲਈ ਕਿਸੇ ਵੀ ਵਿਅਕਤੀ ਉਤੇ ਮੁਕੱਦਮਾ ਚਲਾਇਆ ਜਾ ਸਕਦਾ ਹੈ।ਸਿੱਧੂ ਨੇ ਕਿਹਾ ਕਿ ਹੁਣ ਕੋਈ ਵੀ ਸਿਆਸੀ ਪਾਰਟੀ, ਮੁਲਾਜ਼ਮ ਜਥੇਬੰਦੀ ਜਾਂ ਸਮਾਜਿਕ ਕਾਰਕੁੰਨ ਆਪਣੀ ਅਵਾਜ਼ ਬੁਲੰਦ ਕਰਨ ਲਈ ਕਿਸੇ ਕਿਸਮ ਦੀ ਕੋਈ ਸਰਗਰਮੀ ਨਹੀਂ ਕਰ ਸਕੇਗਾ। ਇਹ ਕਾਨੂੰਨ ਜਿੱਥੇ ਲੋਕ ਵਿਰੋਧੀ ਹਨ ਉਥੇ ਭਾਰਤ ਦੀਆਂ ਸਮਾਜਿਕ ਹਾਲਤਾਂ ਦੇ ਵੀ ਅਨੁਸਾਰੀ ਨਹੀਂ ਹਨ। ਉਹਨਾਂ ਕਿਹਾ ਕਿ ਭਾਰਤ ਵਿਚ ਕਾਨੂੰਨ ਨੂੰ ਲਾਗੂ ਕਰਨ ਵਾਲੀਆਂ ਸੰਸਥਾਵਾਂ ਖਾਸ ਕਰ ਕੇ ਪੁਲਸ ਵਿਕਸਤ ਦੇਸ਼ਾਂ ਵਾਂਗ ਅਜੇ ਲੋਕ-ਪੱਖੀ ਤੇ ਸੰਵੇਦਨਸ਼ੀਲ ਨਹੀਂ ਬਣੀਆਂ, ਇਸ ਲਈ ਉਹਨਾਂ ਨੂੰ ਦਿੱਤੀਆਂ ਗਈਆਂ ਬੇਪਨਾਹ ਸ਼ਕਤੀਆਂ ਦੀ ਦੁਰਵਰਤੋਂ ਹੋਵੇਗੀ।ਕਾਂਗਰਸੀ ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਹਨਾਂ ਕਾਨੂੰਨਾਂ ਨੂੰ ਭਾਵੇਂ ਬਿਨਾਂ ਸੋਚੇ ਸਮਝੇ ਲਾਗੂ ਕਰ ਦਿੱਤਾ ਹੈ, ਪਰ ਫਿਰ ਵੀ ਉਸ ਨੂੰ ਚਾਹੀਦਾ ਹੈ ਕਿ ਉਹ ਤਾਮਿਲਨਾਡੂ ਅਤੇ ਪੱਛਮੀ ਬੰਗਾਲ ਦੀਆਂ ਸਰਕਾਰਾਂ ਦੀ ਤਰ੍ਹਾਂ ਕਾਨੂੰਨੀ ਮਾਹਰਾਂ ਦੀਆਂ ਕਮੇਟੀ ਬਣਾ ਕੇ ਇਹਨਾਂ ਕਾਨੂੰਨਾਂ ਦੇ ਲੋਕ ਵਿਰੋਧੀ ਹਿੱਸਿਆਂ ਦੀ ਪਛਾਣ ਕਰ ਕੇ ਉਹਨਾਂ ਨੂੰ ਸੋਧਣ ਦੀ ਮੰਗ ਕਰੇ।

## ਅੰਤ੍ਰਿਮ ਸ਼ਿਕਾਇਤ ਕਮੇਟੀ ਦਾ ਗਠਨ ਕੀਤਾ ਜਾਵੇ : ਵਰਮਾ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਰਾਜੀਵ ਵਰਮਾ, ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਹੇਠ Prevention of Sexual Harassment Act 2013 ਤਹਿਤ ਲੋਕਲ ਜ਼ਿਲ੍ਹਾ ਕਮੇਟੀ ਦੀ ਰੀਵਿਊ ਮੀਟਿੰਗ ਕੀਤੀ ਗਈ।ਰਾਜੀਵ ਵਰਮਾ ਨੇ ਸਾਰੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਕਿ ਜਿਥੇ ਵੀ ਸਰਕਾਰੀ ਜਾਂ ਪ੍ਰਾਈਵੇਟ ਵਿਭਾਗ ਵਿੱਚ 10 ਜਾਂ 10 ਤੋਂ ਵੱਧ ਔਰਤਾਂ ਕੰਮ ਕਰਦੀਆਂ ਹਨ, ਉੱਥੇ ਅੰਤ੍ਰਿਮ ਸ਼ਿਕਾਇਤ ਕਮੇਟੀ ਦਾ ਗਠਨ ਕੀਤਾ ਜਾਵੇ ਅਤੇ ਕਮੇਟੀ ਗਠਨ ਕਰਨ ਉਪਰੰਤ ਰਿਪੋਰਟ ਅੰਦਰ 15 ਦਿਨ ਮਨਜਿੰਦਰ ਸਿੰਘ, ਜਿਲ੍ਹਾ ਪ੍ਰੋਗਰਾਮ ਅਫਸਰ, ਸ਼ਹੀਦ ਭਗਤ ਸਿੰਘ ਨਗਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ। ਵਧੀਕ ਡਿਪਟੀ ਕਮਿਸ਼ਨਰ(ਜ) ਨੇ ਕਮੇਟੀ ਦੇ ਕੰਮਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਕਮੇਟੀ ਕੋਲ ਕੋਈ ਵੀ Sexual Harassment ਦੀ ਸ਼ਿਕਾਇਤ ਨਹੀਂ ਪਹੁੰਚੀ ਹੈ। ਇਸ ਮੀਟਿੰਗ ਵਿੱਚ ਡਾ: ਗੁਰਲੀਨ, ਸਹਾਇਕ ਕਮਿਸ਼ਨਰ (ਜ), ਸ਼ਹੀਦ ਭਗਤ ਸਿੰਘ ਨਗਰ ਜੋ ਕਿ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਨੋਡਲ ਅਫਸਰ ਵੀ ਹਨ, ਸ਼ਾਮਿਲ ਸਨ ਤੇ ਉਹਨਾਂ ਨਾਲ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਰਾਜਕਿਰਨ ਕੌਰ,ਲੋਕਲ ਸ਼ਿਕਾਇਤ ਕਮੇਟੀ ਦੇ ਸਾਰੇ ਮੈਂਬਰ ਹਾਜਰ ਸਨ।

# ਉਸਾਰੀ ਕਿਰਤੀਆਂ ਦੀਆਂ 89 ਲੱਖ ਰੁਪਏ ਤੋਂ ਵਧੇਰੇ ਰਾਸ਼ੀ ਦੀਆਂ ਲਾਭ ਸਕੀਮਾਂ ਨੂੰ ਪ੍ਰਵਾਨਗੀ

**ਡੇਰਾਬੱਸੀ, (ਕ੍ਰਿਸ਼ਨ ਗਰਗ)**—ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ (ਕਿਰਤ ਵਿਭਾਗ, ਪੰਜਾਬ ਸਰਕਾਰ) ਅਧੀਨ ਗਠਿਤ ਸਬ-ਡਵੀਜ਼ਨਲ ਪੱਧਰੀ ਕਮੇਟੀ, ਡੇਰਾਬੱਸੀ ਦੀ ਉਪ-ਮੰਡਲ ਮੈਜਿਸਟ੍ਰੇਟ, ਡੇਰਾਬੱਸੀ ਹਿਮਾਂਸ਼ੂ ਗੁਪਤਾ (ਪੀ.ਸੀ.ਐਸ.) ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਅਧੀਨ ਰਜਿਸਟਰਡ ਉਸਾਰੀ ਕਾਮਿਆਂ ਨੂੰ ਮਿਲਣ ਵਾਲੀਆਂ ਵੱਖ-ਵੱਖ ਭਲਾਈ ਸਕੀਮਾਂ ਜਿਵੇਂ ਵਜੀਫਾ, ਸ਼ਗਨ, ਬਾਲੜੀ ਤੋਹਫਾ, ਐਕਸ-ਗ੍ਰੇਸ਼ੀਆਂ, ਦਾਹ-ਸੰਸਕਾਰ ਆਦਿ ਦੀਆਂ ਕੁੱਲ 378 ਅਰਜ਼ੀਆਂ ਦਾ ਨਿਪਟਾਰਾ ਕਰਦੇ ਹੋਏ 8916971/- ਰੁਪਏ ਦੇ ਲਾਭ ਮਨਜ਼ੂਰ ਕੀਤੇ ਗਏ।ਮੀਟਿੰਗ ਵਿੱਚ ਹਾਜ਼ਰ ਸਹਾਇਕ ਕਿਰਤ ਕਮਿਸ਼ਨਰ, ਐਸ.ਏ.ਐਸ. ਨਗਰ ਅਤੇ ਲੇਬਰ ਇੰਸਪੈਕਟਰ, ਡੇਰਾਬੱਸੀ ਵੱਲੋਂ ਦੱਸਿਆ ਗਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਅਧੀਨ ਉਸਾਰੀ ਕਿਰਤੀਆਂ ਨੂੰ ਬੋਰਡ ਵਲੋਂ ਜਾਰੀ ਸਕੀਮਾਂ ਜਿਵੇਂ ਕਿ ਵਜੀਫਾ, ਸ਼ਗਨ, ਖਤਰਨਾਕ ਬਿਮਾਰੀਆਂ ਦਾ ਇਲਾਜ, ਯਾਤਰਾ, ਪੈਨਸ਼ਨ, ਐਕਸਗ੍ਰੇਸ਼ੀਆਂ ਅਤੇ ਦਾਹ-ਸੰਸਕਾਰ, ਬਾਲੜੀ ਤੋਹਫਾ ਆਦਿ ਸਕੀਮਾਂ ਤਹਿਤ ਲਾਭ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਗਿਆ ਕਿ ਵੱਖ-ਵੱਖ ਉਸਾਰੀ ਕਿਰਤੀਆਂ ਜਿਵੇਂ ਰਾਜ ਮਿਸਤਰੀ, ਇੱਟਾਂ ਸੀਮਿੰਟ ਫੜਾਉਣ ਵਾਲੇ ਮਜ਼ਦੂਰ, ਪਲੰਬਰ, ਤਰਖਾਣ, ਵੈਲਡਰ, ਇਲੈਕਟ੍ਰੀਸ਼ਨ ਆਦਿ ਕਰਨ ਵਾਲਾ ਅਤੇ ਕਿਸੇ ਸਰਕਾਰੀ, ਅਰਧ ਸਰਕਾਰੀ ਜਾਂ ਪ੍ਰਾਈਵੇਟ ਅਦਾਰੇ ਵਿੱਚ ਆਊਟਸੋਰਸ ਕਾਮੇ ਜੋ ਕਿ ਇਮਾਰਤਾਂ, ਸੜਕਾਂ, ਨਹਿਰਾਂ, ਬਿਜਲੀ ਦੇ ਉਤਪਾਦਨ ਜਾਂ ਵੰਡ, ਰੇਲ, ਹਵਾਈ ਅੱਡੇ ਆਦਿ ਵਿਖੇ ਉਸਾਰੀ, ਮੁਰੰਮਤ, ਰੱਖ-ਰਖਾਅ ਜਾਂ ਭੰਨ-ਤੋੜ ਦੇ ਕੰਮ ਲਈ ਕੁਸ਼ਲ/ਅਰਧ ਕੁਸ਼ਲ ਕਾਰੀਗਰ ਦੇ ਤੌਰ 'ਤੇ ਤਨਖਾਹ ਜਾਂ ਮਿਹਨਤਾਨਾ ਲੈ ਕੇ ਕੰਮ ਕਰਨ ਵਾਲਾ ਵਿਅਕਤੀ ਉਸਾਰੀ ਕਿਰਤੀ ਅਖਵਾਉਂਦਾ ਹੈ। ਉਸਾਰੀ ਕਿਰਤੀ ਰਜਿਸਟਰਡ ਹੋਣ ਲਈ ਲਾਭਪਾਤਰੀ ਦੀ ਉਮਰ 18 ਸਾਲ ਤੋਂ 60 ਸਾਲ ਦੇ ਵਿਚਕਾਰ ਹੋਵੇ ਅਤੇ ਪਿਛਲੇ 12 ਮਹੀਨਿਆਂ ਦੌਰਾਨ ਪੰਜਾਬ ਵਿੱਚ 90 ਦਿਨ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ, ਉਹ ਸੇਵਾ ਕੇਂਦਰ ਰਾਹੀ ਰਜਿਸਟ੍ਰੇਸ਼ਨ ਅਪਲਾਈ ਕਰ ਸਕਦਾ ਹੈ ਅਤੇ ਬੋਰਡ ਨਾਲ ਰਜਿਸਟ੍ਰਡ ਹੋਣ ਉਪਰੰਤ ਉਪਰੋਕਤ ਸਕੀਮਾਂ ਦਾ ਲਾਭ ਲੈ ਸਕਦਾ ਹੈ।ਉਪ-ਮੰਡਲ ਮੈਜਿਸਟ੍ਰੇਟ, ਡੇਰਾਬੱਸੀ ਹਿਮਾਂਸ਼ੂ ਗੁਪਤਾ ਵਲੋਂ ਮੀਟਿੰਗ ਵਿੱਚ ਹਾਜ਼ਰ ਵੱਖ-ਵੱਖ ਵਿਭਾਗਾ ਦੇ ਨੁਮਾਇੰਦਿਆਂ ਜਿਵੇਂ ਕਿ ਨਗਰ ਕੌਂਸਲ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਲੋਕ ਨਿਰਮਾਣ ਵਿਭਾਗ, ਪੰਚਾਇਤੀ ਰਾਜ ਡੇਰਾਬੱਸੀ ਨੂੰ ਹਦਾਇਤ ਕੀਤੀ ਗਈ ਕਿ ਉਹ ਉਨ੍ਹਾਂ ਦੇ ਵਿਭਾਗਾਂ ਅਧੀਨ ਕੰਮ ਕਰਦੇ ਉਸਾਰੀ ਨਾਲ ਸੰਬੰਧਤ ਠੇਕੇਦਾਰਾਂ ਦੇ ਕਿਰਤੀਆਂ ਨੂੰ ਵੱਧ ਤੋਂ ਵੱਧ ਰਜਿਸਟ੍ਰਡ ਕਰਵਾਉਣ। ਉਪ-ਮੰਡਲ ਮੈਜਿਸਟ੍ਰੇਟ ਵਲੋਂ ਦੱਸਿਆ ਗਿਆ ਕਿ ਆਉਣ ਵਾਲੇ ਦਿਨਾਂ ਵਿੱਚ ਵੱਧ ਤੋਂ ਵੱਧ ਕੈਂਪ ਲਾ ਕੇ ਉਸਾਰੀ ਕਿਰਤੀਆਂ ਨੂੰ ਰਜਿਸਟ੍ਰਡ ਕੀਤਾ ਜਾਏਗਾ ਅਤੇ ਬੋਰਡ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਗਰੂਕ ਕੀਤਾ ਜਾਵੇਗਾ।

## ਬਰਸਾਤੀ ਮੌਸਮ ਦੇ ਮੱਦੇਨਜ਼ਰ ਹੈਲਪਲਾਈਨ ਨੰਬਰ ਜਾਰੀ

**ਜਲੰਧਰ ( ਸ਼ੈਲੀ ਐਲਬਰਟ)**-ਬਰਸਾਤੀ ਮੌਸਮ ਦੌਰਾਨ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਅਸਰਦਾਰ ਢੰਗ ਨਾਲ ਰੋਕਥਾਮ ਤੋਂ ਇਲਾਵਾ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਪ੍ਰਸ਼ਾਸਨ ਵੱਲੋਂ ਹੈਲਪਲਾਈਨ ਨੰਬਰ 0181-2242587 ਜਾਰੀ ਕੀਤਾ ਗਿਆ ਹੈ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਇਹ ਉਪਰਾਲਾ ਬਰਸਾਤ ਦੇ ਮੌਸਮ ਵਿੱਚ ਪਾਣੀ ਅਤੇ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਅਤੇ ਆਮ ਲੋਕਾਂ ਦੀ ਸਹੂਲਤ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬਰਸਾਤੀ ਪਾਣੀ ਜਮ੍ਹਾ ਹੋਣ, ਸੜਕਾਂ ਤੇ ਘਰਾਂ ਦੇ ਨੁਕਸਾਨ ਆਦਿ ਕਿਸੇ ਵੀ ਤਰ੍ਹਾਂ ਦੀ ਦਿੱਕਤ ਸਬੰਧੀ ਸੂਚਿਤ ਕਰਨ ਲਈ ਲੋਕ ਇਸ ਫੋਨ ਨੰਬਰ 'ਤੇ ਸੰਪਰਕ ਕਰ ਸਕਦੇ ਹਨ।ਇਸ ਤੋਂ ਇਲਾਵਾ ਸ਼ਹਿਰ ਵਿੱਚ ਦੂਸ਼ਿਤ ਪਾਣੀ ਦੀ ਸਪਲਾਈ ਅਤੇ ਅਜਿਹੀ ਕਿਸੇ ਵੀ ਸਮੱਸਿਆ ਸਬੰਧੀ ਰਿਪੋਰਟ ਕਰਨ ਲਈ ਜਲੰਧਰ ਨਗਰ ਨਿਗਮ ਵੱਲੋਂ ਜਾਰੀ ਵਟਸਐਪ ਨੰਬਰ 90415-83252 ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਹੈਲਪਲਾਈਨ ਅਤੇ ਵਟਸਐਪ ਨੰਬਰ ਦੋਵਾਂ 'ਤੇ ਪ੍ਰਾਪਤ ਹੋਣ ਵਾਲੀ ਸੂਚਨਾ ਸਬੰਧੀ ਬਣਦੀ ਕਰਵਾਈ ਤੁਰੰਤ ਅਮਲ ਵਿੱਚ ਲਿਆਉਣ ਲਈ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪੇਸ਼ ਆਉਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਤਿਆਰ ਹੈ।ਇਸ ਮੰਤਵ ਲਈ ਸਬੰਧਤ ਵਿਭਾਗਾਂ ਨੂੰ ਜਲ ਸਪਲਾਈ ਅਤੇ ਸੀਵਰੇਜ ਦੀਆਂ ਪਾਈਪਾਂ ਦੀ ਮੁਰੰਮਤ, ਸੀਵਰੇਜ ਸਿਸਟਮ ਦੀ ਸਫਾਈ, ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਕਲੋਰੀਨੇਸ਼ਨ, ਫੋਗਿੰਗ ਸਮੇਤ ਰੋਕਥਾਮ ਸਬੰਧੀ ਹੋਰ ਉਪਾਅ ਕਰਨ ਦੇ ਦਿਸ਼ਾ-ਨਿਰਦੇਸ਼ ਪਹਿਲਾਂ ਹੀ ਦਿੱਤੇ ਜਾ ਚੁੱਕੇ ਹਨ।

# ਚਿੱਟੇ ਦਿਨ ਦੂਜੀ ਵਾਰ ਚੋਰੀ ਦੀ ਕੋਸ਼ਿਸ਼



**ਭੁਲੱਥ (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ ਦੇ ਮੁਹੱਲਾ ਕਮਰਾਏ 'ਚ ਕੁੱਝ ਦਿਨ ਪਹਿਲਾਂ ਚੋਰਾਂ ਵੱਲੋਂ ਚਿੱਟੇ ਦਿਨ ਇਕ ਘਰ 'ਚ ਦਾਖਲ ਹੋ ਕੇ ਚੋਰੀ ਦੀ ਵਰਦਾਤ ਨੂੰ ਅੰਜ਼ਾਮ ਦੀ ਦਿੰਦਿਆਂ 30 ਹਜ਼ਾਰ ਰੁਪਏ ਨਕਦੀ, ਸੋਨੇ ਦੀਆਂ ਵਾਲੀਆਂ, ਅੰਗੂਠੀ ਤੇ ਚਾਰ ਪਤੀਲੇ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਸੀ। ਦੁਬਾਰਾ ਫਿਰ ਬੀਤੇ ਕੱਲ੍ਹ ਚਿੱਟੇ ਦਿਨ ਦੋ ਲੁਟੇਰਿਆਂ ਵਲੋਂ ਘਰ ਦਾ ਦਰਵਾਜ਼ਾ ਜ਼ੋਰ ਜ਼ੋਰ ਦੀ ਖੜਕਾਇਆ ਗਿਆ ਤੇ ਭੰਨਣ ਦੀ ਵੀ ਕੋਸ਼ਿਸ਼ ਕੀਤੀ। ਘਰ ਦੇ ਮਾਲਕ ਅਨਿਲ ਬਹਿਠਾ ਨੇ ਦਸਿਆ ਕਿ ਉਸਦਾ ਪਰਵਾਰ ਘਰ ਵਿਚ ਸੀ ਤੇ ਉਹ ਆਪ ਛੋਲੇ ਭਟੂਰੇ ਵੇਚਣ ਦਾ ਕੰਮ ਕਰਦਾ ਹੈ, ਜੋ ਆਪਣੀ ਰੇਹੜੀ ਲੈ ਕੇ ਗਿਆ ਹੋਇਆ ਸੀ। ਬੱਚਿਆਂ ਨੇ ਜਦੋ ਰੌਲਾ ਪਾਇਆ ਤਾਂ ਚੋਰ ਫ਼ਰਾਰ ਹੋ ਗਏ। ਜੋ ਦੂਜੀ ਵਾਰ ਚੋਰੀ ਦੇ ਮਨਸੂਬੇ ਨਾਲ ਘਰ ਦਾ ਦਰਵਾਜ਼ਾ ਭੰਨ ਰਹੇ ਸਨ। ਅਨਿਲ ਕੁਮਾਰ ਬਹਿਠਾ ਨੇ ਪੁਲਸ ਪ੍ਰਸ਼ਾਸਨ ਤੋਂ ਇਨਸਾਫ਼ ਦੀ ਮੰਗ ਕਰਦਿਆਂ ਕਿਹਾ ਕਿ ਚੋਰਾਂ ਨੂੰ ਕਾਬੂ ਕਰਕੇ ਉਸਨੂੰ ਇਨਸਾਫ਼ ਦਿੱਤਾ ਜਾਵੇ। ਇਸ ਮੌਕੇ ਅਨਿਲ ਕੁਮਾਰ ਬਹਿਠਾ ਦੀ ਪਤਨੀ ਰੂਬੀ ਦੇਵੀ, ਨੀਲਮ ਦੇਵੀ ਤੇ ਅਬਦੇਸ਼ ਯਾਦਵ ਹਾਜ਼ਰ ਸਨ।

# ਇਕ ਵਿਅਕਤੀ ਦੇ ਨਸ਼ੇੜੀ ਹੋਣ ਨਾਲ ਪੂਰਾ ਪਰਵਾਰ ਹੁੰਦਾ ਹੈ ਪ੍ਰਭਾਵਤ : ਐੱਸ ਐੱਚ ਓ




**ਫਗਵਾੜਾ (ਡਾ. ਰਮਨ)** ਪਿੰਡ ਸਾਹਨੀ ਵਿਖੇ ਲਗਾਏ ਗਏ ਸਰਕਾਰ ਤੁਹਾਡੇ ਦੁਆਰ ਕੈਂਪ ਦੌਰਾਨ ਥਾਣਾ ਰਾਵਲਪਿੰਡੀ ਪੁਲਿਸ ਵਲੋਂ ਨਸ਼ਿਆਂ ਖਿਲਾਫ ਜਾਗਰੂਕਤਾ ਮੁਹਿਮ ਤਹਿਤ ਐਸ.ਐਚ.ਓ. ਮਨਜੀਤ ਸਿੰਘ ਦੀ ਅਗਵਾਈ ਹੇਠ ਕਰੀਬ 25 ਪਿੰਡਾਂ ਦੀਆਂ ਪੰਚਾਇਤਾਂ ਅਤੇ ਆਮ ਨਾਗਰਿਕਾਂ ਨੂੰ ਜਾਗਰੂਕ ਕੀਤਾ ਗਿਆ। ਐਸ.ਐਚ.ਓ. ਮਨਜੀਤ ਸਿੰਘ ਨੇ ਹਾਜਰੀਨ ਨੂੰ ਨਸ਼ਿਆਂ ਦੇ ਸਿਹਤ ਲਈ ਹਾਨੀਕਾਰਕ ਪ੍ਰਭਾਵਾਂ ਬਾਰੇ ਦੱਸਦਿਆਂ ਕਿਹਾ ਕਿ ਜੇਕਰ ਪਰਵਾਰ ਵਿਚ ਕੋਈ ਇਕ ਵਿਅਕਤੀ ਨਸ਼ੇ ਦਾ ਆਦੀ ਹੋ ਜਾਵੇ ਤਾਂ ਉਸ ਨਾਲ ਪੂਰਾ ਪਰਵਾਰ ਪ੍ਰਭਾਵਿਤ ਹੁੰਦਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੁਲਸ ਵਿਭਾਗ ਵਲੋਂ ਜਿੱਥੇ ਨਸ਼ਾ ਤਸਕਰਾਂ ਦੇ ਖਿਲਾਫ ਵੱਡੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ, ਉੱਥੇ ਹੀ ਨਸ਼ੇ ਦੇ ਆਦੀ ਲੋਕਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਨਸ਼ਾ ਛੁਡਾਉ ਕੇਂਦਰਾਂ 'ਚ ਭਰਤੀ ਕਰਵਾਇਆ ਜਾ ਰਿਹਾ ਹੈ ਤਾਂ ਜੋ ਉਹ ਆਪਣਾ ਇਲਾਜ ਕਰਵਾ ਕੇ ਮੁੜ ਤੋਂ ਚੰਗੇ ਨਾਗਰਿਕ ਵਜੋਂ ਜਿੰਦਗੀ ਬਤੀਤ ਕਰ ਸਕਣ। ਉਹਨਾਂ ਸਮੂਹ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨਸ਼ਾ ਕਾਰੋਬਾਰੀ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਬਿਨਾਂ ਝਿਜਕ ਪੁਲਸ ਨਾਲ ਸਾਂਝੀ ਕੀਤੀ ਜਾਵੇ ਤਾਂ ਜੋ ਸਮਾਂ ਰਹਿੰਦੇ ਬਣਦੀ ਕਾਨੂੰਨੀ ਕਾਰਵਾਈ ਕਰਕੇ ਨੌਜਵਾਨਾਂ ਨੂੰ ਨਸ਼ੇ ਦੀ ਲਤ ਦਾ ਸ਼ਿਕਾਰ ਹੋਣ ਤੋਂ ਬਚਾਇਆ ਜਾ ਸਕੇ। ਇਸ ਮੌਕੇ ਹਰਮੇਸ਼ ਪਾਲ ਸਿੰਘ, ਦੇਸਰਾਜ ਝਮਟ, ਚੂੰਨੀ ਰਾਮ ਨਿੱਕਾ, ਮੁਕੇਸ਼ ਕੁਮਾਰ, ਅਮਰਜੀਤ ਕੌਰ ਢਿੱਲੋਂ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜਰ ਸਨ।

# ਊਸ਼ਾ ਪਰਮਾਰ ਨੇ ਗੋਇਨਕਾ ਸਕੂਲ ਵਿਖੇ ਪ੍ਰਿੰਸੀਪਲ ਦਾ ਅਹੁਦਾ ਸੰਭਾਲਿਆ



**ਕਪੂਰਥਲਾ ( ਹਨੀ )** ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਊਸ਼ਾ ਪਰਮਾਰ ਵੱਲੋਂ ਬਤੌਰ ਪ੍ਰਿੰਸੀਪਲ ਦਾ ਅਹੁਦਾ ਸੰਭਾਲਣ ਸਮੇਂ ਸਵਾਗਤੀ ਸਮਾਗਮ ਦਾ ਆਯੋਜਨ ਕੀਤਾ ਗਿਆ।ਸਕੂਲ ਦੇ ਸਮੂਹ ਸਟਾਫ ਮੈਂਬਰਾਂ ਨੇ ਊਸ਼ਾ ਪਰਮਾਰ ਵੱਲੋਂ ਪ੍ਰਿੰਸੀਪਲ ਵਜੋਂ ਸੇਵਾਵਾਂ ਸ਼ੁਰੂ ਕਰਨ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਜੀ ਆਇਆਂ ਕਿਹਾ।ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ ਅਤੇ ਸੈਕਟਰੀ ਪਰਮਿੰਦਰ ਕੌਰ ਨੇ ਮੈਡਮ ਪਰਮਾਰ ਨੂੰ ਮੁਬਾਰਕਬਾਦ ਦਿੰਦਿਆ ਕਿਹਾ ਕਿ ਅਦਾਰਾ ਨਵ ਨਿਯੁਕਤ ਪ੍ਰਿੰਸੀਪਲ ਦੀ ਅਗਵਾਈ ਵਿਚ ਹੋਰ ਤਰੱਕੀ ਕਰੇਗਾ।ਜ਼ਿਕਰਯੋਗ ਹੈ ਕਿ ਮੈਡਮ ਪਰਮਾਰ ਸਿੱਖਿਆ ਦੇ ਖੇਤਰ ਦੀ ਇੱਕ ਨਾਮਵਰ ਸ਼ਖਸੀਅਤ ਹਨ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਕੋਲ ਵੱਖ-ਵੱਖ ਸਕੂਲਾਂ ਵਿੱਚ ਅਧਿਆਪਨ ਅਤੇ ਪ੍ਰਸ਼ਾਸਨ ਦਾ 27 ਸਾਲਾਂ ਦਾ ਵਿਸ਼ਾਲ ਤਜਰਬਾ ਹੈ।ਉਨ੍ਹਾਂ ਵੱਖ-ਵੱਖ ਲੀਡਰਸ਼ਿਪ ਅਹੁਦਿਆਂ 'ਤੇ ਕੰਮ ਕੀਤਾ ਹੈ। ਆਪਣੀ ਨਿਯੁਕਤੀ 'ਤੇ ਸ਼੍ਰੀਮਤੀ ਪਰਮਾਰ ਨੇ ਸਕੂਲ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੰਸਥਾ ਵਿੱਚ ਬਤੌਰ ਪ੍ਰਿੰਸੀਪਲ ਸੇਵਾ ਨਿਭਾਉਣਾ ਮੇਰੇ ਲਈ ਬੜੇ ਮਾਣ ਵਾਲੀ ਗੱਲ ਹੈ। ਉਹਨਾ ਕਿਹਾ ਸੰਸਥਾ ਅਤੇ ਵਿਦਿਆਰਥੀਆਂ ਨੂੰ ਸਫਲਤਾ ਦੀਆਂ ਬੁਲੰਦੀਆਂ 'ਤੇ ਪਹੁੰਚਾਉਣ ਲਈ ਉਹ ਸਖਤ ਮਿਹਨਤ ਕਰਨਗੇ।

# ਡਰੱਗ ਕੰਟਰੋਲ ਅਧਿਕਾਰੀ ਬੜੀ ਦੇਰ ਬਾਅਦ ਨੀਂਦ ਤੋਂ ਜਾਗੇ : ਬਾਲੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਸੰਘਰਸ਼ ਕਮੇਟੀ ਦੇ ਪ੍ਰਧਾਨ ਕਰਮਵੀਰ ਬਾਲੀ ਨੇ ਡਰੱਗ ਕੰਟਰੋਲ ਅਫਸਰ ਗੁਰਜੀਤ ਸਿੰਘ ਰਾਜਾ ਵੱਲੋਂ ਸੈਲਾ ਖੁਰਦ ਦੇ ਇੱਕ ਮੈਡੀਕਲ ਸਟੋਰ ਤੋਂ ਵੱਡੀ ਮਾਤਰਾ ਵਿੱਚ ਪਾਬੰਦੀਸ਼ੁਦਾ ਦਵਾਈਆਂ ਬਰਾਮਦ ਕੀਤੇ ਜਾਣ ਦਾ ਸਵਾਗਤ ਕੀਤਾ। ਕਰਮਵੀਰ ਬਾਲੀ ਨੇ ਕਿਹਾ ਕਿ ਪਾਬੰਦੀਸ਼ੁਦਾ ਦਵਾਈਆਂ ਸਿਰਫ ਸੈਲਾ ਖੁਰਦ ਵਿੱਚ ਹੀ ਨਹੀਂ ਬਲਕਿ ਪੂਰੇ ਪੰਜਾਬ ਵਿੱਚ ਵੇਚੀਆਂ ਜਾ ਰਹੀਆਂ ਹਨ ਪਰ ਡਰੱਗ ਕੰਟਰੋਲ ਅਧਿਕਾਰੀ ਹੁਣ ਨੀਂਦ ਤੋਂ ਜਾਗੇ ਹਨ।ਕਰਮਵੀਰ ਬਾਲੀ ਨੇ ਕਿਹਾ ਕਿ ਜੀਵਨ ਰੱਖਿਅਕ ਦਵਾਈਆਂ ਨਾਲੋਂ ਜ਼ਿਆਦਾ ਪਾਬੰਦੀਸ਼ੁਦਾ ਦਵਾਈਆਂ ਦਾ ਵਪਾਰ ਹੋ ਰਿਹਾ ਹੈ ਪਰ ਸਿਹਤ ਵਿਭਾਗ ਸੁੱਤਾ ਪਿਆ ਹੈ। ਜੇਕਰ ਪੁਲਸ ਅਤੇ ਸਿਹਤ ਵਿਭਾਗ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾਉਂਦੇ ਹਨ ਅਤੇ ਪਾਬੰਦੀਸ਼ੁਦਾ ਦਵਾਈਆਂ ਵੇਚਣ ਵਾਲਿਆਂ ਦੇ ਲਾਇਸੈਂਸ ਰੱਦ ਕਰ ਦਿੰਦੇ ਹਨ ਤਾਂ ਉਹ ਦਿਨ ਦੂਰ ਨਹੀਂ ਜਦੋਂ ਪਾਬੰਦੀਸ਼ੁਦਾ ਦਵਾਈਆਂ ਦੇ ਵਪਾਰ 'ਤੇ ਰੋਕ ਲੱਗ ਜਾਵੇਗੀ। ਇਸ ਲਈ ਸਿਹਤ ਵਿਭਾਗ ਨੂੰ ਸਖਤ ਕਦਮ ਚੁੱਕਣ ਦੀ ਲੋੜ ਹੈ। ਇਸ ਮੌਕੇ ਨਿਰਮਲ ਸਿੰਘ, ਨਵਲ ਕਿਸ਼ੋਰ ਕਾਲੀਆ, ਗੁੱਡੂ ਸਿੰਘ, ਵਿਪਨ ਕੁਮਾਰ, ਪ੍ਰਦੀਪ ਕੁਮਾਰ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

# ਸੱਭਿਆਚਾਰ 'ਚ ਵਧ ਰਹੇ ਪ੍ਰਦੂਸ਼ਣ ਵਿਰੁੱਧ ਡਾ. ਰਾਜ ਕੁਮਾਰ ਚੱਬੇਵਾਲ ਨੂੰ ਸੌਂਪਿਆ ਮੈਮੋਰੰਡਮ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ ਪੰਜਾਬ (ਇਪਟਾ) ਪੰਜਾਬ ਪ੍ਰਧਾਨ ਸੰਜੀਵਨ ਸਿੰਘ ਅਤੇ ਸਕੱਤਰ ਇੰਦਰਜੀਤ ਰਾਰੂਪੋਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੱਭਿਆਚਾਰ ਵਿੱਚ ਵੱਧ ਰਹੇ ਪ੍ਰਦੂਸ਼ਣ ਵਿਰੁੱਧ ਸੰਸਦ ਵਿੱਚ ਆਵਾਜ਼ ਬੁਲੰਦ ਕਰਨ ਲਈ ਹੁਸ਼ਿਆਰਪੁਰ ਤੋਂ ਐਮ ਪੀ ਡਾ. ਰਾਜ ਕੁਮਾਰ ਚੱਬੇਵਾਲ ਨੂੰ ਉਨ੍ਹਾਂ ਦੇ ਦਫ਼ਤਰ ਵਿੱਚ ਇੱਕ ਮੈਮੋਰੰਡਮ ਸੌਂਪਿਆ ਗਿਆ।ਇਸ ਮੌਕੇ ਅਸ਼ੋਕ ਪੁਰੀ ਦੇ ਨਾਲ ਬਲਜਿੰਦਰ ਮਾਨ, ਗੁਰਮੇਲ ਧਾਲੀਵਾਲ, ਰਮੇਸ਼ ਕੁਮਾਰ, ਅੰਮ੍ਰਿਤ ਲਾਲ ਅਤੇ ਸੁਖਦੇਵ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਇਸ ਮੌਕੇ ਬਹੁਰੰਗ ਕਲਾ ਮੰਚ ਹੁਸ਼ਿਆਰਪੁਰ ਦੇ ਡਾਇਰੈਕਟਰ ਅਸ਼ੋਕ ਪੁਰੀ ਨੇ ਕਿਹਾ ਕਿ ਸੱਭਿਆਚਾਰਕ ਪ੍ਰੋਗਰਾਮਾਂ ਦਾ ਸਿੱਧਾ ਅਸਰ ਸਮਾਜ 'ਤੇ ਪੈਂਦਾ ਹੈ ਅਤੇ ਅੱਜ-ਕੱਲ੍ਹ ਪੰਜਾਬੀ ਗੀਤਾਂ ਅਤੇ ਫਿਲਮਾਂ 'ਚ ਹਥਿਆਰਾਂ ਅਤੇ ਅਸ਼ਲੀਲਤਾ ਦਾ ਪ੍ਰਦਰਸ਼ਨ ਬਹੁਤ ਵੱਧ ਗਿਆ ਹੈ, ਜਿਸ ਨੂੰ ਰੋਕਣ ਲਈ ਸਰਕਾਰ ਨੂੰ ਕਾਨੂੰਨ ਬਣਾਉਣਾ ਚਾਹੀਦਾ ਹੈ। ਬਲਜਿੰਦਰ ਮਾਨ ਨੇ ਕਿਹਾ ਕਿ ਅੱਜ ਅਸੀਂ ਡਾ. ਰਾਜ ਕੁਮਾਰ ਰਾਹੀਂ ਸੰਸਦ 'ਚ ਸੱਭਿਆਚਾਰਕ ਪ੍ਰਦੂਸ਼ਣ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨ ਲਈ ਮੈਮੋਰੰਡਮ ਦੇ ਰਹੇ ਹਾਂ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੈਂ ਜਾਣਦਾ ਹਾਂ ਕਿ ਅਸ਼ੋਕ ਪੁਰੀ ਅਤੇ ਉਨ੍ਹਾਂ ਦੇ ਸਾਥੀ ਪਿਛਲੇ 30 ਸਾਲਾਂ ਤੋਂ ਸਮਾਜ ਵਿੱਚ ਚੰਗੀਆਂ ਕਦਰਾਂ-ਕੀਮਤਾਂ ਪੈਦਾ ਕਰਨ ਲਈ ਯਤਨਸ਼ੀਲ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਸੰਸਦ ਵਿੱਚ ਇਸ ਮੁੱਦੇ ਦੀ ਵਕਾਲਤ ਕਰਨਗੇ। ਉਨ੍ਹਾਂ ਕਿਹਾ ਕਿ ਕਲਾਕਾਰ ਸੱਭਿਆਚਾਰ ਦੇ ਅੰਬੈਸੇਡਰ ਹੁੰਦੇ ਹਨ ਅਤੇ ਜੇਕਰ ਕਿਸੇ ਕਲਾਕਾਰ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਬੇਝਿਜਕ ਹੋ ਕੇ ਮੇਰੇ ਨਾਲ ਸੰਪਰਕ ਕਰ ਸਕਦਾ ਹੈ।ਇਸ ਮੌਕੇ ਅਸ਼ੋਕ ਪੁਰੀ ਨੇ ਗੁਰਮੇਲ ਧਾਲੀਵਾਲ (ਬੁੱਲ੍ਹੋਵਾਲ), ਬਲਜਿੰਦਰ ਮਾਨ , ਸੁਖਦੇਵ ਕੁਮਾਰ (ਮਾਹਿਲਪੁਰ), ਰਮੇਸ਼ ਕੁਮਾਰ ਅਤੇ ਅੰਮ੍ਰਿਤ ਲਾਲ (ਹੁਸ਼ਿਆਰਪੁਰ) ਦੇ ਨਾਲ ਐਮ.ਪੀ. ਡਾ. ਰਾਜ ਕੁਮਾਰ ਚੱਬੇਵਾਲ ਦਾ ਧੰਨਵਾਦ ਕੀਤਾ।

## ਚੱਬੇਵਾਲ ਨੂੰ ਸੰਯੁਕਤ ਮੋਰਚੇ ਨੇ ਸੌਂਪੇ ਦੋ ਮੰਗ ਪੱਤਰ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ )**—ਇਥੇ ਰਾਜ ਕੁਮਾਰ ਐਮ ਪੀ ਹਲਕਾ ਹੁਸ਼ਿਆਰਪੁਰ ਦੇ ਘਰ ਕਿਸਾਨ ਆਗੂ ਵੱਡੀ ਗਿਣਤੀ ਵਿੱਚ ਵਿੱਚ ਐਸ ਕੇ ਐਮ ਦੀ ਅਗਵਾਈ ਵਿੱਚ ਪਹੁੰਚੇ। ਜੰਗਵੀਰ ਸਿੰਘ ਮੈਂਬਰ ਐਸ ਕੇ ਐਮ ਦੇ ਮੈਂਬਰਾਂ ਜੰਗਵੀਰ ਸਿੰਘ ਤੇ ਹਰਬੰਸ ਸਿੰਘ ਸੰਘਾ ਦੀ ਅਗਵਾਈ ਵਿੱਚ ਰਾਜ ਕੁਮਾਰ ਨੂੰ ਦੋ ਮੰਗ ਪੱਤਰ ਸੌਂਪੇ ਗਏ। ਐਮ ਪੀ ਨਾਲ ਸਾਰੀਆਂ ਕਿਸਾਨ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਉਹਨਾਂ ਤੋਂ ਮੰਗ ਕੀਤੀ ਗਈ ਕਿ ਉਹ ਸਾਰੀਆਂ ਕਿਸਾਨ ਮੰਗਾਂ ਬਾਰੇ ਚਾਲੂ ਪਾਰਲੀਮੈਂਟ ਸੈਸ਼ਨ ਵਿੱਚ ਮੁੱਦਾ ਉਠਾਉਣ। ਇਸ ਮੌਕੇ ਪ੍ਰਿਤਪਾਲ ਸਿੰਘ ਗੁਰਾਇਆ, ਅਵਤਾਰ ਸਿੰਘ ਪਲਾਕੀ ਸਰਕਲ ਪ੍ਰਧਾਨ, ਰਣਜੀਤ ਸਿੰਘ ਬਾਜਵਾ, ਬਲਵੀਰ ਸਿੰਘ ਸੋਹੀਆਂ, ਪਰਗਨ ਸਿੰਘ, ਸਾਬਾ ਢਡਿਆਲਾ, ਬਲਜੀਤ ਸਿੰਘ ਸ਼ਨੀ ਨੰਦ ਸਿੰਘ, ਪਵਿੱਤਰ ਸਿੰਘ ਧੁੱਗਾ ਬੀਕੇਯੂ ਕਾਦੀਆ, ਗੋਗਾ ਬਾਜਵਾ,ਾ ਸੁਖਦੇਵ ਸਿੰਘ ਕਾਹਰੀ, ਰੁਘਵਿੰਦਰ ਸਿੰਘ ਕਾਹਰੀ, ਜੋਗਾ ਸਿੰਘ ਸਾਹਰੀ, ਬਲਜੀਤ ਸਿੰਘ ਸਾਹਰੀ, ਦੱਵਿੰਦਰ ਸਿੰਘ ਕਕੋਂ, ਓਮ ਸਿੰਘ, ਸੋਢੀ ਕਾਹਰੀ, ਦਰਸ਼ਨ ਸਿੰਘ ਮਟੂ, ਗੁਰਨੇਕ ਸਿੰਘ ਭਜਲ, ਮਲਕੀਤ ਸਿੰਘ ਸਲੇਮਪੁਰ, ਮੰਗਤ ਸਿੰਘ ਹੁਸ਼ਿਆਰਪੁਰੀ ਅਤੇ ਗੁਰਚਰਨ ਸਿੰਘ ਆਦਿ ਸ਼ਾਮਲ ਸਨ।

# ਜ਼ਿਲ੍ਹੇ 'ਚ ਸੀਵਰੇਜ ਤੇ ਜਲ ਸਪਲਾਈ ਪਾਈਪ ਲਾਈਨਾਂ ਦੀ ਲੋੜੀਂਦੀ ਮੁਰੰਮਤ ਯਕੀਨੀ ਬਣਾਉਣ ਦੇ ਨਿਰਦੇਸ਼



**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** - ਮਾਨਸੂਨ ਸੀਜ਼ਨ ਦੇ ਮੱਦੇਨਜ਼ਰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਹਿਮ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਨਗਰ ਨਿਗਮ ਨੂੰ ਸ਼ਹਿਰ ਭਰ ਵਿੱਚ ਜਲ ਸਪਲਾਈ ਅਤੇ ਸੀਵਰੇਜ ਦੀਆਂ ਪਾਈਪਾਂ ਦੀ ਮੁਰੰਮਤ ਕਰਵਾਉਣ ਲਈ ਕਿਹਾ।ਜਲੰਧਰ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਸਮੇਤ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਾ. ਅਗਰਵਾਲ ਨੇ ਸੀਵਰੇਜ ਅਤੇ ਜਲ ਸਪਲਾਈ ਪਾਈਪ ਲਾਈਨਾਂ ਵਿੱਚ ਲੀਕੇਜ ਦੀ ਜਾਂਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨਗਰ ਕੌਂਸਲਾਂ ਦੇ ਕਾਰਜਸਾਧਕ ਅਫ਼ਸਰਾਂ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗਾਂ ਦੇ ਅਧਿਕਾਰੀਆਂ ਨੂੰ ਅਜਿਹੀ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਇਨ੍ਹਾਂ ਸਮੱਸਿਆਵਾਂ ਬਾਰੇ ਤੁਰੰਤ ਸੂਚਨਾ ਅਤੇ ਹੱਲ ਦੀ ਸਹੂਲਤ ਲਈ ਨਗਰ ਨਿਗਮ ਜਲੰਧਰ ਵੱਲੋਂ ਹੈਲਪਲਾਈਨ ਨੰਬਰ 0181-224-2587 ਵੀ ਜਾਰੀ ਕੀਤਾ ਹੈ।ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਦਸਤ ਅਤੇ ਪਾਣੀ ਤੋਂ ਹੋਣ ਵਾਲੀਆਂ ਹੋਰ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਢੁੱਕਵੀਂ ਕਲੋਰੀਨੇਸ਼ਨ ਯਕੀਨੀ ਬਣਾਉਣ ਅਤੇ ਰੋਕਥਾਮ ਸਬੰਧੀ ਹੋਰ ਲੋੜੀਂਦੇ ਉਪਾਅ ਕਰਨ ਦੇ ਨਿਰਦੇਸ਼ ਦਿੱਤੇ।

# ਸਾਵਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**;-ਗੁਰਦੁਆਰਾ ਸਹੀਦ ਬਾਬਾ ਮੱਤੀ ਵਿਖੇ ਸਾਉਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ ਦੀ ਦੇਖ ਰੇਖ ਹੇਠ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਸਜੇ ਦੀਵਾਨ ਵਿੱਚ ਭਾਈ ਤਰਸੇਮ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ, ਕਥਾਵਾਚਕ ਭਾਈ ਕਿ ਪਾਲ ਸਿੰਘਤੱਲਣ ਵਾਲੇ, ਭਾਈ ਦਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਨਵਜੋਤ ਸਿੰਘ ਖਾਲਸਾ ਹੁਸ਼ਿਆਰਪੁਰ, ਢਾਡੀ ਜੱਥਾ ਭਾਈ ਸਵਿੰਦਰ ਸਿੰਘ ਅੰਮ੍ਰਿਤਸਰ ਸਾਹਿਬ ਵਾਲਿਆਂ ਵਲੋ ਸੰਗਤਾਂ ਨੂੰ ਕੀਰਤਨ ਕਥਾ ਅਤੇ ਢਾਡੀ ਵਾਰਾਂ ਰਾਹੀਂ ਗੁਰੂਬਾਣੀ ਨਾਲ ਨਿਹਾਲ ਕੀਤਾ। ਪਿੰਮਸ ਹਸਪਤਾਲ ਦੇ ਡਾਸਮੀ ਭੱਲਾ ਦੀ ਟੀਮ ਵਲੋਂ ਫਰੀ ਮੈਡੀਕਲ ਕੈਂਪ ਵੀ ਲਗਾਇਆ ਗਿਆ। ਠੰਢੇ ਮਿੱਠੇ ਜਲ ਦੀ ਅਤੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਹੁਰਾਂ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ, ਜਰਨੈਲ ਸਿੰਘ, ਸਰਪੰਚ ਰਸ਼ਪਾਲ ਸਿੰਘ ਪਾਲਾ, ਜਸਪਾਲ ਸਿੰਘ ਸਾਬਾ, ਨਰਿੰਦਰ ਪਾਲ ਸਿੰਘ ਨਿੰਦੀ,ਕੁਲਦੀਪ ਸਿੰਘ,ਹਰਦਿਆਲ ਸਿੰਘ,ਅਮਰਜੀਤ ਸਿੰਘ, ਸਹੀਦ ਬਾਬਾ ਮੱਤੀ ਰਾਜਪੂਤ ਸਭਾ ਦੇ ਪ੍ਰਧਾਨ ਜਰਨੈਲ ਸਿੰਘ ਨਡਾਲੋਂ, ਕੁਲਦੀਪ ਸਿੰਘ ਮਿਨਹਾਸ, ਦਲਜੀਤ ਸਿੰਘ ਭੱਟੀ ਆਦਿ ਹਾਜ਼ਰ ਸਨ।

## ਟੈਕਸੀ ਸਟੈਂਡ ਵਿਖੇ ਟ੍ਰੈਫਿਕ ਨਿਯਮਾਂ ਸਬੰਧੀ ਸੈਮੀਨਾਰ ਕਰਵਾਇਆ



**ਫਿਲੌਰ ( ਨਿਰਮਲ )** ਸੀਨੀਅਰ ਕਪਤਾਨ ਪੁਲਸ ਡਾ.ਅੰਕੁਰ ਗੁਪਤਾ ਆਈ.ਪੀ.ਐੱਸ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਗੁਰਜੀਤ ਪਾਲ ਡੀ.ਐੱਸ.ਪੀ ਹੈਡਕੁਆਟਰ/ਕਮ ਟ੍ਰੈਫਿਕ ਜਲੰਧਰ ਦਿਹਾਤੀ ਦੀ ਰਹਿਨੁਮਾਈ ਹੇਠ ਟਰੈਫਿਕ ਐਜੂਕੇਸ਼ਨ ਸੈੱਲ ਜਲੰਧਰ ਦਿਹਾਤੀ ਦੇ ਇੰਚਾਰਜ ਐਸ ਆਈ ਸੁਖਜਿੰਦਰ ਸਿੰਘ ਵਲੋਂ ਟੈਕਸੀ ਸਟੈਂਡ ਫਿਲੌਰ ਵਿਖੇ ਟਰੈਫਿਕ ਨਿਯਮਾਂ ਸਬੰਧੀ ਸੈਮੀਨਾਰ ਲਗਾਇਆ ਗਿਆ।ਜਿਸ ਦੌਰਾਨ ਟਰੈਫਿਕ ਐਜੂਕੇਸ਼ਨ ਸੈੱਲ.ਦੇ ਇੰਚਾਰਜ ਐਸ ਆਈ ਸੁਖਜਿੰਦਰ ਸਿੰਘ ਅਤੇ ਹੈੱਡ ਕਾਂਸਟੇਬਲ ਜਸਵੀਰ ਸਿੰਘ ਵਲੋਂ ਸਾਰੇ ਡਰਾਇਵਰਾਂ ਨੂੰ ਟਰੈਫਿਕ ਦੀ ਨਿਯਮਾਂ ਸਬੰਧੀ ਅਤੇ ਸਰਕਾਰ ਦੀਆਂ ਨਵੀਆਂ ਹਿਦਾਇਤਾਂ ਬਾਰੇ ਜਾਣੂ ਕਰਵਾਇਆ ਗਿਆ ਤੇ ਨਾਲ ਹੀ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕੀਤਾ।

# 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਮੂਨਕ ਖੁਰਦ ਵਿਖੇ ਲਗਾਇਆ ਸ਼ਿਕਾਇਤ ਨਿਵਾਰਨ ਕੈਂਪ



**ਟਾਂਡਾ ਉੜਮੁੜ (ਜਸਵਿੰਦਰ ਸਿੰਘ ਸੰਧੂ, ਉਂਕਾਰ ਸਿੰਘ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਵੱਖ-ਵੱਖ ਸਰਕਾਰੀ ਸੇਵਾਵਾਂ ਨੂੰ ਘਰ-ਘਰ ਪਹੁੰਚਾਉਣ ਲਈ ਸ਼ੁਰੂ ਕੀਤੀ ਗਈ 'ਆਪ ਦੀ ਸਰਕਾਰ, ਆਪ ਦੇ ਦੁਆਰ' ਮੁਹਿੰਮ ਤਹਿਤ ਜ਼ਿਲ੍ਹੇ ਦੀ ਸਬ-ਡਵੀਜ਼ਨ ਟਾਂਡਾ ਦੇ ਪਿੰਡ ਮੂਨਕ ਖੁਰਦ ਵਿਖੇ ਸ਼ਿਕਾਇਤ ਨਿਵਾਰਨ ਕੈਂਪ ਲਗਾਇਆ ਗਿਆ। ਇਸ ਦੌਰਾਨ ਹਲਕਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਇਸ ਕੈਂਪ ਦੀ ਸ਼ੁਰੂਆਤ ਕਰਦਿਆਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੈਠ ਕੇ ਇਲਾਕੇ ਦੇ 6 ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਦੌਰਾਨ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐਸ.ਡੀ.ਐਮ. ਟਾਂਡਾ ਵਿਓਮ ਭਾਰਦਵਾਜ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ। ਕੈਂਪ ਦੌਰਾਨ ਜਿੱਥੇ ਲੋਕਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਗਿਆ, ਉੱਥੇ ਹੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਗਿਆ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।ਵਿਧਾਇਕ ਉੜਮੁੜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਹਰ ਸਹੂਲਤ ਦੇਣ ਲਈ ਵਚਨਬੱਧ ਹੈ, ਜਿਸ ਲਈ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਇਹ ਉਪਰਾਲਾ ਸ਼ੁਰੂ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸ਼ਿਕਾਇਤ ਨਿਵਾਰਨ ਕੈਂਪਾਂ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀ ਲੋਕਾਂ ਤੱਕ ਪਹੁੰਚ ਕਰ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਅਧਿਕਾਰੀਆਂ ਕੋਲ ਜਾਣ ਦੀ ਲੋੜ ਨਹੀਂ ਹੈ, ਸਗੋਂ ਅਧਿਕਾਰੀ ਹੀ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰ ਰਹੇ ਹਨ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਕੈਂਪ ਦੌਰਾਨ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ ਤਾਂ ਜੋ ਥੋੜ੍ਹੇ ਸਮੇਂ ਵਿੱਚ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਮਾਲ ਵਿਭਾਗ, ਸਿਹਤ ਵਿਭਾਗ, ਪੰਚਾਇਤ ਵਿਭਾਗ, ਮਨਰੇਗਾ, ਸਮਾਜਿਕ ਸੁਰੱਖਿਆ ਵਿਭਾਗ, ਖੇਤੀਬਾੜੀ, ਬਿਜਲੀ, ਜੰਗਲਾਤ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਮੌਕੇ 'ਤੇ ਦਰਖਾਸਤ ਪ੍ਰਾਪਤ ਕਰਕੇ ਬਣਦੀ ਕਾਰਵਾਈ ਕੀਤੀ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਜਿਹੜੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਨਹੀਂ ਹੁੰਦਾ, ਉਨ੍ਹਾਂ ਦਾ ਨਿਪਟਾਰਾ ਸਮਾਂਬੱਧ ਤਰੀਕੇ ਨਾਲ ਕੀਤਾ ਜਾਵੇ। ਇਸ ਸਬੰਧੀ ਸਬੰਧਤ ਐਸ.ਡੀ.ਐਮ ਵੱਲੋਂ ਸ਼ਿਕਾਇਤਾਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਬਾਰੇ ਜਾਗਰੂਕ ਕਰਦਿਆਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਨਜ਼ਦੀਕੀ ਪੁਲਿਸ ਸਟੇਸ਼ਨ ਨੂੰ ਦਿਓ ਅਤੇ ਰਲ ਮਿਲ ਕੇ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖ਼ਤਮ ਕਰਨ ਵਿੱਚ ਮਦਦ ਕਰੋ। ਇਸ ਮੌਕੇ 'ਤੇ ਡੀ.ਐਸ.ਪੀ ਹਰਜੀਤ ਸਿੰਘ ਰੰਧਾਵਾ, ਨਾਇਬ ਤਹਿਸੀਲਦਾਰ ਗੁਰਪ੍ਰੀਤ ਸਿੰਘ, ਬਲਾਕ ਪ੍ਰਧਾਨ ਕੇਸ਼ਵ ਸੈਣੀ, ਅਤਵਰ ਸਿੰਘ, ਸਰਪੰਚ ਗੁਰਵਿੰਦਰ ਸਿੰਘ ਗੋਲਡੀ, ਇਕਬਾਲ ਸਿੰਘ ਸਾਬੀ, ਦਵਿੰਦਰ ਸਿੰਘ ਮੂਨਕ, ਨਿਰਮਲ ਸਿੰਘ ਕੁਰਾਲਾ, ਗੁਰਮੀਤ ਸਿੰਘ, ਜਰਨੈਲ ਸਿੰਘ, ਪਰਮਜੀਤ ਸਿੰਘ ਖਾਲਸਾ, ਪ੍ਰਦੀਪ ਸਿੰਘ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਬੀ ਐੱਸ ਐੱਫ 66 ਬਟਾਲੀਅਨ ਦੇ 2 ਆਈ ਸੀ ਦਾ ਫੂਕਿਆ ਪੁਤਲਾ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਸਰਬ ਭਾਰਤ ਨੌਜਵਾਨ ਸਭਾ ਦੇ ਅਹੁਦੇਦਾਰਾਂ ਨੇ ਅੱਜ ਭਾਰਤ ਪਾਕਿਸਤਾਨ ਦੇ ਬਾਰਡਰ ਪੱਟੀ ਦੇ ਪਿੰਡ ਤੇਜਾ ਰੁਹੇਲਾ ਦੇ ਗੇਟ ਨੰਬਰ 247-ਮੇਨ ਖੁਲ੍ਹਵਾਉਣ ਨੂੰ ਲੈ ਕੇ 2 ਆਈ ਸੀ ਮਨਮੋਹਨ ਸਿੰਘ ਰੰਧਾਵਾ ਦਾ ਪੁਤਲਾ ਫੂਕਿਆ ਗਿਆ।

ਇਸ ਮੌਕੇ ਕਾਮਰੇਡ ਸ਼ੁਬੇਗ ਝੰਗੜ ਭੈਣੀ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਉਕਤ ਗੇਟ ਨੂੰ ਲਗਾਤਾਰ ਖੁਲ੍ਹਵਾਉਣ ਨੂੰ ਲੈ ਕੇ ਉਨ੍ਹਾਂ ਦੀ ਜਥੇਬੰਦੀ ਦੇ ਬਲਾਕ ਸਕੱਤਰ ਸੀਤਾ ਸਿੰਘ ਦੀ ਬੀ ਐਸ ਐਫ ਦੇ ਪੋਸਟ ਕਮਾਂਡਰ ਅਤੇ ਕੰਪਨੀ ਕਮਾਂਡਰ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ, ਪਰ ਕੋਈ ਹੱਲ ਨਹੀਂ ਕੀਤਾ ਗਿਆ। ਜਿਸ ਤੋਂ ਬਾਅਦ ਬੀ ਐਸ ਐਫ ਦੇ 2 ਆਈ ਸੀ ਨਾਲ ਮੀਟਿੰਗ ਤਹਿ ਕੀਤੀ ਗਈ ਸੀ, ਪਰ ਅਧਿਕਾਰੀਆਂ ਨੇ ਉਨ੍ਹਾਂ ਨਾਲ ਮੀਟਿੰਗ ਨਹੀਂ ਕੀਤੀ। ਜਿਸ ਤੋਂ ਬਾਅਦ 2 ਆਈ ਸੀ ਨਾਲ ਸੀਤਾ ਸਿੰਘ ਨੇ ਫੋਨ 'ਤੇ ਗੱਲਬਾਤ ਕੀਤੀ ਤਾਂ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਬਹਾਨੇਬਾਜ਼ੀ ਅਤੇ ਮਖੌਲਬਾਜ਼ੀ ਕਰਦੇ ਹੋਏ ਫੋਨ ਕੱਟ ਦਿੱਤਾ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਤਾਂ ਕੀ ਕਰਨਾ, ਉਲਟਾ ਪ੍ਰੈਸ ਰਾਹੀਂ ਦਿੱਤੇ ਬਿਆਨ ਵਿੱਚ 2 ਆਈ ਸੀ ਨੇ ਉਨ੍ਹਾਂ ਦੇ ਆਗੂ 'ਤੇ ਦੂਸ਼ਣਬਾਜ਼ੀ ਲਗਾਉਣੀ ਸ਼ੁਰੂ ਕਰ ਦਿੱਤੀ। ਸ਼ੁਬੇਗ ਝੰਗੜ ਨੇ ਕਿਹਾ ਕਿ ਇਹ ਸਾਰਾ ਮਸਲਾ ਪਾਰਟੀ ਦੇ ਧਿਆਨ ਵਿੱਚ ਲਿਆਂਦਾ ਗਿਆ। ਜਿਸ ਤੋਂ ਬਾਅਦ ਪਾਰਟੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਪਿੰਡ ਤੇਜਾ ਰੁਹੇਲਾ ਵਿਖੇ ਉਕਤ ਅਧਿਕਾਰੀ ਦਾ ਪੁਤਲਾ ਫੂਕਿਆ ਗਿਆ । ਉਨ੍ਹਾਂ ਅੱਗੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਉਕਤ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਨ੍ਹਾਂ ਦਾ ਪੁਤਲਾ ਫੂਕ ਪ੍ਰਦਰਸ਼ਨ ਇਸੇ ਤਰ੍ਹਾਂ ਜਾਰੀ ਰਹੇਗਾ।ਇਸ ਮੌਕੇ ਕਾਮਰੇਡ ਗੁਰਦਿਆਲ ਸਿੰਘ, ਬਲਾਕ ਸਕੱਤਰ ਫਾਜ਼ਿਲਕਾ ਸੀਤਾ ਸਿੰਘ, ਮੰਗਲ ਸਿੰਘ, ਹਰਜਿੰਦਰ ਸਿੰਘ, ਸੰਦੀਪ ਸਿੰਘ, ਪਰਮਜੀਤ ਸਿੰਘ ਪੰਮਾ, ਸਵਰਨ ਕੌਰ, ਪਰਮਜੀਤ ਕੌਰ, ਨਿੰਮੋ ਬਾਈ, ਰਾਜ ਸਿੰਘ, ਛਣਕਾ ਸਿੰਘ, ਜਸਵੰਤ ਸਿੰਘ, ਮਾਂਘ ਸਿੰਘ ਅਤੇ ਹੋਰ ਹਾਜ਼ਰ ਸਨ।ਓਧਰ ਜਦੋਂ ਸਬੰਧਤ ਬੀ ਐੱਸ ਐੱਫ ਅਧਿਕਾਰੀ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਸਾਰੇ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਹੈੱਡ ਆਫਿਸ ਤੋਂ ਮਿਲੇ ਨਿਰਦੇਸ਼ਾਂ ਅਨੁਸਾਰ ਹੀ ਬੀ ਐੱਸ ਐੱਫ ਦਾ ਗੇਟ ਖੋਲ੍ਹਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੁਰੱਖਿਆ ਸਭ ਤੋਂ ਪਹਿਲਾਂ ਹੈ ਅਤੇ ਬਾਕੀ ਸਭ ਕੁਝ ਬਾਅਦ 'ਚ ਹੈ। ਦੇਸ਼ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

# ਡਾ. ਬੀ ਆਰ ਅੰਬੇਡਕਰ ਬਲੱਡ ਡੋਨਰ ਕਲੱਬ ਵੱਲੋਂ ਖ਼ੂਨਦਾਨ ਕੈਂਪ



**ਮਲੋਟ (ਓਮ ਪ੍ਰਕਾਸ਼ ਸ਼ੇਖੂ)**-ਡਾ. ਬੀ. ਆਰ. ਅੰਬੇਡਕਰ ਬਲੱਡ ਡੋਨਰ ਕਲੱਬ (ਰਜਿ.) ਮਲੋਟ ਦੇ ਪ੍ਰਧਾਨ ਸੰਦੀਪ ਖਟਕ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਲੱਬ ਦੇ ਸੀਨੀਅਰ ਸਲਾਕਾਰ ਸਵ. ਸ੍ਰੀ ਨਰੇਸ਼ ਚਰਾਇਆ ਦੇ ਜਨਮ ਦਿਨ ਮੌਕੇ ਉਨ੍ਹਾਂ ਦੀ ਯਾਦ ਵਿੱਚ ਕਲੱਬ ਵੱਲੋਂ 16ਵਾਂ ਵਿਸ਼ਾਲ ਖ਼ੂਨਦਾਨ ਕੈਂਪ ਸਿਵਲ ਹਸਪਤਾਲ ਮਲੋਟ ਦੇ ਬਲੱਡ ਬੈਂਕ ਵਿਖੇ ਲਗਾਇਆ ਗਿਆ। ਇਸ ਖ਼ੂਨਦਾਨ ਕੈਂਪ ਵਿੱਚ 53 ਨੌਜਵਾਨਾਂ ਨੇ ਖ਼ੂਨ ਦਾਨ ਕੀਤਾ ਅਤੇ ਇਸ ਮੌਕੇ ਸੰਸਥਾ ਵੱਲੋਂ ਰੁੱਖਾਂ ਦਾ ਲੰਗਰ ਵੀ ਲਗਾਇਆ ਗਿਆ, ਹਰ ਇੱਕ ਖ਼ੂਨਦਾਨੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਨਾਲ ਹੀ ਇੱਕ ਪੌਦਾ ਵੀ ਦਿੱਤਾ ਗਿਆ। ਇਸ ਮੌਕੇ ਸੰਸਥਾ ਦੇ ਪ੍ਰਧਾਨ ਸੰਦੀਪ ਖਟਕ, ਵਾਈਸ ਪ੍ਰਧਾਨ ਓਮ ਪ੍ਰਕਾਸ਼, ਯੂਥ ਪ੍ਰਧਾਨ ਨਵਦੀਪ ਕੁਮਾਰ, ਸੀਨੀਅਰ ਸਲਾਹਕਾਰ ਸੁਰਿੰਦਰ ਮਕਵਾਣਾ, ਸੀਨੀਅਰ ਮੈਡੀਕਲ ਅਫਸਰ ਡਾ. ਸੁਨੀਲ ਬਾਂਸਲ, ਡਾ. ਚੇਤਨ ਖੁਰਾਣਾ, ਸਲਾਕਾਰ ਪ੍ਰਦੀਪ ਚਰਾਇਆ, ਗੋਰੀ ਸ਼ੰਕਰ, ਐਡਵੋਕੇਟ ਅਮਨਦੀਪ ਸਿੰਘ, ਡਾ. ਹਰੀਭਜਨ, ਸਮਾਜ ਸੇਵੀ ਮਨੋਜ ਅਸੀਜਾ, ਡਾ. ਗੁਰਸ਼ਮਿੰਦਰ ਸਿੰਘ, ਆਕਾਸ਼ਦੀਪ, ਰਹਿਸ਼ ਖਟਕ, ਆਸ਼ਾ ਵਰਕਰ ਯੂਨੀਅਨ ਮਲੋਟ ਦੀ ਪ੍ਰਧਾਨ ਪ੍ਰੀਤੀ, ਨੈਂਸੀ ਵਿਨੋਦ ਬਾਗੜੀ ਤੇ ਸਿਵਲ ਹਸਪਤਾਲ ਦੇ ਟੀਮ ਬਲੱਡ ਬੈਂਕ ਦੀ ਟੀਮ ਵੱਲੋਂ ਡਾਕਟਰ ਚੇਤਨ ਖੁਰਾਣਾ, ਗੌਰਵ ਬਜਾਜ, ਅਲਫੀਨ ਆਦਿ ਹਾਜ਼ਰ ਸਨ।

# ਆਂਗਣਵਾੜੀ ਵਰਕਰ ਹੈਲਪਰ ਵੱਲੋਂ ਭਲਕੇ ਦਿੱਤੇ ਜਾਣਗੇ ਯਾਦ ਪੱਤਰ : ਸਰੋਜ ਛੱਪੜੀ ਵਾਲਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਆਲ ਇੰਡੀਆ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਏਟਕ ਦੀ ਮੀਟਿੰਗ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਦੀ ਅਗਵਾਈ ਵਿੱਚ ਸ਼ਹੀਦ ਨਛੱਤਰ ਸਿੰਘ ਭਵਨ ਮੋਗਾ ਵਿਖੇ ਹੋਈ। ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਸੁਨੀਲ ਕੌਰ ਬੇਦੀ, ਡਿਪਟੀ ਸਕੱਤਰ ਬਲਵਿੰਦਰ ਕੌਰ ਖੋਸਾ, ਵੈਟ ਸਕੱਤਰ ਗੁਰਚਰਨ ਕੌਰ ਮੋਗਾ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਕੌਰ, ਮੀਤ ਪ੍ਰਧਾਨ ਸੁਨੀਤਾ ਜੋਸ਼ੀ, ਮਨਜਿੰਦਰ ਕੌਰ, ਸਕੱਤਰ ਸ਼ਿੰਦਰ ਕੌਰ ਦੁਨੇ ਕੇ, ਬਲਵਿੰਦਰ ਕੌਰ ਲਹੁਕੇ ਕਲਾਂ, ਰੰਜਨਾ ਪੁਰੀ, ਜਸਬੀਰ ਕੌਰ, ਜੋਤੀ ਰਾਣੀ ਪਟਿਆਲਾ, ਸੁਖਵਿੰਦਰ ਕੌਰ ਅਬੋਹਰ, ਹਰਜੀਤ ਕੌਰ ਅੰਬਾਲਾ, ਹਰਜਿੰਦਰ ਕੌਰ, ਮਨਜੀਤ ਕੌਰ ਸੇਖਵਾਂ, ਸਰਬਜੀਤ ਕੌਰ, ਜਸਪਾਲ ਕੌਰ ਆਦਿ ਹਾਜ਼ਰ ਸਨ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਕਲਾਸ ਦੇ ਕੇ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਤਿੰਨ ਤੋਂ ਛੇ ਸਾਲ ਦੇ ਬੱਚੇ ਆਂਗਣਵਾੜੀ ਸੈਂਟਰਾਂ ਵਿੱਚ ਵਾਪਸ ਕੀਤੇ ਜਾਣ, ਇਸ ਤੋਂ ਇਲਾਵਾ ਮਾਣ ਭੱਤਾ ਦੁੱਗਣਾ ਕੀਤਾ ਜਾਵੇ, ਐਮਰਜੈਂਸੀ ਵਿਦੇਸ਼ ਯਾਤਰਾ ਲਈ ਕਾਨੂੰਨ ਵਿੱਚ ਸੋਧ ਕੀਤੀ ਜਾਵੇ, ਫੀਡ ਸਬੰਧੀ ਸੋਧ ਕਰਨ, ਸੀ ਬੀ ਈ ਤੇ ਪੀ ਐੱਮ ਐੱਮ ਵੀ ਦੇ ਰਹਿੰਦੇ ਬਕਾਏ ਸਬੰਧੀ ਬਿਲਡਿੰਗ ਕਰਾਈ, ਆਯੂਸ਼ਮਾਨ ਕਾਰਡ ਵਰਕਰ ਹੈਲਪਰਾਂ ਦੇ ਬਣਾਏ ਜਾਣ ਦੇ ਨਾਲ ਨਾਲ ਰੀਚਾਰਜ ਭੱਤਾ ਵਧਾਉਣ ਲਈ ਭਰਤੀ ਸਬੰਧੀ ਹੋਲਡ 'ਤੇ ਰੱਖੀਆਂ ਸੀਟਾਂ ਨੂੰ ਪੂਰਾ ਕੀਤਾ ਜਾਵੇ ਅਤੇ ਵਰਕਰਾਂ ਦੀ ਪ੍ਰਮੋਸ਼ਨ ਕੀਤੀ ਜਾਵੇ। ਇਸ ਮੌਕੇ ਆਂਗਣਵਾੜੀ ਵਰਕਰਾਂ ਨੇ ਕਿਹਾ ਕਿ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੋਟਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ, ਉਨ੍ਹਾਂ ਵਿੱਚੋਂ ਕੋਈ ਵੀ ਵਾਅਦਾ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਜੋ ਵਾਅਦੇ ਵੋਟਾਂ ਮੁੱਕੇ ਕੀਤੇ ਗਏ ਸਨ, ਇਸ ਸਬੰਧੀ ਪੰਜਾਬ ਦੇ ਵਿਧਾਇਕਾਂ ਨੂੰ ਯਾਦ ਪੱਤਰ ਦਿੱਤੇ ਜਾਣਗੇ ਅਤੇ ਕੀਤੇ ਹੋਏ ਵਾਅਦਿਆਂ ਅਨੁਸਾਰ ਮੁੱਖ ਮੰਤਰੀ ਨਾਲ ਮੀਟਿੰਗ ਕਰਵਾ ਕੇ ਮੰਗਾਂ ਦਾ ਹੱਲ ਕੀਤਾ ਜਾਵੇ। ਇਸ ਸਬੰਧੀ ਜਥੇਬੰਦੀ ਨੇ ਫੈਸਲਾ ਕੀਤਾ ਕਿ ਪੰਜਾਬ ਵਿੱਚ ਪਹਿਲੇ ਦਿੱਤੇ ਹੋਏ ਵਿਧਾਇਕਾਂ ਨੂੰ ਮੰਗ ਪੱਤਰਾਂ ਦਾ ਜਵਾਬ ਮੰਗਦੇ ਹੋਏ 20 ਜੁਲਾਈ ਨੂੰ ਯਾਦ ਪੱਤਰ ਦਿੱਤੇ ਜਾਣਗੇ।

## ਕਾਤਰਾਂ

### ਬਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ ਕਰਨ ਦੀ ਅੰਤਿਮ ਮਿਤੀ 31 ਜੁਲਾਈ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਇਨ ਰਜਿਸਟ੍ਰੇਸ਼ਨ ਕਰਨ ਦੀ ਅੰਤਿਮ ਮਿਤੀ 31 ਜੁਲਾਈ 2024 ਤੱਕ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੇਨੂੰ ਦੁੱਗਲ ਨੇ ਦੱਸਿਆ ਕਿ ਜੋ ਬੱਚੇ ਭਾਰਤ ਦੇ ਨਾਗਰਿਕ ਹਨ ਅਤੇ ਅਰਜ਼ੀ ਦੇਣ ਦੀ ਅੰਤਿਮ ਮਿਤੀ ਤੱਕ 18 ਸਾਲ ਤੋਂ ਘੱਟ ਉਮਰ ਦੇ ਹਨ, ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਵੈੱਬਸਾਇਟ https://awards.gov.in ਤੇ ਆਨਲਾਇਨ ਅਪਲਾਈ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਸ਼ਟਰੀ ਬਾਲ ਪੁਰਸਕਾਰ ਵਿੱਚ ਇੱਕ ਮੈਡਲ ਹੁੰਦਾ ਹੈ, ਜੋ ਕਿ ਮਾਨਯੋਗ ਪ੍ਰਧਾਨ ਮੰਤਰੀ ਵੱਲੋਂ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਹਰ ਸਾਲ ਉਹਨਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਹਨਾਂ ਬੱਚਿਆਂ ਨੇ ਅਸਧਾਰਨ ਬਹਾਦਰੀ ਦਾ ਕੰਮ ਕੀਤਾ ਹੋਵੇ, ਸਪੈਸ਼ਲ ਬੱਚੇ, ਜਿਹਨਾਂ ਵਿੱਚ ਅਸਧਾਰਨ ਯੋਗਤਾਵਾਂ ਨਾਲ ਵਿਸ਼ੇਸ਼ ਅਸਧਾਰਨ ਉਪਲੱਬਧੀ ਹਾਸਿਲ ਕੀਤੀ ਹੋਵੇ। ਉਹ ਅਸਧਾਰਨ ਬੱਚੇ ਜਿਹਨਾਂ ਨੇ ਖੇਡਾਂ. ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਜੋ ਕਿ ਰਾਸ਼ਟਰੀ ਪੱਧਰ ਤੇ ਮਾਨਤਾ ਦੇ ਹੱਕਦਾਰ ਹਨ।

### ਮੇਜਰ ਮਹਿਤਾ ਨਾਲ ਹਮਦਰਦੀ ਦਾ ਪ੍ਰਗਟਾਵਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਗਰੁੱਪ ਸ਼ਾਖਾ ਸ੍ਰੀ ਮੁਕਤਸਰ ਸਾਹਿਬ ਸੁਪਰਡੈਂਟ ਮੇਜਰ ਮਹਿਤਾ ਦੇ ਸਤਿਕਾਰਯੋਗ ਪਿਤਾ ਮੁਲਖ ਰਾਜ ਮਹਿਤਾ ਦੇ ਬੀਤੇ ਦਿਨੀਂ ਅਕਾਲ ਚਲਾਣੇ 'ਤੇ ਡਾਕਟਰ ਜ਼ੋਰਾ ਸਿੰਘ ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ, ਆਦੇਸ਼ ਗਰੁੱਪ ਦੇ ਚੇਅਰਮੈਨ ਡਾਕਟਰ ਐੱਚ.ਐੱਸ ਗਿੱਲ, ਸਮਾਜ ਸੇਵੀ ਸੰਸਥਾਵਾਂ ਦੇ ਜ਼ਿਲ੍ਹਾ ਚੇਅਰਮੈਨ ਡਾਕਟਰ ਨਰੇਸ਼ ਪਰੂਥੀ, ਜਗਦੀਸ਼ ਰਾਏ ਢੋਸੀਵਾਲ ਚੇਅਰਮੈਨ ਮੁਕਤਸਰ ਵਿਕਾਸ ਮਿਸ਼ਨ, ਵਿਜੇ ਸਿਡਾਨਾ ਖਜ਼ਾਨਚੀ ਸੁਖਨ ਸੁਨੇਹੇ ਮੰਚ (ਰਜਿ.), ਰਣਜੀਤ ਸਿੰਘ ਥਾਂਦੇਵਾਲਾ (ਸੇਵਾਮੁਕਤ ਸੁਪਰਡੈਂਟ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ), ਸੰਕਲਪ ਐਜੂਕੇਸ਼ਨਲ ਵੈਲਫੇਅਰ ਸੋਸਾਇਟੀ (ਰਜਿ.) ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ, ਚੇਅਰਪਰਸਨ ਕੁਲਵਿੰਦਰ ਕੌਰ ਬਰਾੜ, ਮਾਨਕ ਬਾਵਾ, ਬਲਾਕ ਕੁਆਰਡੀਨੇਟਰ ਵਰਿੰਦਰਪਾਲ ਸਿੰਘ ਗਲੋਰੀ, ਕੁਲਵਿੰਦਰ ਸਿੰਘ ਆਰਕੀਟੈਕਟ, ਡਾਕਟਰ ਬਲਵੀਰ ਸਿੰਘ ਬਰਾੜ ਆਜ਼ਾਦ ਫਾਊਂਡੇਸ਼ਨ, ਸ਼ਮਸ਼ੇਰ ਰਾਣਾ ਚੰਡੀਗੜ੍ਹ, ਚੇਅਰਪਰਸਨ ਕੁਲਵਿੰਦਰ ਕੌਰ ਬਰਾੜ, ਆਰੋਗਿਆ ਜੀਵਨ (ਸਿਹਤ ਸੰਭਾਲ ਸੰਸਥਾ) ਦੇ ਪ੍ਰਧਾਨ ਮਾਤਾ ਗੁਰਦੇਵ ਕੌਰ, ਨਿਰੰਜਨ ਸਿੰਘ ਰੱਖਰਾ ਪ੍ਰਧਾਨ ਟਾਂਕ ਕਸ਼ੱਤਰੀ ਸਭਾ ਸ੍ਰੀ ਮੁਕਤਸਰ ਸਾਹਿਬ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਲਾਕ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਅਰਵਿੰਦਰਪਾਲ ਸਿੰਘ, ਬੂਟਾ ਰਾਮ ਕਮਰਾ ਆਸ਼ੀਰਵਾਦ ਕਲੱਬ, ਸਤਵਿੰਦਰ ਸਿੰਘ ਰਾਜ ਰੁਪਾਣਾ (ਅਰਸ਼ ਮੋਟਰਜ਼) ਤੇ ਡਾਕਟਰ ਨਵੀਨ ਸਿੰਗਲਾ ਚੇਅਰਮੈਨ (ਸਿੰਗਲਾ ਹੋਮਿਓਪੈਥੀ ਫਾਊਂਡੇਸ਼ਨ) ਨੇ ਦੁਖੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

### ਮੋਬਾਇਲ ਖੋਹ ਕੇ ਭੱਜੇ ਮੋਟਰਸਾਈਕਲ ਸਵਾਰ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੋਰਿੰਡਾ ਵਿਖੇ ਇੱਕ ਔਰਤ ਦਾ ਮੋਬਾਇਲ ਫੋਨ ਝਪਟ ਕੇ ਫਰਾਰ ਹੋਏ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੂੰ ਬਸੀ ਪਠਾਨਾਂ ਸਿਟੀ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਬਸੀ ਪਠਾਨਾਂ ਸਿਟੀ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਦੀਪੂ ਕੁਮਾਰ ਉਰਫ ਦੀਪਕ ਅਤੇ ਵਿਕਾਸ ਲੁੱਟਾਂ ਖੋਹਾਂ ਕਰਨ ਦੇ ਆਦੀ ਹਨ ਜਿਨ੍ਹਾਂ ਨੇ ਮੋਰਿੰਡਾ ਵਿਖੇ ਇੱਕ ਔਰਤ ਤੋਂ ਮੋਬਾਇਲ ਫੋਨ ਖੋਹਿਆ ਹੈ ਤੇ ਉਕਤ ਮੋਬਾਈਲ ਫੋਨ ਨੂੰ ਵੇਚਣ ਲਈ ਉਹ ਦੋਵੇਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਬਸੀ ਪਠਾਨਾਂ ਵੱਲ ਨੂੰ ਆ ਰਹੇ ਹਨ।ਸੂਚਨਾ ਮਿਲਣ 'ਤੇ ਨਾਕਾਬੰਦੀ ਕਰਦਿਆਂ ਸਹਾਇਕ ਥਾਣੇਦਾਰ ਕਮਲਜੀਤ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਦੀਪੂ ਕੁਮਾਰ ਉਰਫ ਦੀਪਕ ਵਾਸੀ ਬਸੀ ਪਠਾਨਾਂ ਅਤੇ ਵਿਕਾਸ ਵਾਸੀ ਜ਼ਿਲਾ ਮਧੂਬਨੀ (ਬਿਹਾਰ) ਹਾਲ ਕਿਰਾਏਦਾਰ ਬਸੀ ਪਠਾਨਾਂ ਨੂੰ ਗ੍ਰਿਫਤਾਰ ਕਰ ਲਿਆ ਜਿਨ੍ਹਾਂ ਦੇ ਕਬਜ਼ੇ 'ਚੋਂ ਮੋਰਿੰਡਾ ਤੋਂ ਖੋਹਿਆ ਮੋਬਾਇਲ ਫੋਨ ਅਤੇ ਵਾਰਦਾਤ 'ਚ ਵਰਤਿਆ ਗਿਆ ਮੋਟਰਸਾਈਕਲ ਬਰਾਮਦ ਕਰ ਲਿਆ ਗਿਆ ਹੈ।ਇਸ ਸਬੰਧੀ ਦੋਵਾਂ ਵਿਰੁੱਧ ਥਾਣਾ ਬਸੀ ਪਠਾਨਾਂ ਵਿਖੇ ਮੁਕੱਦਮਾ ਦਰਜ ਕਰਵਾ ਕੇ ਬਸੀ ਪਠਾਨਾਂ ਸਿਟੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਸਿਹਤ ਵਿਭਾਗ ਦੀ ਟੀਮ ਵੱਲੋਂ ਆਈਸ ਫੈਕਟਰੀ 'ਚ ਛਾਪੇਮਾਰੀ



**ਦਿੜ੍ਹਬਾ/ਸੰਗਰੂਰ (ਪ੍ਰਵੀਨ ਸਿੰਘ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਖਾਣ ਪੀਣ ਦੀਆਂ ਵਸਤਾਂ ਵਿੱਚ ਮੁਕੰਮਲ ਤੌਰ 'ਤੇ ਮਿਲਾਵਟਖੋਰੀ ਨੂੰ ਰੋਕਣ ਦੇ ਦਿੱਤੇ ਸਖਤ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਸਿਹਤ ਵਿਭਾਗ ਦੀ ਟੀਮ ਨੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੀਆਂ ਹਦਾਇਤਾਂ 'ਤੇ ਕਾਰਵਾਈ ਕਰਦਿਆਂ ਕੋਹਰੀਆਂ ਰੋਡ ਉੱਤੇ ਸਥਿਤ ਇੱਕ ਆਈਸ ਫੈਕਟਰੀ ਵਿੱਚ ਛਾਪਾ ਮਾਰਿਆ ਅਤੇ ਮੌਕੇ ਉੱਤੇ ਹੀ ਭਾਰੀ ਮਾਤਰਾ ਵਿੱਚ ਰਿਫਾਇੰਡ ਅਤੇ ਦੁੱਧ ਤਿਆਰ ਕਰਨ ਵਾਲੇ ਪਦਾਰਥ ਬਰਾਮਦ ਕੀਤੇ ਗਏ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਿਹਤ ਅਫਸਰ ਡਾ. ਬਲਜੀਤ ਸਿੰਘ ਨੇ ਦੱਸਿਆ ਕਿ ਉਹਨਾਂ ਨੂੰ ਇਸ ਸਬੰਧੀ ਇਲਾਕੇ ਵਿੱਚੋਂ ਕਾਫੀ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਸਨ ਅਤੇ ਠੋਸ ਸੂਚਨਾ ਦੇ ਆਧਾਰ ਉੱਤੇ ਅੱਜ ਇਸ ਆਈਸ ਫੈਕਟਰੀ ਨੂੰ ਖੁਲ੍ਹਵਾਇਆ ਗਿਆ ਤਾਂ ਇਸ ਵਿੱਚੋਂ 278 ਟੀਨ ਰਿਫਾਇੰਡ, 70 ਖਾਲੀ ਟੀਨ, 13 ਪੈਕਟ ਸਕਿਮਡ ਮਿਲਕ ਪਾਊਡਰ ਅਤੇ ਦੁੱਧ ਤਿਆਰ ਕਰਨ ਲਈ ਵਰਤੇ ਜਾਂਦੇ ਸੌਰਬੀਟੋਲ ਨਾਮ ਦੇ ਪਦਾਰਥ ਨੂੰ ਕਰੀਬ 100 ਲੀਟਰ ਮਾਤਰਾ ਵਿੱਚ ਬਰਾਮਦ ਕੀਤਾ ਗਿਆ। ਉਹਨਾਂ ਦੱਸਿਆ ਕਿ ਇਹ ਪਦਾਰਥ ਸਿੰਗਲਾ ਮਿਲਕ ਸੈਂਟਰ, ਗਾਮੜੀ ਰੋਡ ਦਿੜ੍ਹਬਾ ਵਿਖੇ ਤਿਆਰ ਹੋ ਰਹੇ ਸਨ ਅਤੇ ਹਰੀ ਓਮ ਆਈਸ ਫੈਕਟਰੀ ਵਿੱਚ ਇਹਨਾਂ ਦਾ ਭੰਡਾਰ ਕੀਤਾ ਜਾ ਰਿਹਾ ਸੀ।

ਜ਼ਿਲ੍ਹਾ ਸਿਹਤ ਅਫਸਰ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਨੇ ਇਹਨਾਂ ਸਾਰੇ ਪਦਾਰਥਾਂ ਦੇ ਨਮੂਨੇ ਇਕੱਤਰ ਕਰ ਲਏ ਹਨ ਜੋ ਕਿ ਜਾਂਚ ਲਈ ਖਰੜ ਲੈਬ ਵਿਖੇ ਭੇਜੇ ਜਾਣਗੇ ਅਤੇ ਰਿਪੋਰਟ ਆਉਣ ਤੋਂ ਬਾਅਦ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਹਨਾਂ ਦੱਸਿਆ ਕਿ ਪਦਾਰਥਾਂ ਦੇ ਸੈਂਪਲ ਲੈਣ ਤੋਂ ਬਾਅਦ ਇਸ ਆਈਸ ਫੈਕਟਰੀ ਨੂੰ ਸੀਲ ਕਰ ਦਿੱਤਾ ਗਿਆ।

# ਕ੍ਰਿਕਟਰ ਰਹਿਮਤ ਕੌਰ ਦਾ ਵਿਸ਼ੇਸ਼ ਸਨਮਾਨ



**ਮਲੋਟ (ਗੁਰਮੀਤ ਸਿੰਘ ਮੱਕੜ)**-ਛੋਟੀ ਉਮਰ ਵਿੱਚ ਕ੍ਰਿਕਟ ਦੇ ਖੇਤਰ 'ਚ ਵੱਡੀਆਂ ਪੁਲਾਂਘਾਂ ਪੁੱਟਦੇ ਹੋਏ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੀ ਜ਼ਿਲ੍ਹਾ ਅੰਡਰ-14 ਟੀਮ ਦਾ ਹਿੱਸਾ ਬਣਨ ਵਾਲੀ ਹੋਣਹਾਰ ਖਿਡਾਰਣ ਰਹਿਮਤ ਕੌਰ ਸਪੁੱਤਰੀ ਕੁਲਵੀਰ ਸਿੰਘ ਦੰਦੀਵਾਲ ਦਾ ਪਿੰਡ ਦਾਨੇਵਾਲਾ ਦੇ ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਸਨਮਾਨ ਕੀਤਾ ਗਿਆ। ਖਿਡਾਰਣ ਰਹਿਮਤ ਕੌਰ ਨੂੰ ਜ਼ਿਲ੍ਹਾ ਅੰਡਰ-14 ਟੀਮ ਦਾ ਹਿੱਸਾ ਬਣਨ ਤੇ ਵਿਸ਼ੇਸ਼ ਸਨਮਾਨ ਲਈ ਮਿਮਿਟ ਕਾਲਜ ਦੇ ਰਜਿਸਟਰਾਰ ਸੰਜੀਵ ਸ਼ਰਮਾ, ਪ੍ਰੈੱਸ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਮੱਕੜ, ਲਵਿੰਗ ਲਿਟਲ ਪਲੇਅ ਸਕੂਲ ਦੇ ਪ੍ਰਿੰਸੀਪਲ ਮੀਨਾ ਅਰੋੜਾ, ਸੀਵਰੇਜ ਬੋਰਡ ਦੇ ਇੰਜੀਨੀਅਰ ਰਾਕੇਸ਼ ਮੋਹਨ ਮੱਕੜ, ਫੁਲਕਾਰੀ ਬੁਟੀਕ ਦੀ ਸੰਚਾਲਕ ਸੁਖਦੀਪ ਕੌਰ, ਸਾਬਕਾ ਵਾਰੰਟ ਅਫ਼ਸਰ ਹਰਪ੍ਰੀਤ ਸਿੰਘ ਹੈਪੀ ਆਦਿ ਵੱਖ ਵੱਖ ਵਿੱਦਿਅਕ ਅਦਾਰਿਆਂ ਦੇ ਮੁੱਖੀਆਂ ਤੇ ਪਤਵੰਤਿਆਂ ਨੇ ਵਧਾਈ ਦਿੰਦੇ ਹੋਏ ਆਸ ਪ੍ਰਗਟ ਕੀਤੀ ਕਿ ਉਹ ਆਪਣੇ ਅਗਲੇ ਆਉਣ ਵਾਲੇ ਖੇਡ ਸੀਜ਼ਨ ਵਿੱਚ ਆਪਣਾ ਪੂਰਨ ਯੋਗਦਾਨ ਪਾਉਂਦੇ ਹੋਏ ਬੁਲੰਦੀਆਂ ਛੂਹਣਗੇ।

# ਸਕੂਲ ਆਫ਼ ਐਮੀਨੈਂਸ ਦੋਰਾਹਾ 'ਚ ਵੇਟ ਲਿਫਟਿੰਗ ਵਿੰਗ ਦੀ ਸ਼ੁਰੂਆਤ



**ਦੋਰਾਹਾ (ਹਰਮਿੰਦਰ ਸੇਠ)**

ਪੰਜਾਬ ਦੀ ਭਗਵੰਤ ਮਾਨ ਸਰਕਾਰ ਜਿੱਥੇ ਵਿੱਦਿਆ ਦਾ ਪੱਧਰ ਉੱਚਾ ਚੁੱਕਣ ਲਈ ਸਕੂਲਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਉਚੇਚੇ ਪ੍ਰਬੰਧ ਕਰ ਰਹੀ ਹੈ, ਉੱਥੇ ਹੀ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਦੀ ਨਜ਼ਰੀਂ ਆਉਂਦੀ ਹੈ।ਇਸੇ ਕੜੀ ਤਹਿਤ ਅੱਜ ਜ਼ਿਲ੍ਹਾ ਸਪੋਰਟਸ ਅਫ਼ਸਰ ਲੁਧਿਆਣਾ ਵੱਲੋਂ ਸਕੂਲ ਆਫ਼ ਐਮੀਨੈਂਸ ਦੋਰਾਹਾ ਨੂੰ ਵੇਟ ਲਿਫਟਿੰਗ ਦੀਆਂ ਦਸ ਸੀਟਾਂ ਦੇ ਕੇ ਵਿੰਗ ਦੀ ਸ਼ੁਰੂਆਤ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਮੈਡਮ ਸ੍ਰੀਮਤੀ ਹਰਵਿੰਦਰ ਰੁਪਰਾਏ ਨੇ ਦੱਸਿਆ ਕਿ ਤਕਰੀਬਨ ਪਿਛਲੇ 10 ਸਾਲਾਂ ਤੋਂ ਸਕੂਲ ਦੇ ਵਿਦਿਆਰਥੀ ਸਕੂਲ ਵਿੱਚ ਵੇਟ-ਲਿਫਟਿੰਗ ਦੀ ਟ੍ਰੇਨਿੰਗ ਲੈ ਰਹੇ ਹਨ ਤੇ ਨੈਸ਼ਨਲ ਪੱਧਰ ਤੱਕ ਭਾਗ ਲੈ ਚੁੱਕੇ ਹਨ।ਇਸ ਸਭ ਦਾ ਸਿਹਰਾ ਜ਼ਿਲ੍ਹਾ ਕੁਆਡੀਨੇਟਰ ਸਪੋਰਟਸ ਸ੍ਰ. ਕੁਲਬੀਰ ਸਿੰਘ, ਸਟੇਟ ਟੀਮ ਦੇ ਮੈਂਬਰ ਅਜੀਤਪਾਲ ਸਿੰਘ, ਪ੍ਰਿੰਸੀਪਲ ਮੈਡਮ ਸ੍ਰੀਮਤੀ ਹਰਵਿੰਦਰ ਰੁਪਰਾਏ, ਪੀ. ਟੀ. ਆਈ. ਸ੍ਰੀਮਤੀ ਜਸਵੀਰ ਕੌਰ ਤੇ ਵੇਟ-ਲਿਫਟਰ ਸ੍ਰ. ਸਤਿੰਦਰ ਸਿੰਘ ਨੂੰ ਜਾਂਦਾ ਹੈ, ਇਨ੍ਹਾਂ ਬੱਚਿਆਂ ਨੂੰ ਸ਼ਾਮ ਨੂੰ ਸਕੂਲ ਸਮੇਂ ਤੋਂ ਬਾਅਦ ਟ੍ਰੇਨਿੰਗ ਦਿੱਤੀ ਜਾਂਦੀ ਹੈ।ਇਸ ਸਕੀਮ ਅਧੀਨ ਸਪੋਰਟਸ ਡਿਪਾਰਟਮੈਂਟ ਵੱਲੋਂ ਟ੍ਰੇਨਿੰਗ ਲੈਣ ਵਾਲੇ ਬਚਿਆਂ ਦੀ ਰੋਜ਼ਾਨਾ ਡਾਈਟ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਨਾਲ ਬੱਚਿਆਂ ਦਾ ਸਰੀਰਕ ਤੌਰ 'ਤੇ ਮਨੋਬਲ ਉੱਚਾ ਹੋਵੇਗਾ ਤੇ ਵਧੀਆ ਨਤੀਜੇ ਮਿਲਣਗੇ ਅਤੇ ਬਾਕੀ ਵਿਦਿਆਰਥੀ ਵੀ ਪ੍ਰੇਰਿਤ ਹੋਣਗੇ। ਪ੍ਰਿੰਸੀਪਲ ਸ੍ਰੀਮਤੀ ਹਰਵਿੰਦਰ ਰੁਪਰਾਏ ਵੱਲੋਂ ਸਪੋਰਟਸ ਡਿਪਾਰਟਮੈਂਟ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸਾਹਿਬਾਨ ਦਾ ਧੰਨਵਾਦ ਕੀਤਾ ਗਿਆ।

# ਬੂਟੇ ਲਾਉਣ ਵਾਲੀ ਹਰੇਕ ਸੰਸਥਾ ਦਾ ਪ੍ਰਸ਼ਾਸਨ ਸਹਿਯੋਗ ਦੇਵੇਗਾ : ਗੁਰਮੀਤ ਮਾਨ



**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਬੂਟੇ ਲਾਉਣ ਲਈ ਪ੍ਰਸ਼ਾਸਨ ਹਰੇਕ ਸਮਾਜ ਸੇਵੀ ਸੰਸਥਾ ਤੇ ਜਥੇਬੰਦੀ ਦਾ ਹਰ ਪੱਖੋਂ ਸਹਿਯੋਗ ਦੇਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰਮੀਤ ਸਿੰਘ ਮਾਨ ਐੱਸ ਡੀ ਐੱਮ ਜ਼ੀਰਾ ਨੇ ਕਿਹਾ ਕਿ ਅੰਨ੍ਹੇਵਾਹ ਦਰੱਖਤਾਂ ਦੀ ਕਟਾਈ ਕਰਨ ਦਾ ਖਮਿਆਜ਼ਾ ਅਸੀਂ ਆਲਮੀ ਤਪਸ਼ ਦੇ ਰੂਪ ਵਿੱਚ ਭੋਗ ਰਹੇ ਹਾਂ।ਉਨ੍ਹਾ ਕਿਹਾ ਕਿ ਮਨੁੱਖ ਜਿੰਨਾ ਹੀ ਕੁਦਰਤ ਪੱਖੀ ਹੋਵੇਗਾ, ਓਨਾ ਹੀ ਤੰਦਰੁਸਤ ਰਹਿਣ ਦੇ ਨਾਲ-ਨਾਲ ਬਿਮਾਰੀਆਂ ਤੋਂ ਬਚਿਆ ਰਹੇਗਾ।ਉਨ੍ਹਾਂ ਆਖਿਆ ਕਿ ਪਿਛਲੇ ਕੁਝ ਸਮੇਂ ਤੋਂ ਸਾਡੇ ਸਮਾਜ ਦੇ ਲੋਕ ਪੱਛਮੀ ਸੱਭਿਆਚਾਰ ਦੇ ਪ੍ਰਭਾਵ ਹੇਠ ਆ ਕੇ ਕੁਦਰਤ ਨਾਲ ਖਿਲਵਾੜ ਕਰ ਰਹੇ ਹਨ, ਜਿਸ ਦੇ ਨਤੀਜੇ ਵਜੋਂ ਮਨੁੱਖ ਦਾ ਖਾਣ-ਪੀਣ ਤੇ ਰਹਿਣ-ਸਹਿਣ ਬਦਲ ਚੁੱਕਾ ਹੈ, ਜਿਸ ਕਰਕੇ ਨਵੀਂ-ਨਵੀਂ ਕਿਸਮ ਦੀਆਂ ਬਿਮਾਰੀਆਂ ਮਨੁੱਖ ਨੂੰ ਆਪਣੀ ਲਪੇਟ ਵਿੱਚ ਲੈ ਰਹੀਆਂ ਹਨ।ਐੱਸ ਡੀ ਐੱਮ ਗੁਰਮੀਤ ਸਿੰਘ ਮਾਨ ਨੇ ਦੱਸਿਆ ਕਿ ਜੇਕਰ ਅਸੀਂ ਆਪਣੇ ਬਜ਼ੁਰਗਾਂ ਦੀ ਤਰ੍ਹਾਂ ਤੰਦਰੁਸਤ ਰਹਿਣਾ ਚਾਹੁੰਦੇ ਹਾਂ ਤਾਂ ਸਾਨੂੰ ਕੁਦਰਤ ਪੱਖੀ ਮਾਹੌਲ ਸਿਰਜਣਾ ਪਵੇਗਾ, ਜਿਸ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਲੋੜ ਹੈ ਤਾਂ ਜੋ ਵਾਤਾਵਰਨ ਵਿੱਚ ਆਕਸੀਜਨ ਦਾ ਵਾਧਾ ਹੋਣ ਦੇ ਨਾਲ-ਨਾਲ ਹਰਿਆਵਲ ਬੱਦਲਾਂ ਨੂੰ ਮੀਂਹ ਪਾਉਣ ਲਈ ਵੀ ਆਕਰਸ਼ਿਤ ਕਰ ਸਕੇ।ਅਖੀਰ ਵਿੱਚ ਉਨ੍ਹਾਂ ਆਖਿਆ ਕਿ ਕਿਸੇ ਵੀ ਸਮਾਜ ਸੇਵੀ ਸੰਸਥਾ ਜਾਂ ਜਥੇਬੰਦੀ ਨੂੰ ਬੂਟੇ ਲਗਾਉਣ ਲਈ ਬੂਟਿਆਂ ਦੀ ਜਾਂ ਥਾਂ ਦੀ ਜੇਕਰ ਕੋਈ ਸਮੱਸਿਆ ਪੇਸ਼ ਆ ਰਹੀ ਹੈ ਤਾਂ ਉਸ ਜਥੇਬੰਦੀ ਦੇ ਆਗੂ ਮੈਨੂੰ ਮਿਲ ਸਕਦੇ ਹਨ ਤਾਂ ਜੋ ਉਨ੍ਹਾਂ ਦੀ ਸਮੱਸਿਆ ਦਾ ਹੱਲ ਕੀਤਾ ਜਾ ਸਕੇ।

# ਸਰਕਾਰ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਪ੍ਰਤੀ ਗੰਭੀਰ : ਬੁੱਧਰਾਮ



**ਬੁਢਲਾਡਾ/ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਆਮ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗੰਭੀਰਤਾ ਨਾਲ ਕੰਮ ਕਰਦੇ ਹੋਏ ਸਮੂਹ ਅਧਿਕਾਰੀਆਂ ਨੂੰ ਸਖ਼ਤ ਆਦੇਸ਼ ਦਿੱਤੇ ਗਏ ਹਨ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੈਅ ਸਮੇਂ ਅੰਦਰ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਬੁਢਲਾਡਾ ਅਤੇ ਕਾਰਜ਼ਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਤੁਹਾਡੇ ਦੁਆਰ ਤਹਿਤ ਪਿੰਡ ਦੋਦੜਾ ਵਿਖੇ ਲਗਾਏ ਗਏ ਜਨ ਸੁਣਵਾਈ ਕੈਂਪ ਦੌਰਾਨ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਮੇਸ਼ਾਂ ਆਮ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਕੰਮ ਕੀਤਾ ਹੈ ਅਤੇ ਇਸੇ ਕੜੀ ਨੂੰ ਅੱਗੇ ਤੋਰਦਿਆਂ ਪਿੰਡਾਂ 'ਚ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਵਿਧਾਇਕ ਬੁੱਧਰਾਮ ਤੇ ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ।

ਇਸ ਮੌਕੇ ਐਸ ਡੀ ਐਮ ਬੁਢਲਾਡਾ ਗਗਨਦੀਪ ਸਿੰਘ ਵੀ ਮੌਜੂਦ ਸਨ। ਬੁੱਧਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਸੂਬੇ ਦੇ 90 ਫ਼ੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ ਉੱਥੇ ਹੀ ਹਜ਼ਾਰਾਂ ਨੌਜਵਾਨਾਂ ਨੂੰ ਬਿਨਾਂ ਕਿਸੇ ਸਿਫਾਰਸ਼ ਅਤੇ ਰਿਸ਼ਵਤ ਤੋਂ ਸਰਕਾਰੀ ਨੌਕਰੀਆਂ ਵੀ ਦਿੱਤੀਆਂ ਗਈਆਂ ਹਨ, ਜਿਸ ਤੋਂ ਸਪੱਸ਼ਟ ਹੈ ਕਿ ਭਗਵੰਤ ਸਿੰਘ ਮਾਨ ਇੱਕ ਸੱਚੇ ਪੰਜਾਬ ਹਿਤੈਸ਼ੀ ਮੁੱਖ ਮੰਤਰੀ ਹਨ। ਜਨ ਸੁਵਿਧਾ ਕੈਂਪ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਨਿਰਮਲ ਓਸੇਪਚਨ ਨੇ ਕਿਹਾ ਕਿ ਸਰਕਾਰ ਦੇ ਆਦੇਸ਼ਾਂ ਅਨੁਸਾਰ ਹੁਣ ਹਰੇਕ ਹਫਤੇ ਵਿੱਚ ਦੋ ਵਾਰ ਵੱਖ-ਵੱਖ ਪਿੰਡਾਂ ਵਿੱਚ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਹੋ ਸਕੇ। ਇਸ ਮੌਕੇ ਨਾਇਬ ਤਹਿਸੀਲਦਾਰ ਗੁਰਬੰਸ ਸਿੰਘ, ਡੀ ਐਸ ਪੀ ਮਨਜੀਤ ਸਿੰਘ ਔਲਖ, ਐਸ ਐਚ ਓ ਥਾਣਾ ਸਦਰ ਬੁਢਲਾਡਾ ਮੇਲਾ ਸਿੰਘ, ਗੁਰਦਰਸ਼ਨ ਸਿੰਘ ਪਟਵਾਰੀ, ਐਡਵੋਕੇਟ ਸੁਖਪਾਲ ਸਿੰਘ ਪ੍ਰਧਾਨ, ਰਮਨ ਗੁੜਦੀ, ਬੀ ਡੀ ਪੀ ਓ ਗੁਰਜਿੰਦਰ ਸਿੰਘ, ਪੰਚਾਇਤ ਅਫ਼ਸਰ ਸਰਬਜੀਤ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਮੁੱਖ ਮੰਤਰੀ ਮਾਨ ਕੋਲ ਗੱਪ, ਲਾਰੇ ਤੇ ਡਰਾਮੇਬਾਜ਼ੀ ਤੋਂ ਇਲਾਵਾ ਕੱਖ ਨਹੀਂ : ਚੱਠਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੰਗਰੂਰ ਤੋਂ ਭਾਜਪਾ 2 ਦੇ ਜ਼ਿਲ੍ਹਾ ਪ੍ਰਧਾਨ ਅਮ੍ਰਿਤ ਰਾਜ ਨੇ ਚੱਠਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕੋਲ ਗੱਪਾਂ, ਡਰਾਮੇਬਾਜ਼ੀਆਂ ਤੋਂ ਇਲਾਵਾ ਕੱਖ ਨਹੀਂ ਹੈ। ਮਹੀਨਿਆਂ 'ਚ ਨਸ਼ਾ ਖਤਮ ਕਰਨ ਦੀ ਗੱਲ ਕਰਕੇ ਸੱਤਾ 'ਚ ਆਈ ਆਪ ਦੇ ਰਾਜ 'ਚ ਨਸ਼ਾ ਦਾ ਕਹਿਰ ਦਿਨੋਂ ਦਿਨ ਵਧਦਾ ਜਾ ਰਿਹਾ ਹੈ ਤੇ ਨਾਲ ਹੀ ਲੁੱਟਾਂ ਖੋਹਾਂ, ਗੈਂਗਵਾਰਾਂ ਤੇ ਫਿਰੌਤੀਆਂ 'ਚ ਭਾਰੀ ਈਜ਼ਾਫਾ ਹੋਇਆ।

ਕਾਨੂੰਨ ਵਿਵਸਥਾ ਬਿਲਕੁਲ ਡਾਂਵਾਡੋਲ ਹੈ। ਇਸ ਤੋਂ ਇਲਾਵਾ ਉਨ੍ਹਾ ਕਿਹਾ ਕਿ ਮੁੱਖ ਮੰਤਰੀ ਵੱਲੋਂ ਵੱਡੇ ਵੱਡੇ ਦਾਅਵੇ ਕਰਕੇ ਕੋਲ ਖਾਨਾਂ ਖ੍ਰੀਦਣ ਦੇ ਇਸ਼ਤਿਹਾਰ ਜਾਰੀ ਕਰਕੇ ਖੂਬ ਨਾਂਅ ਚਮਕਾਉਣ ਦੀ ਕੋਸ਼ਿਸ਼ ਕੀਤੀ ਗਈ, ਪ੍ਰੰਤੂ ਅਸਲੀਅਤ 'ਚ ਪੰਜਾਬ ਕੋਲ ਅੱਜ ਕੁੱਝ ਹੀ ਦਿਨਾਂ ਦਾ ਕੋਲੇ ਦਾ ਭੰਡਾਰ ਹੈ, ਜਿਸ ਨਾਲ ਸਿਖਰਾਂ 'ਤੇ ਚੱਲ ਰਹੇ ਝੋਨੇ ਦੇ ਸੀਜ਼ਨ 'ਚ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਚੱਠਾ ਨੇ ਕਿਹਾ ਕਿ ਆਪ ਕੇਂਦਰ ਵੱਲੋਂ ਚਲਾਈਆਂ ਸਿੰਚਾਈ ਯੋਜਨਾਵਾਂ ਦਾ 'ਆਪ' ਆਪਣੇ ਨਾਂਅ 'ਤੇ ਲਾਹਾ ਲੈਣ ਦੀ ਕੋਸ਼ਿਸ਼ ਕਰ ਰਹੀ, ਜਿਸ ਤੋਂ ਪੰਜਾਬ ਦੇ ਲੋਕ ਭਲੀ ਭਾਂਤੀ ਜਾਣੂ ਹਨ। ਉਨ੍ਹਾ ਕਿਹਾ ਕਿ ਸੂਬਾ 'ਚ ਜਲੰਧਰ ਜ਼ਿਮਨੀ ਚੋਣ 'ਚ ਵੀ ਸਾਫ ਹੋ ਚੁੱਕਾ ਹੈ ਭਾਜਪਾ ਦਾ ਹੌਲੀ ਹੌਲੀ ਅਧਾਰ ਪੰਜਾਬ 'ਚ ਮਜ਼ਬੂਤ ਹੋ ਰਿਹਾ ਹੈ ਤੇ 2027 ਦੀਆਂ ਚੋਣਾਂ 'ਚ ਭਾਜਪਾ ਦੀ ਸਰਕਾਰ ਬਣੇਗੀ।

# ਪੀ ਟੀ ਏ ਕਾਰਜਕਾਰਨੀ ਦੀ ਮੀਟਿੰਗ 'ਚ ਵਿਦਿਆਰਥੀਆਂ ਦੀ ਭਲਾਈ ਸੰਬੰਧੀ ਵਿਚਾਰ ਚਰਚਾ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਸਥਾਨਕ ਸਰਕਾਰੀ ਕਾਲਜ 'ਚ ਪ੍ਰਿੰਸੀਪਲ ਡਾ.ਬਲਵਿੰਦਰ ਸਿੰਘ ਵੜੈਚ ਦੀ ਸਰਪ੍ਰਸਤੀ ਅਧੀਨ ਅਤੇ ਪੀ.ਟੀ.ਏ ਬਰਸਰ ਪ੍ਰੋ. ਗੁਰਜਿੰਦਰ ਸਿੰਘ ਚਹਿਲ ਦੀ ਮੌਜੂਦਗੀ 'ਚ ਪੀ.ਟੀ.ਏ ਮੈਂਬਰਾਂ ਦੀ ਇਕ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ 'ਚ ਕਾਲਜ ਦੇ ਵਿਦਿਆਰਥੀਆਂ ਦੀ ਭਲਾਈ ਸੰਬੰਧੀ ਵਿਚਾਰ ਚਰਚਾ ਕੀਤੀ ਗਈ। ਜਿਸ ਨਾਲ ਸੰਸਥਾ ਦਾ ਵਿੱਦਿਅਕ ਮਿਆਰ ਹੋਰ ਉੱਚਾ ਕੀਤਾ ਜਾ ਸਕੇ।

ਪ੍ਰਿੰਸੀਪਲ ਡਾ.ਵੜੈਚ ਨੇ ਦੱਸਿਆ ਕਿ ਇਸ ਸਮੇਂ ਕਾਲਜ 'ਚ ਪੰਜਾਬ ਸਰਕਾਰ ਵੱਲੋਂ ਕੁਝ ਨਵੇਂ ਕੋਰਸ ਜਿਵੇਂ ਕਿ ਬੀ.ਏ. ਇਨ ਡਿਜੀਟਲ ਮੀਡੀਆ ਐਂਡ ਡਿਜ਼ਾਇਨ ਆਦਿ ਸ਼ੁਰੂ ਕੀਤੇ ਗਏ ਹਨ ਜੋ ਸਮਕਾਲੀਨ ਸਮਾਜ 'ਚ ਮਹੱਤਵਪੂਰਨ ਹਨ ਅਤੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਲਈ ਲਾਹੇਵੰਦ ਹਨ। ਬਰਸਰ ਪ੍ਰੋ.ਚਹਿਲ ਨੇ ਦੱਸਿਆ ਕਿ ਸਾਡੇ ਕਾਲਜ 'ਚ ਨਵੇਂ ਦਾਖਲੇ ਹੋ ਰਹੇ ਹਨ ਅਤੇ ਵਿਦਿਆਰਥੀਆਂ ਤੋਂ ਪੀ.ਟੀ.ਏ ਹੋਰਨਾਂ ਸੰਸਥਾਵਾਂ ਦੇ ਮੁਕਾਬਲੇ ਬਹੁਤ ਹੀ ਘੱਟ ਲਿਆ ਜਾਂਦਾ ਹੈ। ਜੋ ਵਿਦਿਆਰਥੀਆਂ ਦੇ ਹਿੱਤ ਲਈ ਵਰਤਿਆ ਜਾਂਦਾ ਹੈ, ਜਿਵੇਂ ਕਿ ਪੀ.ਟੀ.ਏ ਕਾਰਜਕਾਰਨੀ ਦੇ ਯਤਨਾਂ ਨਾਲ ਕਾਲਜ 'ਚ ਵਿਦਿਆਰਥਣਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨ ਲਈ ਰਿਸੋਰਸ ਸੈਂਟਰ ਅਤੇ ਡਿਜੀਟਲ ਲਾਇਬ੍ਰੇਰੀ ਦੀ ਵਿਵਸਥਾ ਕੀਤੀ ਗਈ ਹੈ ਜੋ 01 ਅਗਸਤ ਤੋਂ ਕਾਰਜਸ਼ੀਲ ਹੋ ਜਾਵੇਗਾ। ਪ੍ਰਿੰਸੀਪਲ ਡਾ.ਵੜੈਚ ਨੇ ਜਲਦ ਲੜਕਿਆਂ ਲਈ ਵੀ ਅਜਿਹੀ ਵਿਵਸਥਾ ਕਰਨ ਦੀ ਗੱਲ ਕੀਤੀ। ਕਾਲਜ 'ਚ ਸਾਰੀਆਂ ਕਲਾਸਾਂ ਦੇ ਦਾਖਲੇ ਸ਼ੁਰੂ ਹੋ ਚੁੱਕੇ ਹਨ ਦਾਖਲੇ ਦੇ ਚਾਹਵਾਨ ਵਿਦਿਆਰਥੀ ਦਾਖਲਾ ਲੈ ਸਕਦੇ ਹਨ। ਇਸ ਮੀਟਿੰਗ 'ਚ ਚੌਧਰੀ ਮੁਹੰਮਦ ਬਸ਼ੀਰ, ਮੁਹੰਮਦ ਸਿੱਦੀਕੀ, ਮੁਹੰਮਦ ਮੁਮਤਾਜ਼ ਐਮ.ਸੀ, ਮੁਹੰਮਦ ਸ਼ਕੀਲ (ਸਬਜ਼ੀ ਮੰਡੀ). ਡਾ.ਮੁਹੰਮਦ ਸੁਹੈਬ, ਗੁਰਦੇਵ ਸਿੰਘ, ਸ਼੍ਰੀ ਪ੍ਰੇਮ ਚੰਦ, ਪ੍ਰੋ:ਹਰਗੁਰਪ੍ਰਤਾਪ ਸਿੰਘ, ਪ੍ਰੋ.ਅਲੋਕ ਸ਼ੁਕਲਾ ਆਦਿ ਪੀਟੀਏ ਮੈਂਬਰ ਹਾਜ਼ਰ ਸਨ। ਪ੍ਰੋ.ਕਮਲ ਕਿਸ਼ੋਰ, ਸਰਕਾਰੀ ਕਾਲਜ ਲੜਕੀਆਂ, ਮਾਲੇਰਕੋਟਲਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਵਾਈਸ ਪ੍ਰਿੰਸੀਪਲ ਡਾ.ਮੁਹੰਮਦ ਸ਼ਕੀਲ ਨੇ ਸਾਰੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕੀਤਾ।

# ਪੋਲੀਟੈਕਨਿਕ ਕਾਲਜ ਦੀ ਵਿਦਿਆਰਥਣ ਅਗਵਾ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੋਲੀਟੈਕਨਿਕ ਕਾਲਜ ਸਿਰਸਾ ਦੀ ਵਿਦਿਆਰਥਣ ਦੇ ਸ਼ੱਕੀ ਹਾਲਤਾਂ ਵਿੱਚ ਲਾਪਤਾ ਹੋਣ 'ਤੇ ਪੁਲਸ ਨੇ ਵਿਦਿਆਰਥਣ ਦੀ ਮਾਂ ਦੀ ਸ਼ਿਕਾਇਤ 'ਤੇ ਅਣਪਛਾਤੇ ਨੌਜਵਾਨ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।ਮਿਲੀ ਜਾਣਕਾਰੀ ਅਨੁਸਾਰ ਚਤਰਗੜ੍ਹ ਪੱਟੀ ਦੀ ਰਹਿਣ ਵਾਲੀ ਮਹਿਲਾ ਨੀਲਮ ਰਾਣੀ ਦੀ 20 ਸਾਲਾ ਲੜਕੀ ਪੋਲੀਟੈਕਨਿਕ ਕਾਲਜ ਵਿੱਚ ਪੜ੍ਹਦੀ ਹੈ।ਵਿਦਿਆਰਥਣ ਦੀ ਮਾਂ ਦਾ ਕਹਿਣਾ ਹੈ ਕਿ ਉਸ ਨੂੰ ਇੱਕ ਮੋਬਾਈਲ ਨੰਬਰ ਤੋਂ ਧਮਕੀ ਭਰਿਆ ਫੋਨ ਆਇਆ ਤੇ ਫੋਨ ਕਰਨ ਵਾਲੇ ਨੇ ਕਿਹਾ ਕਿ ਥਾਣੇ ਵਿੱਚ ਐੱਫ ਆਈ ਆਰ ਦਰਜ ਨਾ ਕਰਵਾਓ ਨਹੀਂ ਤਾਂ ਤੁਹਾਡੀ ਧੀ ਨੂੰ ਮਾਰ ਦਿੱਤਾ ਜਾਵੇਗਾ।ਨੀਲਮ ਰਾਣੀ ਦਾ ਕਹਿਣਾ ਹੈ ਕਿ ਕਿਸੇ ਨੇ ਉਸ ਦੀ ਬੇਟੀ ਨੂੰ ਅਗਵਾ ਕਰ ਲਿਆ ਹੈ।ਦੂਸਰੇ ਪਾਸੇ ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਜਲਦੀ ਹੀ ਲਾਪਤਾ ਲੜਕੀ ਦਾ ਪਤਾ ਲਾ ਲਿਆ ਜਾਵੇਗਾ।

# ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਤੇ ਨੌਕਰੀਆਂ ਲਈ ਵਚਨਬੱਧ : ਚੇਅਰਮੈਨ ਜੱਸੀ ਸੋਹੀਆਂ ਵਾਲਾ



**ਨਾਭਾ (ਵਰਿੰਦਰ ਵਰਮਾ)**-ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਨੇ ਹਲਕੇ ਦੇ ਨੌਜਵਾਨਾਂ ਨਾਲ ਇਕ ਭਰਵੀਂ ਮੀਟਿੰਗ ਕਰਨ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੜ੍ਹੇ-ਲਿਖੇ ਡਿਗਰੀਆਂ ਪ੍ਰਾਪਤ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਵਚਨਬੱਧ ਹੈ ਅਤੇ ਪਿਛਲੇ 2 ਸਾਲ ਵਿੱਚ 43 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਅਤੇ ਆਉਣ ਵਾਲੇ ਸਮੇਂ ਵਿੱਚ ਜਿੱਥੇ ਵੱਡੀ ਪੱਧਰ 'ਤੇ ਨੌਕਰੀਆਂ ਦਿੱਤੀਆਂ ਜਾਣਗੀਆਂ, ਉੱਥੇ ਹੀ ਬੇਰੁਜ਼ਗਾਰੀ ਨੂੰ ਖਤਮ ਕਰਨ ਲਈ ਹੋਰ ਰੁਜ਼ਗਾਰ ਦੇ ਸਾਧਨ ਪੈਦਾ ਕੀਤਾ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨ ਵਰਗ ਨੂੰ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਖਿਲਾਫ ਲਾਮਬੰਦ ਕਰਕੇ ਉਨ੍ਹਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਕਾਮਯਾਬ ਹੋਈ ਹੈ ਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਖੇਡਾਂ ਵਿੱਚ ਮੁੜ ਤੋਂ ਮੋਹਰੀ ਹੋ ਕੇ ਅਗਵਾਈ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣੇਗਾ।ਚੇਅਰਮੈਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਸਮੁੱਚੇ ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆ ਨੂੰ ਸਖ਼ਤ ਆਦੇਸ਼ ਦਿੱਤੇ ਹਨ ਤਾਂ ਜੋ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਕਾਰਨ ਨਸ਼ੇ ਦੇ ਜੰਜਾਲ ਵਿੱਚ ਫਸੇ ਨੌਜਵਾਨਾਂ ਨੂੰ ਸਹੀ ਰਸਤਾ ਦਿਖਾ ਕੇ ਉਨ੍ਹਾਂ ਦੀ ਜਵਾਨੀ ਨੂੰ ਬਚਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਸਰਕਾਰ ਦੇ ਨਾਲ ਨਾਲ ਇੱਕ ਚੰਗੇ ਨਾਗਰਿਕ ਹੋਣ ਦੇ ਨਾਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਨੌਜਵਾਨਾਂ ਨੂੰ ਸਹੀ ਰਸਤੇ ਪਾਉਣ ਲਈ ਆਪਣਾ ਬਣਦਾ ਫਰਜ਼ ਨਿਭਾਈਏ।

# ਕੈਂਬ੍ਰਿਜ ਇੰਟਰਨੈਸ਼ਨਲ ਸਕੂਲ 'ਚ ਸੀ ਪੀ ਆਰ ਤੇ ਫਸਟ ਏਡ ਵਿਸ਼ੇ 'ਤੇ ਵਰਕਸ਼ਾਪ



**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਸੰਗਰੂਰ ਦੀ ਨਾਮੀ ਵਿੱਦਿਅਕ ਸੰਸਥਾ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਵਿਖੇ ਸੀ.ਪੀ.ਆਰ. (ਕਾਰਡੀਓ ਪਲਮੋਨਰੀ ਰੀਸਸੀਟੇਸ਼ਨ) ਅਤੇ ਫਸਟ ਏਡ ਵਿਸ਼ੇ ਉਪਰ ਇੱਕ ਵਰਕਸ਼ਾਪ ਕਰਵਾਈ ਗਈ ਜਿਸ ਵਿੱਚ ਉੱਘੇ ਡਾਕਟਰ ਸੁਮਿਤ ਬਾਂਸਲ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਜਿਨ੍ਹਾਂ ਦਾ ਸੰਸਥਾ ਦੇ ਚੇਅਰਮੈਨ ਇੰਜ: ਸ਼ਿਵ ਆਰਿਆ ਵੱਲੋਂ ਸਵਾਗਤ ਕੀਤਾ ਗਿਆ। ਇਸ ਦੌਰਾਨ ਡਾਕਟਰ ਸੁਮਿਤ ਬਾਂਸਲ ਨੇ ਸੀ.ਪੀ.ਆਰ. ਦੇ ਸੰਦਰਭ ਵਿਚ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਬੱਚਿਆਂ ਨੂੰ ਦੱਸਿਆ ਕੇ ਦਿਲ ਦੀ ਹਰਕਤ ਰੁਕ ਜਾਣ ਦੌਰਾਨ 2 ਤੋਂ 3 ਮਿੰਟ ਦੇ ਸਮੇਂ ਅੰਤਰਾਲ ਵਿਚ ਅਸੀਂ ਕਿਸੇ ਪੀੜਿਤ ਵਿਅਕਤੀ ਦੀ ਫਸਟ-ਏਡ ਤਕਨੀਕ ਸੀ.ਪੀ.ਆਰ ਦੁਆਰਾ ਕਿਸ ਤਰ੍ਹਾਂ ਜਾਨ ਬਚਾ ਸਕਦੇ ਹਾਂ ਅਤੇ ਨਾਲ ਹੀ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਸਿਹਤ ਸਬੰਧੀ ਅਜਿਹੀਆਂ ਸਹੂਲਤਾਂ ਦੇ ਮਹੱਤਵ ਨੂੰ ਸਮਝਦੇ ਹੋਏ ਇਸ ਵਿਧੀ ਨੂੰ ਬੱਚਿਆਂ ਦੇ ਪਾਠਕ੍ਰਮ ਵਿੱਚ ਵੀ ਸ਼ਾਮਿਲ ਕੀਤਾ ਜਾਣਾ ਨਿਰਧਾਰਿਤ ਹੋ ਗਿਆ ਹੈ। ਸਕੂਲ ਦੇ ਚੇਅਰਮੈਨ ਇੰਜੀਨੀਅਰ ਸ਼ਿਵ ਆਰਿਆ ਨੇ ਜਾਣਕਾਰੀ ਦਿੰਦਿਆਂ ਸਮਝਾਇਆ ਕਿ ਅੱਜ ਕੱਲ੍ਹ ਦੇ ਪ੍ਰਦੂਸ਼ਿਤ ਵਾਤਾਵਰਣ, ਮਿਲਾਵਟੀ ਖਾਣੇ ਅਤੇ ਜ਼ਿੰਦਗੀ ਜਿਉਣ ਦੇ ਬਦਲ ਰਹੇ ਵਤੀਰੇ ਨੇ ਕਈ ਪ੍ਰਕਾਰ ਦੀਆਂ ਮਾਰੂ ਬਿਮਾਰੀਆਂ ਪੈਦਾ ਕਰ ਦਿੱਤੀਆਂ ਹਨ। ਜਿਸ ਵਿੱਚ ਹਾਰਟ ਅਟੈਕ ਇੱਕ ਆਮ ਜਾਨਲੇਵਾ ਬਿਮਾਰੀ ਬਣ ਕੇ ਸਾਡੇ ਸਾਹਮਣੇ ਆ ਖੜ੍ਹੀ ਹੈ, ਜਿਸ ਦੀ ਰੋਕਥਾਮ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਜ਼ਰੂਰਤ ਹੈ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਸੀ. ਪੀ.ਆਰ. ਤਕਨੀਕ ਦੀ ਵਿਵਹਾਰਿਕ ਸਿਖਲਾਈ ਵੀ ਪ੍ਰਦਾਨ ਕਰਵਾਈ ਗਈ। ਜਿਸ ਤੋਂ ਬਾਅਦ ਸਕੂਲ ਪ੍ਰਿੰਸੀਪਲ ਦੀਪਾਲੀ ਮਹਿਰੋਤਰਾ ਨੇ ਇਸ ਵਰਕਸ਼ਾਪ ਦੇ ਮਹੱਤਵ ਨੂੰ ਉਜਾਗਰ ਕਰਦਿਆਂ ਕਿਹਾ ਕਿ ਸੀ. ਪੀ.ਆਰ ਦੇਣ ਦੀ ਵਿਧੀ ਦੀ ਜਾਣਕਾਰੀ ਹਰ ਆਮ ਅਤੇ ਖਾਸ ਨੂੰ ਲਾਜ਼ਮੀ ਹੋਣੀ ਚਾਹੀਦੀ ਹੈ। ਇਸ ਦੌਰਾਨ ਸਕੂਲ ਦੇ ਸੀ.ਈ.ਓ. ਮਿਸ ਭਾਵਨਾ ਪੌਲ, ਸੀਨੀਅਰ ਵਿੰਗ ਕੋਆਰਡੀਨੇਟਰ ਸ਼ੈਫੀ ਚਾਵਲਾ ਅਤੇ ਸਮੂਹ ਸਟਾਫ ਨੇ ਵੀ ਆਪਣੀ ਹਾਜ਼ਰੀ ਲਗਵਾਈ।

# ਮਨਰੇਗਾ ਮੇਹਰਟਾਂ ਤੇ ਮਜ਼ਦੂਰਾਂ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਹੋਵੇਗੀ : ਕੇ ਡੀ ਵੈਦ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਸੰਮਤੀ ਦਫ਼ਤਰ ਵਿਖੇ ਵੱਖ-ਵੱਖ ਪਿੰਡਾਂ ਦੀਆਂ ਮਨਰੇਗਾ ਨਾਲ ਸੰਬੰਧਤ ਔਰਤ ਮਜ਼ਦੂਰਾਂ ਵੱਲੋਂ ਭਰਵੀਂ ਇਕੱਤਰਤਾ ਹੋਈ, ਜਿਸ ਦੌਰਾਨ ਪੰਜਾਬ ਕਾਂਗਰਸ ਐੱਸ. ਸੀ. ਡਿਪਾਰਟਮੈਂਟ ਸੈੱਲ ਦੇ ਚੇਅਰਮੈਨ ਤੇ ਹਲਕਾ ਗਿੱਲ ਦੇ ਇੰਚਾਰਜ ਕੁਲਦੀਪ ਸਿੰਘ ਕੇ. ਡੀ. ਵੈਦ ਸਾਬਕਾ ਵਿਧਾਇਕ ਵੱਲੋਂ ਸ਼ਿਰਕਤ ਕਰਕੇ ਜਿੱਥੇ ਮਨਰੇਗਾ ਮਜ਼ਦੂਰਾਂ ਦੀ ਹਮਾਇਤ ਦਾ ਭਰੋਸਾ ਪ੍ਰਗਟਾਇਆ, ਉੱਥੇ ਉਨ੍ਹਾਂ ਆਪ ਸਰਕਾਰ ਵੱਲੋਂ ਗਰੀਬ ਮਜ਼ਦੂਰਾਂ ਨਾਲ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਦਾ ਤਿੱਖਾ ਪ੍ਰਤੀਕਰਮ ਪ੍ਰਗਟਾਇਆ।ਜ਼ਿਕਰਯੋਗ ਹੈ ਕਿ ਬਲਾਕ ਡੇਹਲੋਂ ਨਾਲ ਸੰਬੰਧਤ ਪਿੰਡਾਂ ਲਹਿਰਾ, ਗੁਰਮ, ਬੁਟਾਹਰੀ, ਪੋਹੀੜ, ਨਾਰੰਗਵਾਲ ਸਮੇਤ ਹੋਰਨਾਂ ਪਿੰਡਾਂ ਅੰਦਰ ਪੰਚਾਇਤਾਂ ਭੰਗ ਹੋਣ ਬਾਅਦ ਬੀ. ਡੀ. ਪੀ. ਓ. ਡੇਹਲੋਂ ਦਫ਼ਤਰ ਵੱਲੋਂ ਪਹਿਲਾਂ ਤੋਂ ਕੰਮ ਕਰ ਰਹੀਆਂ ਮੇਰਟ ਮਜ਼ਦੂਰਾਂ ਨੂੰ ਹਟਾ ਕੇ ਆਪਣੇ ਹਿਤੈਸ਼ੀਆਂ ਨੂੰ ਮਨਰੇਗਾ ਮਜ਼ਦੂਰਾਂ ਦੇ ਮੇਹਰਟ ਬਣਾਏ ਜਾਣ ਕਾਰਨ ਮਾਮਲਾ ਚਰਚਾ ਬਣ ਗਿਆ ਹੈ, ਜਦਕਿ ਬਲਾਕ ਦਫ਼ਤਰ ਅਧਿਕਾਰੀ ਇਸ ਸੰਬੰਧੀ ਕੁੱਝ ਵੀ ਬੋਲਣ ਤੋਂ ਅਸਮਰਥ ਹਨ।ਇਸ ਸਮੇਂ ਸਾਬਕਾ ਵਿਧਾਇਕ ਕੇ. ਡੀ. ਵੈਦ ਨੇ ਕਿਹਾ ਕਿ ਭਾਰਤ ਸਰਕਾਰ ਦੁਆਰਾ ਪਿੰਡ ਗਰੀਬੀ ਰੇਖਾ ਤੋਂ ਥੱਲੇ ਰਹਿੰਦੇ ਲੋਕਾਂ ਲਈ ਕਾਫੀ ਸਮੇਂ ਤੋਂ ਮਨਰੇਗਾ ਸਕੀਮ ਸ਼ੁਰੂ ਕੀਤੀ ਹੋਈ ਹੈ, ਜਦਕਿ ਹੁਣ ਪੰਜਾਬ ਸਰਕਾਰ ਦੀ ਆਪ ਸਰਕਾਰ ਵੱਲੋਂ ਮਨਰੇਗਾ ਵਿੱਚ ਕੰਮ ਕਰਨ ਵਾਲੇ ਮਨਰੇਗਾ ਮੇਹਰਟਾਂ ਨੂੰ ਜ਼ਬਰਦਸਤੀ ਕੰਮ ਤੋਂ ਹਟਾ ਕੇ ਨਵੇਂ ਆਪਣੇ ਹਿਤੈਸ਼ੀ ਲੋਕਾਂ ਅੱਗੇ ਕੀਤਾ ਜਾ ਰਿਹਾ ਹੈ, ਜਦਕਿ ਇਸ ਨਾਲ ਮਜ਼ਦੂਰ ਵਰਗ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕੇ. ਡੀ. ਵੈਦ ਦੀ ਹਾਜ਼ਰੀ ਵਿੱਚ ਮਨਰੇਗਾ ਮਜ਼ਦੂਰਾਂ ਨੇ ਦੱਸਿਆ ਕਿ ਮਨਰੇਗਾ ਮੇਹਰਟਾਂ ਨੂੰ ਰੱਖਣ ਦੀ ਪ੍ਰਕਿਰਿਆ ਵਿਰੁੱਧ ਨਗਰ ਪੰਚਾਇਤਾਂ ਦੇ ਡੇਹਲੋਂ ਦਫਤਰ ਵਿਖੇ ਮਨਰੇਗਾ ਮਜ਼ਦੂਰਾਂ ਵੱਲੋਂ ਸਰਕਾਰੀ ਧੱਕੇਸ਼ਾਹੀ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮਨਰੇਗਾ ਇੱਕ ਜਰਨਲ ਆਜਲਾਸ ਦੌਰਾਨ ਮਤੇ ਪਾ ਕੇ ਰੱਖੇ ਜਾਂਦੇ ਹਨ ਜਾਂ ਫਿਰ ਮਨਰੇਗਾ ਮਜ਼ਦੂਰਾਂ ਦੀ ਸਹਿਮਤੀ ਦੁਆਰਾ ਚੁਣੇ ਜਾਂਦੇ ਹਨ, ਜਦਕਿ ਹੁਣ ਸਰਕਾਰ ਦੀ ਸ਼ਹਿ 'ਤੇ ਬਲਾਕ ਡੇਹਲੋਂ ਦਫ਼ਤਰ ਵੱਲੋਂ ਬਿਨਾਂ ਕਿਸੇ ਨੋਟਿਸ ਦਿੱਤੇ ਹੋਏ ਮਨਰੇਗਾ ਮੇਰਟਾਂ ਨੂੰ ਧੱਕੇ ਨਾਲ ਹਟਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਜ਼ਦੂਰਾਂ ਨੂੰ ਡਰਾਉਣ ਲਈ ਇੱਕ ਨਵੀਂ ਪਿਰਤ ਪਾਈ ਜਾ ਰਹੀ ਹੈ, ਜਿਸ ਨੂੰ ਕਾਂਗਰਸ ਪਾਰਟੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।ਇਸ ਸਮੇਂ ਮਿਲਕ ਪਲਾਂਟ ਡਾਇਰੈਕਟਰ ਤੇਜਿੰਦਰ ਸਿੰਘ ਲਾਡੀ ਜੱਸੜ, ਬਲਾਕ ਕਾਂਗਰਸ ਦੇ ਪ੍ਰਧਾਨ ਤੇ ਸਾਬਕਾ ਸਰਪੰਚ ਮਨਜਿੰਦਰ ਸਿੰਘ ਨੋਨੀ ਸੀਲੋਂ, ਦਵਿੰਦਰ ਸਿੰਘ ਗਿੱਲ, ਸਾਬਕਾ ਸਰਪੰਚ ਬਲਰਾਜ ਸਿੰਘ ਗੁਰਮ, ਸਾਬਕਾ ਸਰਪੰਚ ਤਰਸੇਮ ਲਾਲ ਬਟਾਹਰੀ, ਸਾਬਕਾ ਸਰਪੰਚ ਕੇਵਲ ਸਿੰਘ ਬੁਟਾਹਰੀ, ਬਲਵੰਤ ਸਿੰਘ ਨਿੱਕਾ ਬੁਟਾਹਰੀ, ਗੁਰਮੇਲ ਸਿੰਘ ਵਾਰੀਆ, ਧਰਮਿੰਦਰ ਸਿੰਘ ਸੋਨੀ, ਮੇਟ ਜਤਿੰਦਰ ਕੌਰ ਗੁਰਮ, ਮੇਰਟ ਰਜ਼ੀਆ ਲਹਿਰਾ, ਮੇਟ ਅਮਨਦੀਪ ਕੌਰ ਨਾਰੰਗਵਾਲ, ਮੇਟ ਜਸਵੰਤ ਕੌਰ ਬੁਟਾਹਰੀ, ਸਮਸ਼ੇਰ ਕੌਰ, ਬਲਜੀਤ ਕੌਰ, ਹਰਵਿੰਦਰ ਕੌਰ, ਸਵਰਨਜੀਤ ਕੌਰ, ਮਨਜੀਤ ਕੌਰ, ਚਰਨਜੀਤ ਕੌਰ, ਜਰਨੈਲ ਕੌਰ, ਜਸਪਾਲ ਕੌਰ, ਅਮਨਦੀਪ ਕੌਰ, ਪ੍ਰਿਤਪਾਲ ਕੌਰ, ਰਣਦੀਪ ਕੌਰ, ਮਨਪ੍ਰੀਤ ਕੌਰ, ਸਮਸ਼ੇਰ ਕੌਰ, ਸੁਰਜੀਤ ਕੌਰ, ਮਿੰਦਰ ਕੌਰ, ਪਰਮਜੀਤ ਕੌਰ, ਪਰਮਜੀਤ ਕੌਰ, ਬਲਵੀਰ ਕੌਰ, ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਿਰਧ ਆਸ਼ਰਮ ਦਾ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਹਦਾਇਤਾਂ ਅਨੁਸਾਰ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸਾਹਿਤ- ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਡਾ. ਗਗਨਦੀਪ ਕੌਰ, ਸਿਵਲ ਜੱਜ (ਸੀ ਡ)/ ਸੀ ਜੇ ਐੱਮ ਸਾਹਿਤ- ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਵੱਲੋਂ ਜਲਾਲਾਬਾਦ ਰੋਡ ਸਥਿਤ ਬਿਰਧ ਆਸ਼ਰਮ ਦਾ ਦੌਰਾ ਕੀਤਾ। ਜਿਸ ਦੌਰਾਨ ਉੱਥੇ ਰਹਿ ਰਹੇ ਬਜ਼ੁਰਗਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਤੰਦਰੁਸਤੀ ਦੀ ਕਾਮਨਾ ਕੀਤੀ।ਇਸ ਤੋਂ ਇਲਾਵਾ ਸਕੱਤਰ ਨੇ ਸੀਨੀਅਰ ਸੀਟੀਜ਼ਨ ਅਤੇ ਮਾਪੇ ਐਕਟ, 2007 ਦੇ ਹੱਕਾਂ ਸਬੰਧੀ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਬਜ਼ੁਰਗਾਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਅਤੇ ਖਾਣੇ ਦਾ ਵੀ ਨਿਰੀਖਣ ਕੀਤਾ। ਇਸ ਮੌਕੇ ਬੂਟਾ ਰਾਮ ਕਾਂਗੜਾ ਅਤੇ ਸਮੇਤ ਮੈਂਬਰ ਵੀ ਹਾਜ਼ਰ ਸਨ।ਵਧੇਰੇ ਜਾਣਕਾਰੀ ਲਈ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਟੋਲ ਫ੍ਰੀ ਹੈਲਪਲਾਈਨ ਨੰਬਰ 15100 ਤੇ ਜਾਂ ਸਿੱਧੇ ਤੌਰ ਤੇ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦਾ ਮੁੱਖ ਮੰਤਵ ਲੋਕਾਂ ਨੂੰ ਪੰਜਾਬੀ ਭਾਸ਼ਾ ਦੀ ਮਹਾਨਤਾ ਪ੍ਰਤੀ ਜਾਗਰੂਕ ਕਰਨਾ : ਡਾ. ਨਿੱਜਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਹੇਠ 68ਵੀਂ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦੀਆਂ ਤਿਆਰੀਆਂ ਸੰਬੰਧੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੀਵਾਨ ਅਧੀਨ ਚੱਲ ਰਹੇ ਐਸ.ਜੀ.ਐਸ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਮੀਟਿੰਗ ਹਾਲ ਵਿਚ ਇਕੱਤਰਤਾ ਕੀਤੀ ਗਈ। ਜਿਸ ਵਿਚ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਸਮੇਤ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰਧਾਨ ਡਾ.ਨਿੱਜਰ ਨੇ ਕਿਹਾ ਕਿ 21 ਤੋਂ-23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਜਾ ਰਹੀ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਦਾ ਮੁੱਖ ਮੰਤਵ ਆਧੁਨਿਕ ਵਿੱਦਿਅਕ ਸਾਧਨਾ ਰਾਹੀਂ ਗਿਆਨ ਦੀ ਰੌਸ਼ਨੀ ਵਿਚ ਲੋਕਾਂ ਨੂੰ ਪੰਜਾਬੀ ਭਾਸ਼ਾ ਦੀ ਮਹਾਨਤਾ ਪ੍ਰਤੀ ਜਾਗਰੂਕ ਕਰਨਾ ਅਤੇ ਇਸ ਭਾਸ਼ਾ ਨੂੰ ਬਣਦਾ ਮਾਨ-ਸਤਿਕਾਰ ਦੁਆਉਣਾ ਹੈ ਤਾਂ ਜੋ ਲੋਕਾਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੀ ਅਮੀਰ ਵਿਰਾਸਤ ਦੀ ਮਹਾਨਤਾ ਤੋ ਜਾਣੂੰ ਕਰਵਾਇਆ ਜਾ ਸਕੇ। ਮੀਟਿੰਗ ਦੌਰਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਐਜੂਕੇਸ਼ਨ ਬੋਰਡ ਦੀ ਸਥਾਪਨਾ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਆਧੁਨਿਕ ਵਿੱਦਿਆ ਦੇ ਨਾਲ-ਨਾਲ ਨਵੀਂ ਪਨੀਰੀ ਨੂੰ ਸਿੱਖ ਵਿਰਸੇ ਅਤੇ ਸੱਭਿਆਚਾਰ ਦੀਆਂ ਮਜ਼ਬੂਤ ਨੀਹਾਂ ਨਾਲ ਜੋੜਿਆ ਜਾ ਸਕੇ। ਉਨ੍ਹਾਂ ਤਿੰਨ ਰੋਜ਼ਾ ਵਿਸ਼ਵ ਸਿੱਖ ਵਿੱਦਿਅਕ ਕਾਨਫਰੰਸ ਵਿਚ ਆਪਣੀ ਵੱਧ ਤੋਂ ਵੱਧ ਸ਼ਮੂਲੀਅਤ ਅਤੇ ਭਰਵਾਂ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਬਾਅਦ ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਡਾ.ਅਮਰਜੀਤ ਸਿੰਘ ਦੂਆ ਨੇ ਕਾਨਫਰੰਸ ਦੌਰਾਨ ਕਰਵਾਏ ਜਾ ਰਹੇ ਨਗਰ ਕੀਰਤਨ, ਕੀਰਤਨ ਦਰਬਾਰ ਅਤੇ ਹੋਰਨਾਂ ਪ੍ਰੋਗਰਾਮਾਂ ਦੇ ਪ੍ਰਬੰਧਾਂ ਸਬੰਧੀ ਵੇਰਵਾ ਸਾਂਝਾ ਕੀਤਾ। ਇਸ ਮੌਕੇ ਕਾਨਫਰੰਸ ਵਿਚ ਕਰਵਾਏ ਜਾ ਰਹੇ ਸੈਮੀਨਾਰਜ਼ ਅਤੇ ਪ੍ਰਦਰਸ਼ਨੀਆਂ ਦੇ ਵਿਸ਼ਿਆਂ ਦੀ ਚੋਣ ਲਈ ਕਮੇਟੀ ਗਠਿਤ ਕੀਤੀ ਗਈ। ਮੀਟਿੰਗ ਵਿਚ ਵਿਦਿਆਰਥੀਆਂ ਦੇ ਕਰੀਅਰ ਨੂੰ ਸਹੀ ਦਸ਼ਾ ਅਤੇ ਦਿਸ਼ਾ ਦੇਣ ਹਿੱਤ ਅਤੇ ਬੱਚਿਆਂ ਨੂੰ ਚੰਗੀਆਂ ਨੌਕਰੀਆਂ ਰਾਹੀਂ ਭਵਿੱਖ ਦੀਆਂ ਸਫਲ ਮੰਜ਼ਿਲਾਂ ਤੱਕ ਪਹੁੰਚਾਉਣ ਲਈ ਕਾਨਫੰਰਸ ਦੌਰਾਨ ਵਿਸ਼ੇਸ਼ ਕਰੀਅਰ ਕੌਂਸਲਿੰਗ ਪ੍ਰੋਗਰਾਮ ਉਲੀਕਣ ਦਾ ਨਿਰਣਾ ਲਿਆ ਗਿਆ।

ਮੀਤ ਪ੍ਰਧਾਨ ਜਗਜੀਤ ਸਿੰਘ ਅਤੇ ਕਾਰਜਕਾਰੀ ਆਨਰੇਰੀ ਸਕੱਤਰ/ਐਡੀ.ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਨੇ ਕਾਨਫਰੰਸ ਨੂੰ ਵਿਸ਼ਵ ਪੱਧਰ 'ਤੇ ਯਾਦਗਾਰੀ ਬਣਾਉਣ ਹਿੱਤ ਟੀਮ ਵਰਕ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਸਟਾਫ ਨੂੰ ਇਕਜੁਟ ਹੋ ਕੇ ਉਤਸ਼ਾਹ ਨਾਲ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਮੀਟਿੰਗ ਵਿੱਚ ਆਨਰੇਰੀ ਸਕੱਤਰ ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ ਐਜੂਕੇਸ਼ਨਲ ਕਮੇਟੀ ਡਾ. ਮਨਮੋਹਨ ਸਿੰਘ, ਬੀਬੀ ਕਿਰਨਜੋਤ ਕੌਰ, ਗੁਰਪ੍ਰੀਤ ਸਿੰਘ ਸੇਠੀ, ਅਮਰਦੀਪ ਸਿੰਘ ਰਾਜੇਵਾਲ, ਰਜਿੰਦਰ ਸਿੰਘ ਮਰਵਾਹਾ, ਦਲੀਪ ਸਿੰਘ ਬਾਗਾ, ਡਾਇਰੈਕਟਰ ਏ.ਪੀ.ਐਸ.ਚਾਵਲਾ, ਅੰਡਰ ਸੈਕਟਰੀ ਅਮਰਜੀਤ ਸਿੰਘ ਚੁੱਘ ਸਮੇਤ ਹੋਰ ਦੀਵਾਨ ਮੈਂਬਰ ਸਾਹਿਬਾਨ ਅਤੇ ਸੀ.ਕੇ.ਡੀ ਸਹਾਇਕ ਡਾਇਰੈਕਟਰਜ਼ ਅਤੇ ਸਕੂਲ ਪ੍ਰਿੰਸੀਪਲ ਮਿਸਿਜ਼ ਸੁਖਪਾਲ ਕੌਰ ਹਾਜ਼ਰ ਸਨ।

# ਕਲਸੀਆਂ ਤੋਂ ਪਾਕਿਸਤਾਨੀ ਡਰੋਨ ਨਾਲ ਭੇਜੇ 4 ਪਿਸਤੌਲ ਤੇ 50 ਜ਼ਿੰਦਾ ਕਾਰਤੂਸ ਬਰਾਮਦ



ਭਿੱਖੀਵਿੰਡ/ ਖਾਲੜਾ (ਲਖਵਿੰਦਰ ਸਿੰਘ-ਗੋਲਣ/ਰਣਬੀਰ ਸਿੰਘ ਗੋਲਣ) ਖਾਲੜਾ ਪੁਲਸ ਨੇ ਪਾਕਿਸਤਾਨੀ ਡਰੋਨ ਦੀ ਮਦਦ ਨਾਲ ਰਾਤ ਪਿੰਡ ਕਲਸੀਆ ਦੀ ਸਰਹੱਦ ਨਜ਼ਦੀਕੀ ਪਾਕਿਸਤਾਨੀ ਡਰੋਨ ਰਾਹੀਂ ਭੇਜੇ ਗਏ 4 ਪਿਸਤੌਲ (7.62 ਚੀਨ ਦੇ ਬਣੇ) ਅਤੇ 50 ਜ਼ਿੰਦਾ ਰੌਂਦ ਬਰਾਮਦ ਹੋਏ ਹਨ।

ਸਬ ਡਵੀਜ਼ਨ ਭਿੱਖੀਵਿੰਡ ਦੇ ਡੀ ਐਸ ਪੀ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ 18 ਜੁਲਾਈ ਦੀ ਰਾਤ ਨੂੰ 2:15 ਵਜੇ ਦੇ ਕਰੀਬ ਖਾਲੜਾ ਪੁਲਸ ਅਤੇ ਬੀ.ਐਸ.ਐਫ ਦੀ 71 ਬਟਾਲੀਅਨ ਨੂੰ ਸੂਚਨਾ ਮਿਲੀ ਸੀ ਕਿ ਇੱਕ ਪਾਕਿਸਤਾਨੀ ਡਰੋਨ ਭਾਰਤੀ ਖੇਤਰ ਵਿੱਚ ਦਾਖਲ ਹੋਇਆ ਹੈ। ਜਿਸ ਤੋਂ ਬਾਅਦ ਖਾਲੜਾ ਪੁਲਸ ਅਤੇ ਬੀ ਐਸ ਐਫ ਦੀ 71ਵੀਂ ਬਟਾਲੀਅਨ ਵੱਲੋਂ ਤਲਾਸ਼ੀ ਮੁਹਿੰਮ ਚਲਾਈ ਗਈ। ਜਿਸ ਵਿੱਚ ਭਾਰਤੀ ਸਰਹੱਦ ਦੇ ਅੰਦਰੋਂ ਚੀਨ ਦੇ ਬਣਾਏ ਚਾਰ ਪਿਸਤੌਲ, 50 ਜ਼ਿੰਦਾ ਕਾਰਤੂਸ ਅਤੇ ਤਾਰ ਦੇ ਅੱਠ ਟੁਕੜੇ ਬਰਾਮਦ ਹੋਏ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਖਾਲੜਾ ਵਿਖੇ ਧਾਰਾ 25/54/59 ਆਰਮਜ਼ ਐਕਟ ਅਤੇ 10/11/12 ਏਅਰਕ੍ਰਾਫਟ ਐਕਟ 1934 ਤਹਿਤ ਮੁਕੱਦਮਾ ਨੰਬਰ 93 ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਪਿੰਡ ਪੰਨਵਾਂ 'ਚ ਸੁਵਿਧਾ ਕੈਂਪ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਆਮ ਲੋਕਾਂ ਨੂੰ ਸਰਕਾਰੀ ਸਕੀਮਾਂ/ਸਹੂਲਤਾਂ ਦਾ ਲਾਭ ਉਨ੍ਹਾਂ ਦੇ ਘਰਾਂ ਨੇੜੇ ਹੀ ਉਪਲਬਧ ਕਰਵਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਡੇਰਾ ਬਾਬਾ ਨਾਨਕ ਤਹਿਸੀਲ ਦੇ ਪਿੰਡ ਪੰਨਵਾਂ ਵਿਖੇ ਸੁਵਿਧਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਪਿੰਡ ਪੰਨਵਾਂ ਤੋਂ ਇਲਾਵਾ ਪਿੰਡ ਮਨਸੂਰ ਕਲਾਂ, ਮਨਸੂਰ ਅਬਾਦੀ, ਗੁਰਚੱਕ ਅਤੇ ਡਾਲਾ ਦੇ ਵਸਨੀਕਾਂ ਨੇ ਵੀ ਭਾਗ ਲਿਆ।ਸੁਵਿਧਾ ਕੈਂਪ ਦੌਰਾਨ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਹਰਦੀਪ ਸਿੰਘ, ਬੀ.ਡੀ.ਪੀ.ਓ. ਜਸਬੀਰ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਪੰਜਾਬ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਮਾਰਕਿਟ ਕਮੇਟੀ ਕਲਾਨੌਰ ਰਣਜੀਤ ਸਿੰਘ ਬਾਠ ਵੀ ਵਿਸ਼ੇਸ਼ ਤੌਰ 'ਤੇ ਇਸ ਕੈਂਪ ਵਿੱਚ ਸ਼ਾਮਲ ਹੋਏ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਇਹ ਕੈਂਪ ਲਗਾਉਣ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਅੱਜ ਸਰਹੱਦੀ ਪਿੰਡ ਪੰਨਵਾਂ ਵਿਖੇ ਵਿਸ਼ੇਸ਼ ਸੁਵਿਧਾ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮਕਸਦ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦੇਣਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਉਨ੍ਹਾਂ ਦੇ ਕੋਲ ਜਾ ਕੇ ਹੱਲ ਕਰਨਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਸਟਾਲ ਲਗਾ ਕੇ ਲੋਕਾਂ ਨੂੰ ਸੇਵਾਵਾਂ ਦਿੱਤੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਕੈਂਪ ਵਿੱਚ ਲੋਕਾਂ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਦਰਖਾਸਤਾਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਅਧਿਕਾਰੀਆਂ ਵੱਲੋਂ ਵਧੇਰੀਆਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਇਸ ਤੋਂ ਇਲਾਵਾ ਜਿਹੜੀਆਂ ਦਰਖਾਸਤਾਂ ਕਿਸੇ ਵਿਭਾਗ ਦੇ ਉੱਚ ਪੱਧਰ ਤੱਕ ਭੇਜਣ ਵਾਲੀਆਂ ਸਨ ਉਨ੍ਹਾਂ ਨੂੰ ਫਾਰਵਰਡ ਕੀਤਾ ਗਿਆ ਹੈ। ਇਸ ਮੌਕੇ ਅਧਾਰ ਕਾਰਡ, ਜਾਤੀ ਸਰਟੀਫਿਕੇਟ, ਆਮਦਨ, ਰੂਰਲ, ਰੈਜੀਡੈਂਸ ਅਤੇ ਬਾਰਡਰ ਏਰੀਏ ਦੇ ਸਰਟੀਫਿਕੇਟ ਮੌਕੇ 'ਤੇ ਜਾਰੀ ਕੀਤੇ ਗਏ।ਇਸ ਮੌਕੇ ਪੰਜਾਬ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਤੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇਸ ਤਰ੍ਹਾਂ ਦੇ ਕੈਂਪ ਲਗਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਆਮ ਲੋਕਾਂ ਦੀ ਆਪਣੀ ਸਰਕਾਰ ਹੈ ਜਿਸ ਵਿੱਚ ਕਿਸੇ ਵੀ ਵਰਗ ਦੇ ਵਿਅਕਤੀ ਨੂੰ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਮੰਡੀ ਬੋਰਡ ਦੇ ਐਕਸੀਅਨ ਬਲਦੇਵ ਸਿੰਘ ਬਾਜਵਾ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ, ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਰਾਜੀਵ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# ਵੋਕਹਾਰਟ ਫਾਊਂਡੇਸ਼ਨ ਦਾ ਪੋਸਟਰ ਸਕੱਤਰ ਕਸ਼ਮੀਰ ਸਿੰਘ ਵਾਹਲਾ ਨੇ ਕੀਤਾ ਰਿਲੀਜ਼




ਗੁਰਦਾਸਪੁਰ, (ਦਿਨੇਸ਼ ਕੁਮਾਰ)- ਵੋਕਹਾਰਟ ਫਾਉਂਡੇਸ਼ਨ ਸ਼ਰਾਬ ਪਤ੍ਰੀ ਲੋਕਾਂ ਨੂੰ ਜਗਰੂਕ ਕਰਨ ਲਈ ਅਣਥੱਕ ਮਿਹਨਤ ਕਰ ਰਹੀ ਹੈ। ਇਸ ਫਾਊਂਡੇਸ਼ਨ ਵਲੋਂ ਪਿੰਡਾਂ ਕਸਬਿਆਂ ਆਦਿ ਵਿੱਚ ਕੈਂਪ ਲਗਾ ਕੇ ਸ਼ਰਾਬ ਦੀਆਂ ਬੁਰਾਈਆਂ ਤੋਂ ਨੌਜਵਾਨ ਪੀੜ੍ਹੀ ਅਤੇ ਆਮ ਲੋਕਾਂ ਨੂੰ ਜਗਰੂਕ ਕੀਤਾ ਜਾਂਦਾ ਹੈ। ਵੋਕਹਾਰਟ ਫਾਉਡੇਸ਼ਨ ਦੀ ਚੰਗੀ ਕਾਰਗੁਜ਼ਾਰੀ ਦੇਖਦੇ ਹੋਏ ਇਸ ਦਾ ਪੋਸਟਰ ਸਕੱਤਰ ਕਿਸਾਨ ਵਿੰਗ ਪੰਜਾਬ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਵਾਹਲਾ ਨੇ ਆਪਣੇ ਕਰ ਕਮਲਾਂ ਨਾਲ ਰਿਲੀਜ਼ ਕੀਤਾ। ਇਸ ਮੌਕੇ ਵੋਕਹਾਰਟ ਫਾਉਂਡੇਸ਼ਨ ਪ੍ਰੋਜੈਕਟ ਦੇ ਪੰਜਾਬ ਅੰਬੈਸਡਰ ਅਤੇ ਉਡਾਨ ਐਂਨ ਜੀ ਓ ਦੇ ਪ੍ਰਧਾਨ ਬਲਜੀਤ ਸਿੰਘ ਉੱਪਲ, ਜਰਨਲ ਸੈਕਟਰੀ ਗਗਨ ਸੇਖੋਂ, ਸੁੱਖ ਵਾਹਲਾ, ਅਸ਼ਵਨੀ ਕੁਮਾਰ, ਪਾਵਨ ਕੁਮਾਰ, ਰਾਜ ਕੁਮਾਰ ਅਤੇ ਅਸ਼ੋਕ ਕੁਮਾਰ ਇਸ ਮੌਕੇ ਸਾਰੇ ਮਜੂਦ ਸਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਰਾਬ ਇਕ ਘਾਤਕ ਨਸ਼ਾ ਹੈ, ਇਸ ਨੂੰ ਛੱਡ ਕੇ ਪੰਜਾਬੀ ਵਿਰਸੇ ਨਾਲ ਜੁੜਨ ਦੀ ਲੋੜ ਹੈ ਅਤੇ ਨੌਜਵਾਨ ਪੀੜ੍ਹੀ ਦਾ ਭਵਿੱਖ ਤਾਂ ਹੀ ਉੱਜਵਲ ਹੋ ਸਕਦਾ ਹੈ। ਉਨ੍ਹਾਂ ਇਹ ਵੀ ਵਿਸ਼ਵਾਸ ਦਿਵਾਇਆ ਕਿ ਇਸ ਜਾਗਰੂਕਤਾ ਮੁਹਿੰਮ ਦੇ ਜ਼ਰੀਏ ਵੱਧ ਤੋਂ ਵੱਧ ਲੋਕਾਂ ਨੂੰ ਸੈਮੀਨਾਰ ਅਤੇ ਕੈਂਪਾ ਰਾਹੀਂ ਜਾਗਰੂਕ ਕੀਤਾ ਜਾਵੇਗਾ।

# ਸੀਨੀ: ਸਹਾਇਕ 'ਤੇ ਸ਼ਿਕਾਇਤ ਦੱਬਣ ਦੇ ਲਾਏ ਦੋਸ਼

ਵੇਰਕਾ ( ਰਾਣਾ ) ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਜ਼ਿਲ੍ਹਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਸੇਵਾਮੁਕਤ ਸੈਂਟਰ ਹੈੱਡਟੀਚਰ ਨੇ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਉੱਚ ਅਫ਼ਸਰਾਂ ਨੂੰ ਲਿਖਿਆ ਹੈ ਕਿ ਡੀ.ਪੀ.ਆਈ ਦਫ਼ਤਰ (ਐਲੀ:) ਅਜੀਤਗੜ੍ਹ ਦਾ ਸੀਨੀ: ਸਹਾਇਕ (ਅਮਲਾ-1) ਅੱਜਕੱਲ੍ਹ ਕਾਫੀ ਸੁਰਖੀਆਂ ਬਟੋਰ ਰਿਹਾ ਹੈ। ਇਸ ਬਾਬਤ ਸੀਨੀਅਰ ਸਹਾਇਕ ਡੀ.ਪੀ.ਆਈ (ਐਲੀ:) ਐੱਸ.ਏ.ਐੱਸ ਨਗਰ ਆਪਣਾ ਪਰਖ ਕਾਲ ਖੁਦ ਕਲੀਅਰ/ਮਨਜ਼ੂਰ ਕਰਨ ਵਾਲੇ ਬੀ.ਪੀ.ਓ (ਐਲੀ:) ਗੁਰਦਾਸਪੁਰ ਵਿਰੁੱਧ ਲਗਭਗ ਪਿਛਲੇ ਡੇਢ ਸਾਲ ਤੋਂ ਕੋਈ ਵਿਭਾਗੀ/ਕਾਨੂੰਨੀ ਕਾਰਵਾਈ ਨਹੀਂ ਹੋਣ ਦੇ ਰਿਹਾ ਹੈ। ਇਸ ਬਾਬਤ ਕੁਲਜੀਤ ਸਿੰਘ ਨੇ ਗੰਭੀਰ ਦੋਸ਼ ਲਾਉਂਦੇ ਹੋਏ ਦੱਸਿਆ ਹੈ ਕਿ ਕਈ ਸਾਲਾਂ ਤੋਂ ਅਮਲਾ-1 ਸੀਟ 'ਤੇ ਕੰਮ ਕਰਦਾ ਸੀਨੀ: ਸਹਾਇਕ ਸੈਟਿੰਗ ਕਰਨ ਵਿੱਚ ਮਾਹਰ ਹੋਣ ਕਰਕੇ ਉੱਚ ਅਫ਼ਸਰਾਂ ਦਾ ਚਹੇਤਾ ਹੋਣ ਦੇ ਨਾਲ-ਨਾਲ ਕਮਾਊ ਪੁੱਤ ਬਣਿਆ ਹੋਇਆ ਹੈ। ਜਿਹੜਾ ਸਰਕਾਰ ਦੀਆਂ ਹਿਦਾਇਤਾਂ/ਨਿਯਮਾਂ ਨੂੰ ਟਿੱਚ ਜਾਣਦਾ ਹੋਇਆ ਕਿਸੇ ਕਾਨੂੰਨ ਦੀ ਕੋਈ ਪ੍ਰਵਾਹ ਨਹੀਂ ਕਰਦਾ। ਹੁਣ ਡੇਢ ਸਾਲ ਬਾਅਦ ਫਿਰ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ:) ਗੁਰਦਾਸਪੁਰ ਨੇ ਪੱਤਰ ਨੰ: ਅਮਲਾ 2024 (ਅ-2) 3882 ਮਿਤੀ 21 ਜੂਨ ਨੂੰ ਡੀ.ਪੀ.ਆਈ (ਐਲੀ:) ਅਜੀਤਗੜ੍ਹ ਨੂੰ ਉਕਤ ਬੀ.ਪੀ.ਓ ਖਿਲਾਫ ਕਰਵਾਈ ਕਰਨ ਦੀ ਸਿਫਾਰਸ਼ ਕੀਤੀ ਹੈ। ਪ੍ਰੰਤੂ ਦਫ਼ਤਰ ਦੇ ਸੀਨੀ: ਸਹਾਇਕ ਅਜੀਤਗੜ੍ਹ ਨੇ ਲਗਭਗ 1 ਮਹੀਨਾ ਲੰਘਣ ਉਪਰੰਤ ਵੀ ਹਾਲੇ ਤੱਕ ਕਾਰਵਾਈ ਨਹੀਂ ਕੀਤੀ। ਮੁੜ ਕੇਸ ਦੱਬ ਲਿਆ ਹੈ। ਜੋ ਸਿੱਧਾ ਭ੍ਰਿਸ਼ਟਾਚਾਰ ਵੱਲ ਸੰਕੇਤ ਕਰਦਾ ਹੈ। ਇਹ ਵੀ ਦੱਸਣਯੋਗ ਹੈ ਕਿ ਡੀ.ਈ.ਓ (ਐਲੀ:) ਦਫ਼ਤਰ ਗੁਰਦਾਸਪੁਰ ਦਾ ਪੱਤਰ ਨੰ: ਅਮਲਾ- 2022 (ਅ-2) 810 ਮਿਤੀ 30 ਜਨਵਰੀ 2023 ਲਗਭਗ 6 ਮਹੀਨੇ ਤੱਕ ਆਪਣੇ ਅਧਿਕਾਰੀਆਂ ਨੂੰ ਦੱਸਿਆ ਹੀ ਨਹੀਂ ਸੀ। ਉਸ ਨੇ ਪੱਤਰ ਲੁਕਾਈ ਰੱਖਿਆ ਸੀ। ਇਸ ਸੰਬੰਧ ਵਿੱਚ ਸਮਾਜਿਕ ਨਿਆਂ, ਸਸ਼ਕਤੀਕਰਨ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਜ਼ਿਲਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਨੇ ਲਿਖਤੀ ਸ਼ਿਕਾਇਤ ਭੇਜਦੇ ਹੋਏ ਮੁੱਖ ਮੰਤਰੀ ਪੰਜਾਬ ਸਰਕਾਰ ਚੰਡੀਗੜ੍ਹ, ਸਿੱਖਿਆ ਮੰਤਰੀ ਪੰਜਾਬ ਸਰਕਾਰ ਚੰਡੀਗੜ੍ਹ, ਸਿੱਖਿਆ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ, ਡੀ.ਜੀ.ਐਸ.ਈ ਸਿੱਖਿਆ ਸਕੂਲਜ਼ ਪੰਜਾਬ ਅਜੀਤਗੜ੍ਹ, ਡੀ.ਜੀ.ਪੀ ਵਿਜੀਲੈਂਸ ਬਿਊਰੋ ਪੰਜਾਬ ਅਜੀਤਗੜ੍ਹ, ਡੀ.ਪੀ.ਆਈ (ਸੈ:ਸਿੱ:/ਐਲੀ:ਸਿੱ:) ਅਤੇ ਐੱਸ.ਏ.ਐੱਸ ਨਗਰ ਅਤੇ ਪ੍ਰਮੁੱਖ ਸਕੱਤਰ ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ ਵਿਭਾਗ ਪੰਜਾਬ ਸਰਕਾਰ ਪਾਸੋਂ ਭ੍ਰਿਸ਼ਟ ਅਤੇ ਜਾਅਲਸਾਜ਼/ਚਾਲਬਾਜ਼ ਸੀਨੀਅਰ ਸਹਾਇਕ ਤੇ ਡੇਢ ਸਾਲ ਤੋਂ ਲੱਖਾਂ ਰੁਪਏ ਗਲਤ ਤਨਖ਼ਾਹ ਲੈ ਕੇ ਸਰਕਾਰੀ ਖਜ਼ਾਨੇ ਨੂੰ ਚੂਨਾ ਲਾਉਣ ਵਾਲੇ ਬੀ.ਪੀ.ਓ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਉਕਤ ਸੰਬੰਧੀ ਪੱਖ ਜਾਣਨ ਲਈ ਸਿੱਖਿਆ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ ਨਾਲ ਸੰਪਰਕ ਕੀਤਾ ਗਿਆ, ਪਰ ਉਨ੍ਹਾਂ ਫੋਨ ਨਹੀਂ ਚੁੱਕਿਆ।

# 450 ਸਾਲਾ ਸ਼ਤਾਬਦੀ ਸੰਬੰਧੀ ਇਕੱਤਰਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਦੀਆਂ ਤਿਆਰੀਆਂ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਸਬ-ਕਮੇਟੀ ਦੀ ਇਕੱਤਰਤਾ ਦੌਰਾਨ ਸ਼ਤਾਬਦੀ ਨੂੰ ਸਮਰਪਤ ਚਾਰ ਸੈਮੀਨਾਰ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਹ ਸੈਮੀਨਾਰ ਖਡੂਰ ਸਾਹਿਬ, ਪਟਿਆਲਾ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸ੍ਰੀ ਅਨੰਦਪੁਰ ਸਾਹਿਬ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਜਾਣਗੇ। ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖਾਲਸਾ ਨੇ ਦੱਸਿਆ ਕਿ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵੱਖ-ਵੱਖ ਸਬ-ਕਮੇਟੀਆਂ ਬਣਾਈਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਸ਼ਤਾਬਦੀ ਨੂੰ ਸਮਰਪਤ ਕੀਤੇ ਜਾਣ ਵਾਲੇ ਚਾਰ ਸੈਮੀਨਾਰਾਂ ਬਾਰੇ ਵੀ ਵਿਚਾਰ ਚਰਚਾ ਹੋਈ। ਉਨ੍ਹਾਂ ਕਿਹਾ ਕਿ ਸੈਮੀਨਾਰ ਕਰਵਾਉਣ ਦਾ ਮੰਤਵ ਗੁਰੂ ਸਾਹਿਬਾਨ ਸਬੰਧੀ ਇਤਿਹਾਸ ਦੇ ਖੋਜ ਕਾਰਜਾਂ ਨੂੰ ਉਤਸ਼ਾਹਿਤ ਕਰਨਾ ਹੈ, ਤਾਂ ਜੋ ਆਉਣ ਵਾਲੀ ਪੀੜ੍ਹੀ ਲਈ ਦਸਤਾਵੇਜ਼ ਸੰਗ੍ਰਹਿਤ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਇਨ੍ਹਾਂ ਸੈਮੀਨਾਰਾਂ ਵਿਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਵਾਨਾਂ ਨੂੰ ਸੱਦਿਆ ਜਾਵੇਗਾ ਅਤੇ ਉਨ੍ਹਾਂ ਦੇ ਖੋਜ ਪੱਤਰਾਂ ਉੱਪਰ ਵਿਚਾਰ ਚਰਚਾ ਹੋਵੇਗੀ। ਭਾਈ ਖਾਲਸਾ ਨੇ ਕਿਹਾ ਕਿ ਸੈਮੀਨਾਰਾਂ ਦੀਆਂ ਤਰੀਕਾਂ ਜਲਦ ਨਿਰਧਾਰਤ ਕਰ ਲਈਆਂ ਜਾਣਗੀਆਂ। ਦੱਸਣਯੋਗ ਹੈ ਕਿ ਸ਼ਤਾਬਦੀ ਮੌਕੇ 13 ਅਤੇ 14 ਸਤੰਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਅਤੇ 15, 16, 17 ਅਤੇ 18 ਸਤੰਬਰ ਨੂੰ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸਮਾਗਮ ਹੋਣਗੇ। ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖ਼ਸ਼ ਸਿੰਘ ਖਾਲਸਾ, ਅੰਤ੍ਰਿੰਗ ਮੈਂਬਰ ਜਸਮੇਰ ਸਿੰਘ ਲਾਛੜੂ, ਮੈਂਬਰ ਭਾਈ ਅਮਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸੁਰਜੀਤ ਸਿੰਘ ਭਿੱਟੇਵੱਡ, ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜਾਇਬ ਸਿੰਘ ਅਭਿਆਸੀ, ਐਡਵੋਕਟ ਭਗਵੰਤ ਸਿੰਘ ਸਿਆਲਕਾ, ਰਾਮਪਾਲ ਸਿੰਘ ਬਹਿਨੀਵਾਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਹਰਭਜਨ ਸਿੰਘ ਵਕਤਾ, ਇੰਚਾਰਜ ਜੋਗੇਸ਼ਵਰ ਸਿੰਘ, ਕਰਤਾਰ ਸਿੰਘ ਆਦਿ ਹਾਜ਼ਰ ਸਨ।

# ਬੈਸਟ ਫੋਟੋਗਰਾਫਰ ਵੈੱਲਫੇਅਰ ਐਸੋਸੀਏਸ਼ਨ ਨੇ ਨਿਕੋਨ ਕੈਮਰੇ ਦੀ ਵਰਕਸ਼ਾਪ ਲਗਾਈ




ਬੁਤਾਲਾ (ਨਿਰਮਲ ਸਿੰਘ ਸੰਘਾ)-ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਦੀ ਯੋਗ ਅਗਵਾਈ ਹੇਠ ਬਟਾਲਾ ਵਿਖੇ ਬੈਸਟ ਫੋਟੋਗਰਾਫ਼ਰ ਵੈਲਫੇਅਰ ਐਸੋਸੀਏਸ਼ਨ ਵਲੋਂ ਨਿਕੋਨ ਕੈਮਰੇ ਦੀ ਵਰਕਸ਼ਾਪ ਲਗਾਈ ਗਈ।ਇਸ ਮੌਕੇ ਨਿਕੋਨ ਕੰਪਨੀ ਦੇ ਡਿਪਟੀ ਮੈਨੇਜਰ ਰਜੇਸ਼ ਕੁਮਾਰ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਸਿੱਧੂ ਰਸ਼ਪਾਲ ਹਰਪ੍ਰੀਤ ਸਿੰਘ ਨੇ ਬੜੇ ਵਿਸਥਾਰ 'ਚ ਫੋਟੋਗਰਾਫਰ ਨੂੰ ਨਿਕੋਨ ਕੈਮਰੇ ਬਾਰੇ ਦੱਸਿਆ। ਉਨ੍ਹਾਂ ਨੇ ਕਿਹਾ ਕਿ ਜੋ ਅੱਜ ਕੱਲ੍ਹ ਦਾ ਯੁੱਗ ਇਲੈਕਟਰੋਨਿਕ ਦਾ ਯੁੱਗ ਹੈ, ਜਿਸ ਵਿੱਚ ਵਧੀਆ ਫੋਟੋਗ੍ਰਾਫੀ ਕਰਨ ਵਾਸਤੇ ਵਧੀਆ ਕੈਮਰਿਆਂ ਦੀ ਲੋੜ ਹੈ। ਇਸ ਮੌਕੇ ਉਨ੍ਹਾਂ ਨਿਕੋਨ ਜੈਡ 6,3 ਕੈਮਰਾ ਵੀ ਪ੍ਰਧਾਨ ਸੁਖਵਿੰਦਰ ਸਿੰਘ ਧੁਪਸੜੀ ਅਤੇ ਸਮੂਹ ਮੈਂਬਰਾਂ ਕੋਲੋਂ ਨਵਾਂ ਕੈਮਰਾ ਲਾਂਚ ਰਸਮੀ ਤੌਰ 'ਤੇ ਕਰਵਾਇਆ।ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਨਿਕੋਨ ਕੰਪਨੀ ਦੇ ਮੈਨੇਜਰ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਧੁੱਪਸੜੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਰਜਿੰਦਰ ਚੌਹਾਨ, ਸਰਕਲ ਪ੍ਰਧਾਨ ਕਰਮਜੀਤ ਸਿੰਘ ਲਾਲੀ ਮਹਿਤਾ ਚੌਂਕ, ਸਰਕਲ ਪ੍ਰਧਾਨ ਨਿਰਮਲ ਸਿੰਘ ਸੰਘਾ ਬੁਤਾਲਾ, ਸੈਕਟਰੀ ਆਕਾਸ਼ਦੀਪ ਢਿੱਲੋਂ ਕੈਸ਼ੀਅਰ ਕਮਲ ਨੈਨ, ਸਹਾਇਕ ਕੈਸ਼ੀਅਰ ਐਨਥਨੀ, ਮੀਤ ਪ੍ਰਧਾਨ ਦਲਜੀਤ ਸਿੰਘ, ਜ਼ਿਲ੍ਹਾ ਚੇਅਰਮੈਨ ਮਦਨ ਲਾਲ, ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜੀਵਨ ਜਵਾਡ, ਸੈਕਟਰੀ ਭਪਿੰਦਰ ਸਿੰਘ, ਜ਼ਿਲ੍ਹਾ ਸੈਕਟਰੀ ਰਾਜਪਾਲ ਪੀਅਰ ਬਿੱਲਾ, ਜ਼ਿਲ੍ਹਾ ਮੀਤ ਪ੍ਰਧਾਨ ਮਾਨਵ, ਜ਼ਿਲ੍ਹਾ ਸੈਕਟਰੀ ਰਮਨ, ਦਫਤਰ ਇੰਚਾਰਜ ਜਗਦੀਸ਼, ਸਰਕਲ ਪ੍ਰਧਾਨ ਮਨਜੀਤ ਸਿੰਘ, ਸਰਵਨ ਸਿੰਘ, ਜ਼ਿਲਾ ਸੈਕਟਰੀ ਵਿਜੇ ਕੁਮਾਰ ਮਹਾਜਨ, ਪ੍ਰੈਸ ਸਕੱਤਰ ਅਸ਼ੋਕ ਮਹਿਰਾ, ਸਰਕਲ ਪ੍ਰਧਾਨ ਵਰਿੰਦਰ ਬਊ, ਗੇਜਾ ਸਿੰਘ ਗਿੱਲ, ਸਰਕਲ ਪ੍ਰਧਾਨ ਰਾਜਨ ਬਾਬਾ ਬਕਾਲਾ, ਗੋਪੀ ਫਤਿਹਗੜ੍ਹ ਚੂੜੀਆਂ, ਗੋਲਡੀ ਅਜਨਾਲਾ, ਮਾਨ ਬੋਝਾ, ਲਾਡੀ ਰੰਗਣ ਨੰਗਲ, ਕੁਲਬੀਰ ਮਹਿਤਾ ਚੌਂਕ, ਗੁਰਦੀਪ ਤਰਸਿੱਕਾ, ਸ਼ੁੱਭ ਮਹਿਤਾ, ਸਾਗਰ ਬਾਬਾ ਬਕਾਲਾ, ਭਾਰਤ ਰਾਗਵ ਚੌਹਾਨ, ਗੁਰਮੀਤ ਸਿੰਘ, ਸਿਕੰਦਰ ਗੋਲਡੀ ਅਤੇ ਸਰਵਨ ਆਦਿ ਹਾਜ਼ਰ ਸਨ।

# ਪੀਰ ਬਾਬਾ ਖਾਕੀ ਸ਼ਾਹ ਦੀ ਦਰਗਾਹ 'ਤੇ ਦੋ ਦਿਨਾ ਮੇਲੇ ਦੀ ਸ਼ੁਰੂਆਤ



ਸਰਾਏ ਅਮਾਨਤ ਖਾਂ, ਝਬਾਲ (ਮੱਖਣ ਮਨੋਜ/ਹਰਜਿੰਦਰ ਸਿੰਘ ਸੋਨੀ )-ਤਰਨ ਤਾਰਨ ਜ਼ਿਲੇ 'ਚ ਪੈਂਦੇ ਪਿੰਡ ਸੋਹਲ ਵਿਖੇ ਦੇਸ਼ ਵਿਦੇਸ਼ 'ਚ ਪ੍ਰਸਿੱਧ ਦੋ ਦਿਨ ਲੱਗਣ ਵਾਲਾ ਪੀਰ ਬਾਬਾ ਖਾਕੀ ਸ਼ਾਹ ਦਾ ਸਾਲਾਨਾ ਦੋ ਰੋਜ਼ਾ ਜੋੜ ਮੇਲਾ ਦੋਵਾਂ ਪੰਚਾਇਤਾਂ ਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਵੀਰਵਾਰ ਪਹਿਲੇ ਦਿਨ ਪ੍ਰਬੰਧਕ ਕਮੇਟੀ ਵੱਲੋਂ ਸਵੇਰੇ ਪੀਰਾਂ ਦੀ ਦਰਗਾਹ 'ਤੇ ਚਾਦਰ ਦੀ ਰਸਮ ਅਦਾ ਕਰਨ ਨਾਲ ਸ਼ੁਰੂ ਹੋਇਆ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਰਿੰਟੂ ਅਤੇ ਚੇਅਰਮੈਨ ਮਨਜੀਤ ਸਿੰਘ ਬਾਰੀਆ ਨੇ ਦੱਸਿਆ ਕਿ ਅੱਜ ਪਹਿਲੇ ਦਿਨ ਪੰਜਾਬ ਦੀ ਮਸ਼ਹੂਰ ਗਾਇਕ ਰਜ਼ੀਆ ਸੁਲਤਾਨ ਅਤੇ ਸੱਭਿਆਚਾਰਕ ਗਰੁੱਪ ਵੱਲੋਂ ਪ੍ਰੋਗਰਾਮ ਪੇਸ਼ ਕਰਨ ਤੋਂ ਇਲਾਵਾ ਸ਼ਾਮ ਨੂੰ ਭਲਵਾਨਾਂ ਦੀਆ ਕੁਸ਼ਤੀਆਂ ਤੇ ਕਬੱਡੀ ਮੈਚ ਵੀ ਕਰਾਇਆ ਜਾ ਰਿਹਾ ਜਦੋਂ ਕਿ ਦੂਜੇ ਦਿਨ ਵੀ ਪਹਿਲਾਂ ਸੱਭਿਆਚਾਰਕ ਪ੍ਰੋਗਰਾਮ ਅਤੇ ਬਾਅਦ ਦੁਪਹਿਰ 2 ਵਜੇ ਪੰਜਾਬ ਦੀ ਪ੍ਰਸਿੱਧ ਗਾਇਕਾ ਕੌਰ ਬੀ ਪੁੱਜਣਗੇ ਤੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਸ਼ਾਮ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਕਰਵਾਏ ਜਾਣਗੇ। ਇਸ ਤੋਂ ਇਲਾਵਾ ਪਹਿਲੇ ਦਿਨ ਗਾਇਕਾ ਰਜ਼ੀਆ ਸੁਲਤਾਨ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਪ੍ਰਧਾਨ ਗੁਰਦੇਵ ਸਿੰਘ ਰਿੰਟੂ ਸੋਹਲ, ਚੇਅਰਮੈਨ ਮਨਜੀਤ ਸਿੰਘ, ਕੈਸ਼ੀਅਰ ਕੁਲਦੀਪ ਸਿੰਘ, ਗੁਰਭਾਗ ਸਿੰਘ ਸੋਹਲ, ਸਰਪੰਚ ਸਰਵਣ ਸਿੰਘ ਸੋਹਲ, ਸਰਪੰਚ ਸੰਤੋਖ ਸਿੰਘ ਸੋਹਲ, ਸ਼ੈਲੀ ਸੋਹਲ, ਦਲਜੀਤ ਸਿੰਘ ਸ਼ੇਰਾ, ਬਲਵਿੰਦਰ ਸਿੰਘ ਬਿੰਦਰ ਸੋਹਲ, ਤਰਸੇਮ ਸਿੰਘ ਆੜ੍ਹਤੀ, ਗੁਰਿੰਦਰ ਸਿੰਘ ਭਾਟੀਆ, ਤੇਗਾ ਸਿੰਘ ਸਾਬਕਾ ਚੇਅਰਮੈਨ, ਤਰਸੇਮ ਸਿੰਘ, ਜਸਮੇਰ ਸਿੰਘ ਮੁਨੀਮ, ਜਮੇਰ ਸਿੰਘ, ਬਾਬਾ ਬਲਬੀਰ ਸਿੰਘ, ਨਿਸ਼ਾਨ ਸਿੰਘ ਦੋਦੀ, ਪੰਜਾਬ ਸਿੰਘ, ਪ੍ਰਧਾਨ ਜ਼ਿਲ੍ਹਾ ਕਿਸਾਨ ਵਿੰਗ ਆਮ ਆਦਮੀ ਪਾਰਟੀ ਤਰਸੇਮ ਸਿੰਘ ਸੋਹਲ, ਆਮ ਆਦਮੀ ਪਾਰਟੀ ਦੇ ਗੁਰਦੇਵ ਸਿੰਘ, ਗੁਰਜੀਤ ਸਿੰਘ ਬਿੱਟੂ ਸੋਹਲ, ਆੜ੍ਹਤੀ ਬਲਵਿੰਦਰ ਸਿੰਘ ਸੋਹਲ, ਆੜ੍ਹਤੀ ਪ੍ਰੇਮ ਸਿੰਘ ਸੋਹਲ, ਆੜ੍ਹਤੀ ਸੋਨੂੰ ਸ਼ਾਹ ਸੋਹਲ, ਆੜ੍ਹਤੀ ਅਜਮੇਰ ਸਿੰਘ ਸੋਹਲ, ਯੋਧਾ ਸਿੰਘ, ਫੌਜੀ ਅਜੀਤ ਸਿੰਘ, ਟਰਾਂਸਪੋਰਟ ਕਰਮਜੀਤ ਸਿੰਘ ਬੰਬੇ ਨਾਸਿਕ, ਮੈਂਬਰ ਗੁਰਸੇਵਕ ਸਿੰਘ ਸੋਹਲ, ਰਸਾਲ ਸਿੰਘ, ਸੁਖਚੈਨ ਸਿੰਘ, ਹਰਜਿੰਦਰ ਸਿੰਘ ਮੈਂਬਰ, ਅਮਰੀਕ ਸਿੰਘ, ਰਾਜ ਸਿੰਘ ਹਲਵਾਈ,ਪਾਲ, ਗਗਨ, ਟਿੰਕੂ, ਲਵ, ਅਜ਼ਾਦ, ਗੋਲਡੀ ਸਮੇਤ ਸਮੂਹ ਪਿੰਡ ਵਾਸੀ ਵੀ ਹਾਜ਼ਰ ਸਨ।

# ਤੇਜਾ ਸਿੰਘ ਸੁਤੰਤਰ ਦਾ ਜਨਮ ਦਿਹਾੜਾ ਮਨਾਇਆ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਸਰਹੱਦੀ ਪਿੰਡ ਅਲੂਣਾ ਗੁਰਦਾਸਪੁਰ ਵਿਖੇ ਅਕਾਲੀ ਲਹਿਰ ਦੇ ਮੋਢੀ, ਖੱਬੀ ਲਹਿਰ ਦੇ ਉਸਰੱਈਏ, ਮਹਾਨ ਦੇਸ਼ ਭਗਤ, ਪੈਪਸੂ ਮੁਜ਼ਾਹਰਾ ਲਹਿਰ ਦੇ ਹੀਰੋ, ਉੱਚ ਕੋਟੀ ਦੇ ਕਵੀ, ਚਿੱਤਰਕਾਰ, ਗਦਰ ਅਖਬਾਰ ਦੇ ਸੰਪਾਦਕ ਮਹਾਨ ਕ੍ਰਾਂਤਕਾਰੀ ਤੇਜਾ ਸਿੰਘ ਸੁਤੰਤਰ ਦਾ 27ਵਾਂ ਜਨਮ ਦਿਹਾੜਾ ਸੁਤੰਤਰ ਯਾਦਗਾਰੀ ਕਮੇਟੀ ਵੱਲੋਂ ਧੂਮਧਾਮ ਅਤੇ ਸ਼ਰਧਾ ਪੂਰਵਕ ਢੰਗ ਨਾਲ ਮਨਾਇਆ ਗਿਆ। ਪਿੰਡ ਅਲੂਣਾ ਵਿਖੇ ਤੇਜਾ ਸਿੰਘ ਸੁਤੰਤਰ ਦੇ ਸਮਾਧੀ ਸਥਾਨ ਵਿਖੇ ਇਸ ਦਿਹਾੜੇ ਦੀ ਸ਼ੁਰੂਆਤ ਸਕੂਲ ਦੇ ਬੱਚਿਆਂ ਨੇ ਇੱਕ ਗੀਤ ਨਾਲ ਕੀਤੀ। ਹਾਜ਼ਰ ਪ੍ਰਮੁੱਖ ਸ਼ਖਸ਼ੀਅਤਾਂ ਅਤੇ ਬੱਚਿਆਂ ਨੇ ਸੁਤੰਤਰ ਦੀ ਸਮਾਧ ਨੂੰ ਨਤਮਸਤਕ ਹੋ ਕੇ ਯਾਦ ਕੀਤਾ। ਇਸ ਮੌਕੇ ਕਮੇਟੀ ਪ੍ਰਧਾਨ ਜਗਜੀਤ ਸਿੰਘ ਕਾਹਲੋਂ ਨੇ ਤੇਜਾ ਸਿੰਘ ਸੁਤੰਤਰ ਦੀ ਕ੍ਰਿਤੀਤਵ ਸ਼ੈਲੀ ਅਤੇ ਜੀਵਨ ਸ਼ੈਲੀ ਉੱਪਰ ਬੋਲਦਿਆਂ ਕਿਹਾ ਕਿ ਸੁਤੰਤਰ ਮਹਾਨ ਬਹੁਪੱਖੀ ਸ਼ਖਸੀਅਤ ਦੇ ਮਾਲਕ ਸਨ।

ਦੇਸ਼ ਦੀ ਆਜ਼ਾਦੀ ਵਿੱਚ ਉਨਾਂ ਨੇ ਅਭੁੱਲ ਯੋਗਦਾਨ ਪਾਇਆ। ਉਹ ਖਾਲਸਾ ਕਾਲਜ ਅੰਮ੍ਰਿਤਸਰ ਵਿਖੇ ਪੜ੍ਹੇ, ਜਲ੍ਹਿਆਂਵਾਲੇ ਬਾਗ ਦੇ ਖ਼ੂਨੀ ਸਾਕੇ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਅੰਗਰੇਜ਼ਾਂ ਵਿਰੁੱਧ ਅਨੇਕਾਂ ਹੀ ਕ੍ਰਾਂਤੀਕਾਰੀ ਮੁਹਿੰਮਾਂ ਚਲਾਈਆਂ ਅਤੇ ਕਈ ਜਥੇਬੰਦੀਆਂ ਨੂੰ ਹੋਂਦ ਵਿਚ ਲਿਆਂਦਾ। ਅਕਾਲੀ ਜਥੇ ਭਰਤੀ ਕੀਤੇ। ਉਹ ਦੇਸ਼ ਵਿਦੇਸ਼ ਦੇ ਪਰਪੱਕ ਭਾਸ਼ਾਈ ਗਿਆਤਾ ਅਤੇ ਮਹਾਨ ਪ੍ਰਚਾਰਕ ਸਨ। ਦੇਸ਼ ਵਿਦੇਸ਼ ਦੀਆਂ ਲਗਭਗ 14 ਭਾਸ਼ਾਵਾਂ ਜਾਣਦੇ ਸਨ। ਵਿਦੇਸ਼ੀ ਯੂਨੀਵਰਸਿਟੀਆਂ ਤੋਂ ਕਈ ਡਿਗਰੀਆਂ ਪ੍ਰਾਪਤ ਕੀਤੀਆਂ। ਕਈ ਦੇਸ਼ਾਂ ਦਾ ਦੌਰਾ ਕੀਤਾ। ਈਸਟਨ ਯੂਨੀਵਰਸਿਟੀ ਮਾਸਕੋ ਤੋਂ ਫਲਸਫੇ ਅਤੇ ਤਕਨੀਕੀ ਸਿੱਖਿਆ ਹਾਸਲ ਕੀਤੀ। ਉਹ ਪੰਜਾਬ ਅਸੈਂਬਲੀ ਦੇ ਬਿਨਾਂ ਮੁਕਾਬਲਾ ਮੈਂਬਰ ਚੁਣੇ ਗਏ। ਸੁਤੰਤਰ ਦੇ ਸਮੁੱਚੇ ਪਰਵਾਰ ਨੇ ਨਾਮਧਾਰੀ ਲਹਿਰ, ਗਦਰ ਲਹਿਰ, ਅਕਾਲੀ ਲਹਿਰ ਅਤੇ ਆਜ਼ਾਦੀ ਦੀ ਲਹਿਰ ਵਿੱਚ ਅਹਿਮ ਹਿੱਸਾ ਪਾਇਆ। ਉਨ੍ਹਾਂ ਅਮਰੀਕਾ ਵਿੱਚ ਰਹਿ ਕੇ ਗਦਰ ਅਖਬਾਰ ਵੀ ਕੱਢਿਆ। ਉਨ੍ਹਾਂ ਭਾਰਤ ਦੀ 80 ਫੀਸਦੀ ਕਿਸਾਨੀ ਨੂੰ ਜਥੇਬੰਦ ਕਰਨ ਵਿੱਚ ਮਹੱਤਵਪੂਰਨ ਰੋਲ ਅਦਾ ਕੀਤਾ। ਉਹ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਵੀ ਰਹੇ। ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਤੇਜਾ ਸਿੰਘ ਸੁਤੰਤਰ ਦੀ ਜੀਵਨੀ ਸਕੂਲ ਅਤੇ ਕਾਲਜਾਂ ਦੇ ਸਿਲੇਬਸਾਂ ਵਿੱਚ ਲੱਗਣੀ ਚਾਹੀਦੀ ਹੈ। ਉਨ੍ਹਾਂ ਦੇ ਨਾਂਅ ਦਾ ਗੇਟ ਹਰਦੋਛੰਨੀ ਰੋਡ ਗੁਰਦਾਸਪੁਰ ਵਿਖੇ ਬਣਾਇਆ ਜਾਵੇ। ਵਰਤਮਾਨ ਸਰਕਾਰਾਂ ਨੂੰ ਇਸ ਮਹਾਨ ਆਜ਼ਾਦੀ ਘੁਲਾਟੀਏ ਦੀ ਯਾਦ ਵਿੱਚ ਸਮਾਰਕ ਯਾਦਗਾਰੀ ਚਿੰਨ੍ਹ ਬਣਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰਸਿੱਧ ਗਾਇਕ ਮੰਗਲਦੀਪ ਸਟੇਟ ਐਵਾਰਡੀ ਨੇ ਆਪਣੇ ਗੀਤਾਂ ਰਾਹੀਂ ਸੁਤੰਤਰ ਨੂੰ ਯਾਦ ਕੀਤਾ। ਇਸ ਮੌਕੇ ਕਾਮਰੇਡ ਰਾਜ ਸਿੰਘ, ਬਲਵਿੰਦਰ ਸਿੰਘ, ਓਮ ਪ੍ਰਕਾਸ਼, ਮਾਸਟਰ ਅਜੇ ਕੁਮਾਰ, ਮਾਸਟਰ ਸਤਬੀਰ ਸਿੰਘ, ਸੈਂਟਰ ਹੈਡ ਟੀਚਰ ਸੁਰੇਸ਼ ਕੁਮਾਰ, ਸੈਂਟਰ ਹੈਡ ਟੀਚਰ ਮਨਜੀਤ ਸਿੰਘ, ਸੈਂਟਰ ਹੈਡ ਟੀਚਰ ਭੁਪਿੰਦਰ ਸਿੰਘ, ਬਿਸ਼ਨ ਦਾਸ, ਅਸ਼ੋਕ, ਪੰਕਜ, ਰਾਮ ਸਿੰਘ, ਹਰਵਿੰਦਰ ਸਿੰਘ ਸੈਣੀ, ਜਸਪਾਲ ਸਿੰਘ, ਬੂਟਾ ਰਾਮ, ਪਰਮਜੀਤ, ਜ਼ਿਮੀਦਾਰ ਸੁਖਵਿੰਦਰ ਕਾਹਲੋਂ ਤੋਂ ਇਲਾਵਾ ਅਨੇਕਾਂ ਸ਼ਖਸੀਅਤਾਂ ਨੇ ਸੁਤੰਤਰ ਨੂੰ ਯਾਦ ਕੀਤਾ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਵਿਦਿਆਰਥੀ ਸ਼ਖਸੀਅਤ ਉਸਾਰੀ ਕੈਂਪ



ਮਜੀਠਾ (ਸੋਇਮ ਆਨੰਦ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਅਤੇ ਤਰਨ ਤਾਰਨ ਜ਼ੋਨ ਵਲੋਂ ਸਰਬ-ਸਾਂਝੀਵਾਲਤਾ ਵਿਸ਼ੇ ਅਧੀਨ ਵਿਦਿਆਰਥੀ ਸ਼ਖਸੀਅਤ ਉਸਾਰੀ ਕੈਂਪ ਲਗਾਇਆ ਗਿਆ। ਇੱਕ ਸੁਚੱਜਾ ਜੀਵਨ ਕਿਵੇ ਤੇ ਕਿੱਦਾਂ ਗੁਜ਼ਾਰੀਏ, ਜੀਵਨ ਜਾਚ ਤੇ ਇਤਿਹਾਸਕ ਪ੍ਰੇਰਨਾਦਾਇਕ ਵੀਡੀਓ ਕਲਿਪ ਐਕਟਿਵਿਟੀ ਦੁਆਰਾ ਬੱਚਿਆਂ ਨੇ ਬਹੁਤ ਵਧੀਆ ਵਿਚਾਰ ਹਾਸਲ ਕੀਤੇ। ਇੱਕ ਨਰੋਏ ਸਮਾਜ ਦੀ ਸਿਰਜਣਾ ਅਤੇ ਅਮੀਰ ਵਿਰਸੇ ਨਾਲ ਜੁੜਨ ਦੀ ਭਰਪੂਰ ਕੋਸ਼ਿਸ਼ ਕੀਤੀ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਚੇਅਰਮੈਨ ਬਲਜੀਤ ਸਿੰਘ, ਐਡੀਸ਼ਨਲ ਸਕੱਤਰ ਡਾ. ਅਮਨਦੀਪ ਸਿੰਘ, ਡਿਪਟੀ ਚੀਫ ਸਕੱਤਰ ਪਰਮਜੀਤ ਸਿੰਘ ਮਾਲਾਖੇੜੀ ਅੰਮ੍ਰਿਤਸਰ, ਤਰਨ ਤਾਰਨ ਜ਼ੋਨ ਪ੍ਰਧਾਨ ਜਸਵੰਤ ਸਿੰਘ, ਪ੍ਰਚਾਰਕ ਸਟੱਡੀ ਸਰਕਲ ਹਰਪ੍ਰਤਾਪ ਸਿੰਘ, ਗੁਰਲਾਲ ਨੇ ਆਪਣੇ ਵਿਚਾਰਾਂ ਨਾਲ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ 'ਤੇ ਜ਼ੋਰ ਦਿੱਤਾ। ਸਕੂਲ ਬਚਿਆਂ ਨੇ ਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੁੱਖ ਪ੍ਰਬੰਧਕ ਹਰਜਿੰਦਰਪਾਲ ਕੌਰ, ਡਾਇਰੈਕਟਰ ਪ੍ਰਿੰਸੀਪਲ ਅਮਨਦੀਪ ਕੌਰ ਥਿੰਦ ਨੇ ਸਟੱਡੀ ਸਰਕਲ ਤੋ ਆਈਆਂ ਸਮੂਹ ਸ਼ਖਸੀਅਤਾਂ ਦਾ ਸਨਮਾਨ ਕੀਤਾ। ਪ੍ਰਿੰਸੀਪਲ ਲਕਸ਼ਿਤਾ ਵਰਮਾ ਤੇ ਸਮੂਹ ਸਟਾਫ ਨੇ ਇਸ ਉਪਰਾਲੇ ਦੀ ਗਿਆਨ ਭਰਪੂਰ ਸਮੱਗਰੀ ਤੇ ਬੱਚਿਆਂ ਦੇ ਬਹੁਪੱਖੀ ਵਿਕਾਸ ਦੀ ਹਾਜ਼ਰੀ ਭਰ ਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਤੋਂ ਆਈਆਂ ਸ਼ਖਸੀਅਤਾਂ ਨੂੰ ਜੀ ਆਇਆਂ ਕਿਹਾ ਅਤੇ ਧੰਨਵਾਦ ਕੀਤਾ।

# ਰਸਮ ਕਿਰਿਆ ਤੇ ਭੋਗ ਭਲਕੇ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )-ਬੀਤੇ ਦਿਨੀਂ ਵਰਿੰਦਰ ਸੂਰੀ ਸਰਸਵਤੀ ਹੈਲਥ ਕਲੱਬ ਦੀ ਵੱਡੀ ਭੈਣ ਸ੍ਰੀਮਤੀ ਊਸ਼ਾ ਰਾਣੀ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਅਕਾਲ ਚਲਾਣਾ ਕਰ ਗਏ ਸਨ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਵਰਿੰਦਰ ਸੂਰੀ ਨੇ ਦੱਸਿਆ ਕਿ ਵਿਛੜੀ ਰੂਹ ਸਵ: ਊਸ਼ਾ ਰਾਣੀ ਦੀ ਅੰਤਿਮ ਅਰਦਾਸ 20 ਜੁਲਾਈ ਨੂੰ ਦੁਪਹਿਰ 1 ਤੋਂ 2 ਮੰਦਰ ਭੱਦਰਕਾਲੀ ਵਿਖੇ ਹੋਵੇਗੀ।

# 7500 ਐੱਮ ਐੱਲ ਨਜਾਇਜ਼ ਸ਼ਰਾਬ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਕਾਹਨੂੰਵਾਨ ਪੁਲਸ ਨੇ 7500 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਏ.ਐਸ.ਆਈ. ਹਰਪ੍ਰੀਤਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਪੁਲਸ ਪਾਰਟੀ ਸਮੇਤ ਪਿੰਡ ਸੱਲੋਪੁਰ ਮੋੜ ਤੋਂ ਹਰਪ੍ਰੀਤ ਸਿੰਘ ਪੁੱਤਰ ਰਣਧੀਰ ਸਿੰਘ ਵਾਸੀ ਰਾਜੂਬੇਲਾ ਨੂੰ 7500 ਐਮ.ਐਲ ਨਜਾਇਜ਼ ਸਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਕਾਹਨੂੰਵਾਨ ਪੁਲਸ ਨੇ ਉਕਤ ਦੋਸ਼ੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਨਿਗਮ ਨੂੰ ਵਿਕਾਸ ਲਈ ਕੋਈ ਨਵਾਂ ਫੰਡ ਜਾਰੀ ਨਾ ਹੋਣ 'ਤੇ ਪ੍ਰਗਟਾਈ ਚਿੰਤਾ



ਬਟਾਲਾ (ਤਰਲੋਕ ਬੱਗਾ)-ਕਾਨੂੰਨ ਦਾ ਰਾਜ ਕਾਇਮ ਰੱਖਿਆ ਜਾਣਾ ਚਾਹੀਦਾ ਹੈ। ਚੁਣੇ ਹੋਏ ਕੌਂਸਲਰਾਂ ਨੂੰ ਬਟਾਲਾ ਦੀ ਭਲਾਈ ਅਤੇ ਵਿਕਾਸ ਲਈ ਕੰਮ ਕਰਨ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇੰਦਰ ਸੇਖੜੀ ਸੀਨੀਅਰ ਭਾਜਪਾ ਆਗੂ, ਸਹਿ ਕਨਵੀਨਰ ਸਵੱਛ ਭਾਰਤ ਪੰਜਾਬ ਨੇ ਆਪਣੇ ਦਫਤਰ ਵਿੱਚ ਪ੍ਰਿੰਟ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਸੰਵਿਧਾਨ ਦੀ ਭਾਵਨਾ ਦੇ ਉਲਟ ਕੰਮ ਕਰ ਰਹੀ ਹੈ। ਬਟਾਲਾ ਦੇ ਵਿਧਾਇਕ ਨੇ ਕਾਰਪੋਰੇਸ਼ਨ ਦੇ ਕੰਮਕਾਜ ਦੀ ਨਿਗਰਾਨੀ ਲਈ 5 ਮੈਂਬਰੀ ਕਮੇਟੀ ਨਾਮਜ਼ਦ ਕੀਤੀ ਹੈ। 50 ਚੁਣੇ ਹੋਏ ਕੌਂਸਲਰਾਂ ਦਾ ਬਟਾਲਾ ਦੀ ਯੋਜਨਾਬੰਦੀ ਅਤੇ ਵਿਕਾਸ ਵਿੱਚ ਕੋਈ ਹਿੱਸਾ ਨਹੀਂ ਹੈ। ਇੱਥੋਂ ਤੱਕ ਕਿ ਇਨ੍ਹਾਂ ਕੌਂਸਲਰਾਂ ਰਾਹੀਂ ਲੋਕਾਂ ਦੀਆਂ ਸੱਚੀਆਂ ਸ਼ਿਕਾਇਤਾਂ ਨੂੰ ਵੀ ਨਿਗਮ ਅਧਿਕਾਰੀਆਂ ਅਤੇ ਸਟਾਫ ਵੱਲੋਂ ਗੰਭੀਰਤਾ ਨਾਲ ਨਹੀਂ ਲਿਆ ਜਾਂਦਾ। ਸੇਖੜੀ ਨੇ ਕਿਹਾ ਕਿ ਕੌਂਸਲਰਾਂ ਨੂੰ ਆਪਣੇ ਵਾਰਡਾਂ ਵਿੱਚ ਹੋਣ ਵਾਲੇ ਨਵੇਂ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਨਹੀਂ ਹੈ। ਇਹ ਪੂਰੀ ਤਰ੍ਹਾਂ ਗੈਰ-ਸੰਵਿਧਾਨਕ ਹੈ ਅਤੇ ਕਾਨੂੰਨ ਦੇ ਰਾਜ ਦੀ ਉਲੰਘਣਾ ਹੈ। ਇੰਦਰ ਸੇਖੜੀ ਨੇ ਇਸ ਰੁਝਾਨ ਦਾ ਸਖ਼ਤ ਵਿਰੋਧ ਕੀਤਾ। ਉਨ੍ਹਾਂ ਨਿਗਮ ਨੂੰ ਪਿਛਲੇ ਦੋ ਸਾਲਾਂ ਦੌਰਾਨ ਬਟਾਲਾ ਦੇ ਵਿਕਾਸ ਲਈ ਕੋਈ ਨਵਾਂ ਫੰਡ ਜਾਰੀ ਨਾ ਹੋਣ 'ਤੇ ਵੀ ਚਿੰਤਾ ਪ੍ਰਗਟਾਈ।

ਸਵੱਛਤਾ ਲਈ ਲੋੜੀਂਦਾ ਢੁਕਵਾਂ ਬੁਨਿਆਦੀ ਢਾਂਚਾ ਵੀ ਗਾਇਬ ਹੈ। ਇਨ੍ਹਾਂ ਹਾਲਾਤ ਵਿੱਚ ਬਟਾਲਾ ਨਿਗਮ ਦੀ ਮੈਨੇਜਮੈਂਟ ਦੇ ਮਾਮਲੇ ਵਿੱਚ ਸਭ ਤੋਂ ਮਾੜੇ ਦੌਰ ਵਿੱਚੋਂ ਲੰਘ ਰਿਹਾ ਹੈ। ਇੰਦਰ ਸੇਖੜੀ ਨੇ ਇਸ ਸਥਿਤੀ ਲਈ 'ਆਪ' ਅਤੇ ਕਾਂਗਰਸੀ ਆਗੂਆਂ ਨੂੰ ਜ਼ਿੰਮੇਵਾਰ ਠਹਿਰਾਇਆ। 2022 ਦੀਆਂ ਚੋਣਾਂ 'ਚ ਜ਼ਿਆਦਾਤਰ ਕਾਂਗਰਸੀ ਕੌਂਸਲਰਾਂ ਨੇ 'ਆਪ' ਵਿਧਾਇਕ ਉਮੀਦਵਾਰ ਦੀ ਮਦਦ ਕੀਤੀ ਸੀ।

ਅੱਜ ਇਨ੍ਹਾਂ ਕਾਂਗਰਸੀ ਕੌਂਸਲਰਾਂ ਵਿੱਚ ਪੂਰੀ ਤਰ੍ਹਾਂ ਹਫੜਾ-ਦਫੜੀ ਅਤੇ ਲਾਚਾਰੀ ਹੈ। ਉਹ ਆਪਣੇ ਵਾਰਡਾਂ ਦੇ ਲੋਕਾਂ ਦੀ ਮਦਦ ਕਰਨ ਵਿੱਚ ਅਸਮਰੱਥ ਹਨ। ਇਹ ਗੈਰ-ਸੰਵਿਧਾਨਕ ਕੰਮ ਕਦੋਂ ਤੱਕ ਜਾਰੀ ਰਹੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਗਮ ਵਿੱਚ ਕੁਸ਼ਲ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਭਾਜਪਾ ਨੂੰ ਮੌਕਾ ਦੇਣ।

# ਐਡਵੋਕੇਟ ਧਾਮੀ ਨੇ ਜਸਪਾਲ ਸਿੰਘ ਹੇਰਾਂ ਦੇ ਚਲਾਣਾ ਕਰ ਜਾਣ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰੋਜ਼ਾਨਾ ਪਹਿਰੇਦਾਰ ਅਖ਼ਬਾਰ ਦੇ ਸੰਪਾਦਕ ਜਸਪਾਲ ਸਿੰਘ ਹੇਰਾਂ ਦੇ ਚਲਾਣਾ ਕਰ ਜਾਣ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਜਸਪਾਲ ਸਿੰਘ ਦਾ ਪੰਜਾਬੀ ਪੱਤਰਕਾਰੀ ਦੇ ਖੇਤਰ ਵਿਚ ਅਹਿਮ ਸਥਾਨ ਸੀ। ਜਸਪਾਲ ਸਿੰਘ ਦਾ ਅਕਾਲ ਚਲਾਣਾ ਦੁਖਦਾਈ ਹੈ। ਐਡਵੋਕੇਟ ਧਾਮੀ ਨੇ ਜਸਪਾਲ ਸਿੰਘ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਗੁਰਬਖ਼ਸ਼ ਸਿੰਘ ਖਾਲਸਾ, ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਤੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵੀ ਜਸਪਾਲ ਸਿੰਘ ਹੇਰਾਂ ਦੇ ਚਲਾਣਾ ਕਰ ਜਾਣ 'ਤੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟਾਈ।

ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਖੁਲੀ ਟੈਂਡਰ ਸੂਚਨਾ

ਵ. ਮੰਡਲ ਵਿਦੁਤ ਇੰਜੀਨੀਅਰ/ਟੀ.ਆਰ.ਡੀ., ਉ. ਰੇ., ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 12.08.2024 ਨੂੰ 15:00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 12.08.2024 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ।

| |
|---|
| ਟੈਂਡਰ ਨੰਬਰ : 610-ਟੀ.ਆਰ.ਡੀ.-ਫ਼ਿਰੋਜ਼ਪੁਰ-2024-25 |
| ਕੰਮਾਂ ਦਾ ਵੇਰਵਾ : ਫ਼ਿਰੋਜ਼ਪੁਰ ਡਵੀਜ਼ਨ ਵਿਚ ਉੱਚ ਪਰਿਵਹਨ ਉਤਪਾਦਾਂ/ਡਬਲ ਸਟੈਕ ਡਵਾਰਫ ਕੰਟੇਨਰ (ਡੀਐਸਡੀਸੀ) ਦੀ ਆਵਾਜਾਹੀ ਦੇ ਲਈ ਉਲੰਘਣ ਨੂੰ ਹਟਾਣਾ |
| ਅਨਮਾਨਿਤ ਲਾਗਤ (ਰੁ:) : 4,41,04,268.08 |
| ਟੈਂਡਰ ਦੀ ਕੀਮਤ (ਰੁ:) : ਸਿਫ਼ਰ |
| ਟੈਂਡਰ ਦੀ ਪੂਰਾ ਕਰਨ ਦੀ ਮਿਤੀ ਤੇ ਸਮਾਂ : 12.08.2024, 15:00 ਵਜੇ ਤਕ |
| ਬਿਆਨਾ ਰਾਸ਼ੀ # (ਰੁ:) : 3,70,500/- |
| ਕੰਮ ਦਾ ਸਮਾਂ : ਇਕ ਸਾਲ (12 ਮਹੀਨੇ) |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 12.08.2024, 15:00 ਵਜੇ ਦੇ ਬਾਦ |
| ਵੇਬਸਾਈਟ : www.ireps.gov.in |
| ਟੈਂਡਰ ਨੰਬਰ : 608-ਟੀ.ਆਰ.ਡੀ.-ਫ਼ਿਰੋਜ਼ਪੁਰ-2024-25 |
| ਕੰਮਾਂ ਦਾ ਵੇਰਵਾ : (i) ਏਡੀਈਐਨ-II/ਅੰਮ੍ਰਿਤਸਰ ਦੇ ਤਹਿਤ ਅਨੁਭਾਗ ਵਿਚ ਪੁਸ਼ਿੰਗ ਵਿਧੀ ਦੁਵਾਰਾ ਅੰਮ੍ਰਿਤਸਰ-ਖੇਮਕਰਣ ਖੰਡ ਉਤੇ ਮਾਨਵਯੁਕਤ ਲੇਵਲ ਕਰੋਸਿੰਗ ਨੰਬਰ ਸੀ-37 ਉਤੇ ਐਲਐਚਐਸ 5.0 ਐਕਸ 5.0 ਮੀਟਰ ਦਾ ਨਿਰਮਾਣ, (ii) ਲੁਧਿਆਣਾ-ਅੰਮ੍ਰਿਤਸਰ ਖੰਡ ਉਤੇ ਲੇਵਲ ਕਰੋਸਿੰਗ ਨੰਬਰ ਐਸ-70 ਦੇ ਬਦਲੇ ਵਿਚ ਐਲਐਚਐਸ ਦਾ ਪ੍ਰਾਵਧਾਨ (iii) ਅੰਮ੍ਰਿਤਸਰ-ਖੇਮਕਰਣ ਖੰਡ ਵਿਚ ਕਿਮੀ. 6.934 ਉਤੇ ਆਰਓਬੀ ਦਾ ਨਿਰਮਾਣ ਅਤੇ (iv) ਲਿਫਟ ਦੇ ਨਾਲ 6 ਮੀਟਰ ਚੋੜਾ ਕਵਰ ਐਫਓਬੀ ਪ੍ਰਦਾਨ ਕਰਕੇ ਫਗਵਾੜਾ ਰੇਲਵੇ ਸਟੇਸ਼ਨ ਵਿਚ ਨਰਮ ਸੁਧਾਰ, ਵੇਟਿੰਗ ਹਾਲ, ਫਗਵਾੜਾ ਸਟੇਸ਼ਨ ਨੂੰ ਉਚਾ ਕਰਨ ਦੇ ਸਬੰਧ ਵਿਚ ਟੀਆਰਡੀ ਕੰਮ |
| ਅਨਮਾਨਿਤ ਲਾਗਤ (ਰੁ:) : 34,29,106.72 |
| ਟੈਂਡਰ ਦੀ ਕੀਮਤ (ਰੁ:) : ਸਿਫ਼ਰ |
| ਟੈਂਡਰ ਦੀ ਪੂਰਾ ਕਰਨ ਦੀ ਮਿਤੀ ਤੇ ਸਮਾਂ : 12.08.2024, 15:00 ਵਜੇ ਤਕ |
| ਬਿਆਨਾ ਰਾਸ਼ੀ # (ਰੁ:) : 68,600/- |
| ਕੰਮ ਦਾ ਸਮਾਂ : 09 ਮਹੀਨੇ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 12.08.2024, 15:00 ਵਜੇ ਦੇ ਬਾਦ |
| ਵੇਬਸਾਈਟ : www.ireps.gov.in |

ਨੋਟ : # ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਿਯਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ। ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ।

ਨੰ:- 608A ਅਤੇ 610-ਟੀ.ਆਰ.ਡੀ.-ਫ਼ਿਰੋਜ਼ਪੁਰ-2024-25 ਮਿਤੀ: 18.07.2024 2177/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਨਸ਼ਿਆਂ ਖਿਲਾਫ ਮਜੀਠਾ 'ਚ ਵਿਲੇਜ ਡਿਫੈਂਸ ਕਮੇਟੀ ਨਾਲ ਡੀ ਐੱਸ ਪੀ ਨੇ ਕੀਤੀ ਵਿਸ਼ੇਸ਼ ਮੀਟਿੰਗ



ਮਜੀਠਾ (ਸੋਇਮ ਆਨੰਦ)- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪਰੋਹਿਤ ਅਤੇ ਪੰਜਾਬ ਸਰਕਾਰ ਵਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸ਼ੁਰੂ ਕੀਤੀ ਗਈ ਸੂਬਾ ਪੱਧਰੀ ਮੁਹਿੰਮ ਵਿਚ ਆਮ ਲੋਕਾਂ ਦਾ ਸਾਥ ਲੈਣ ਲਈ ਐਸ.ਡੀ.ਐਮ ਮਜੀਠਾ ਅਰਵਿੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਐਸ.ਐਚ.ਓ ਮਜੀਠਾ ਹਰਚੰਦ ਸਿੰਘ ਵਲੋਂ ਥਾਣਾ ਮਜੀਠਾ ਅਧੀਨ ਆਉਂਦੇ ਪਿੰਡਾਂ ਵਿਚ ਵਿਲੇਜ ਡਿਫੈਂਸ ਕਮੇਟੀਆਂ ਬਣਾ ਕੇ ਮੀਟਿੰਗਾਂ ਕਰਨ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ। ਇਸੇ ਸਿਲਸਿਲੇ ਤਹਿਤ ਐਸ.ਐਚ.ਓ ਮਜੀਠਾ ਹਰਚੰਦ ਸਿੰਘ ਦੀ ਅਗਵਾਈ ਵਿਚ ਮਜੀਠਾ ਦਿਹਾਤੀ ਦੀ ਵਿਲੇਜ ਕਮੇਟੀ ਦੇ ਮੈਬਰਾਂ ਅਤੇ ਆਮ ਨਾਗਰਿਕਾਂ ਨਾਲ ਸੇਕਰਡ ਹਾਰਟ ਕਾਨਵੈਂਟ ਸਕੂਲ ਮਜੀਠਾ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਡੀ.ਐਸ.ਪੀ. ਮਜੀਠਾ ਤਜਿੰਦਰਪਾਲ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਕੱਤਰ ਕਮੇਟੀ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਡੀ.ਐਸ.ਪੀ ਤਜਿੰਦਰਪਾਲ ਸਿੰਘ ਨੇ ਕਿਹਾ ਕਿ ਨਸ਼ਾ ਪੰਜਾਬ ਦੀ ਜਵਾਨੀ ਨੂੰ ਘੁਣ ਵਾਂਗ ਖਾ ਰਿਹਾ ਹੈ। ਇਸ ਨੂੰ ਖਤਮ ਕਰਨ ਵਾਸਤੇ ਲੋਕਾਂ ਦੇ ਸਾਥ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਅਤੇ ਸਿਵਲ ਪ੍ਰਸ਼ਾਸਨ ਲਗਾਤਾਰ ਇਹ ਕੋਸ਼ਿਸ਼ਾਂ ਕਰ ਰਹੇ ਹਨ ਕਿ ਸੂਬੇ ਵਿਚੋਂ ਨਸ਼ੇ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇ ਪਰ ਇਹ ਤਾਂ ਹੀ ਸੰਭਵ ਹੋ ਸਕੇਗਾ ਜਦ ਸੂਬੇ ਦੇ ਆਮ ਲੋਕ ਇਸ ਗੰਭੀਰ ਮੁੱਦੇ ਉਤੇ ਸਰਕਾਰ ਦਾ ਸਾਥ ਦੇਣਗੇ। ਉਨ੍ਹਾਂ ਕਿਹਾ ਕਿ ਆਪਣੇ ਇਲਾਕੇ ਵਿਚ ਨਸ਼ਾ ਕਰਨ ਵਾਲੇ ਅਤੇ ਨਸ਼ਾ ਵੇਚਣ ਵਾਲਿਆਂ ਦੀ ਸ਼ਨਾਖਤ ਕਰਕੇ ਉਨ੍ਹਾਂ ਨੂੰ ਪ੍ਰੇਰਿਤ ਕਰਕੇ ਸਮਾਜ ਦੀ ਮੁੱਖ ਧਾਰਾ ਵਿਚ ਲਿਆਂਦਾ ਜਾਵੇ। ਇਸ ਸਬੰਧੀ ਪੁਲਸ ਪ੍ਰਸ਼ਾਸਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੁਲਸ ਦਾ ਵੀ ਸਹਿਯੋਗ ਲਿਆ ਜਾ ਸਕਦਾ ਹੈ। ਐਸ.ਐਚ.ਓ ਹਰਚੰਦ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਵਲੋਂ ਸਮਾਜ ਵਿਚ ਨਸ਼ਾ ਛੁਡਾਉਣ ਸਬੰਧੀ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਕਮੇਟੀਆਂ ਨੂੰ ਪੰਜਾਬ ਸਰਕਾਰ ਵਲੋਂ ਸਨਮਾਨਤ ਵੀ ਕੀਤਾ ਜਾਵੇਗਾ ਅਤੇ ਇਨ੍ਹਾਂ ਨੂੰ ਇਨਾਮ ਵਜੋ ਰਕਮ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕਮੇਟੀਆਂ ਨੂੰ ਹੋਰ ਉਤਸ਼ਾਹਿਤ ਕਰਨ ਵਾਸਤੇ ਸੂਬੇ ਦੇ ਰਾਜਪਾਲ ਵੀ ਵੱਖ ਵੱਖ ਇਲਾਕਿਆਂ ਵਿਚ ਦੌਰਾ ਕਰਕੇ ਮੀਟਿੰਗਾਂ ਕਰ ਰਹੇ ਹਨ। ਐਸ.ਐਚ.ਓ ਮਜੀਠਾ ਨੇ ਕਿਹਾ ਕਿ ਨਸ਼ਾ ਕਰਨ ਵਾਲੇ ਅਤੇ ਨਸ਼ਾ ਤਸਕਰਾਂ ਨੂੰ ਸਮਾਜ ਦੀ ਮੁੱਖ ਧਾਰਾ ਵਿਚ ਲਿਆਂਦਾ ਜਾਵੇ। ਇਸ ਕਾਰਜ ਵਾਸਤੇ ਪੁਲਸ ਹਮੇਸ਼ਾ ਕਮੇਟੀ ਮੈਬਰਾਂ ਦੇ ਨਾਲ ਖੜ੍ਹੀ ਹੈ। ਇਸ ਮੌਕੇ ਡੀ.ਐਸ.ਪੀ. ਤਜਿੰਦਰਪਾਲ ਸਿੰਘ, ਐਸ.ਐਚ.ਓ ਹਰਚੰਦ ਸਿੰਘ, ਚੌਕੀ ਇੰਚਾਰਜ ਸਬ ਇੰਸਪੈਕਟਰ ਗੁਰਬਖਸ਼ ਸਿੰਘ, ਲੀਡਰ ਕੁਲਵੰਤ ਸਿੰਘ, ਸਕੂਲ ਪ੍ਰਿੰਸੀਪਲ ਸਿਸਟਰ ਵਿਲਫੀ, ਗੁਰਭੇਜ ਸਿੰਘ ਸਰਪੰਚ ਭੰਗਵਾਂ, ਹਰਜਿੰਦਰ ਸਿੰਘ ਮਜੀਠਾ ਦਿਹਾਤੀ, ਭੁਪਿੰਦਰ ਸਿੰਘ ਮਜੀਠਾ ਦਿਹਾਤੀ, ਸਾਬਾ ਗਿਲ ਗਰੀਨ ਬੱਸ ਵਾਲਾ, ਸੰਦੀਪ ਕੁਮਾਰ ਸਰਮਾ, ਲਾਡੀ ਵਡਾਲਾ ਆਦਿ ਹਾਜ਼ਰ ਸਨ।

# ਦੁਕਾਨਾਂ ਅੱਗੇ ਪਾਰਕ ਕੀਤੀਆਂ ਗੱਡੀਆਂ ਤੋਂ ਦੁਕਾਨਦਾਰ ਡਾਢੇ ਪ੍ਰੇਸ਼ਾਨ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅੰਦਰ ਵਾਹਨ ਚਾਲਕਾਂ ਵਲੋਂ ਆਪਣੀ ਗੱਡੀਆਂ ਦੂਸਰੇ ਲੋਕਾਂ ਦੀਆਂ ਦੁਕਾਨਾਂ ਅੱਗੇ ਪਾਰਕਿੰਗ ਕੀਤੇ ਜਾਣ ਨਾਲ ਦੁਕਾਨਦਾਰਾਂ ਨੂੰ ਕਾਫ਼ੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਪਾਸੇ ਟਰੈਫ਼ਿਕ ਪੁਲਸ ਦਾ ਧਿਆਨ ਨਾ ਹੋਣ ਕਰਕੇ ਦੁਕਾਨਦਾਰਾਂ ਵਿਚ ਟਰੈਫ਼ਿਕ ਪੁਲਸ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਦੁਕਾਨਦਾਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਅੰਦਰ ਸੁੱਕੇ ਤਲਾਅ ਵਿਖੇ ਪਾਰਕਿੰਗ ਹੋਣ ਦੇ ਬਾਵਜੂਦ ਲੋਕਾਂ ਵਲੋਂ ਆਪਣੀਆਂ ਗੱਡੀਆਂ ਸੜਕਾਂ 'ਤੇ ਖੜ੍ਹੀਆਂ ਕਰਕੇ ਦੁਕਾਨਾਂ ਅੱਗੇ ਪਾਰਕ ਕਰ ਦਿੱਤੀਆਂ ਜਾਂਦੀਆਂ ਹਨ ਅਤੇ ਉਸ ਤੋਂ ਬਾਅਦ ਖ਼ੁਦ ਵਾਹਨ ਚਾਲਕ ਆਪਣੇ ਕੰਮਕਾਜ ਲਈ ਅੱਗੇ-ਪਿੱਛੇ ਚਲੇ ਜਾਂਦੇ ਹਨ ਤੇ ਇਹ ਗੱਡੀਆਂ ਲੰਬਾ ਸਮਾਂ ਦੁਕਾਨਾਂ ਅੱਗੇ ਹੀ ਖੜ੍ਹੀਆਂ ਰਹਿੰਦੀਆਂ ਹਨ। ਉਨ੍ਹਾਂ ਕਿਹਾ ਦੁਕਾਨਾਂ ਅੱਗੇ ਖੜ੍ਹੀਆਂ ਗੱਡੀਆਂ ਕਾਰਨ ਗ੍ਰਾਹਕਾਂ ਨੂੰ ਦੁਕਾਨਾਂ ਅੰਦਰ ਆਉਣ ਲਈ ਵੀ ਜਗ੍ਹਾ ਨਹੀਂ ਮਿਲਦੀ ਅਤੇ ਆਪਣੀਆਂ ਦੁਕਾਨਾਂ ਦਾ ਸਮਾਨ ਕਈ ਵਾਰ ਅੰਦਰ ਬਾਹਰ ਕਰਨ ਸਮੇਂ ਮੁਸ਼ਕਲ ਪੇਸ਼ ਆਉਂਦੀ ਹੈ। ਉਨ੍ਹਾਂ ਕਿਹਾ ਜਦੋਂ ਵਾਹਨ ਚਾਲਕ ਆਪਣੀ ਗੱਡੀ ਸਾਡੀਆਂ ਦੁਕਾਨਾਂ ਅੱਗੇ ਖੜ੍ਹੀ ਕਰ ਦਿੰਦਾ ਹੈ ਤਾਂ ਦੁਕਾਨ 'ਤੇ ਆਉਣ ਵਾਲੇ ਗ੍ਰਾਹਕ ਨੂੰ ਆਪਣਾ ਵਾਹਨ ਲਗਾਉਣ ਲਈ ਜਗ੍ਹਾ ਨਹੀਂ ਮਿਲਦੀ ਤੇ ਉਹ ਵੀ ਕਾਫ਼ੀ ਪ੍ਰੇਸ਼ਾਨ ਹੁੰਦਾ ਹੈ। ਦੁਕਾਨਦਾਰਾਂ ਨੇ ਕਿਹਾ ਕਿ ਜਦੋਂ ਆਪਣੀ ਦੁਕਾਨ ਅੱਗੇ ਗੱਡੀ ਪਾਰਕ ਕਰਨ ਤੋਂ ਵਾਹਨ ਚਾਲਕ ਨੂੰ ਰੋਕਿਆ ਜਾਂਦਾ ਹੈ ਤਾਂ ਉਹ ਅੱਗੋਂ ਬਹਿਸਬਾਜ਼ੀ ਕਰਨਾ ਸ਼ੁਰੂ ਕਰ ਦਿੰਦਾ ਹੈ। ਉਨ੍ਹਾਂ ਕਿਹਾ ਇਹ ਸਾਰਾ ਕੁਝ ਟਰੈਫ਼ਿਕ ਵਿਭਾਗ ਦੀ ਢਿੱਲੀ ਕਾਰਗੁਜ਼ਾਰੀ ਦਾ ਨਤੀਜਾ ਹੈ ਜੋ ਵਾਹਨ ਚਾਲਕ ਬਿਨਾਂ ਟਰੈਫ਼ਿਕ ਪੁਲਸ ਦੇ ਡਰ ਤੋਂ ਜਦੋਂ ਚਾਹੇ ਸੜਕ 'ਤੇ ਦੁਕਾਨਾਂ ਅੱਗੇ ਗੱਡੀਆਂ ਪਾਰਕ ਕਰਕੇ ਚਲੇ ਜਾਂਦੇ ਹਨ। ਉਨ੍ਹਾਂ ਕਿਹਾ ਟਰੈਫਿਕ ਪੁਲਸ ਦੀਆਂ ਗੱਡੀਆਂ ਸਾਰਾ ਦਿਨ ਸ਼ਹਿਰ ਅੰਦਰ ਘੁੰਮਦੀਆਂ ਹਨ ਪਰ ਅੱਖੀਂ ਦੇਖ ਕੇ ਵੀ ਇਨ੍ਹਾਂ ਗਲਤ ਪਾਰਕਿੰਗ ਗੱਡੀਆਂ ਦੇ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਗੱਡੀਆਂ ਗਲਤ ਪਾਰਕਿੰਗ ਕਰਨ ਦੇ ਨਾਲ ਸ਼ਹਿਰ ਅੰਦਰ ਟਰੈਫ਼ਿਕ ਸਮੱਸਿਆ ਵੀ ਕਾਫ਼ੀ ਗੰਭੀਰ ਹੋ ਜਾਂਦੀ ਹੈ ਅਤੇ ਸੜਕ ਦਾ ਅੱਧਾ ਹਿੱਸਾ ਇਨ੍ਹਾਂ ਗੱਡੀਆਂ ਵਲੋਂ ਮੱਲ ਲਿਆ ਜਾਂਦਾ ਹੈ, ਜਿਸ ਨਾਲ ਰਾਹਗੀਰਾਂ ਨੂੰ ਲੰਘਣ ਲਈ ਜਗ੍ਹਾ ਨਹੀਂ ਮਿਲਦੀ। ਉਨ੍ਹਾਂ ਕਿਹਾ ਖ਼ਾਸ ਕਰਕੇ ਤਿੱਬੜੀ ਚੌਕ ਤੋਂ ਲੈ ਕੇ ਲਾਇਬ੍ਰੇਰੀ ਚੌਕ ਤੱਕ ਸੜਕ 'ਤੇ ਦੁਕਾਨਾਂ ਅੱਗੇ ਖੜ੍ਹੀਆਂ ਕੀਤੀਆਂ ਗੱਡੀਆਂ ਕਾਰਨ ਕਾਫੀ ਭੀੜ ਭੜੱਕਾ ਬਣਿਆ ਰਹਿੰਦਾ ਹੈ।

## ਜਨਮ ਦਿਨ ਮੁਬਾਰਕ



ਇਮਾਨ ਸਿੰਘ ਵੜਿੰਗ, ਮੁਕਤਸਰ

## ਵਰ੍ਹੇਗੰਢ ਮੁਬਾਰਕ



ਜਗਤਾਰ ਸਿੰਘ ਤੇ ਸਿਮਰਜੀਤ ਕੌਰ ਵਾਸੀ ਨੌਸ਼ਹਿਰਾ ਮੱਝਾ ਸਿੰਘ ਗੁਰਦਾਸਪੁਰ ਨੇ ਸੱਤਵੀਂ ਵਰ੍ਹੇਗੰਢ ਮਨਾਈ


# ਪੰਜਾਬ ਸਰਕਾਰ ਕਿਸਾਨਾਂ ਨੂੰ ਯੋਗ ਮੁਆਵਜ਼ਾ ਦੇਣ ਲਈ ਗੰਭੀਰਤਾ ਨਾਲ ਪੱਖ ਰੱਖੇ : ਦੀਪੇਵਾਲ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ** )—ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ ਦੇ ਚੇਅਰਮੈਨ ਵੱਲੋਂ ਕੁਝ ਦਿਨ ਪਹਿਲਾਂ ਪੰਜਾਬ ਦੇ ਮੁੱਖ ਸਕੱਤਰ ਕੋਲ ਐਨਐਚਏਆਈ ਦੇ ਪ੍ਰੋਜੈਕਟਾਂ ਵਿੱਚ ਲਗਾਤਾਰ ਰੁਕਾਵਟਾਂ ਪੈਦਾ ਹੋਣ ਕਾਰਣ ਪ੍ਰੋਜੈਕਟਾਂ ਦੇ ਕੰਮਾਂ ਵਿੱਚ ਦੇਰੀ ਸਬੰਧੀ ਚਿੰਤਾ ਜ਼ਾਹਿਰ ਕੀਤੀ ਗਈ। ਉਹਨਾਂ ਵੱਲੋਂ ਇਹ ਦੱਸਿਆ ਗਿਆ ਕਿ ਐਨਐਚਏਆਈ ਵੱਲੋਂ ਪੰਜਾਬ ਵਿੱਚ 52000 ਕਰੋੜ ਦੀ ਲਾਗਤ ਨਾਲ 1500 ਕਿ:ਮੀ: ਸੜਕਾਂ ਬਨਾਉਣ ਦੇ ਪ੍ਰੋਜੈਕਟ ਉਲੀਕੇ ਗਏ। 8245 ਕਰੋੜ ਰੁਪਏ ਦੇ 7 ਪ੍ਰੋਜੈਕਟ 256 ਕਿ:ਮੀ: ਏਰੀਏ ਨਾਲ ਸਬੰਧਤ ਐਨਐਚਏਆਈ ਵੱਲੋਂ ਕੈਂਸਲ ਕਰਨ ਦਾ ਪ੍ਰੋਸੈਸ ਚੱਲ ਰਿਹਾ ਹੈ ਕਿਉਂਕਿ ਇਹਨਾਂ ਪ੍ਰੋਜੈਕਟਾਂ ਵਾਸਤੇ ਪੰਜਾਬ ਸਰਕਾਰ ਸਮੇਂ ਸਿਰ ਜ਼ਮੀਨ ਐਕੁਵਾਇਰ ਕਰਨ ਦਾ ਪ੍ਰੋਸੈਸ ਪੂਰਾ ਨਹੀਂ ਕਰ ਸਕੀ ਜਦਕਿ ਕੰਮ ਦੀ ਡੇਟ ਨਿਰਧਾਰਤ ਕਰਨ ਲਈ 80 ਪ੍ਰਤੀਸਤ ਜ਼ਮੀਨ ਐਕੁਵਾਇਰ ਕਰਨ ਦਾ ਪ੍ਰੋਸੈਸ ਪੂਰਾ ਹੋਣਾ ਜ਼ਰੂਰੀ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਦਿਆਲ ਸਿੰਘ ਦੀਪੇਵਾਲ ਸੇਵਮੁਕਤ ਏਏਓ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦਸਿਆ ਕਿ ਇਸ ਸਮੇਂ 42175 ਕਰੋੜ ਰੁਪਏ ਦੀ ਲਾਗਤ ਨਾਲ 1150 ਕਿ:ਮੀ: ਏਰੀਏ ਵਿੱਚ ਪ੍ਰੋਜੈਕਟਾਂ ਦੇ ਕੰਮਾਂ ਵਿਚ ਰੁਕਾਵਟ ਆ ਰਹੀ ਹੈ ਜਿਸ ਦਾ ਸੱਭ ਤੋਂ ਵੱਡਾ ਕਾਰਣ ਕਿਸਾਨਾਂ ਵੱਲੋਂ ਪ੍ਰੋਜੈਕਟਾਂ ਦੇ ਕੁਝ ਹਿੱਸਿਆਂ ਵਿੱਚ ਜ਼ਮੀਨ ਦਾ ਕਬਜ਼ਾ ਐਨਐਚਏਆਈ, ਨੂੰ ਨਾ ਦੇਣਾ ਹੈ। ਇਹਨਾਂ ਪ੍ਰੋਜੈਕਟਾਂ ਤਹਿਤ ਸੁਲਤਾਨਪੁਰ ਲੋਧੀ ਏਰੀਏ ਵਿੱਚ ਦੋ ਵੱਡੀਆਂ ਸੜਕਾਂ ਦਿੱਲੀ-ਜੰਮੂ-ਕਟੜਾ ਅਤੇ ਜਾਮਨਗਰ-ਬਠਿੰਡਾ-ਅੰਮ੍ਰਿਤਸਰ ਲਈ ਲਗਭਗ 20 ਪਿੰਡਾਂ ਦੇ ਕਿਸਾਨਾਂ ਦੀ ਜ਼ਮੀਨ ਵੱਡੇ ਪੱਧਰ ਤੇ ਐਕੁਵਾਇਰ ਕੀਤੀ ਗਈ ਪਰ ਕਿਸਾਨਾਂ ਨੂੰ ਮਾਰਕੀਟ ਰੇਟ ਮੁਤਾਬਿਕ ਯੋਗ ਮੁਆਵਜ਼ਾ ਨਹੀਂ ਦਿੱਤਾ ਗਿਆ। ਉਨ੍ਹਾਂ ਦਸਿਆ ਕਿ ਬਹੁਤ ਹੀ ਘੱਟ ਰੇਟ ਤੇ ਮੁਆਵਜ਼ਾ ਦੇ ਕੇ ਕਿਸਾਨਾਂ ਦੀ ਜ਼ਮੀਨ ਲਈ ਜਾ ਰਹੀ ਹੈ ਜਿਸ ਕਾਰਣ ਐਨਐਚਏਆਈ ਨੂੰ ਕਈ ਥਾਵਾਂ ਤੇ ਜ਼ਮੀਨ ਦਾ ਕਬਜ਼ਾ ਨਹੀਂ ਮਿਲ ਸਕਿਆ ਅਤੇ ਐਨਐਚਏਆਈ ਦੇ ਕੰਮ ਵਿੱਚ ਰੁਕਾਵਟ ਬਣੀ ਹੋਈ ਹੈ। ਸਰਕਾਰੀ ਅਧਿਕਾਰੀ ਇਸ ਹਕੀਕਤ ਨੂੰ ਸਰਕਾਰ ਅੱਗੇ ਕਿਉਂ ਨਹੀਂ ਰੱਖ ਰਹੇ ? ਜੇਕਰ ਸਰਕਾਰੀ ਅਧਿਕਾਰੀ ਇਸ ਹਕੀਕਤ ਨੂੰ ਸਰਕਾਰ ਅੱਗੇ ਰੱਖਣ ਤਾਂ ਕਿਸਾਨਾਂ ਨੂੰ ਯੋਗ ਮੁਆਵਜ਼ਾ ਮਿਲ ਸਕਦਾ ਹੈ ਅਤੇ ਪ੍ਰੋਜੈਕਟਾਂ ਦਾ ਕੰਮ ਵੀ ਬਿਨਾਂ ਦੇਰੀ ਅਤੇ ਬਿਨਾਂ ਰੁਕਾਵਟ ਹੋ ਸਕਦਾ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਸਾਲ 2012-13 ਵਿੱਚ ਐਨਐਚਏਆਈ ਵੱਲੋਂ ਪੰਜਾਬ ਵਿੱਚ ਜਲੰਧਰ-ਮੋਗਾ. ਅੰਮ੍ਰਿਤਸਰ- ਬਠਿੰਡਾ, ਮੋਗਾ-ਪਟਿਆਲਾ ਵਿੱਚ ਸੜਕਾਂ ਬਨਾਉਣ ਲਈ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਜ਼ਮੀਨ ਐਕੁਵਾਇਰ ਕੀਤੀ ਗਈ ਸੀ ਅਤੇ ਕਿਸਾਨਾਂ ਨੂੰ ਭਰਪੂਰ ਮੁਆਵਜ਼ਾ ਦਿੱਤਾ ਗਿਆ ਅਤੇ ਇਹਨਾਂ ਪ੍ਰੋਜੈਕਟਾਂ ਵਿੱਚ ਉਸ ਸਮੇਂ ਕਿਸਾਨਾਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੈਦਾ ਨਹੀਂ ਕੀਤੀ ਗਈ। ਐਨਐਚਏਆਈ ਅਤੇ ਕਿਸਾਨਾਂ ਦਰਮਿਆਨ ਇਸ ਮਸਲੇ ਨੂੰ ਹੱਲ ਕਰਨ ਲਈ ਪੰਜਾਬ ਸਰਕਾਰ ਮਿਤੀ 31 ਜੁਲਾਈ 2024 ਨੂੰ ਪ੍ਰਧਾਨ ਮੰਤਰੀ ਵੱਲੋਂ ਸੱਦੀ ਗਈ ਮੀਟਿੰਗ ਵਿੱਚ ਕਿਸਾਨਾਂ ਨੂੰ ਯੋਗ ਮੁਆਵਜ਼ਾ ਦੇਣ ਲਈ ਗੰਭੀਰਤਾ ਨਾਲ ਪੱਖ ਰੱਖੇ ਤਾਂ ਜੋ ਪੰਜਾਬ ਦੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਮਿਲ ਸਕੇ।

# ਦੁਨੀਆ 'ਚ ਕੋਈ ਵੀ ਭੂਤ-ਚੁੜੇਲ ਜਾਂ ਆਤਮਾ ਨਾਂਅ ਦੀ ਚੀਜ਼ ਨਹੀਂ : ਤਰਕਸ਼ੀਲ ਸੁਸਾਇਟੀ



**ਬੰਗਾ (ਅਵਤਾਰ ਕਲੇਰ)** ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਇਕਾਈ ਬੰਗਾ ਦੀ ਹੰਗਾਮੀ ਮੀਟਿੰਗ ਜਥੇਬੰਦਕ ਮੁਖੀ ਹਰਜਿੰਦਰ ਸੂੰਨੀ ਦੀ ਪ੍ਰਧਾਨਗੀ ਹੇਠ ਹੋਈ। ਮਾਸਟਰ ਜਗਦੀਸ਼ ਰਾਏਪੁਰ ਡੱਬਾ ਵਿੱਤ ਮੁਖੀ ਇਕਾਈ ਬੰਗਾ ਨੇ ਦੱਸਿਆ ਕਿ ਸਮੇਂ ਸਮੇਂ 'ਤੇ ਕੁੱਝ ਸ਼ੈਤਾਨ ਕਿਸਮ ਦੇ ਲੋਕਾਂ ਵੱਲੋਂ ਅਖੌਤੀ ਭੂਤਾਂ- ਪਰੇਤਾਂ, ਜਾਦੂ - ਟੂਣਿਆਂ, ਆਤਮਾਵਾਂ, ਕਰਾਮਾਤਾਂ, ਚਮਤਕਾਰਾਂ ਅਤੇ ਅਲੌਕਿਕੀ ਘਟਨਾਵਾਂ ਸਬੰਧੀ ਝੂਠੀਆਂ ਅਫਵਾਹਾਂ ਫੈਲਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾਂਦਾ ਰਿਹਾ ਹੈ। ਅੱਜ ਤੱਕ ਜਿੰਨੀਆਂ ਵੀ ਇਹੋ ਜਿਹੀਆਂ ਘਟਨਾਵਾਂ ਸਾਡੇ ਧਿਆਨ ਵਿੱਚ ਆਈਆਂ ਉਹਨਾਂ ਪ੍ਰਤੀ ਸਖ਼ਤ ਨੋਟਿਸ ਲਿਆ ਜਾਂਦਾ ਰਿਹਾ ਹੈ। ਭਾਵੇਂ ਉਹ ਕਿਸੇ ਦੇ ਘਰ ਇੱਟਾਂ ਰੋੜੇ ਡਿੱਗਣ ਸੰਬੰਧੀ ਹੋਵੇ, ਭਾਵੇਂ ਪੇਟੀਆਂ ਚ,ਪਏ ਗਹਿਣੇ ਗੁੰਮ ਹੁੰਦੇ ਹੋਣ ਜਾਂ ਪੇਟੀ 'ਚ ਪਏ ਕੱਪੜਿਆਂ ਨੂੰ ਅੱਗ ਲੱਗ ਜਾਂਦੀ ਹੋਵੇ ਭਾਵੇਂ ਕਿਸੇ ਦੇ ਖੂਨ ਦੇ ਛਿੱਟੇ ਡਿਗਦੇ ਹੋਣ ਜਾਂ ਸਤਾਈ ਸਾਲ ਪੁਰਾਣੀ ਪੱਦੀ ਮਠਵਾਲੀ ਵਿੱਚ ਵਾਪਰੀ ਸੱਪਾਂ ਵਾਲੀ ਘਟਨਾ ਹੋਵੇ ਜਾਂ ਕੋਈ ਹੋਰ। ਅਸੀਂ ਇਹੋ ਜਿਹੀਆਂ ਘਟਨਾਵਾਂ ਦੀ ਪੜਤਾਲ ਕਰਕੇ ਸਚਾਈ ਲੋਕਾਂ ਸਾਹਮਣੇ ਲਿਆਉਂਦੇ ਰਹੇ ਹਾਂ। ਪਿਛਲੇ ਦੋ ਤਿੰਨ ਦਿਨਾਂ ਤੋਂ ਸੋਸ਼ਲ ਮੀਡੀਆ ਤੇ ਇੱਕ ਵੀਡੀਓ ਚੱਲ ਰਹੀ ਹੈ ਜਿਸ ਵਿੱਚ ਕਿਸੇ ਦੇ ਰੋਣ ਦੀ ਅਵਾਜ਼ ਆ ਰਹੀ ਹੈ ਇੱਕ ਹੋਰ ਉਹਦਾ ਕੋਈ ਸਾਥੀ ਉਸ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਕਰ ਰਿਹਾ, ਹੌਸਲਾ ਰੱਖਣ ਅਤੇ ਹੋਸ਼ 'ਚ ਆਉਣ ਲਈ ਕਹਿ ਰਿਹਾ ਹੈ ਤੇ ਇੱਕ ਮੋਟਰਸਾਈਕਲ ਖੜ੍ਹਾ ਹੈ ਜਿਸ ਦੀ ਲਾਈਟ ਚੱਲ ਰਹੀ ਹੈ। ਸਾਹਮਣੇ ਸੜਕ 'ਤੇ 25-30 ਮੀਟਰ ਦੀ ਦੂਰੀ ਤੇ ਇੱਕ ਔਰਤ ਦੀ ਧੁੰਦਲੀ ਜਿਹੀ ਤਸਵੀਰ ਦਿਖਾਈ ਦਿੰਦੀ ਹੈ।ਜਿਸ ਨੂੰ ਕਿਹਾ ਜਾ ਰਿਹਾ ਹੈ ਕਿ ਇਹ ਭੂਤ ਹੈ, ਚੁੜੇਲ ਹੈ। ਇਹ ਘਟਨਾ ਵੀਡੀਓ ਵਿੱਚ ਜ਼ਿਲ੍ਹਾ ਨਵਾਂਸ਼ਹਿਰ ਦੇ ਪਿੰਡ ਤਲਵੰਡੀ ਫੱਤੂ ਦੀ ਦੱਸੀ ਜਾ ਰਹੀ ਹੈ। ਕੋਈ ਇਸ ਨੂੰ ਗੜ੍ਹਸ਼ੰਕਰ, ਕੋਈ ਕਰੀਹਾ ਕੋਈ ਕਾਠਗੜ੍ਹ ਕੋਈ ਕਿਤੇ ਕੋਈ ਕਿਤੇ ਕਹਿ ਰਿਹਾ ਹੈ। ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਇਕਾਈ ਬੰਗਾ ਦੇ ਆਗੂਆਂ ਹਰਜਿੰਦਰ ਸੂੰਨੀ, ਮਾਸਟਰ ਜਗਦੀਸ਼ ਰਾਏਪੁਰ ਡੱਬਾ, ਮਾਸਟਰ ਕੁਲਵਿੰਦਰ ਖਟਕੜ,ਮਾ ਪਰਮਜੀਤ ਖਮਾਚੋਂ, ਨਿੰਦਰ ਮਾਈ ਦਿੱਤਾ ਆਦਿ ਨੇ ਇਸ ਘਟਨਾ ਦਾ ਸਖ਼ਤ ਨੋਟਿਸ ਲਿਆ ਅਤੇ ਆਗੂ ਮੋਹਨ ਬੀਕਾ ਤੇ ਅਧਾਰਤ ਟੀਮ ਵੱਲੋਂ ਪਿੰਡ ਤਲਵੰਡੀ ਫੱਤੂ ਦੇ ਲੋਕਾਂ ਤੋਂ ਪੁੱਛਗਿੱਛ ਕੀਤੀ। ਪੁੱਛਗਿੱਛ ਦੌਰਾਨ ਸਚਾਈ ਨਿੱਤਰ ਕੇ ਸਾਹਮਣੇ ਆਈ ਕਿ ਇਸ ਪਿੰਡ ਵਿੱਚ ਜਾਂ ਇਸ ਦੇ ਆਲੇ ਦੁਆਲੇ ਦੇ ਇਲਾਕੇ ਵਿੱਚ ਇਹੋ ਜਿਹੀ ਕੋਈ ਘਟਨਾ ਨਹੀਂ ਵਾਪਰੀ। ਪਿੰਡ ਵਾਸੀਆਂ ਘਟਨਾ ਨੂੰ ਮਨਘੜ੍ਹਤ,ਝੂਠੀ ਅਤੇ ਪਲਾਨਡ ਕਰਾਰ ਦਿੰਦਿਆਂ ਕਿਹਾ ਕਿ ਸਾਡੇ ਪਿੰਡ ਦੇ ਬੱਚੇ -ਬੁੱਢੇ ਸਹਿਮੇ ਹੋਏ ਹਨ। ਤਰਕਸ਼ੀਲ ਆਗੂਆਂ ਨੇ ਲੋਕਾਂ ਅਪੀਲ ਕੀਤੀ ਕਿ ਇਹ ਸ਼ਰਾਰਤੀ ਅਨਸਰਾਂ ਦੀ ਸ਼ਰਾਰਤ ਹੈ ,ਲਾਈਕ,ਵਿਊ, ਸ਼ੇਅਰ ਆਦਿ ਵਧਾਉਣ ਵਾਲੀ ਕਾਰਵਾਈ ਹੈ ਇਸ ਤੋਂ ਇਲਾਵਾ ਹੋਰ ਕੁੱਝ ਨਹੀਂ।ਅੱਜ ਵਿਗਿਆਨ ਦੇ ਯੁੱਗ ਵਿੱਚ ਇਹੋ ਜਿਹੀਆਂ ਘਟਨਾਵਾਂ ਲਈ ਕੋਈ ਥਾਂ ਨਹੀਂ। ਦੁਨੀਆਂ 'ਤੇ ਕੋਈ ਵੀ ਭੂਤ-ਚੁੜੇਲ ,ਆਤਮਾ ਨਾਂਅ ਦੀ ਚੀਜ਼ ਨਹੀਂ ਹੁੰਦੀ। ਜੇਕਰ ਕੋਈ ਵਿਅਕਤੀ ਭੂਤ ਚੁੜੇਲ,ਜਾਦੂ ਟੂਣਿਆਂ, ਆਤਮਾਵਾਂ ਜਾਂ ਕਿਸੇ ਕਿਸਮ ਦੀਆਂ ਸ਼ਕਤੀਆਂ ਦਾ ਦਾਅਵਾ ਕਰਦਾ ਹੈ ਤਾਂ ਉਹ ਸਚਾਈ ਸਾਬਤ ਕਰਕੇ ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਵਲੋਂ ਰੱਖਿਆ ਪੰਜ ਲੱਖ ਰੁਪਏ ਦਾ ਇਨਾਮ ਜਿੱਤ ਸਕਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਖਟਕੜ , ਸੰਤੋਸ਼ ਖਟਕੜ, ਸੁਖਵਿੰਦਰ ਗੋਗਾ,ਬਲਜੀਤ ਖਟਕੜ, ਸੁਖਵਿੰਦਰ ਲੰਗੇਰੀ, ਸ਼ਿਗਾਰਾ ਲੰਗੇਰੀ, ਹਰਚਰਨ ਨੌਰਾ ਅਤੇ ਸੁਰੇਸ਼ ਕਰਨਾਣਾ ਆਦਿ ਹਾਜ਼ਰ ਸਨ।

# ਮੇਹਰ ਚੰਦ ਪੋਲੀਟੈਕਨਿਕ ਦੇ ਸਟਾਫ਼ ਦਾ ਅਧਿਆਤਮਿਕ ਤੇ ਵਿਦਿਅਕ ਟੂਰ ਕਰਵਾਇਆ



**ਜਲੰਧਰ (ਸ਼ੈਲੀ ਐਲਬਰਟ)**-ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਦਫ਼ਤਰੀ ਸਟਾਫ਼ ਨੇ ਪ੍ਰਿੰਸੀਪਲ ਡਾ: ਜਗਰੂਪ ਸਿੰਘ ਦੀ ਅਗਵਾਈ ਵਿੱਚ ਇੱਕ ਰੋਜ਼ਾ ਅੰਮ੍ਰਿਤਸਰ ਜ਼ਿਲੇ ਵਿੱਚ ਅਧਿਆਤਮਿਕ ਅਤੇ ਵਿਦਿਅਕ ਟੂਰ ਲਗਾਇਆ । ਪ੍ਰਿੰਸੀਪਲ ਡਾ: ਜਗਰੂਪ ਸਿੰਘ ਨੇ ਦੱਸਿਆ ਕਿ ਦਫ਼ਤਰੀ ਸਟਾਫ਼ ਮੈਂਬਰ ਸਾਰਾ ਸਾਲ ਮੇਹਨਤ ਕਰਦੇ ਹਨ ਅਤੇ ਇਨਾਂ ਨੂੰ ਗਰਮੀਆਂ ਅਤੇ ਸਰਦੀਆਂ ਦੀਆਂ ਛੁੱਟੀਆਂ ਵੀ ਨਹੀਂ ਹੁੰਦੀਆਂ । ਇਹਨਾਂ ਨੂੰ ਮਾਨਸਿਕ ਅਤੇ ਸਰੀਰਿਕ ਤਣਾਓ ਤੋਂ ਮੁਕਤ ਕਰਣ ਲਈ ਅਤੇ ਇਹਨਾਂ ਦਾ ਮਨੋਬਲ ਉੱਚਾ ਕਰਣ ਲਈ , ਆਫਿਸ ਦੇ ਕੰਮ ਦੀ ਉਤਪਾਦਕਤਾ ਵਧਾਉਣ ਲਈ ਅਤੇ ਆਪਸੀ ਸਾਂਝ ਅਤੇ ਭਾਈਚਾਰਾ ਬਣਾਉਣ ਲਈ ਇਹ ਟੂਰ ਲਗਾਇਆ ਗਿਆ, ਤਾਂ ਜੋ ਸਾਰੇ ਮਿਲ ਕੇ ਇੱਕ ਟੀਮ ਵਾਂਗ ਕੰਮ ਕਰ ਸੱਕਣ । ਸਮੁੱਚੇ ਦਫ਼ਤਰੀ ਨਾਨ-ਟੀਚਿੰਗ ਸਟਾਫ਼ ਦੇ 16 ਮੈਂਬਰਾਂ ਨੂੰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ , ਸ੍ਰੀ ਦੁਰਗਿਆਣਾ ਮੰਦਿਰ ਅਤੇ ਸ੍ਰੀ ਰਾਮ ਤੀਰਥ ਮੰਦਿਰ ਦੇ ਦਰਸ਼ਨ ਕਰਵਾਏ ਗਏ ਅਤੇ ਦਰਬਾਰ ਸਾਹਿਬ ਦੇ ਨੇੜੇ ਹੀ ਟਾਊਨ ਹਾਲ ਵਿੱਚ 1947 ਦੀ ਦੇਸ਼ ਵੰਡ ਦੀ ਯਾਦ ਵਿੱਚ ਬਣਿਆ ਪਾਰਟੀਸ਼ਨ ਮਿਊਜ਼ਿਅਮ ਵੀ ਵੇਖਿਆ ਗਿਆ । ਫਿਰ ਸਾਰੇ ਸਟਾਫ਼ ਨੂੰ 'ਸਾਡਾ ਪਿੰਡ' ਲਿਜਾਇਆ ਗਿਆ, ਜਿੱਥੇ ਉਹਨਾਂ ਨੇ ਰੱਜ ਕੇ ਭੰਗੜੇ ਪਾਏ ਅਤੇ ਗੀਤ ਗਾਏ । ਸਾਰੇ ਸਟਾਫ਼ ਮੈਂਬਰਾਂ ਨੇ ਪੱਗਾਂ ਬੰਨ ਕੇ ਫੋਟੋ ਖਿੱਚਵਾਈ । ਇਸ ਟੂਰ ਵਿੱਚ ਲੇਡੀਜ਼ ਸਟਾਫ਼ ਮੈਂਬਰ ਵੀ ਸ਼ਾਮਲ ਸੀ । ਸਟਾਫ਼ ਮੈਂਬਰਾਂ ਨੇ ਕਿਹਾ ਕਿ ਉਹਨਾਂ ਨੇ ਬਹੁਤ ਅਨੰਦ ਮਾਣਿਆ ਅਤੇ ਇਸ ਤਰ੍ਹਾਂ ਦਾ ਟੂਰ ਹਰ ਸਾਲ ਲੱਗਣਾ ਚਾਹੀਦਾ ਹੈ । ਇਸ ਟੂਰ ਵਿੱਚ ਪ੍ਰਦੀਪ ਕੁਮਾਰ, ਸੁਸ਼ੀਲ ਕੁਮਾਰ, ਅਜੇ ਦੱਤਾ, ਸ਼ਸ਼ੀ ਭੂਸ਼ਨ, ਗੋਕੁਲ ਸਿੰਘ, ਨਰੇਸ਼ ਕੁਮਾਰ, ਰਾਜੇਸ਼ ਕੁਮਾਰ, ਦੀਓ ਮਣੀ, ਰਸ਼ਪਾਲ ਸਿੰਘ, ਸੁਨੀਲ ਅਤੇ ਲੇਡੀਜ਼ ਸਟਾਫ਼ ਵੱਲੋਂ ਗੁਰਮੀਤ ਸਚਦੇਵਾ, ਕਿਰਨ ਰਾਜਪਾਲ, ਗੁਰਪ੍ਰੀਤ ਕੌਰ ਅਤੇ ਮਿਸ ਨੇਹਾ ਸ਼ਾਮਲ ਹੋਏ ।

# ਪ੍ਰਾਈਵੇਟ ਹਸਪਤਾਲ ਦੇ ਬਾਹਰ ਗੁੰਡਾਗਰਦੀ ਦਾ ਨੰਗਾ ਨਾਚ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ** )-ਸੁਲਤਾਨਪੁਰ ਲੋਧੀ -ਤਲਵੰਡੀ ਚੌਧਰੀਆਂ ਮਾਰਗ 'ਤੇ ਇੱਕ ਪ੍ਰਾਈਵੇਟ ਹਸਪਤਾਲ ਦੇ ਸਹਾਮਣੇ ਬੀਤੇ ਦਿਨ ਦੋ ਧਿਰਾਂ ਵਿਚਕਾਰ ਖ਼ੂਨੀ ਝੜਪ ਹੋ ਗਈ। ਇਸ ਦੌਰਾਨ ਇਕ ਗੁੱਟ ਦੇ 10-12 ਨੌਜਵਾਨਾਂ ਵੱਲੋਂ ਦੂਜੇ ਗਰੁੱਪ ਦੇ ਦੋ ਨੌਜਵਾਨ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕੀਤਾ। ਇਹ ਸਾਰੀ ਘਟਨਾ ਨੇੜੇ ਲੱਗੇ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਗਈ ਹੈ । ਇਸ ਘਟਨਾ ਦੌਰਾਨ ਦੋ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਦਾਖ਼ਲ ਕਰਵਾਇਆ ਗਿਆ ਹੈ।ਗੰਭੀਰ ਹਾਲਤ ਵਿਚ ਜ਼ਖ਼ਮੀ ਅਭਿਰਾਜਪਾਲ ਸਿੰਘ ਪੁੱਤਰ ਗੁਰਸ਼ਰਨ ਸਿੰਘ ਪਿੰਡ ਸੂਜੋਕਾਲੀਆ ਵਸਨੀਕ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ 'ਚ ਜ਼ੇਰੇ ਇਲਾਜ ਹੈ। ਜ਼ਖ਼ਮੀ ਨੌਜਵਾਨ ਗੁਰਪ੍ਰੀਤ ਪੁੱਤਰ ਤੇਜਿੰਦਰ ਸਿੰਘ ਵਾਸੀ ਪਿੰਡ ਮੰਡ ਅਲੂਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਸੁਲਤਾਨਪੁਰ ਲੋਧੀ ਵਿਖੇ ਆਪਣੇ ਦੋਸਤਾਂ ਨਾਲ ਕਾਲਜ ਦੀ ਪੜ੍ਹਾਈ ਕਰਕੇ ਵਾਪਸ ਆ ਰਹੇ ਸਨ ਤਾਂ ਪੈਟਰੋਲ ਪੰਪ ਨੇੜੇ ਪੁੱਜੇ ਤਾਂ ਕੁਝ ਨੌਜਵਾਨਾਂ ਨੇ ਆਪਣੇ ਪਰਵਾਰ ਸਮੇਤ ਉਨ੍ਹਾਂ ਦੋਵਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ।

# ਘੁੰਮਣ ਵੱਲੋਂ ਕੂੜਾ ਪ੍ਰਬੰਧਨ ਲਈ ਵਾਹਨ ਲੋਕ ਸੇਵਾ ਨੂੰ ਸਮਰਪਿਤ



**ਭੁਲੱਥ, (ਮਨਪ੍ਰੀਤ ਸਿੰਘ)**-ਕਸਬਾ ਭੁਲੱਥ ਵਿਚ ਵੱਧਦੀ ਕੂੜੇ ਦੀ ਸਮੱਸਿਆ ਤੋਂ ਕਸਬਾ ਨਿਵਾਸੀਆਂ ਨੂੰ ਨਿਜਾਤ ਦਿਵਾਉਣ ਦਾ ਯਤਨ ਕਰਦੇ ਹੋਏ ਆਪ ਆਗੂ ਹਲਕਾ ਇੰਚਾਰਜ ਵਕੀਲ ਹਰਸਿਮਰਨ ਸਿੰਘ ਘੁੰਮਣ ਵੱਲੋਂ ਲੋਕ ਸੇਵਾ ਸਮਰਪਿਤ ਮੰਤਵ ਨਾਲ ਕੂੜਾ ਪ੍ਰਬੰਧਨ ਵਾਹਨ ਕਾਰਜ ਸਾਦਕ ਅਫਸਰ ਰਣਦੀਪ ਸਿੰਘ ਵੜੈਚ ਦੀ ਹਾਜਰੀ ਵਿਚ ਨਗਰ ਪੰਚਾਇਤ ਭੁਲੱਥ ਹਵਾਲੇ ਕੀਤਾ। ਜੋ ਕਸਬੇ ਵਿਚ ਸਾਫ-ਸਫਾਈ ਲਈ ਯਤਨਸ਼ੀਲ ਹੋਵੇਗਾ ਅਤੇ ਕੂੜੇ ਦੇ ਢੇਰ ਜਲਦ ਚੁੱਕੇ ਜਾਣਗੇ। ਘੁੰਮਣ ਨੇ ਆਖਿਆ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਆਮ ਆਦਮੀ ਪਾਰਟੀ ਪੰਜਾਬ ਦੀ ਯੋਗ ਸਰਕਾਰ ਸਦਕਾ ਅਸੀ ਚੰਗੇ ਸ਼ਹਿਰਾਂ ਦੀ ਤਰਜ਼ 'ਤੇ ਤਰੱਕੀ ਦੀਆਂ ਲੀਹਾਂ ਵੱਲ ਵਧ ਰਹੇ ਹਾਂ। ਲਕਾ ਭੁਲੱਥ ਵਿਚ ਫਾਇਰ ਬ੍ਰਿਗੇਡ ਦੀ ਸੇਵਾ ਜੋ ਹਰ ਸਮੇਂ ਮੌਜੂਦ ਹੈ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਬਦੌਲਤ ਹੈ ਜਦ ਕਿ 75 ਸਾਲਾਂ ਵਿਚ ਭੁਲੱਥ 'ਚ ਫਾਇਰ ਬ੍ਰਿਗੇਡ ਦੀ ਸੇਵਾ ਦਾ ਕਿਸੇ ਸਰਕਾਰ ਵਲੋਂ ਇੰਤਜਾਮ ਨਹੀ ਕਰ ਹੋਇਆ। ਉਨ੍ਹਾਂ ਕਿਹਾ ਸਰਕਾਰ ਆਪਣਾ ਕੰਮ ਬਹੁਤ ਤਨਦੇਹੀ ਨਾਲ ਕਰ ਰਹੀ ਅਤੇ ਚੋਣ ਜਾਬਤੇ ਤੋਂ ਬਾਅਦ ਹੁਣ ਫਿਰ ਵਿਕਾਸ ਕਾਰਜ ਜੋਰਾਂ 'ਤੇ ਹੋਣਗੇ। ਇਸ ਮੌਕੇ ਜੂਨੀਅਰ ਸਹਾਇਕ ਚੰਦਰ ਸ਼ੇਖਰ, ਕੌਂਸਲਰ ਸੂਰਜ ਕੁਮਾਰ, ਰਸ਼ਪਾਲ ਸ਼ਰਮਾ, ਗੁਰਦੇਵ ਸਿੰਘ, ਜਿੰਦਰ ਘੋਤੜਾ, ਤਜਿੰਦਰ ਸਿੰਘ, ਨਿਰਮਲ ਗੁਰਾਇਆ, ਸੁਦੇਸ਼ ਦੱਤਾ, ਸੰਨੀ ਮਹਾਜਨ ਤੇ ਹੋਰ ਹਾਜਰ ਸਨ।

# ਬੁਲਟ ਮੋਟਰਸਾਈਕਲਾਂ 'ਤੇ ਵੱਧ ਆਵਾਜ਼ ਵਾਲੇ ਲੱਗੇ ਸਲੰਸਰ ਉਤਰਵਾਏ



**ਬੰਗਾ (ਅਵਤਾਰ ਕਲੇਰ)**— ਮੁੱਖ ਅਫਸਰ ਥਾਣਾ ਮੁਕੰਦਪੁਰ ਵੱਲੋ ਇਲਾਕਾ ਵਿੱਚ ਸਪੈਸ਼ਲ ਗਸ਼ਤ ਕਰਕੇ ਬੁਲਟ ਮੋਟਰਸਾਈਕਲ ਚੈੱਕ ਕੀਤੇ ਗਏ ਅਤੇ ਜਿਨ੍ਹਾਂ 'ਤੇ ਵੱਧ ਆਵਾਜ਼ ਵਾਲੇ ਸਲੰਸਰ ਲਾਏ ਹੋਏ ਸਨ, ਉਹ ਮੌਕੇ 'ਤੇ ਹੀ ਉਤਰਵਾਏ ਗਏ ਅਤੇ ਚਾਲਕਾਂ ਦੇ ਖਿਲਾਫ ਮੋਟਰ ਵਹੀਕਲ ਐਕਟ ਅਧੀਨ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਆਮ ਪਬਲਿਕ ਨੂੰ ਜਾਗਰੂਕ ਕੀਤਾ ਗਿਆ ਕਿ ਅਜਿਹੇ ਮੋਟਸਾਈਕਲਾਂ ਦੇ ਪਟਾਕੇ ਵਜਾਉਣ ਵਾਲੇ ਸ਼ਰਾਰਤੀ ਅਨਸਰਾਂ ਬਾਰੇ ਸਥਾਨਕ ਪੁਲਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਹਨਾ ਦੇ ਖਿਲਾਫ ਕਾਰਵਾਈ ਕੀਤੀ ਜਾ ਸਕੇ ਅਤੇ ਇਲਾਕਾ ਵਿੱਚ ਸ਼ਾਂਤੀ ਦਾ ਮਾਹੌਲ ਕਾਇਮ ਰਹਿ ਸਕੇ ।

# ਵਿੱਦਿਆ ਮਨੁੱਖ ਦਾ ਤੀਜਾ ਨੇਤਰ : ਐੱਸ ਐੱਚ ਓ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਵਿਦਿਆ ਮਨੁੱਖ ਦਾ ਤੀਜਾ ਨੇਤਰ ਹੈ, ਵਿਦਿਆ ਤੋਂ ਅਧੂਰਾ ਬੰਦਾ ਇੱਕ ਅੰਨੇ ਵਿਅਕਤੀ ਦੇ ਬਰਾਬਰ ਹੈ, ਵਿੱਦਿਆ ਨਾਲ ਮਨੁੱਖ ਦਾ ਸਰਬਪੱਖੀ ਵਿਕਾਸ ਹੁੰਦਾ ਹੈ। ਇਸ ਲਈ ਸਾਰਿਆਂ ਨੂੰ ਦਿਲ ਲਗਾ ਕੇ ਪੜ੍ਹਾਈ ਕਰਨੀ ਚਾਹੀਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਾਨਾ ਵਿਖੇ ਥਾਣਾ ਮੇਹਟੀਆਣਾ ਦੇ ਐਸ ਐਚ ਓ ਮੈਡਮ ਊਸ਼ਾ ਰਾਣੀ ਨੇ 50 ਵਿਦਿਆਰਥੀਆਂ ਨੂੰ ਕਿੱਟਾਂ ਵੰਡਦੇ ਹੋਏ ਕੀਤਾ। ਉਹਨਾਂ ਕਿਹਾ ਕਿ ਵਿੱਦਿਆ ਗ੍ਰਹਿਣ ਕਰਨ ਨਾਲ ਮਨੁੱਖ ਦਾ ਤੀਸਰਾ ਨੇਤਰ ਖੁੱਲਦਾ ਹੈ। ਵਿਦਿਆ ਇੱਕ ਅਜਿਹਾ ਗਹਿਣਾ ਹੈ, ਜਿਸਨੂੰ ਕੋਈ ਚੋਰੀ ਨਹੀਂ ਕਰ ਸਕਦਾ। ਵਿੱਦਿਆ ਹਮੇਸ਼ਾ ਮਨੁੱਖ ਦੇ ਆਖਰੀ ਦਮ ਤੱਕ ਕੰਮ ਆਉਂਦੀ ਹੈ।ਇਸ ਲਈ ਸਾਨੂੰ ਦੇਸ਼ ਨੂੰ ਵਿਕਸਿਤ ਬਣਾਉਣ ਲਈ ਸਮਾਜ ਨੂੰ 100% ਸਾਖਰ ਕਰਨ ਵਿਚ ਉੱਘਾ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਸਾਡਾ ਦੇਸ਼ ਸੰਸਾਰ ਭਰ ਵਿੱਚ ਸਭ ਤੋਂ ਵਿਕਸਿਤ ਦੇਸ਼ ਬਣ ਸਕੇ। ਊਸ਼ਾ ਰਾਣੀ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪੜ੍ਹਨ ਲਈ ਪ੍ਰੇਰਿਆ।ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਦੇ ਪਦਾਰਥਬਾਦੀ ਯੁੱਗ ਵਿੱਚ ਆਪ ਬੇਸ਼ੱਕ ਅੱਧੀ ਰੋਟੀ ਘੱਟ ਖਾ ਲਓ ਪਰ ਬੱਚੇ ਸਰਕਾਰੀ ਵਧੀਆ ਸਕੂਲਾਂ ਦੇ ਵਿੱਚ ਪੜ੍ਹਾਓ। ਇਸ ਮੌਕੇ ਚੰਦਰਪਾਲ ਹੈਪੀ ਈਟੀਟੀ ਟੀਚਰ ਸਤਵਿੰਦਰ ਸਿੰਘ ਅਤੇ ਭੁਪਿੰਦਰ ਸਿੰਘ ਮਾਨਾ ਆਦਿ ਹਾਜ਼ਰ ਸਨ।

# ਚੰਨੀ ਸ਼ਾਹਕੋਟ ਦੇ ਵੋਟਰਾਂ ਦਾ ਅੱਜ ਕਰਨਗੇ ਧੰਨਵਾਦ



**ਸ਼ਾਹਕੋਟ (ਗਿਆਨ ਸੈਦਪੁਰੀ)** ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਜਾਣਕਾਰੀ ਦਿੱਤੀ ਕਿ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਨਵੇਂ ਚੁਣੇ ਗਏ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਹਲਕਾ ਸ਼ਾਹਕੋਟ ਦੇ ਵੋਟਰਾਂ ਦਾ ਧੰਨਵਾਦ ਕਰਨ ਲਈ 19 ਜੁਲਾਈ, ਸ਼ੁੱਕਰਵਾਰ ਨੂੰ ਖਹਿਰਾ ਫਾਰਮ (ਮਲਸੀਆ) ਵਿਖੇ ਸਵੇਰੇ 10 ਵਜੇ ਪਹੁੰਚ ਰਹੇ ਹਨ।ਉਨ੍ਹਾਂ ਦੱਸਿਆ ਕਿ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਹਲਕੇ ਦੇ ਵੋਟਰਾਂ ਦੀਆਂ ਸਮੱਸਿਆਵਾਂ ਵੀ ਸੁਣਨਗੇ।

## ਨਜਾਇਜ਼ ਸ਼ਰਾਬ ਸਮੇਤ ਕਾਬੂ

**ਨਵਾਸ਼ਹਿਰ (ਮਨੋਜ ਲਾਡੀ)** ਪੁਲਸ ਵੱਲੋਂ 12 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਇਕ ਮੁਲਜ਼ਮ ਨੂੰ ਕਾਬੂ ਕਰਨ ਦਾ ਸਮਾਚਾਰ ਹੋਇਆ ਹੈ। ਜਾਣਕਾਰੀ ਦਿੰਦੇ ਹੋਏ ਚੌਕੀ ਇੰਚਾਰਜ ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੁੱਖਬਰ ਖਾਸ ਦੀ ਸੂਚਨਾ ਮਿਲੀ ਕਿ ਸੁਨੀਲ ਪੁੱਤਰ ਪਰਮਜੀਤ ਵਾਸੀ ਸੜੋਆ ਥਾਣਾ ਪੋਜੇਵਾਲ ਜੋ ਬਾਹਰਲੇ ਏਰੀਏ ਤੋਂ ਸਸਤੀ ਭਾਅ . ਦੀ ਸ਼ਰਾਬ ਲਿਆ ਕੇ ਸੜੋਆ ਏਰੀਏ ਚ ਵੇਚਦਾ ਹੈ ਪੁਲਸ ਨੇ ਉਸ ਨੂੰ 12 ਬੋਤਲਾ ਨਾਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕਰ ਕੇ ਉਸ ਖਿਲਾਫ ਮੁਕੱਦਮਾ ਦਰਜ ਕਰ ਲਿਆ ਅਤੇ ਅਗਲੇਰੀ ਕਰਵਾਈ ਸ਼ੁਰੂ ਕਾਰ ਦਿੱਤੀ ਹੈ ।


